ਮੰਗਲਵਾਰ, 17 ਫਰਵਰੀ, 2026
6 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 258

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 17 FEBRUARY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਸੀ ਪੀ ਆਈ ਦੀ ਸੂਬਾ ਕਾਨਫਰੰਸ ਅੱਜ ਤੋਂ

## ਪਾਰਟੀ ਦੇ ਜਨਰਲ ਸਕੱਤਰ ਡੀ. ਰਾਜਾ ਸੰਬੋਧਨ ਕਰਨਗੇ

**ਜਲੰਧਰ (ਗਿਆਨ ਸੈਦਪੁਰੀ)**

ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਸੂਬਾ ਕਾਨਫਰੰਸ 17 ਤੋਂ 18 ਫ਼ਰਵਰੀ ਨੂੰ ਜਲੰਧਰ ਵਿੱਚ ਕੀਤੀ ਜਾ ਰਹੀ ਹੈ। ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋ ਰਹੀ ਦੋ ਰੋਜ਼ਾ ਕਾਨਫਰੰਸ ਸਵੇਰੇ 11 ਵਜੇ ਸ਼ੁਰੂ ਹੋਵੇਗੀ। ਕਾਨਫਰੰਸ ਦੇ ਖੁੱਲ੍ਹੇ ਸੈਸ਼ਨ ਨੂੰ ਸੀ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਡੀ. ਰਾਜਾ ਸੰਬੋਧਨ ਕਰਨਗੇ। ਉਨ੍ਹਾਂ ਤੋਂ ਇਲਾਵਾ ਸੀ ਪੀ ਆਈ ਦੇ ਸਕੱਤਰੇਤ ਮੈਂਬਰ ਕਾਮਰੇਡ ਗਰੀਸ਼ ਸ਼ਰਮਾ ਤੇ ਪੰਜਾਬ ਇਕਾਈ ਦੇ ਆਗੂ ਵੀ ਸੰਬੋਧਨ ਕਰਨਗੇ।




ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਦੱਸਿਆ ਕਿ ਸੂਬਾ ਕਾਨਫਰੰਸ ਵਿੱਚ ਪੰਜਾਬ ਦੇ ਸਿਆਸੀ, ਸਮਾਜੀ ਤੇ ਆਰਥਿਕ ਹਾਲਾਤ ਬਾਰੇ ਗੰਭੀਰ ਵਿਚਾਰਾਂ ਹੋਣਗੀਆਂ। ਪੰਜਾਬ ਦੇ ਮੌਜੂਦਾ ਸੰਕਟਮਈ ਹਾਲਾਤ ਪੈਦਾ ਕਰਨ ਵਾਲੀਆਂ ਧਿਰਾਂ ਦੀ ਨਿਸ਼ਾਨਦੇਹੀ ਕਰਕੇ ਇੱਥੇ ਸੁਖਾਵਾਂ ਮਹੌਲ ਸਿਰਜਣ ਲਈ ਹੀਲੇ ਵਸੀਲੇ ਜੁਟਾਉਣ ਲਈ ਵੀ ਚਰਚਾ ਹੋਵੇਗੀ।

ਦੋ ਦਿਨਾਂ ਕਾਨਫਰੰਸ ਵਿੱਚ ਸੂਬਾ ਸਕੱਤਰ ਦੀ ਚੋਣ ਕੀਤੀ ਜਾਵੇਗੀ। ਕਾਨਫ਼ਰੰਸ 'ਚ ਹਿੱਸਾ ਲੈਣ ਲਈ ਕਾਮਰੇਡ ਡੀ ਰਾਜਾ ਅਤੇ ਸੂਬਾਈ ਲੀਡਰਸ਼ਿਪ 16 ਫਰਵਰੀ ਦੀ ਸ਼ਾਮ ਨੂੰ ਜਲੰਧਰ ਪਹੁੰਚ ਚੁੱਕੀ ਹੈ। ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਅਤੇ ਤਿਆਰੀ ਕਮੇਟੀ ਦੇ ਚੇਅਰਮੈਨ ਕਾਮਰੇਡ ਸੱਤਪਾਲ ਭਗਤ ਨੇ ਦੱਸਿਆ ਕਿ ਸੂਬਾ ਕਾਨਫਰੰਸ ਲਈ ਸਭ ਤਿਆਰੀਆਂ ਮੁਕੰਮਲ ਹਨ।

ਕਾਮਰੇਡ ਬੰਤ ਬਰਾੜ ਤੋਂ ਇਲਾਵਾ ਸੂਬਾ ਸਕੱਤਰੇਤ ਮੈਂਬਰ ਹਰਦੇਵ ਸਿੰਘ ਅਰਸ਼ੀ, ਨਿਰਮਲ ਸਿੰਘ ਧਾਲੀਵਾਲ ਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ ਵੀ ਪਹੁੰਚ ਗਏ ਹਨ।







# ਨਸ਼ਿਆਂ ਖਿਲਾਫ ਲੋਕ ਲਹਿਰ ਖੜ੍ਹੀ ਕਰ'ਤੀ : ਮਾਨ

**ਮੋਗਾ (ਇਕਬਾਲ ਸਿੰਘ ਖਹਿਰਾ)**

ਪਿੰਡ ਕਿੱਲੀ ਚਾਹਲ ਵਿਖੇ ਆਮ ਆਦਮੀ ਪਾਰਟੀ ਦੀ ਸੋਮਵਾਰ ਹੋਈ ਮੈਗਾ ਰੈਲੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਸ਼ਿਆਂ ਵਿਰੁੱਧ ਜੰਗ ਨੂੰ ਤੇਜ਼ ਕਰਨ ਦਾ ਜ਼ੋਰਦਾਰ ਸੱਦਾ ਦਿੱਤਾ। ਇਕੱਠ ਨਾਲ ਭਾਵੁਕ ਸਾਂਝ ਪਾਉਂਦਿਆਂ ਉਨ੍ਹਾ 'ਜ਼ਿੰਦਗੀ ਜ਼ਿੰਦਾਬਾਦ, ਨੋ ਮੁਰਦਾਬਾਦ' ਦਾ ਨਾਅਰਾ ਬੁਲੰਦ ਕੀਤਾ ਅਤੇ ਆਪਣੀ ਤਕਰੀਰ ਦੀ ਸਮਾਪਤੀ 'ਲਵ ਯੂ ਆਲ' ਨਾਲ ਕੀਤੀ।

ਨਸ਼ਿਆਂ ਵਿਰੁੱਧ ਲੜਾਈ ਦੇ ਦੂਜੇ ਪੜਾਅ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਪਿਛਲੀਆਂ ਹਕੂਮਤਾਂ ਨੇ ਸਿਆਸੀ ਅਤੇ ਵਿੱਤੀ ਲਾਭਾਂ ਲਈ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕ ਦਿੱਤਾ ਸੀ। ਉਨ੍ਹਾ ਕਿਹਾ, "ਅਸੀਂ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜ ਰਹੇ ਹਾਂ, ਨਸ਼ੇੜੀਆਂ ਦਾ ਮੁੜਵਸੇਬਾ ਕਰ ਰਹੇ ਹਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕਰ ਰਹੇ ਹਾਂ। ਹੁਣ ਨਸ਼ਿਆਂ ਵਿਰੁੱਧ ਇੱਕ ਲੋਕ ਲਹਿਰ ਖੜ੍ਹੀ ਹੋ ਗਈ ਹੈ ਅਤੇ ਇਹ ਸਮੂਹਕ ਸੰਕਲਪ ਹੀ ਇਸ ਲਾਹਣਤ ਨੂੰ ਖਤਮ ਕਰਨ ਦਾ ਇੱਕੋ-ਇੱਕ ਤਰੀਕਾ ਹੈ।"

ਉਨ੍ਹਾ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਨੂੰ ਬਰਬਾਦ ਕਰਨ ਵਾਲਿਆਂ ਨੂੰ ਜੜ੍ਹੋਂ ਪੁੱਟਣ ਲਈ ਵਚਨਬੱਧ ਹੈ। ਮਾਨ ਨੇ ਕਿਹਾ ਕਿ 1 ਮਾਰਚ, 2025 ਨੂੰ ਨਸ਼ਾ ਵਿਰੋਧੀ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਇਸ ਮੁਹਿੰਮ ਨੂੰ ਭਰਵਾਂ ਜਨਤਕ ਸਮਰਥਨ ਮਿਲਿਆ ਹੈ। ਉਨ੍ਹਾ ਕਿਹਾ, "ਸ਼ੁਰੂ ਵਿੱਚ ਲੋਕ ਸ਼ੰਕੇ ਵਿੱਚ ਸਨ, ਪਰ ਜਿਵੇਂ-ਜਿਵੇਂ ਦਿਨ ਬੀਤਦੇ ਗਏ, ਉਨ੍ਹਾਂ ਦਾ ਵਿਸ਼ਵਾਸ ਪੱਕਾ ਹੁੰਦਾ ਗਿਆ। ਇਹ ਲੋਕਾਂ ਦਾ ਭਰੋਸਾ ਹੀ ਹੈ, ਜਿਸ ਨੇ ਸਾਨੂੰ ਦ੍ਰਿੜ੍ਹਤਾ ਨਾਲ ਕੰਮ ਕਰਨ ਦੀ ਤਾਕਤ ਦਿੱਤੀ ਹੈ।"


ਵਿਲੇਜ ਡਿਫੈਂਸ ਕਮੇਟੀਆਂ ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਉਨ੍ਹਾ ਕਿਹਾ ਕਿ 1.5 ਲੱਖ ਤੋਂ ਵੱਧ ਮੈਂਬਰਾਂ ਦੀ ਭਰਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 70,000 ਤੋਂ ਵੱਧ ਨੂੰ ਪਛਾਣ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ। ਹਰੇਕ ਮੈਂਬਰ ਨੂੰ ਨਸ਼ਾ ਤਸਕਰਾਂ ਬਾਰੇ ਗੁਪਤ ਰੂਪ ਵਿੱਚ ਜਾਣਕਾਰੀ ਸਾਂਝੀ ਕਰਨ ਲਈ ਇੱਕ ਮੋਬਾਈਲ ਐਪਲੀਕੇਸ਼ਨ ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ 33,000 ਤੋਂ ਵੱਧ ਸੂਹਾਂ ਮਿਲੀਆਂ ਹਨ, ਜਿਨ੍ਹਾਂ ਦੇ ਆਧਾਰ 'ਤੇ ਲੱਗਭੱਗ 17,000 ਗ੍ਰਿਫਤਾਰੀਆਂ ਹੋਈਆਂ ਹਨ। ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ। ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵੱਲ ਲਗਾਉਣ ਲਈ ਹਰ ਪਿੰਡ ਵਿੱਚ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ।

60,000 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦੀ ਸਪਲਾਈ ਯਕੀਨੀ ਬਣਾਈ ਗਈ ਹੈ।

'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਹ ਸੂਬਾ ਸਰਕਾਰ ਦੇ ਇਰਾਦੇ ਨੂੰ ਹੋਰ ਮਜ਼ਬੂਤ ਕਰਨ ਲਈ ਇੱਥੇ ਆਏ ਹਨ। ਉਨ੍ਹਾ ਪਿਛਲੇ ਸਮੇਂ ਵਿੱਚ ਨਸ਼ਾ ਨੈੱਟਵਰਕਾਂ ਦੀ ਸਰਪ੍ਰਸਤੀ ਕਰਨ ਲਈ ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਜ਼ਿੰਮੇਵਾਰ ਠਹਿਰਾਇਆ। ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਵਿੱਚ ਵੱਡੇ ਪੱਧਰ 'ਤੇ ਹੋਈ ਬਰਾਮਦਗੀ ਨੇ ਹਜ਼ਾਰਾਂ ਨੌਜਵਾਨਾਂ ਨੂੰ ਨਸ਼ੇ ਦੀ ਦਲਦਲ ਵਿੱਚ ਫਸਣ ਤੋਂ ਬਚਾਇਆ ਹੈ। ਉਨ੍ਹਾ ਕਿਹਾ ਕਿ ਵਿਲੇਜ ਡਿਫੈਂਸ ਕਮੇਟੀ ਮੈਂਬਰ ਪੰਜਾਬ ਸਰਕਾਰ ਦੇ ਲਾਈਵ ਕੈਮਰੇ ਹਨ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਖੁਲਾਸਾ ਕੀਤਾ ਕਿ ਸਾਲ 2025 ਵਿੱਚ ਸੂਬੇ ਵਿੱਚ 2,046 ਕਿੱਲੋ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ, ਜੋ ਕਿ ਕੁਝ ਭਾਜਪਾ ਸ਼ਾਸਤ ਰਾਜਾਂ ਵਿੱਚ ਕੀਤੀ ਗਈ ਬਰਾਮਦਗੀ ਨਾਲੋਂ ਕਿਤੇ ਜ਼ਿਆਦਾ ਹੈ। ਉਨ੍ਹਾ ਦਾਅਵਾ ਕੀਤਾ ਕਿ ਸੂਬੇ ਦੀ ਨਸ਼ਾ ਵਿਰੋਧੀ ਮੁਹਿੰਮ ਤਹਿਤ 25,000 ਨੌਜਵਾਨਾਂ ਦਾ ਮੁੜਵਸੇਬਾ ਕੀਤਾ ਗਿਆ ਹੈ।

ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਨਸ਼ਿਆਂ ਨਾਲ ਸੰਬੰਧਤ ਮਾਮਲਿਆਂ ਵਿੱਚ 34,000 ਤੋਂ ਵੱਧ ਐੱਫ ਆਈ ਆਰ ਦਰਜ ਕੀਤੀਆਂ ਗਈਆਂ ਹਨ ਅਤੇ ਲੱਗਭੱਗ 45,000 ਗ੍ਰਿਫਤਾਰੀਆਂ ਹੋਈਆਂ ਹਨ। ਉਨ੍ਹਾ ਅੱਗੇ ਕਿਹਾ ਕਿ 1,200 ਤੋਂ ਵੱਧ ਅਜਿਹੀਆਂ ਸੂਹਾਂ ਮਿਲੀਆਂ, ਜਿਨ੍ਹਾਂ 'ਤੇ ਕਾਰਵਾਈ ਕੀਤੀ ਗਈ, ਜਿਸ ਨਾਲ 3,000 ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਉਨ੍ਹਾ ਦਾਅਵਾ ਕੀਤਾ ਕਿ ਪੰਜਾਬ ਨੇ ਐੱਨ ਡੀ ਪੀ ਐੱਸ ਐਕਟ ਤਹਿਤ 90 ਫੀਸਦੀ ਤੋਂ ਵੱਧ ਸਜ਼ਾ ਦਰ ਹਾਸਲ ਕੀਤੀ ਹੈ, ਜੋ ਕਿ ਦੇਸ਼ ਵਿੱਚ ਸਭ ਤੋਂ ਵੱਧ ਹੈ। ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਨੇ ਕਿਹਾ ਕਿ ਜਨਤਕ ਸਹਿਯੋਗ ਤੋਂ ਬਿਨਾਂ ਸਰਕਾਰ ਇਕੱਲੀ ਇਸ ਲਾਹਨਤ ਨੂੰ ਖਤਮ ਨਹੀਂ ਕਰ ਸਕਦੀ। ਰੈਲੀ ਵਿੱਚ 43 ਕਿੱਲੋ ਹੈਰੋਇਨ ਫੜਨ ਵਿੱਚ ਮਦਦ ਕਰਨ ਵਾਲੇ ਵਿਲੇਜ ਡਿਫੈਂਸ ਕਮੇਟੀ ਮੈਂਬਰਾਂ ਨੂੰ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਮੁੱਖ ਮੰਤਰੀ ਦੀ ਅਗਵਾਈ ਹੇਠ ਵਿਲੇਜ ਡਿਫੈਂਸ ਕਮੇਟੀ ਮੈਂਬਰਾਂ ਨੇ ਸਮੂਹਕ ਸਹੁੰ ਚੁੱਕੀ, ਜਿਸ ਵਿੱਚ ਉਨ੍ਹਾਂ ਨੇ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਕਰਨ ਅਤੇ ਨਸ਼ਿਆਂ ਵਿਰੁੱਧ ਲੜਾਈ ਲਈ ਵਚਨਬੱਧ ਰਹਿਣ ਦਾ ਅਹਿਦ ਲਿਆ।

## ਤੂਫਾਨ ਕਾਰਨ ਟਰੇਨ ਬੇਪਟੜੀ



**ਨਵੀਂ ਦਿੱਲੀ** : ਦੱਖਣੀ ਸਵਿਟਜ਼ਰਲੈਂਡ 'ਚ ਸੋਮਵਾਰ ਸਵੇਰੇ 80 ਲੋਕਾਂ ਨੂੰ ਲੈ ਕੇ ਜਾ ਰਹੀ ਪੈਸੰਜਰ ਟਰੇਨ ਗੋਪੇਨਸਟੀਨ ਪਿੰਡ ਨੇੜੇ ਬਰਫੀਲੇ ਤੂਫਾਨ ਦੀ ਲਪੇਟ 'ਚ ਆਉਣ ਕਾਰਨ ਪਟੜੀ ਤੋਂ ਉਤਰ ਗਈ। ਕਈ ਯਾਤਰੀ ਜ਼ਖਮੀ ਹੋ ਗਏ।

## ਕਿਲਾ ਰਾਏਪੁਰ ਖੇਡਾਂ ਅੱਜ ਤੋਂ

**ਲੁਧਿਆਣਾ** : ਪੰਜਾਬ ਦੀਆਂ ਮਿੰਨੀ ਉਲੰਪਿਕ ਕਿਲਾ ਰਾਏਪੁਰ ਖੇਡਾਂ ਦਾ 17 ਫਰਵਰੀ ਨੂੰ ਆਗਾਜ਼ ਹੋਵੇਗਾ। ਕਈ ਸਾਲਾਂ ਬਾਅਦ ਬੈਲ ਗੱਡੀਆਂ ਵੀ ਦੌੜਨਗੀਆਂ। 19 ਤਰੀਕ ਤੱਕ ਚੱਲਣ ਵਾਲੀਆਂ ਖੇਡਾਂ ਵਿੱਚ ਹਾਕੀ ਤੇ ਕਬੱਡੀ ਤੋਂ ਇਲਾਵਾ ਬਜ਼ੁਰਗਾਂ ਦੀਆਂ ਦੌੜਾਂ, ਊਠ ਅਤੇ ਘੋੜੀ ਦਾ ਡਾਂਸ ਤੇ ਘੋੜਸਵਾਰਾਂ ਦੇ ਕਰਤਬ ਵੀ ਦੇਖਣ ਨੂੰ ਮਿਲਣਗੇ।

## ਕਾਗਜ਼ਾਂ 'ਚ ਚੱਲ ਰਹੇ ਸਕੂਲ ਖਿਲਾਫ ਕਾਰਵਾਈ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਲੁਧਿਆਣਾ ਦੇ ਸਿਰਫ ਕਾਗਜ਼ਾਂ ਵਿੱਚ ਚੱਲ ਰਹੇ ਸਕੂਲ ਵਿਰੁੱਧ ਪ੍ਰੈਕਟੀਕਲ ਪ੍ਰੀਖਿਆਵਾਂ ਲਈ ਸਹੂਲਤਾਂ ਦੀ ਘਾਟ ਦੇ ਬਾਵਜੂਦ 12ਵੀਂ ਦੀਆਂ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਨੂੰ ਦਾਖਲ ਕਰਨ ਬਦਲੇ ਸਖਤ ਕਾਰਵਾਈ ਕੀਤੀ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਖੁਲਾਸਾ ਕੀਤਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਲੁਧਿਆਣਾ ਦੇ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਦੂਦਾਂ (ਸਕੂਲ ਕੋਡ 3100187) ਵਿਰੁੱਧ ਸਖਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ, ਜਿਸ ਵਿੱਚ ਮਾਨਤਾ ਵਾਪਸ ਲੈਣਾ ਅਤੇ ਫਰਜ਼ੀ ਦਸਤਾਵੇਜ਼ ਪੇਸ਼ ਕਰਨ ਲਈ ਅਪਰਾਧਕ ਸ਼ਿਕਾਇਤ ਦਰਜ ਕਰਨਾ ਸ਼ਾਮਲ ਹੈ। ਬੋਰਡ ਨੇ ਸਕੂਲ ਵੱਲੋਂ ਰਜਿਸਟਰਡ ਕੀਤੇ ਗਏ ਸਾਰੇ 27 ਵਿਦਿਆਰਥੀਆਂ ਦੇ ਰੋਲ ਨੰਬਰ ਵੀ ਰੱਦ ਕਰ ਦਿੱਤੇ ਹਨ। ਬੈਂਸ ਨੇ ਦੱਸਿਆ ਕਿ ਤਸਦੀਕ ਕਰਨ 'ਤੇ ਗਲਤੀ ਕਰਨ ਵਾਲਾ ਸਕੂਲ ਗੈਰ-ਮੌਜੂਦ ਪਾਇਆ ਗਿਆ, ਜਿਸਦੀ ਇਮਾਰਤ ਕਿਰਾਏ 'ਤੇ ਦਿੱਤੀ ਹੋਈ ਸੀ ਅਤੇ ਕੋਈ ਕਲਾਸਾਂ ਨਹੀਂ ਲਗਾਈਆਂ ਜਾ ਰਹੀਆਂ ਸਨ। 12ਵੀਂ ਦੀਆਂ ਪ੍ਰੀਖਿਆਵਾਂ ਲਈ ਰਜਿਸਟਰਡ 27 ਵਿਦਿਆਰਥੀ ਗੈਰ-ਮੌਜੂਦ ਪਾਏ ਗਏ, ਜਿਸ ਕਾਰਨ ਬੋਰਡ ਨੂੰ ਉਨ੍ਹਾਂ ਦੇ ਰੋਲ ਨੰਬਰ ਰੱਦ ਕਰਨੇ ਪਏ। ਉਨ੍ਹਾ ਅੱਗੇ ਦੱਸਿਆ ਕਿ ਚਾਰ ਹੋਰ ਸਕੂਲ ਜਾਂਚ ਦੇ ਘੇਰੇ ਵਿੱਚ ਹਨ। ਉਨ੍ਹਾ ਕਿਹਾ ਕਿ ਸਰਕਾਰ ਸਿੱਖਿਆ ਦੇ ਮਿਆਰ ਨਾਲ ਸਮਝੌਤਾ ਕਰਨ ਵਾਲੀਆਂ ਅਤੇ ਪ੍ਰੀਖਿਆਵਾਂ ਵਿੱਚ ਗੜਬੜੀਆਂ ਕਰਨ ਵਾਲੀਆਂ ਸੰਸਥਾਵਾਂ ਵਿਰੁੱਧ ਸਖਤ ਕਾਰਵਾਈ ਕਰਨ ਲਈ ਵਚਨਬੱਧ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## 14 ਸੈਰ ਸਪਾਟਾ ਸਥਾਨ ਖੋਲ੍ਹਣ ਦਾ ਹੁਕਮ

**ਸ੍ਰੀਨਗਰ** : ਮੁੱਖ ਮੰਤਰੀ ਉਮਰ ਅਬਦੁੱਲਾ ਵੱਲੋਂ ਵਿਧਾਨ ਸਭਾ ਵਿੱਚ ਮੁੱਦਾ ਚੁੱਕੇ ਜਾਣ ਤੋਂ ਬਾਅਦ ਉਪ ਰਾਜਪਾਲ ਮਨੋਜ ਸਿਨਹਾ ਨੇ ਸੋਮਵਾਰ ਕਸ਼ਮੀਰ ਅਤੇ ਜੰਮੂ ਖੇਤਰ ਦੇ 14 ਸੈਰ-ਸਪਾਟਾ ਸਥਾਨਾਂ ਨੂੰ ਮੁੜ ਖੋਲ੍ਹਣ ਦੇ ਹੁਕਮ ਦਿੱਤੇ ਹਨ। ਇਹ ਪਹਿਲਗਾਮ ਹਮਲੇ ਤੋਂ ਬਾਅਦ ਅਸਥਾਈ ਤੌਰ 'ਤੇ ਬੰਦ ਕੀਤੇ ਗਏ ਸਨ। ਕਸ਼ਮੀਰ ਡਿਵੀਜ਼ਨ ਦੇ ਬਡਗਾਮ ਵਿੱਚ ਯੂਸਮਰਗ, ਦੂਧਪਥਰੀ, ਕੋਕਰਨਾਗ ਵਿੱਚ ਦਾਂਡੀਪੋਰਾ ਪਾਰਕ, ਪੀਰ ਕੀ ਗਲੀ, ਸ਼ੋਪੀਆਂ ਵਿੱਚ ਦੁਬਜਾਨ ਅਤੇ ਪਦਪਾਵਨ, ਅਸਤਾਨਪੋਰਾ, ਸ੍ਰੀਨਗਰ ਵਿੱਚ ਟਿਊਲਿਪ ਗਾਰਡਨ, ਥਾਜੀਵਾਸ ਗਲੇਸ਼ੀਅਰ, ਗੰਦਰਬਲ ਵਿੱਚ ਹੰਗ ਪਾਰਕ ਅਤੇ ਬਾਰਾਮੂਲਾ ਵਿੱਚ ਵੂਲਰ/ਵਾਟਲਬ ਜਦਕਿ ਜੰਮੂ ਡਿਵੀਜ਼ਨ ਦੇ ਰਿਆਸੀ ਵਿੱਚ ਦੇਵੀ ਪਿੰਡੀ, ਰਾਮਬਨ ਵਿੱਚ ਮਹੂ ਮੰਗਤ ਅਤੇ ਕਿਸ਼ਤਵਾੜ ਵਿੱਚ ਮੁਗਲ ਮੈਦਾਨ ਨੂੰ ਤੁਰੰਤ ਖੋਲ੍ਹ ਦਿੱਤਾ ਜਾਵੇਗਾ। ਕਸ਼ਮੀਰ ਡਿਵੀਜ਼ਨ ਦੇ ਗੁਰੇਜ਼, ਅਥਵਾਟੂ, ਬੰਗਸ ਅਤੇ ਜੰਮੂ ਦੇ ਰਾਮਬਨ ਵਿੱਚ ਰਾਮਕੁੰਡ ਨੂੰ ਬਰਫ ਸਾਫ਼ ਹੋਣ ਤੋਂ ਬਾਅਦ ਖੋਲ੍ਹਿਆ ਜਾਵੇਗਾ।

# ਨਵਜੰਮੀ ਵੇਚਣ ਦੇ ਦੋਸ਼ 'ਚ ਮਾਂ ਤੇ ਡਾਕਟਰ ਸਣੇ ਪੰਜ ਗ੍ਰਿਫਤਾਰ



**ਲੁਧਿਆਣਾ** : ਇੱਥੇ ਪੁਲਸ ਨੇ ਨਵਜੰਮੀ ਬੱਚੀ ਨੂੰ 2.10 ਲੱਖ ਰੁਪਏ ਵਿੱਚ ਵੇਚਣ ਦੇ ਦੋਸ਼ ਹੇਠ ਬੱਚੀ ਦੀ ਮਾਂ ਅਤੇ ਇੱਕ ਬੀ ਏ ਐੱਮ ਐੱਸ ਡਾਕਟਰ ਸਮੇਤ ਪੰਜ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਹੈ।

ਰਾਹਗੀਰਾਂ ਨੇ ਨੀਲਾ ਝੰਡਾ ਰੋਡ ਸਥਿਤ ਪਾਰਕ ਵਿੱਚ ਇੱਕ ਔਰਤ ਨੂੰ ਨਵਜੰਮੀ ਬੱਚੀ ਨੂੰ ਚੁੱਕੀ ਦੇਖਿਆ, ਜੋ ਲਗਾਤਾਰ ਰੋ ਰਹੀ ਸੀ। ਹਾਲਾਤ ਸ਼ੱਕੀ ਦੇਖ ਕੇ ਰਾਹਗੀਰਾਂ ਨੇ ਔਰਤ ਤੋਂ ਪੁੱਛਗਿੱਛ ਕੀਤੀ। ਗੱਲਬਾਤ ਦੌਰਾਨ ਉਸ ਨੇ ਕਥਿਤ ਤੌਰ 'ਤੇ ਕਬੂਲ ਕੀਤਾ ਕਿ ਉਸ ਨੇ ਬੱਚੀ ਨੂੰ 2.10 ਲੱਖ ਰੁਪਏ ਵਿੱਚ ਖਰੀਦਿਆ ਹੈ, ਜਿਸ ਤੋਂ ਬਾਅਦ ਲੋਕਾਂ ਨੇ ਪੁਲਸ ਨੂੰ ਸੂਚਨਾ ਦਿੱਤੀ।

ਪੁਲਸ ਅਨੁਸਾਰ, ਬੱਚੀ ਦਾ ਜਨਮ 13 ਫਰਵਰੀ ਨੂੰ ਬਾਬਾ ਥਾਨ ਸਿੰਘ ਚੌਕ ਨੇੜੇ ਅਰੋੜਾ ਨਰਸਿੰਗ ਹੋਮ ਵਿੱਚ ਹੋਇਆ ਸੀ। ਕਥਿਤ ਸੌਦੇ ਦੇ ਸਮੇਂ ਉਹ ਸਿਰਫ ਦੋ ਦਿਨਾਂ ਦੀ ਸੀ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੱਚੀ ਦੀ ਮਾਂ ਸੁਨੀਤਾ ਦੇਵੀ, ਜੋ ਕਿ ਸ਼ੇਰਪੁਰ ਕਲਾਂ ਰਹਿੰਦੀ ਹੈ ਤੇ ਮੂਲ ਰੂਪ ਵਿੱਚ ਗੋਰਖਪੁਰ, ਯੂ ਪੀ ਤੋਂ ਹੈ, ਮਨਪ੍ਰੀਤ ਕੌਰ ਬੀ ਏ ਐੱਮ ਐੱਸ ਡਾਕਟਰ (ਪੰਜਾਬ ਮਾਤਾ ਨਗਰ ਦੀ ਨਿਵਾਸੀ), ਪਰਵੀਨ (ਖੁੱਡ ਮੁਹੱਲਾ ਨਿਵਾਸੀ), ਰੁਚੀ (ਡਾਬਾ ਰੋਡ ਨਿਵਾਸੀ) ਅਤੇ ਮਨਦੀਪ ਕੌਰ ਪਿੰਡ ਨੰਗਲ, ਜ਼ਿਲ੍ਹਾ ਮੋਗਾ ਨਿਵਾਸੀ ਵਜੋਂ ਹੋਈ ਹੈ।

ਐਡੀਸ਼ਨਲ ਡੀ ਸੀ ਪੀ-1 ਸਮੀਰ ਵਰਮਾ ਨੇ ਦੱਸਿਆ ਕਿ ਸੁਨੀਤਾ ਦੇਵੀ ਦੀਆਂ ਪਹਿਲਾਂ ਵੀ ਚਾਰ ਬੱਚੀਆਂ ਹਨ। ਜਦੋਂ ਉਹ ਪੰਜਵੀਂ ਵਾਰ ਗਰਭਵਤੀ ਹੋਈ ਤਾਂ ਉਸ ਦਾ ਪਤੀ ਉਸ ਤੋਂ ਨਾਖੁਸ਼ ਸੀ। ਉਸ ਨੇ ਬੱਚੀ ਨੂੰ ਕਿਸੇ ਹੋਰ ਨੂੰ ਦੇਣ ਦਾ ਫੈਸਲਾ ਕੀਤਾ ਤੇ ਹਸਪਤਾਲ ਦੀ ਨਰਸ ਨਾਲ ਸੰਪਰਕ ਕਰਕੇ ਪਰਵੀਨ ਨਾਲ ਰਾਬਤਾ ਕੀਤਾ ਗਿਆ।

ਪਰਵੀਨ ਨਰਸ ਅਤੇ ਘਰੇਲੂ ਸਹਾਇਕ ਵਜੋਂ ਕੰਮ ਕਰਦੀ ਹੈ। ਉਸ ਨੇ ਕਥਿਤ ਤੌਰ 'ਤੇ ਮੋਗਾ ਦੇ ਪਿੰਡ ਅਜੀਤਵਾਲ ਦੀ ਇੱਕ ਹੋਰ ਨਰਸ ਗੁਰਮੀਤ ਕੌਰ ਨਾਲ ਸੰਪਰਕ ਕਰਕੇ ਅੰਮ੍ਰਿਤਸਰ ਦੀ ਇੱਕ ਆਸ਼ਾ ਵਰਕਰ ਪੰਮਾ ਨਾਲ ਗੱਲ ਕੀਤੀ, ਜਿਸ ਦੇ ਡਾਕਟਰਾਂ ਨਾਲ ਸੰਬੰਧ ਦੱਸੇ ਜਾਂਦੇ ਹਨ। ਆਸ਼ਾ ਵਰਕਰ ਨੇ ਡਾ. ਮਨਪ੍ਰੀਤ ਕੌਰ ਨੂੰ ਵਿਕਾਊ ਨਵਜੰਮੇ ਬੱਚੇ ਬਾਰੇ ਸੂਚਿਤ ਕੀਤਾ। ਜਦੋਂ ਡਾਕਟਰ ਨੂੰ ਕੋਈ ਖਰੀਦਦਾਰ ਨਾ ਮਿਲਿਆ, ਤਾਂ ਉਸ ਨੇ ਕਥਿਤ ਤੌਰ 'ਤੇ ਆਪਣੇ ਪੇਕੇ ਮੁਹੱਲਾ ਸੰਤ ਕਬੀਰ ਨਗਰ ਵਿੱਚ ਗੁਆਂਢੀ ਰੁਚੀ ਨਾਲ ਸੰਪਰਕ ਕੀਤਾ, ਜੋ ਕੇਅਰਟੇਕਰ ਵਜੋਂ ਕੰਮ ਕਰਦੀ ਹੈ।

ਰੁਚੀ ਨੇ ਫਿਰ ਮੋਗਾ ਦੇ ਪਿੰਡ ਨੰਗਲ ਦੀ ਰਹਿਣ ਵਾਲੀ ਮਨਦੀਪ ਕੌਰ ਨਾਲ ਸੰਪਰਕ ਕੀਤਾ, ਜਿਸ ਨੇ ਪਹਿਲਾਂ ਬੱਚਾ ਗੋਦ ਲੈਣ ਦੀ ਇੱਛਾ ਜ਼ਾਹਰ ਕੀਤੀ ਸੀ। ਮਨਦੀਪ ਕਥਿਤ ਤੌਰ 'ਤੇ ਬੱਚੀ ਨੂੰ ਖਰੀਦਣ ਲਈ ਸਹਿਮਤ ਹੋ ਗਈ। ਪੁਲਸ ਨੇ ਦੱਸਿਆ ਕਿ ਮਨਦੀਪ ਕੌਰ ਨੂੰ 2.10 ਲੱਖ ਰੁਪਏ ਦੇਣ ਲਈ ਕਿਹਾ ਗਿਆ ਸੀ, ਜਿਸ ਵਿੱਚੋਂ 1.5 ਲੱਖ ਰੁਪਏ ਬੱਚੀ ਦੀ ਮਾਂ ਨੂੰ ਜਾਣੇ ਸਨ ਅਤੇ 60,000 ਰੁਪਏ ਕਮਿਸ਼ਨ ਵਜੋਂ ਰੱਖੇ ਜਾਣੇ ਸਨ। ਉਹ ਇਨ੍ਹਾਂ ਸ਼ਰਤਾਂ 'ਤੇ ਸਹਿਮਤ ਹੋ ਗਈ ਅਤੇ ਸੌਦਾ ਪੂਰਾ ਕਰਨ ਲਈ ਲੁਧਿਆਣਾ ਆ ਗਈ।

15 ਫਰਵਰੀ ਦੀ ਦੁਪਹਿਰ ਨੂੰ ਕਥਿਤ ਖਰੀਦਦਾਰ ਅਤੇ ਵਿਕਰੇਤਾ ਬੱਚੀ ਨੂੰ ਸੌਂਪਣ ਲਈ ਨੀਲਾ ਝੰਡਾ ਰੋਡ 'ਤੇ ਸਥਿਤ ਇੱਕ ਪਾਰਕ ਵਿੱਚ ਇਕੱਠੇ ਹੋਏ। ਹਾਲਾਂਕਿ, ਨਵਜੰਮੀ ਬੱਚੀ ਦੇ ਰੋਣ ਅਤੇ ਅਸਾਧਾਰਨ ਗਤੀਵਿਧੀਆਂ ਨੂੰ ਦੇਖ ਕੇ ਸ਼ੱਕੀ ਰਾਹਗੀਰਾਂ ਨੇ ਪੁਲਸ ਨੂੰ ਸੂਚਿਤ ਕਰ ਦਿੱਤਾ।

ਜਦੋਂ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਪੁੱਛਗਿੱਛ ਸ਼ੁਰੂ ਕੀਤੀ ਤਾਂ ਸਾਰੇ ਨੈੱਟਵਰਕ ਦਾ ਪਰਦਾਫਾਸ਼ ਹੋ ਗਿਆ। ਪੁਲਸ ਨੇ ਕਿਹਾ ਕਿ ਜਿਸ ਨਰਸਿੰਗ ਹੋਮ ਵਿੱਚ ਬੱਚੀ ਦਾ ਜਨਮ ਹੋਇਆ ਸੀ, ਉੱਥੋਂ ਦੇ ਡਾਕਟਰ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਜੇ ਜਾਂਚ ਦੌਰਾਨ ਹੋਰ ਸ਼ਮੂਲੀਅਤ ਪਾਈ ਗਈ ਤਾਂ ਉਚਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਧਰਮ ਸਥਾਨਾਂ 'ਚ ਔਰਤਾਂ ਨਾਲ ਵਿਤਕਰੇ ਬਾਰੇ 9 ਮੈਂਬਰੀ ਬੈਂਚ ਸੁਣਵਾਈ ਕਰੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਕੇਰਲਾ ਦੇ ਸਬਰੀਮਾਲਾ ਮੰਦਰ ਤੇ ਹੋਰਨਾਂ ਧਾਰਮਿਕ ਸਥਾਨਾਂ 'ਤੇ ਔਰਤਾਂ ਨਾਲ ਹੁੰਦੇ ਵਿਤਕਰੇ ਨਾਲ ਸੰਬੰਧਤ ਪਟੀਸ਼ਨਾਂ ਦੇ ਸਮੂਹ 'ਤੇ ਨੌਂ ਜੱਜਾਂ ਦੀ ਬੈਂਚ ਅੰਤਮ ਸੁਣਵਾਈ ਕਰੇਗੀ। ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਤੇ ਜਸਟਿਸ ਵਿਪੁਲ ਪੰਚੋਲੀ ਦੀ ਸ਼ਮੂਲੀਅਤ ਵਾਲੀ ਬੈਂਚ ਨੇ ਕਿਹਾ ਕਿ ਇਹ ਬੈਂਚ 7 ਅਪਰੈਲ ਨੂੰ ਸੁਣਵਾਈ ਸ਼ੁਰੂ ਕਰੇਗੀ ਅਤੇ ਉਮੀਦ ਹੈ ਕਿ ਇਹ ਸੁਣਵਾਈ 22 ਅਪਰੈਲ ਤੱਕ ਮੁਕੰਮਲ ਹੋ ਜਾਵੇਗੀ। ਅਦਾਲਤ ਨੇ ਸਾਰੀਆਂ ਧਿਰਾਂ ਨੂੰ 14 ਮਾਰਚ ਤੱਕ ਆਪਣੇ ਲਿਖਤੀ ਬਿਆਨ ਦਰਜ ਕਰਨ ਦੇ ਨਿਰਦੇਸ਼ ਦਿੱਤੇ ਹਨ।

ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਸਬਰੀਮਾਲਾ ਦੇ ਉਸ ਫੈਸਲੇ ਦੀ ਸਮੀਖਿਆ ਦੀਆਂ ਪਟੀਸ਼ਨਾਂ ਦਾ ਸਮਰਥਨ ਕੀਤਾ, ਜਿਸ ਵਿੱਚ ਸਾਰੀਆਂ ਉਮਰ ਵਰਗ ਦੀਆਂ ਔਰਤਾਂ ਨੂੰ ਮੰਦਰ ਵਿੱਚ ਪ੍ਰਵੇਸ਼ ਦੀ ਇਜਾਜ਼ਤ ਦਿੱਤੀ ਗਈ ਸੀ।

ਅਦਾਲਤ ਨੇ ਇਸ ਮਾਮਲੇ ਵਿੱਚ ਕ੍ਰਿਸ਼ਨਾ ਕੁਮਾਰ ਸਿੰਘ ਅਤੇ ਸ਼ਾਸ਼ਵਤੀ ਪਾਰੀ ਨੂੰ ਕ੍ਰਮਵਾਰ ਸਮੀਖਿਆ ਦੇ ਸਮਰਥਨ ਅਤੇ ਵਿਰੋਧ ਵਾਲੀਆਂ ਧਿਰਾਂ ਲਈ ਨੋਡਲ ਕੌਂਸਲ ਨਿਯੁਕਤ ਕੀਤਾ ਹੈ, ਜਦਕਿ ਸੀਨੀਅਰ ਐਡਵੋਕੇਟ ਕੇ ਪਰਮੇਸ਼ਵਰ ਅਤੇ ਸ਼ਿਵਮ ਸਿੰਘ ਨੂੰ 'ਐਮੀਕਸ ਕਿਊਰੀ' (ਅਦਾਲਤ ਦੇ ਸਹਾਇਕ) ਵਜੋਂ ਨਿਯੁਕਤ ਕੀਤਾ ਗਿਆ ਹੈ।

ਸੁਣਵਾਈ ਦੇ ਤੈਅ ਪ੍ਰੋਗਰਾਮ ਅਨੁਸਾਰ ਸਮੀਖਿਆ ਪਟੀਸ਼ਨਰਾਂ ਨੂੰ 7 ਤੋਂ 9 ਅਪਰੈਲ ਤੱਕ ਅਤੇ ਵਿਰੋਧ ਕਰਨ ਵਾਲਿਆਂ ਨੂੰ 14 ਤੋਂ 16 ਅਪਰੈਲ ਤੱਕ ਸੁਣਿਆ ਜਾਵੇਗਾ, ਜਿਸ ਤੋਂ ਬਾਅਦ 22 ਅਪਰੈਲ ਤੱਕ ਅੰਤਮ ਬਹਿਸ ਹੋਵੇਗੀ। ਇਹ 9 ਮੈਂਬਰੀ ਬੈਂਚ ਸੰਵਿਧਾਨ ਦੀ ਧਾਰਾ 25 ਅਤੇ 26 ਦੇ ਤਹਿਤ ਧਾਰਮਿਕ ਆਜ਼ਾਦੀ ਦੇ ਘੇਰੇ ਅਤੇ ਧਾਰਮਿਕ ਰੀਤਾਂ ਨੂੰ ਚੁਣੌਤੀ ਦੇਣ ਦੇ ਅਧਿਕਾਰਾਂ ਨਾਲ ਸੰਬੰਧਤ ਸੱਤ ਪ੍ਰਮੁੱਖ ਸਵਾਲਾਂ ਦੀ ਜਾਂਚ ਕਰੇਗੀ। ਇਸ ਵਿੱਚ ਸਬਰੀਮਾਲਾ ਤੋਂ ਇਲਾਵਾ ਮਸਜਿਦਾਂ ਵਿੱਚ ਮੁਸਲਿਮ ਔਰਤਾਂ ਦੇ ਪ੍ਰਵੇਸ਼ ਅਤੇ ਗੈਰ-ਪਾਰਸੀ ਮਰਦਾਂ ਨਾਲ ਵਿਆਹੀਆਂ ਪਾਰਸੀ ਔਰਤਾਂ ਦੇ ਅਧਿਕਾਰਾਂ ਵਰਗੇ ਮੁੱਦੇ ਵੀ ਸ਼ਾਮਲ ਹਨ।

## ਭੁੱਲਰ ਦੀ ਪਟੀਸ਼ਨ ਰੱਦ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੀ ਬੀ ਆਈ ਵੱਲੋਂ ਭ੍ਰਿਸ਼ਟਾਚਾਰ ਦੇ ਦੋਸ਼ ਵਿੱਚ ਗ੍ਰਿਫਤਾਰ ਸਾਬਕਾ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਦੀ ਜ਼ਮਾਨਤ ਪਟੀਸ਼ਨ ਸੋਮਵਾਰ ਰੱਦ ਕਰ ਦਿੱਤੀ। ਹਾਲਾਂਕਿ ਸਾਬਕਾ ਭੁੱਲਰ ਨੂੰ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਹੇਠਲੀ ਅਦਾਲਤ ਨੇ ਜ਼ਮਾਨਤ ਦੇ ਦਿੱਤੀ ਸੀ। ਭੁੱਲਰ ਹਾਲੇ ਰਿਸ਼ਵਤਖੋਰੀ ਦੇ ਮਾਮਲੇ ਵਿਚ ਚੰਡੀਗੜ੍ਹ ਜੇਲ੍ਹ 'ਚ ਬੰਦ ਹਨ। ਭੁੱਲਰ ਨੇ ਇਸ ਮਾਮਲੇ ਵਿੱਚ ਜ਼ਮਾਨਤ ਦੀ ਮੰਗ ਕੀਤੀ ਸੀ ਜਿਸ ਨੂੰ ਹਾਈ ਕੋਰਟ ਨੇ ਰੱਦ ਕਰ ਦਿੱਤਾ। ਸੀ ਬੀ ਆਈ ਦਾ ਕਹਿਣਾ ਸੀ ਕਿ ਜੇ ਜ਼ਮਾਨਤ ਦਿੱਤੀ ਜਾਂਦੀ ਹੈ ਤਾਂ ਉਹ ਗਵਾਹਾਂ ਨੂੰ ਪ੍ਰਭਾਵਤ ਕਰ ਸਕਦੇ ਹਨ।

NAAC GRADE A++
LOVELY PROFESSIONAL UNIVERSITY
Transforming Education Transforming India

A RESEARCH FOCUSSED UNIVERSITY WORKING ON GLOBAL RESEARCH ISSUES
- 7600+ patents published
- 28700+ research publications indexed in Scopus/ WOS
- 49 faculty members are enlisted in the "Stanford world top 2% scientists" for the year 2025.
- We foster global collaboration and elevate academic prowess through our "International Research Exchange" and "International Co-Supervision" programs

ADMISSION NOTICE
Ph.D.
[ FULL TIME/ PART TIME ]

Engineering (ECE, CSE, EE, ME, CE, Chemical Engineering, Aerospace Engineering, Molecular Biology and Genetic Engg., Geospatial Information Science and Technology), Computer Applications, Agronomy, Entomology, Fruit Science, Genetics and Plant Breeding, Plant Pathology, Vegetable Science, Soil Science, Food Science and Technology, Environmental Sciences, Biotechnology, Bioinformatics, Microbiology, Forensic Sciences, Biochemistry, Botany, Zoology, Chemistry, Physics, Mathematics, Statistics, Management, Commerce, Economics, Hotel Management, Tourism Management, Law, Planning, Architecture, Fashion, Interior and Furniture Design, Product and Industrial Design, User Experience, Psychology, Geography, Performing Arts (Music), Film and TV Production, Fine Arts, Journalism and Mass Communication, English, Performing Arts-Theatre, Political Science, Sociology, Social Work, History, Education, Public Administration, Physical Education, Punjabi, Hindi, Pharmaceutics, Pharmaceutical Chemistry, Pharmacognosy, Pharmacology, Pharmacy Practice, Ayurvedic Pharmacy, Pharmaceutical Analysis, Clinical Microbiology, Clinical Biochemistry, Clinical Embryology, Library Science, Physiotherapy

FLEXIBLE AND HYBRID COURSE WORK OPTIONS ARE AVAILABLE

Individuals who have been awarded a Ph.D. degree in accordance with UGC regulations are exempted from the requirement of the minimum eligibility condition of NET/ SLET/ SET for recruitment/ appointment of Assistant Professor or equivalent positions in Universities/ Colleges/ Institutions

| | |
|---|---|
| Last Date of Application | 25th April 2026 |
| Dates of Entrance Test (LPUNEST) | 08th & 10th May 2026 |
| Result of LPUNEST (Ph.D.) | 15th May 2026 |
| Slot Booking of Interview | 15th - 18th May 2026 |
| Interview Dates | 22nd - 29th May 2026 |
| Result for Interview | 3rd June 2026 |
| Last Date of Admission | 30th June 2026 |

Scholarship/ Fellowship/ Travel Grant
- Scholarship upto ₹2.8 Lakh per student based on perfomance in LPUNEST Exam/ JRFs (UGC/CSIR) / NET/ GATE/ GPAT qualified/ Women Candidates^
- Research incentives upto ₹5 Crore awarded in 2024
- Teaching Fellowship of ₹21,600 per month and Travel grant upto ₹35,000 to attend National/ International Conference^ #
- Monthly fellowship of ₹37,000+ HRA to eligible JRF candidates*

^For application process, scholarship, disciplines, student intake (seats), eligibility, admission criteria, test centres and other details, refer the link https://nest.lpu.in/phd/

*subject to availability and fulfillment of eligibility criteria. #As per government guidelines.

LOVELY PROFESSIONAL UNIVERSITY (LPU)
Jalandhar-Delhi G.T. Road, Phagwara, Punjab | www.lpu.in
admissions@lpu.co.in | Contact us: 01824-404408


## ਅੱਜ-ਨਾਮਾ

ਅਦਾਲਤੀ ਸਿਸਟਮ ਦੀ ਡਾਢੀ ਦੁਰਵਰਤੋਂ,
ਕਰਦੇ ਲੋਕ ਕਈ ਚੁਸਤ-ਚਾਲਾਕ ਮੀਆਂ।
ਮਾਇਆ ਜਿਨ੍ਹਾਂ ਦੇ ਘਰੀਂ ਆ ਮਣਾਂ ਮੂੰਹੀਂ,
ਅੜਿੱਕੇ ਡਾਹੁਣ ਨੂੰ ਰੱਖਣਗੇ ਤਾਕ ਮੀਆਂ।
ਹਰ ਇੱਕ ਚਾਲ ਦੇ ਨਾਲ ਆ ਦਾਅ ਗੁੱਝੇ,
ਸਵਾਰਥ ਵਾਲੜੀ ਹੁੰਦੀ ਆ ਝਾਕ ਮੀਆਂ।
ਫੈਸਲੇ ਉਨ੍ਹਾਂ ਲਈ ਬਾਹਲੇ ਨੇ ਠੀਕ ਹੁੰਦੇ,
ਹੁੰਦਾ ਏਦਾਂ ਨਹੀਂ ਨਿਰਾ ਇਤਫਾਕ ਮੀਆਂ।
ਚਰਚਾ ਹੁੰਦੀ ਫਿਰ ਵਿੱਚ ਕਚਹਿਰੀਆਂ ਦੇ,
ਬਣਦੀ ਖੰਭਾਂ ਦੀ ਵੇਖੀ ਗਈ ਡਾਰ ਮੀਆਂ।
ਚਿੰਤਾ ਕਰਨ ਨਾ ਜੱਜ, ਸਰਕਾਰ ਨਹੀਂਉਂ,
ਕਿੰਨਾ ਕੁ ਫੈਲ ਚੁੱਕਾ ਭ੍ਰਿਸ਼ਟਾਚਾਰ ਮੀਆਂ।

-ਤੀਸ ਮਾਰ ਖਾਂ

# ਹਿਮਾਚਲ ਦੇ ਰਾਜਪਾਲ ਨੇ 50 ਪੰਨਿਆਂ ਦਾ ਭਾਸ਼ਣ 3 ਮਿੰਟਾਂ 'ਚ ਸਮੇਟਿਆ!

**ਸ਼ਿਮਲਾ** : ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਦਾ ਤਿੰਨ ਦਿਨਾਂ ਬਜਟ ਸੈਸ਼ਨ ਸੋਮਵਾਰ ਰਾਜਪਾਲ ਸ਼ਿਵ ਪ੍ਰਤਾਪ ਸ਼ੁਕਲਾ ਦੇ ਸੰਬੋਧਨ ਨਾਲ ਸ਼ੁਰੂ ਹੋਇਆ, ਪਰ ਖਾਸ ਗੱਲ ਇਹ ਰਹੀ ਕਿ ਉਨ੍ਹਾ ਨੇ 16ਵੇਂ ਵਿੱਤ ਕਮਿਸ਼ਨ ਵੱਲੋਂ ਮਾਲੀਆ ਘਾਟਾ ਗ੍ਰਾਂਟ (ਆਰ ਡੀ ਜੀ) ਨੂੰ ਬੰਦ ਕਰਨ ਨਾਲ ਸੰਬੰਧਤ ਭਾਸ਼ਣ ਦੇ ਮਹੱਤਵਪੂਰਨ ਹਿੱਸਿਆਂ ਨੂੰ ਛੱਡ ਦਿੱਤਾ।



ਸ਼ੁਕਲਾ ਨੇ ਕਿਹਾ, "ਕਿਉਂਕਿ ਮੇਰੇ ਭਾਸ਼ਣ ਦੇ ਪੈਰਾ ਤਿੰਨ ਤੋਂ ਸੋਲਾਂ ਇੱਕ ਸੰਵਿਧਾਨਕ ਸੰਸਥਾ ਨਾਲ ਸੰਬੰਧਤ ਹਨ, ਇਸ ਲਈ ਮੈਂ ਉਨ੍ਹਾਂ ਨੂੰ ਪੜ੍ਹਨਾ ਨਹੀਂ ਚਾਹਾਂਗਾ।" ਉਨ੍ਹਾਂ ਨੇ ਆਪਣਾ 50 ਪੰਨਿਆਂ ਦਾ ਭਾਸ਼ਣ ਤਿੰਨ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਨਬੇੜ ਲਿਆ, ਸਿਰਫ ਪਹਿਲੇ ਦੋ ਪੈਰੇ ਪੜ੍ਹੇ, ਜਿਨ੍ਹਾਂ ਵਿੱਚ ਸੈਸ਼ਨ ਦੇ ਏਜੰਡੇ—2025-26 ਲਈ ਪੂਰਕ ਮੰਗਾਂ ਪਾਸ ਕਰਨਾ, 2026-27 ਦਾ ਬਜਟ ਅਤੇ ਹੋਰ ਵਿਧਾਨਕ ਕੰਮਾਂ ਬਾਰੇ ਦੱਸਿਆ ਗਿਆ ਸੀ।

ਸ਼ੁਕਲਾ ਦੇ ਇਸ ਫੈਸਲੇ ਨੇ ਰਾਜ ਸਰਕਾਰ ਦੁਆਰਾ ਤਿਆਰ ਕੀਤੇ ਗਏ ਉਨ੍ਹਾਂ ਹਿੱਸਿਆਂ ਨੂੰ ਪੜ੍ਹਨ ਤੋਂ ਪ੍ਰਭਾਵਸ਼ਾਲੀ ਢੰਗ ਨਾਲ ਪਰਹੇਜ਼ ਕੀਤਾ ਜਿਨ੍ਹਾਂ ਵਿੱਚ ਆਰ ਡੀ ਜੀ ਨੂੰ ਬੰਦ ਕਰਨ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਗਈਆਂ ਸਨ, ਜੋ ਕਿ ਇੱਕ ਵਿਵਾਦਪੂਰਨ ਮੁੱਦਾ ਹੈ ਅਤੇ ਰਾਜ ਦੀ ਸਿਆਸੀ ਚਰਚਾ ਵਿੱਚ ਭਾਰੂ ਰਿਹਾ ਹੈ।

ਭਾਸ਼ਣ ਵਿੱਚ ਨੋਟ ਕੀਤਾ ਗਿਆ ਸੀ ਕਿ ਸੰਵਿਧਾਨ ਦੀ ਧਾਰਾ 275(1) ਉਨ੍ਹਾਂ ਰਾਜਾਂ ਨੂੰ ਗ੍ਰਾਂਟਾਂ ਪ੍ਰਦਾਨ ਕਰਦੀ ਹੈ ਜੋ ਮਾਲੀਏ ਅਤੇ ਖਰਚੇ ਵਿਚਕਾਰ ਪਾੜੇ ਨੂੰ ਪੂਰਨ ਵਿੱਚ ਅਸਮਰੱਥ ਹਨ। ਇਤਿਹਾਸਕ ਤੌਰ 'ਤੇ 1952 ਵਿੱਚ ਪਹਿਲੇ ਵਿੱਤ ਕਮਿਸ਼ਨ ਤੋਂ ਲੈ ਕੇ 15ਵੇਂ ਵਿੱਤ ਕਮਿਸ਼ਨ (2020-25) ਤੱਕ, ਹਿਮਾਚਲ ਪ੍ਰਦੇਸ਼ ਲਗਾਤਾਰ ਆਰ ਡੀ ਜੀ ਪ੍ਰਾਪਤ ਕਰਦਾ ਰਿਹਾ ਸੀ। ਪੈਰਾ 15 ਅਤੇ 16, ਜੋ ਛੱਡ ਦਿੱਤੇ ਗਏ ਸਨ, ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਸੀ ਕਿ 16ਵੇਂ ਵਿੱਤ ਕਮਿਸ਼ਨ ਦੇ ਆਰ ਡੀ ਜੀ ਨੂੰ ਬੰਦ ਕਰਨ ਦੇ ਫੈਸਲੇ ਨਾਲ ਛੋਟੇ ਅਤੇ ਪਹਾੜੀ ਰਾਜਾਂ, ਖਾਸ ਕਰਕੇ ਹਿਮਾਚਲ ਵਰਗੇ ਵਿਸ਼ੇਸ਼ ਸ਼੍ਰੇਣੀ ਦੇ ਰਾਜਾਂ 'ਤੇ ਮਾੜਾ ਅਸਰ ਪਵੇਗਾ। ਭਾਸ਼ਣ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਸੀ ਕਿ ਪਹਾੜੀ ਅਤੇ ਸਰਹੱਦੀ ਰਾਜਾਂ ਲਈ, ਜਿੱਥੇ ਭੂਗੋਲਕ ਸਥਿਤੀ ਅਤੇ ਕੁਦਰਤੀ ਸਰੋਤਾਂ ਕਾਰਨ ਮਾਲੀਆ ਪੈਦਾ ਕਰਨਾ ਸੀਮਤ ਹੈ, ਉੱਥੇ ਆਰ ਡੀ ਜੀ ਵਿਕਾਸ ਪ੍ਰੋਜੈਕਟਾਂ, ਸਮਾਜਕ ਭਲਾਈ ਸਕੀਮਾਂ ਅਤੇ ਆਫਤ ਪ੍ਰਬੰਧਨ ਪ੍ਰੋਗਰਾਮਾਂ ਲਈ ਫੰਡ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਇਨ੍ਹਾਂ ਹਿੱਸਿਆਂ ਨੂੰ ਛੱਡ ਕੇ ਰਾਜਪਾਲ ਨੇ ਇੱਕ ਰਾਜਨੀਤਕ ਤੌਰ 'ਤੇ ਸੰਵੇਦਨਸ਼ੀਲ ਵਿਸ਼ੇ ਤੋਂ ਕਿਨਾਰਾ ਕਰ ਲਿਆ ਅਤੇ ਸਿਰਫ ਰਾਜ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਰੁਟੀਨ ਦੇ ਵਿਧਾਨਕ ਕੰਮਾਂ 'ਤੇ ਧਿਆਨ ਕੇਂਦਰਤ ਕੀਤਾ, ਜਿਸ ਨਾਲ ਰਾਜ ਦੀਆਂ ਵਿੱਤੀ ਚਿੰਤਾਵਾਂ ਨੂੰ ਸੰਬੋਧਤ ਕੀਤੇ ਬਿਨਾਂ ਸੈਸ਼ਨ ਦੀ ਪ੍ਰਕਿਰਿਆਤਮਕ ਮਰਿਆਦਾ ਨੂੰ ਬਣਾਈ ਰੱਖਿਆ ਗਿਆ। ਇਸ ਕਮੀ ਨਾਲ ਕੇਂਦਰੀ ਸਹਾਇਤਾ ਦੇ ਬੰਦ ਹੋਣ ਦੇ ਮੱਦੇਨਜ਼ਰ ਰਾਜ ਦੀਆਂ ਬਜਟ ਅਤੇ ਵਿਕਾਸ ਤਰਜੀਹਾਂ ਨੂੰ ਲੈ ਕੇ ਵਿਧਾਨ ਸਭਾ ਵਿੱਚ ਬਹਿਸ ਦਾ ਮਾਹੌਲ ਬਣਨ ਦੀ ਉਮੀਦ ਹੈ।

## ਟੀ ਬੀ ਮੁਕਤ ਭਾਰਤ ਅਭਿਆਨ ਦੇ ਦੂਜੇ ਪੜਾਅ ਦੀ ਕੀਤੀ ਸ਼ੁਰੂਆਤ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਟੀਬੀ ਦੇ ਖਾਤਮੇ ਲਈ ਟੀਬੀ ਮੁਕਤ ਭਾਰਤ ਅਭਿਆਨ ਦੇ ਦੂਜੇ ਪੜਾਅ ਦੀ ਸ਼ੁਰੂਆਤ ਆਮ ਆਦਮੀ ਕਲੀਨਿਕ ਖਾਈ ਫੇਮੇ ਕੇ ਤੋਂ ਕੀਤੀ ਗਈ।ਡਾ ਰਾਜੀਵ ਪਰਾਸ਼ਰ ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦੂਜੇ ਪੜਾਅ ਤਹਿਤ ਮਰੀਜ਼ਾਂ ਦੀ ਐਕਸਰੇ ਸਕ੍ਰੀਨਿੰਗ ਲਈ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡਾ. ਸੁਸ਼ਮਾ ਠੱਕਰ ਸਹਾਇਕ ਸਿਵਲ ਸਰਜਨ ਤੇ ਡਾ. ਮੀਨਾਕਸ਼ੀ ਜ਼ਿਲ੍ਹਾ ਟੀਕਾਕਰਨ ਅਫ਼ਸਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਜ਼ਿਲ੍ਹਾ ਟੀਬੀ ਅਫ਼ਸਰ ਡਾ ਸਤਿੰਦਰ ਓਬਰਾਏ, ਡਾ ਰੇਖਾ ਐਸ ਐਮ ਓ ਮਮਦੋਟ, ਡਾ ਪ੍ਰਮ ਜਿੰਦਲ, ਡਾ ਰਵਨੀਤ ਕੌਰ, ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫਸਰ, ਅਮਨ ਕੰਬੋਜ ਬੀ ਈ ਈ ਹਾਜ਼ਰ ਸਨ।ਡਾ ਮੀਨਾਕਸ਼ੀ ਜ਼ਿਲ੍ਹਾ ਟੀਕਾਕਰਨ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 142 ਹਾਈ ਰਿਸਕ ਆਬਾਦੀ ਵਾਲੇ ਪਿੰਡਾਂ ਦੀ ਸ਼ਨਾਖ਼ਤ ਹੋਈ ਹੈ, ਜਿਸ ਵਿੱਚ ਸਿਹਤ ਵਿਭਾਗ ਦੀਆ ਟੀਮਾਂ ਵੱਲੋਂ ਹਰ ਵਿਅਕਤੀ ਦੀ ਟੀ.ਬੀ ਦੀ ਸਕ੍ਰੀਨਿੰਗ ਕੀਤੀ ਜਾਵੇਗੀ।ਇਸ ਦੌਰਾਨ ਅਸ਼ੱਕੇ ਤੇ ਟੈਸਟ ਕੀਤੇ ਜਾਣਗੇ ਤੇ ਜਾਂਚ ਵਿੱਚ ਪਾਜ਼ੇਟਿਵ ਪਾਏ ਜਾਣ ਵਾਲੇ ਮਰੀਜ਼ਾ ਦਾ ਇਲਾਜ ਕੀਤਾ ਜਾਵੇਗਾ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਟੀਬੀ ਖ਼ਾਤਮੇ ਲਈ ਸਿਹਤ ਵਿਭਾਗ ਦੀਆਂ ਟੀਮਾਂ ਦਾ ਪੂਰਾ ਸਹਿਯੋਗ ਕੀਤਾ ਜਾਵੇ।ਜ਼ਿਲ੍ਹਾ ਟੀਬੀ ਅਫ਼ਸਰ ਡਾ ਸਤਿੰਦਰ ਓਬਰਾਏ ਨੇ ਦੱਸਿਆ ਕਿ ਟੀ.ਬੀ ਮੁਕਤ ਭਾਰਤ ਅਭਿਆਨ ਦੇ ਪਹਿਲੇ ਪੜਾਅ ਵਿੱਚ 100 ਦਿਨਾਂ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਟੀਬੀ ਦੇ ਸ਼ੱਕੀ ਮਰੀਜ਼ਾਂ ਦੀ ਪਛਾਣ ਕਰਕੇ ਟੈਸਟ ਤੇ ਇਲਾਜ ਕੀਤਾ ਸੀ ਤੇ ਹੁਣ ਜਿਨ੍ਹੇ ਵੀ ਹਾਈ ਰਿਸਕ ਪਿੰਡਾਂ ਦੀ ਸ਼ਨਾਖ਼ਤ ਹੋਈ ਹੈ, ਉੱਥੇ ਹਰ ਵਿਅਕਤੀ ਦੀ ਸਕ੍ਰੀਨਿੰਗ ਹੋਵੇਗੀ।ਸਿਵਲ ਸਰਜਨ ਦਫ਼ਤਰ ਦੀ ਮਾਸ ਮੀਡੀਆ ਬ੍ਰਾਂਚ ਤੇ ਟੀਬੀ ਬ੍ਰਾਂਚ ਦੇ ਮੁਲਾਜ਼ਮਾਂ ਵੱਲੋਂ ਜ਼ਿਲ੍ਹੇ ਭਰ ਵਿੱਚ ਜਾਗਰੂਕਤਾ ਮੁਹਿੰਮ ਤੇ ਸਮਾਜਿਕ ਜਾਗਰੂਕਤਾ ਦੁਆਰਾ ਟੀਬੀ ਦੇ ਕੇਸਾਂ ਦੀ ਪਛਾਣ, ਆਰਥਿਕ ਤੌਰ 'ਤੇ ਕਮਜ਼ੋਰ ਆਬਾਦੀ ਦੀ ਸਕ੍ਰੀਨਿੰਗ ਤੇ ਟੈਸਟਿੰਗ ਕਰਕੇ ਟੀਬੀ ਮਰੀਜ਼ਾਂ ਦੀ ਦਰ ਨੂੰ ਘਟਾਉਣ ਵਿੱਚ ਅਹਿਮ ਰੋਲ ਅਦਾ ਕੀਤਾ ਜਾਵੇਗਾ।ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਸ਼ਮੂਲੀਅਤ ਦੇ ਨਾਲ-ਨਾਲ ਹੋਰ ਵਿਭਾਗਾਂ ਦਾ ਵੀ ਸਹਿਯੋਗ ਲਿਆ ਜਾਵੇਗਾ।

# ਅੱਖਾਂ ਦਾ ਮੁਫਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ

## ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ ਉਦਘਾਟਨ



**ਫਰੀਦਕੋਟ/ਮੁਕਤਸਰ (ਬੇਦੀ, ਫਿਰੋਜ਼ਾ, ਸ਼ਮਿੰਦਰਪਾਲ, ਪੂਜਾ)**-ਮੁਕਤੀਸਰ ਵੈੱਲਫੇਅਰ ਕਲੱਬ (ਰਜਿ) ਸ੍ਰੀ ਮੁਕਤਸਰ ਸਾਹਿਬ ਵੱਲੋਂ ਅੱਜ ਸਰਕਾਰੀ ਮਿਡਲ ਸਕੂਲ ਬਲਬੀਰ ਬਸਤੀ ਬਲਬੀਰ ਐਵਨਿਊ ਫਰੀਦਕੋਟ ਵਿਖੇ ਵਿਸ਼ਾਲ ਮੁਫਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਇਸ ਦਾ ਉਦਘਾਟਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਇਸ ਕੈਂਪ ਵਿੱਚ ਪ੍ਰੋਫੈਸਰ ਸਾਧੂ ਸਿੰਘ ਮੁੱਖ ਮਹਿਮਾਨ ਵਜੋਂ ਪਹੁੰਚੇ। ਇਸ ਮੌਕੇ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਵੀ ਹਾਜ਼ਰ ਸਨ।ਐੱਨ ਆਰ ਆਈ ਦਲਜੀਤ ਸਿੰਘ ਬੁੱਟਰ ਵੀ ਇਟਲੀ ਤੋਂ ਵਿਸ਼ੇਸ਼ ਤੌਰ 'ਤੇ ਕੈਂਪ ਵਿੱਚ ਪਹੁੰਚੇ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਨੂੰ ਜਾਰੀ ਰੱਖਦਿਆਂ ਫਰੀਦਕੋਟ ਵਿਖੇ ਅੱਜ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ, ਜਿਸ ਵਿੱਚ ਸਿਵਲ ਹਸਪਤਾਲ ਤੋਂ ਸਾਰੇ ਮਾਹਿਰ ਡਾਕਟਰ ਇਸ ਕੈਂਪ ਵਿੱਚ ਪਹੁੰਚੇ ਹੋਏ ਹਨ। ਉਨ੍ਹਾਂ ਕਿਹਾ ਕਿ ਮੈਂ ਖੁਦ ਇਸ ਕੈਂਪ ਵਿਚ ਅੱਖਾਂ ਦੇ ਮਰੀਜ਼ਾਂ ਦਾ ਚੈੱਕਅਪ ਕੀਤਾ ਤੇ ਇਸ ਕੈਂਪ ਵਿਚ ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਮੁਫਤ ਦਿੱਤੀਆਂ ਗਈਆਂ।ਉਨ੍ਹਾਂ ਕਿਹਾ ਕਿ ਜਿਹੜੇ ਮਰੀਜ਼ਾਂ ਦੇ ਆਪ੍ਰੇਸ਼ਨ ਹੋਣੇ ਹਨ, ਉਨ੍ਹਾਂ ਨੂੰ ਤਰੀਕਾਂ ਦਿੱਤੀਆਂ ਹਨ, ਇਨ੍ਹਾਂ ਤਰੀਕਾਂ ਅਨੁਸਾਰ ਹੀ ਮਰੀਜ਼ਾਂ ਦਾ ਆਪ੍ਰੇਸ਼ਨ ਕੀਤਾ ਜਾਵੇਗਾ।ਉਨ੍ਹਾਂ ਐਨ.ਜੀ.ਓਜ਼ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਕੈਂਪ ਵਿੱਚ ਉਨ੍ਹਾਂ ਨੇ ਬਹੁਤ ਸਹਿਯੋਗ ਦਿੱਤਾ। ਇਸ ਮੌਕੇ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ, ਸੰਸਥਾ ਦੇ ਪ੍ਰਧਾਨ ਜਸਪ੍ਰੀਤ ਛਾਬੜਾ, ਡਾ. ਵਿਜੇ ਬਜਾਜ, ਮਨਦੀਪ ਖੁਰਾਣਾ, ਵਿਕਰਮਜੀਤ ਸਿੰਘ, ਵਰਿੰਦਰ ਸਿੰਘ, ਨਵਦੀਪ ਸਿੰਘ, ਜੁਗਿੰਦਰ ਸਿੰਘ, ਦੀਪਾਂਸ਼ੂ ਕੁਮਾਰ, ਦੀਪਾਂਸ਼ੂ ਮੈਣੀ, ਅਮਨ ਪਾਸੀ, ਨਰੇਸ਼ ਕਾਂਤੀ, ਵਾਸੂ ਕੁਮਾਰ, ਇਸ਼ਾਨ ਕੁਮਾਰ, ਡੀਪੀਓ ਮੈਡਮ ਰਤਨਦੀਪ ਕੌਰ ਤੇ ਉਨ੍ਹਾਂ ਦਾ ਸਮੂਹ ਸਟਾਫ ਹਾਜ਼ਰ ਸੀ।ਸਟੇਜ ਦੀ ਭੂਮਿਕਾ ਹੈਲਥ ਇੰਸਪੈਕਟਰ ਲਾਲ ਚੰਦ ਨੇ ਨਿਭਾਈ।

# ਲੋਕ ਪੱਖੀ ਵਿਦਵਾਨਾਂ ਐੱਸ ਇਰਫ਼ਾਨ ਹਬੀਬ ਤੇ ਨਸੀਰੂਦੀਨ ਸ਼ਾਹ ਦੀ ਜ਼ੁਬਾਨਬੰਦੀ ਕਰਨ ਦਾ ਵਿਰੋਧ

**ਬਰਨਾਲਾ (ਰਾਜਿੰਦਰ ਬਰਾੜ)**

ਤਰਕਸ਼ੀਲ ਸੁਸਾਇਟੀ ਪੰਜਾਬ ਨੇ ਭਾਜਪਾ ਹਕੂਮਤ ਦੀ ਸਰਪ੍ਰਸਤੀ ਹੇਠ ਫ਼ਿਰਕੂ ਅਨਸਰਾਂ ਵੱਲੋਂ ਮੁਲਕ ਦੇ ਦੋ ਪ੍ਰਸਿੱਧ ਪ੍ਰਗਤੀਸ਼ੀਲ ਵਿਦਵਾਨਾਂ ਐੱਸ ਇਰਫ਼ਾਨ ਹਬੀਬ ਤੇ ਅਦਾਕਾਰ ਨਸੀਰੂਦੀਨ ਸ਼ਾਹ ਉਪਰ ਯੋਜਨਾਬੱਧ ਢੰਗ ਨਾਲ ਹਮਲਾ ਕਰਕੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨ ਦੀ ਫ਼ਾਸ਼ੀਵਾਦੀ ਕਾਰਵਾਈ ਦਾ ਸਖ਼ਤ ਵਿਰੋਧ ਕਰਦਿਆਂ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

ਸੁਸਾਇਟੀ ਦੇ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਸੁਖਵਿੰਦਰ ਬਾਗਪੁਰ ਤੇ ਸੁਮੀਤ ਅੰਮ੍ਰਿਤਸਰ ਨੇ ਤਰਕਸ਼ੀਲ ਭਵਨ ਤੋਂ ਜਾਰੀ ਬਿਆਨ ਰਾਹੀਂ ਦੱਸਿਆ ਕਿ ਸਮਾਜਿਕ ਮੁੱਦਿਆਂ ਤੇ ਬੇਬਾਕੀ ਨਾਲ ਆਜ਼ਾਦਾਨਾ ਵਿਚਾਰ ਪ੍ਰਗਟ ਕਰਨ ਵਾਲੇ ਪ੍ਰਸਿੱਧ ਅਦਾਕਾਰ ਨਸੀਰੂਦੀਨ ਸ਼ਾਹ ਦਾ ਮੁੰਬਈ ਯੂਨੀਵਰਸਿਟੀ 'ਚ ਵਿਦਿਆਰਥੀਆਂ ਨਾਲ ਵਿਚਾਰ ਚਰਚਾ ਕਰਨ ਤੋਂ ਕੁੱਝ ਘੰਟੇ ਪਹਿਲਾਂ ਪ੍ਰਬੰਧਕਾਂ ਵੱਲੋਂ ਹਕੂਮਤੀ ਦਬਾਅ ਹੇਠ ਸੱਦਾ ਪੱਤਰ ਰੱਦ ਕਰਨ ਤੇ ਦਿੱਲੀ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰ ਰਹੇ ਨਾਮਵਰ ਲੋਕ ਪੱਖੀ ਇਤਿਹਾਸਕਾਰ ਐੱਸ.ਇਰਫ਼ਾਨ ਹਬੀਬ ਉਪਰ ਪਾਣੀ ਦੀਆਂ ਬੋਤਲਾਂ ਸੁੱਟ ਕੇ ਉਨ੍ਹਾਂ ਨੂੰ ਦਹਿਸ਼ਤਜ਼ਦਾ ਕਰਨ ਤੇ ਸਮਾਗਮ ਵਿੱਚ ਖ਼ਲਲ ਪਾਉਣ ਦੀ ਫ਼ਾਸ਼ੀਵਾਦੀ ਕਾਰਵਾਈ ਮੋਦੀ ਹਕੂਮਤ ਵੱਲੋਂ ਦੇਸ਼ ਵਿੱਚ ਤਾਨਾਸ਼ਾਹੀ ਰਾਜ ਸਥਾਪਿਤ ਕਰਨ ਦਾ ਨੰਗਾ ਚਿੱਟਾ ਸਬੂਤ ਹੈ ਅਤੇ ਵਿਚਾਰ ਪ੍ਰਗਟਾਵੇ ਦੀ ਸੰਵਿਧਾਨਿਕ ਆਜ਼ਾਦੀ ਉਤੇ ਸਿੱਧਾ ਹਮਲਾ ਹੈ।



ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਮੋਦੀ ਹਕੂਮਤ ਦੇਸ਼ ਵਿਰੋਧੀ ਭਾਰਤ-ਅਮਰੀਕਾ ਮੁਕਤ ਵਪਾਰ ਸੌਦੇ, ਲੇਬਰ ਕੋਡ, ਬਿਜਲੀ ਸੋਧ ਬਿੱਲ, ਬੀਜ ਬਿੱਲ ਦੇ ਕਾਲੇ ਕਾਨੂੰਨਾਂ ਤੇ ਐਪਸਟੀਨ ਫਾਈਲ ਸਕੈਂਡਲ ਕਾਰਨ ਉੱਠਣ ਵਾਲੇ ਜਨਤਕ ਪ੍ਰਤੀਰੋਧ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਲੋਕ ਪੱਖੀ ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ ਤੇ ਸਮਾਜਿਕ ਕਾਰਕੁਨਾਂ ਵਿਰੁੱਧ ਅਰਬਨ ਨਕਸਲ ਦਾ ਇੱਕ ਯੋਜਨਾਬੱਧ ਝੂਠਾ ਪ੍ਰਚਾਰ ਕਰਕੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨਾ ਚਾਹੁੰਦੀ ਹੈ, ਪਰ ਮੁਲਕ ਦੇ ਜਮਹੂਰੀ ਚੇਤਨ ਲੋਕ ਅਜਿਹੇ ਲੋਕ ਵਿਰੋਧੀ ਮਨਸੂਬੇ ਕਦੇ ਵੀ ਸਫਲ ਨਹੀਂ ਹੋਣ ਦੇਣਗੇ।

ਉਨ੍ਹਾਂ ਕਿਹਾ ਕਿ ਲੋਕ ਪੱਖੀ ਬੁੱਧੀਜੀਵੀਆਂ ਨੂੰ ਚੁੱਪ ਕਰਾਉਣ ਦਾ ਭਰਮ ਪਾਲਣ ਵਾਲੀਆਂ ਫ਼ਿਰਕੂ ਤਾਕਤਾਂ ਨੂੰ ਨਸੀਰੂਦੀਨ ਸ਼ਾਹ ਤੇ ਐੱਸ.ਇਰਫ਼ਾਨ ਹਬੀਬ ਵੱਲੋਂ ਤੁਰੰਤ ਦਿੱਤੀ ਪ੍ਰਤੀਕਿਰਿਆ ਕਿ ਉਹ ਆਪਣੀ ਗੱਲ ਹਰ ਹਾਲਤ ਭਵਿੱਖ ਵਿੱਚ ਵੀ ਜਾਰੀ ਰੱਖਣਗੇ, ਦੇ ਨਿਡਰਤਾ ਨਾਲ ਕੀਤੇ ਐਲਾਨ ਤੋਂ ਬਾਖ਼ੂਬੀ ਸਪੱਸ਼ਟ ਹੋ ਜਾਣਾ ਚਾਹੀਦਾ ਹੈ ਕਿ ਹੱਕ ਸੱਚ ਦੀ ਆਵਾਜ਼ ਨੂੰ ਕਿਸੇ ਵੀ ਜ਼ਬਰ ਰਾਹੀਂ ਖਾਮੋਸ਼ ਨਹੀਂ ਕੀਤਾ ਜਾ ਸਕਦਾ।

## ਵਿਓਪਾਰ ਮੰਡਲ ਦੀ ਮੀਟਿੰਗ 'ਚ ਸਰਕਾਰ ਨੂੰ ਸਹਿਯੋਗੀ ਵਤੀਰਾ ਅਪਣਾਉਣ ਦੀ ਅਪੀਲ



**ਧੂਰੀ (ਮਹਿੰਦਰ ਸਿੰਘ ਸੱਗੂ)**-ਵਿਓਪਾਰ ਮੰਡਲ ਧੂਰੀ ਦੀ ਮੀਟਿੰਗ ਪ੍ਰਧਾਨ ਧਰਮ ਪਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਦਰ ਬਾਜ਼ਾਰ ਦੇ ਦੁਕਾਨਦਾਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਮੀਟਿੰਗ 'ਚ ਜਥੇਬੰਦੀ ਦੇ ਜਨਰਲ ਸਕੱਤਰ ਰਾਜਿੰਦਰ ਮੋਹਨ ਨੇ ਆਪਣੇ ਸੁਝਾਅ ਪੇਸ਼ ਕੀਤੇ, ਉੱਥੇ ਕਲਾਥ ਮਰਚੈਂਟ ਐਸੋਸੀਏਸ਼ਨ ਦੇ ਪ੍ਰਧਾਨ ਨਰੇਸ਼ ਮੰਗੀ ਨੇ ਵਪਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਸਾਂਝੀਆਂ ਕੀਤੀਆਂ।ਮੀਟਿੰਗ 'ਚ ਹਾਜ਼ਰ ਦੁਕਾਨਦਾਰਾਂ ਨੇ ਖੁਲਾਸਾ ਕਰਦਿਆਂ ਕਿਹਾ ਕਿ ਸਰਕਾਰੀ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਕਥਿਤ ਤੌਰ 'ਤੇ ਬਿਨਾਂ ਵਜ੍ਹਾ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਕਾਰਨ ਉਨ੍ਹਾਂ ਨੂੰ ਆਪਣੇ ਕਾਰੋਬਾਰ ਚਲਾਉਣ ਲਈ ਮੁਸ਼ਕਲਾਂ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।ਆਗੂ ਬੁਲਾਰਿਆਂ ਨੇ ਸਰਕਾਰ ਨੂੰ ਵਪਾਰੀਆਂ ਨਾਲ ਸਹਿਯੋਗੀ ਵਤੀਰਾ ਅਪਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਅਧਿਕਾਰੀਆਂ ਨੇ ਆਪਣਾ ਵਤੀਰਾ ਨਾ ਬਦਲਿਆ ਤਾਂ ਵਪਾਰੀ ਵਰਗ ਨੂੰ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ।ਮੀਟਿੰਗ 'ਚ ਜਨਰਲ ਮਰਚੈਂਟ ਐਸੋਸੀਏਸ਼ਨ ਦੇ ਪ੍ਰਧਾਨ ਰਾਜੇਸ਼ ਖੰਨਾ ਤੇ ਮਲਕੀਤ ਚਾਂਗਲੀ ਨੇ ਵੀ ਸੁਝਾਓ ਪੇਸ਼ ਕੀਤੇ।

# ਵਿਆਹ ਵਾਲੇ ਘਰ 'ਚ ਛਾਇਆ ਮਾਤਮ, ਕਰੰਟ ਲੱਗਣ ਕਾਰਨ ਔਰਤ ਦੀ ਮੌਤ



**ਲਹਿਰਾਗਾਗਾ (ਰੀਤਵਾਲ)**-ਵਿਆਹ ਵਾਲੇ ਘਰ ਖੁਸ਼ੀਆਂ ਉਸ ਵੇਲੇ ਮਾਤਮ 'ਚ ਬਦਲ ਗਈਆਂ, ਜਦੋਂ ਵਿਆਹ ਵਾਲੇ ਪਰਵਾਰ ਦੀ ਇੱਕ ਔਰਤ ਦੀ ਬਿਜਲੀ ਦਾ ਕਰੰਟ ਲੱਗਣ ਨਾਲ ਦਰਦਨਾਕ ਮੌਤ ਹੋ ਗਈ ਅਤੇ ਵਿਆਹ ਵਾਲੀ ਕੁੜੀ ਸਪਨਾ ਨੂੰ ਮਾਤਮ ਭਰੇ ਸੋਗਮਈ ਮਹੌਲ ਵਿੱਚ ਸਾਦੇ ਢੰਗ ਨਾਲ ਅਨੰਦ ਕਾਰਜ ਕਰਵਾ ਕੇ ਉਸ ਦੇ ਸਹੁਰੇ ਘਰ ਵਿਦਾਅ ਕਰਨਾ ਪਿਆ।ਡਿਪਟੀ ਪੁੱਤਰ ਕਰਨੈਲ ਵਾਸੀ ਮੂਣਕ, ਜੋ ਕਿ ਮਾਨਯੋਗ ਅਦਾਲਤ ਬਰਨਾਲਾ ਵਿਖੇ ਬਤੌਰ ਸਟੈਨੋ ਤਾਇਨਾਤ ਹਨ, ਨੇ ਦੱਸਿਆ ਕਿ ਉਸ ਦੀ ਸ਼ਾਦੀ ਕਰੀਬ 8 ਸਾਲ ਪਹਿਲਾਂ ਪਰਵੀਨ (35) ਪੁੱਤਰੀ ਦਾਰਾ ਸਿੰਘ ਵਾਸੀ ਮਾਨਕਸਰ ਜ਼ਿਲ੍ਹਾ ਹਨੂੰਮਾਨਗੜ੍ਹ (ਰਾਜਸਥਾਨ) ਨਾਲ ਹੋਈ ਸੀ ਤੇ ਉਸ ਨੇ ਇੱਕ ਬੇਟਾ ਤੇ ਇੱਕ ਬੇਟੀ ਨੂੰ ਜਨਮ ਦਿੱਤਾ।ਬੀਤੀ ਰਾਤ ਉਸ ਦੀ ਭਤੀਜੀ ਸਪਨਾ ਪੁੱਤਰੀ ਹਰਨੇਕ ਸਿੰਘ ਵਾਸੀ ਮੂਣਕ ਦੀ ਸ਼ਾਦੀ ਦਾ ਪ੍ਰੋਗਰਾਮ ਚੱਲ ਰਿਹਾ ਸੀ ਤੇ ਸਾਰਾ ਪਰਵਾਰ ਸਪਨਾ ਦੀ ਸ਼ਾਦੀ ਵਿੱਚ ਸ਼ਾਮਲ ਹੋਣ ਲਈ ਹਰਨੇਕ ਸਿੰਘ ਦੇ ਘਰ ਗਏ ਹੋਏ ਸਨ।ਵਿਆਹ ਕਾਰਜ ਦੀਆਂ ਖੁਸ਼ੀਆਂ ਉਸ ਸਮੇਂ ਮਾਤਮ ਵਿੱਚ ਬਦਲ ਗਈਆਂ, ਜਦੋਂ ਉਸ ਦੀ ਪਤਨੀ ਪਰਵੀਨ ਤੇ ਕੁੱਝ ਹੋਰ ਔਰਤਾਂ ਘਰ ਦੀ ਛੱਤ 'ਤੇ ਬੈਠੀਆਂ ਸਨ ਅਤੇ ਨੀਚੇ ਵਿਹੜੇ ਵਿੱਚ ਡੀ ਜੇ ਚੱਲ ਰਿਹਾ ਸੀ।ਪਰਵੀਨ ਡੀ. ਜੇ ਦੀ ਅਵਾਜ਼ ਘੱਟ ਕਰਨ ਲਈ ਹੱਥ ਦਾ ਇਸ਼ਾਰਾ ਕਰਨ ਲੱਗੀ ਤਾਂ ਛੱਤ ਕੋਲੋਂ ਲੰਘ ਰਹੀ ਬਿਜਲੀ ਦੀ ਤਾਰ ਨਾਲ ਉਸ ਦੀ ਘਰਵਾਲੀ ਪਰਵੀਨ ਦਾ ਹੱਥ ਅਚਾਨਕ ਟਕਰਾਉਣ ਨਾਲ ਉਸ ਨੂੰ ਜ਼ੋਰਦਾਰ ਝਟਕਾ ਲੱਗਿਆ ਤੇ ਉਹ ਛੱਤ ਤੋਂ ਨੀਚੇ ਮੇਨ ਗੇਟ ਦੇ ਸਾਹਮਣੇ ਸੜਕ 'ਤੇ ਡਿੱਗ ਗਈ, ਜਿਸ ਨਾਲ ਉਸ ਦੀ ਪਤਨੀ ਪਰਵੀਨ ਦੇ ਸਿਰ ਵਿੱਚ ਕਾਫੀ ਸੱਟਾਂ ਵੱਜੀਆਂ, ਜਿਸ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਮੂਣਕ ਵਿਖੇ ਲੈ ਕੇ ਪੁੱਜੇ, ਜਿੱਥੇ ਡਾਕਟਰਾਂ ਨੇ ਉਸ ਨੂੰ ਚੈੱਕ ਕਰਨ ਉਪਰੰਤ ਮ੍ਰਿਤਕ ਕਰਾਰ ਦੇ ਦਿੱਤਾ।

ਸਹਾਇਕ ਥਾਣੇਦਾਰ ਮੇਜਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਵਾਰਸਾਂ ਦੇ ਬਿਆਨਾਂ ਦੇ ਆਧਾਰ 'ਤੇ 194 ਬੀ ਐਨ ਐਸ ਐਸ ਦੀ ਕਾਰਵਾਈ ਅਧੀਨ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਦੇ ਹਵਾਲੇ ਕਰ ਦਿੱਤਾ।ਇਸ ਅਚਨਚੇਤ ਤੇ ਬੇਵਕਤੀ ਮੌਤ ਨੂੰ ਲੈ ਕੇ ਅਰਾਈਂ ਭਾਈਚਾਰੇ ਤੇ ਸ਼ਹਿਰ ਵਿੱਚ ਗਮ ਦਾ ਮਹੌਲ ਹੈ।

## ਚੇਅਰਮੈਨੀ ਰਿਜ਼ਰਵ ਹੋਣ ਕਾਰਨ ਦਾਅਵੇਦਾਰਾਂ ਦੀਆਂ ਆਸਾਂ 'ਤੇ ਫ਼ਿਰਿਆ ਪਾਣੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਪੰਚਾਇਤ ਸੰਮਤੀਆਂ ਦੇ ਚੇਅਰਮੈਨਾਂ ਤੇ ਵਾਈਸ ਚੇਅਰਮੈਨਾਂ ਦੇ ਰਾਖਵੇਂਕਰਨ ਦੀ ਨਵੀਂ ਸੂਚੀ ਜਾਰੀ ਹੋਈ ਹੈ।ਇਸ ਐਲਾਨ ਤੋਂ ਬਾਅਦ ਪੰਚਾਇਤ ਸੰਮਤੀ ਮਹਿਲ ਕਲਾਂ ਦੇ ਸਿਆਸੀ ਅਖਾੜੇ ਵਿੱਚ ਉਸ ਵੇਲੇ ਸਥਿਤੀ ਬਿਲਕੁਲ ਬਦਲ ਗਈ, ਜਦੋਂ ਚੇਅਰਮੈਨ ਦਾ ਅਹੁਦਾ ਅਨੁਸੂਚਿਤ ਜਾਤੀਆਂ ਸ਼੍ਰੇਣੀਆਂ ਲਈ ਤੇ ਵਾਈਸ ਚੇਅਰਮੈਨ ਦਾ ਪਦ ਔਰਤਾਂ ਲਈ ਰਾਖਵਾਂ ਕਰ ਦਿੱਤਾ ਗਿਆ।ਕੱਲ੍ਹ ਤੱਕ ਜਿੱਥੇ ਜਨਰਲ ਸ਼੍ਰੇਣੀ ਦੇ ਦਿੱਗਜਾਂ ਦੀ ਇੱਕ ਲੰਮੀ ਕਤਾਰ ਲੱਗੀ ਹੋਈ ਸੀ, ਅੱਜ ਤੱਕ ਚੇਅਰਮੈਨੀ ਦੇ ਸੁਪਨੇ ਵੇਖ ਰਹੇ ਇਨ੍ਹਾਂ ਦਾਅਵੇਦਾਰਾਂ ਦੀਆਂ ਉਮੀਦਾਂ 'ਤੇ ਉਸ ਵੇਲੇ ਪਾਣੀ ਫਿਰ ਗਿਆ, ਜਦੋਂ ਰਾਖਵੇਂਕਰਨ ਦੀ 'ਕਲਮ' ਨੇ ਸਿਆਸਤ ਦੀ ਪੂਰੀ ਖੇਡ ਹੀ ਪਲਟ ਦਿੱਤੀ।ਇਹ ਫੈਸਲਾ ਉਨ੍ਹਾਂ ਲੋਕਾਂ ਲਈ ਇੱਕ ਵੱਡਾ ਸਬਕ ਸਾਬਿਤ ਹੋਇਆ ਹੈ, ਜੋ ਸਿਆਸਤ ਵਿੱਚ ਵਾਅਦਿਆਂ ਤੇ ਦਾਅਵਿਆਂ ਨੂੰ ਪੱਥਰ 'ਤੇ ਲੀਕ ਮੰਨ ਬੈਠੇ ਸਨ।ਮਹਿਲ ਕਲਾਂ ਦੀ ਇਸ ਸਿਆਸੀ ਤਸਵੀਰ ਨੇ ਇੱਕ ਵਾਰ ਫਿਰ ਸਪੱਸ਼ਟ ਕਰ ਦਿੱਤਾ ਹੈ ਕਿ ਰਾਜਨੀਤੀ ਵਿੱਚ ਕੋਈ ਵੀ ਵਾਅਦਾ ਸਦੀਵੀ ਨਹੀਂ ਹੁੰਦਾ ਤੇ ਇੱਥੇ ਕੁਝ ਵੀ ਸਥਾਈ ਨਹੀਂ ਹੈ।ਹੁਣ ਸਾਰਿਆਂ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹੋਈਆਂ ਹਨ ਕਿ ਇਸ ਬਦਲੇ ਹੋਏ ਸਮੀਕਰਨ ਵਿੱਚ ਚੇਅਰਮੈਨ ਤੇ ਵਾਈਸ ਚੇਅਰਮੈਨ ਦਾ ਤਾਜ ਕਿਸ ਦੇ ਸਿਰ ਸਜਦਾ ਹੈ? ਸਿਆਸੀ ਮਾਹਰਾਂ ਲਈ ਹੁਣ ਇਹ ਦੇਖਣਾ ਕਾਫੀ ਰੌਚਕ ਹੋਵੇਗਾ ਕਿ ਕੀ ਨਵੇਂ ਰਾਖਵੇਂਕਰਨ ਤੋਂ ਬਾਅਦ ਪੈਦਾ ਹੋਈ ਇਹ ਨਵੀਂ ਲੀਡਰਸ਼ਿਪ ਮਹਿਲ ਕਲਾਂ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇ ਪਾਵੇਗੀ ਜਾਂ ਫਿਰ ਜੋੜ-ਤੋੜ ਦੀ ਇਹ ਖੇਡ ਕੋਈ ਹੋਰ ਨਵਾਂ ਮੋੜ ਲਵੇਗੀ?

# ਸਨੌਰ ਸਬਜ਼ੀ ਮੰਡੀ ਕਾਂਡ 2021 : ਅਦਾਲਤ ਨੇ 7 ਸਿੰਘਾਂ ਨੂੰ ਰਿਹਾਅ ਕੀਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੋਵਿਡ-19 ਕਰੋਨਾ ਕਾਲ 2021 ਦੌਰਾਨ ਸਨੌਰ ਸਬਜ਼ੀ ਮੰਡੀ 'ਚ ਨਿਹੰਗ ਸਿੰਘਾਂ 'ਤੇ ਪਟਿਆਲਾ ਪੁਲਸ ਦੀ ਹੋਈ ਆਪਸੀ ਝੜਪ ਦੌਰਾਨ ਖੂਨੀ ਕਾਂਡ ਨਾਲ ਜੁੜੇ ਮਾਮਲੇ 'ਚ ਅਦਾਲਤ ਨੇ ਪੰਜ ਸਾਲ ਬਾਅਦ ਸੱਤ ਦੇ ਕਰੀਬ ਨਿਹੰਗ ਸਿੰਘਾਂ ਨੂੰ ਬਾਂਡ ਮੁਚੱਲਕੇ 'ਤੇ ਰਿਹਾਅ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ। ਜ਼ਿਕਰਯੋਗ ਹੈ ਕਰੋਨਾ ਕਾਲ ਕੋਵਿਡ-19 ਦੌਰਾਨ ਸਾਲ 2021-22 ਦੀ 12 ਤੇ 13 ਅਪ੍ਰੈਲ ਵਿਸਾਖੀ ਵਾਲੇ ਦਿਨ ਜਦੋਂ ਗੁਰਦੁਆਰਾ ਖਿਚੜੀ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਆਪਣੇ ਸਾਥੀ ਸਿੰਘਾਂ ਸਮੇਤ ਵਿਸਾਖੀ ਦੇ ਮੁੱਖ ਦਿਹਾੜੇ ਮੌਕੇ ਗੁ: ਖਿਚੜੀ ਸਾਹਿਬ ਵਿਖੇ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗਾਂ ਦੇ ਸਬੰਧ 'ਚ ਸਨੌਰ ਸਬਜ਼ੀ ਮੰਡੀ 'ਚੋਂ ਗੁਰੂ ਕੇ ਲੰਗਰਾਂ ਲਈ ਸਬਜ਼ੀਆਂ ਸਮੇਤ ਜ਼ਰੂਰੀ ਹੋਰ ਵਸਤਾਂ ਦੀ ਖਰੀਦੋ ਫਰੋਖਤ ਕਰਨ ਲਈ ਗਏ ਸਨ। ਉਸ ਮੌਕੇ ਸਨੌਰ ਸਬਜ਼ੀ ਮੰਡੀ 'ਚ ਕਰੋਨਾ ਗਾਈਡ ਲਾਈਨ ਸਥਿਰ ਰੱਖਣ ਲਈ ਡਿਊਟੀ 'ਤੇ ਤਾਇਨਾਤ ਪੁਲਸ ਪਾਰਟੀ ਤੇ ਨਿਹੰਗ ਸਿੰਘਾਂ 'ਚ ਕਰੋਨਾ ਪਾਸ ਦਿਖਾਉਣ ਲਈ ਹੋਈ ਤਕਰਾਰਬਾਜ਼ੀ, ਤਲਖ਼ੀ ਵਧਣ ਤੋਂ ਬਾਅਦ ਬਦਲ ਕੇ ਖ਼ੂਨੀ ਝੜਪ ਦੇ ਰੂਪ 'ਚ ਤਬਦੀਲ ਹੋ ਗਈ ਸੀ ਤੇ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਤਸਵੀਰਾਂ 'ਚ ਜਦੋਂ ਪੁਲਸ ਪਾਰਟੀ ਵੱਲੋਂ ਗੁ: ਖਿਚੜੀ ਸਾਹਿਬ ਦੀ ਗੱਡੀ ਸਮੇਤ ਕੁਝ ਨਿਹੰਗ ਸਿੰਘਾਂ ਦੀ ਕੁੱਟਮਾਰ ਕਰਨ ਦੀਆਂ ਵੀਡੀਓ ਵੀ ਵਾਇਰਲ ਹੋਈਆਂ ਸਨ, ਤਾਂ ਪੁਲਸ ਪਾਰਟੀ ਦੇ ਐਕਸ਼ਨ ਦੇ ਰਿਐਕਸ਼ਨ 'ਚ ਆਏ। ਨਿਹੰਗ ਸਿੰਘਾਂ ਵੱਲੋਂ ਜਵਾਬੀ ਕਾਰਵਾਈ ਕਰਦੇ ਹੋਏ ਪਟਿਆਲਾ ਇੱਕ ਇੰਸਪੈਕਟਰ ਹਰਜੀਤ ਸਿੰਘ ਦਾ ਹੱਥ ਗੁੱਟ ਨਾਲੋਂ ਵੱਖਰਾ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਪਟਿਆਲਾ ਪੁਲਿਸ ਦੇ ਤਤਕਾਲੀ ਆਈ.ਜੀ ਮਨਦੀਪ ਸਿੰਘ ਸਿੱਧੂ ਜੋ ਉਸ ਸਮੇਂ ਪਟਿਆਲਾ ਦੇ ਬਤੌਰ ਸੀਨੀਅਰ ਪੁਲਿਸ ਕਪਤਾਨ ਸੁਪਰਡੈਂਟ ਸਨ, ਨੇ ਸਮੇਤ ਪੁਲਸ ਫੋਰਸ ਦੇ ਕਮਾਂਡੋ ਦਸਤੇ ਨਾਲ ਲੈ ਕੇ ਗੁਰਦੁਆਰਾ ਖਿਚੜੀ ਸਾਹਿਬ ਸਮੇਤ ਪੂਰੇ ਇਲਾਕੇ ਨੂੰ ਪੁਲਿਸ ਛਾਉਣੀ 'ਚ ਤਬਦੀਲ ਕਰਕੇ ਪੁਲਸ ਅਨੁਸਾਰ ਵਾਰਦਾਤ 'ਚ ਸ਼ਾਮਲ ਨਿਹੰਗ ਸਿੰਘ ਬਾਬਾ ਬਲਵਿੰਦਰ ਸਿੰਘ ਸਮੇਤ ਅੱਠ ਦੇ ਕਰੀਬ ਸਿੰਘਾਂ ਨੂੰ ਹਿਰਾਸਤ 'ਚ ਲੈ ਕੇ ਮਾਣਯੋਗ ਅਦਾਲਤ ਦੇ ਹੁਕਮਾਂ 'ਤੇ ਰਿਮਾਂਡ ਪੂਰਾ ਹੋਣ ਤੋਂ ਬਾਅਦ ਸੈਂਟਰਲ ਜੇਲ ਪਟਿਆਲਾ ਵਿਖੇ ਭੇਜ ਦਿੱਤਾ ਗਿਆ ਸੀ, ਇਹ ਜਾਣਕਾਰੀ ਮੀਡੀਆਤੰਤਰ ਦੇ ਖੁਫ਼ੀਆ ਵਿਭਾਗ ਨੇ ਪ੍ਰੈਸ ਨਾਲ ਸਾਂਝੀ ਕਰਦਿਆਂ ਦੱਸਿਆ ਕਿ ਲਗਾਤਾਰ ਪੰਜ ਸਾਲਾਂ ਤੋਂ ਚੱਲਦੀ ਆ ਰਹੀ ਕਾਨੂੰਨੀ ਪ੍ਰਕਿਰਿਆ ਤਹਿਤ ਮਾਣਯੋਗ ਅਦਾਲਤ ਦੇ ਸਾਹਮਣੇ ਰੱਖੀਆਂ ਅਪੀਲਾਂ ਦਲੀਲਾਂ ਨੂੰ ਸੁਣਨ ਤੋਂ ਬਾਅਦ ਅਦਾਲਤ ਨੇ ਸੱਤ ਦੇ ਕਰੀਬ ਨਿਹੰਗ ਸਿੰਘਾਂ 'ਚੋਂ ਕੁੱਝ ਨੂੰ ਬਾਇਜ਼ਤ ਬਰੀ ਕਰ ਦਿੱਤਾ ਹੈ ਤੇ ਕੁੱਝ ਨੂੰ ਅਦਾਲਤੀ ਬਾਂਡ ਭਰਾ ਕੇ ਜ਼ਮਾਨਤ 'ਤੇ ਰਿਹਾਅ ਕੀਤਾ ਹੈ।ਇਸ ਮਾਮਲੇ 'ਤੇ ਜਦੋਂ ਗੁਰਦੁਆਰਾ ਖਿਚੜੀ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਦੇ ਧਰਮ ਸੁਪਤਨੀ ਨਾਲ ਜਦੋਂ ਸੰਪਰਕ ਕੀਤਾ ਗਿਆ, ਤਾਂ ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਮਾਨਯੋਗ ਅਦਾਲਤੀ ਪ੍ਰਣਾਲੀ ਦੇ ਫੈਸਲੇ 'ਤੇ ਪੂਰਨ ਭਰੋਸਾ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਪੈਨਸ਼ਨ ਦੇ ਚੈੱਕ ਵੰਡੇ




**ਸੰਗਰੂਰ (ਪ੍ਰਵੀਨ ਸਿੰਘ)**-ਡਾ. (ਪ੍ਰੋ) ਐੱਸ. ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਹਰਮਨ ਹੋਟਲ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ 136 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਦਿੱਤੇ ਗਏ।ਇਸ ਸੈਂਟਰ ਦੀ ਨਿਗਰਾਨ ਜ਼ਿਲ੍ਹਾ ਟੀਮ ਦੇ ਸਰਗਰਮ ਮੈਂਬਰ ਫ਼ਤਿਹ ਪ੍ਰਭਾਕਰ ਕਰਦੇ ਹਨ।ਇਸ ਸਮੇਂ ਦੌਰਾਨ ਟਰੱਸਟ ਦੀ ਜ਼ਿਲ੍ਹਾ ਟੀਮ ਮੈਂਬਰ ਵਿੱਚੋਂ ਕੁਲਵੰਤ ਬਾਜਵਾ, ਰਾਜਿੰਦਰ ਸਿੰਘ, ਸੁਖਵਿੰਦਰ ਸ਼ਰਮਾ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।ਇਸ ਸਮੇਂ ਟਰੱਸਟ ਦੇ ਪ੍ਰਧਾਨ ਸੁਖਵਿੰਦਰ ਸਿੰਘ ਹਰਮਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਦੇ ਪਿੰਡ ਖੇੜੀ-ਜੱਟਾਂ ਵਿਖੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 1 ਸਤੰਬਰ 2015 ਤੋਂ ਕੰਪਿਊਟਰ ਸੈਂਟਰ ਚੱਲ ਰਿਹਾ।ਇਥੇ ਇਹ ਵੀ ਵਰਣਨਯੋਗ ਹੈ ਕਿ ਪਿੰਡ ਖੇੜੀ ਜੱਟਾਂ ਵਿੱਖੇ ਨੇੜੇ ਦੇ 7-8 ਪਿੰਡਾਂ ਦੇ ਮੁੰਡੇ ਤੇ ਕੁੜੀਆਂ ਇਸ ਕੰਪਿਊਟਰ ਸੈਂਟਰ ਦਾ ਲਗਾਤਾਰ ਲਾਹਾ ਲੈ ਕੇ ਰੁਜ਼ਗਾਰ ਦੇ ਯੋਗ ਹੋ ਰਹੇ ਹਨ।ਇਸ ਸਮੇਂ ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾ. (ਪ੍ਰੋ) ਐੱਸ. ਪੀ. ਸਿੰਘ ਓਬਰਾਏ ਕਿਸੇ ਤੋਂ ਆਰਥਕ ਮਦਦ ਲਏ ਬਿਨਾਂ ਆਪਣੇ ਸੋਮੇ ਸਾਧਨਾਂ ਵਿੱਚੋਂ 98 ਪ੍ਰਤੀਸ਼ਤ ਲੋਕ ਭਲਾਈ ਦੇ ਕੰਮਾਂ ਲਈ ਖਰਚ ਕਰਦੇ ਆ ਰਹੇ ਹਨ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਏਟਕ ਦੀ ਸੂਬਾ ਕਮੇਟੀ ਦੀ ਮੀਟਿੰਗ 19 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਾਰਜਕਾਰਨੀ ਕਮੇਟੀ ਤੇ ਸਾਰੀਆਂ ਬ੍ਰਾਂਚਾਂ ਦੇ ਪ੍ਰਮੁੱਖ ਆਗੂਆਂ ਦੀ ਇੱਕ ਮੀਟਿੰਗ 19 ਫਰਵਰੀ ਨੂੰ ਸਵੇਰੇ ਠੀਕ 11 ਵਜੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ, ਨੇੜੇ ਬੱਸ ਸਟੈਂਡ ਮੋਗਾ ਵਿਖੇ ਰੱਖੀ ਗਈ ਹੈ।ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਸੂਬਾ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਜਨਰਲ ਸਕੱਤਰ ਪ੍ਰੇਮ ਚਾਵਲਾ, ਪ੍ਰੈੱਸ ਸਕੱਤਰ ਕੁਲਵੰਤ ਸਿੰਘ ਚਾਨੀ ਤੇ ਭੁਪਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਹੋਏ ਐਕਸ਼ਨਾਂ ਦਾ ਲੇਖਾ ਜੋਖਾ ਕੀਤਾ ਜਾਵੇਗਾ।ਇਸ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਤੇ ਪਬਲਿਕ ਸੈਕਟਰ ਦੀ ਰਾਖੀ ਲਈ ਬੀਤੇ ਦਿਨੀਂ 12 ਫਰਵਰੀ ਨੂੰ ਹੋਈ ਦੇਸ਼ ਵਿਆਪੀ ਹੜਤਾਲ ਦੇ ਸਬੰਧ ਵਿੱਚ ਹੋਏ ਐਕਸ਼ਨਾਂ ਨੂੰ ਸਫਲ ਬਣਾਉਣ ਲਈ ਪੈਨਸ਼ਨਰਾਂ ਦੀ ਸ਼ਮੂਲੀਅਤ ਦਾ ਰੀਵਿਊ ਕੀਤਾ ਜਾਵੇਗਾ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ ਤੁਰੰਤ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਦੀ ਲੀਡਰਸ਼ਿਪ ਨਾਲ ਮੀਟਿੰਗ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਤੁਰੰਤ ਹੱਲ ਕੀਤੇ ਜਾਣ। ਆਗੂਆਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੰਜਾਬ ਰੋਡਵੇਜ਼ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਕਾਮਰੇਡ ਜਰਨੈਲ ਸਿੰਘ ਦੀ ਬਰਸੀ 23 ਫਰਵਰੀ ਨੂੰ ਫਿਰੋਜ਼ਪੁਰ ਵਿਖੇ ਮਨਾਉਣ ਸਬੰਧੀ ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਬਾਨੀ ਕਾਮਰੇਡ ਜਸਵੰਤ ਸਿੰਘ ਸਮਰਾ ਦਾ ਬਰਸੀ ਸਮਾਗਮ 27 ਫਰਵਰੀ ਨੂੰ ਜਲੰਧਰ ਵਿਖੇ ਪੂਰੇ ਉਤਸ਼ਾਹ ਤੇ ਜੋਸ਼ ਨਾਲ ਮਨਾਉਣ ਸਬੰਧੀ ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ।

## ਅਕਾਲ ਅਕੈਡਮੀ ਢੀਂਡਸਾ ਵਿਖੇ ਸਾਲਾਨਾ ਸਮਾਗਮ ਕਰਵਾਇਆ



**ਸਮਰਾਲਾ (ਸੁਰਜੀਤ ਸਿੰਘ)**-ਕਲਗੀਧਰ ਟਰੱਸਟ ਅਧੀਨ ਚੱਲ ਰਹੀ ਅਕਾਲ ਅਕੈਡਮੀ ਢੀਂਡਸਾ ਵਿਖੇ ਮੌਜੂਦਾ ਸੈਸ਼ਨ ਦਾ ਸਾਲਾਨਾ ਸਮਾਗਮ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਗੁਰਬਾਣੀ ਸ਼ਬਦ ਨਾਲ ਕੀਤੀ ਗਈ।ਵਿਦਿਆਰਥੀਆਂ ਵੱਲੋਂ ਰੰਗ-ਬਿਰੰਗੇ ਪਹਿਰਾਵਿਆਂ ਵਿੱਚ ਵੱਖ-ਵੱਖ ਤਰੀਕਿਆਂ ਨਾਲ ਤਿਆਰ ਕੀਤੇ ਵੱਖਰੇ-ਵੱਖਰੇ ਗੀਤਾਂ ਤੇ ਕੋਰਿਓਗ੍ਰਾਫੀ ਅਤੇ ਸਮਾਜਿਕ ਬੁਰਾਈਆਂ ਨਾਲ ਸੰਬੰਧਤ ਨਾਟਕ ਆਦਿ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਸਕੂਲ ਪ੍ਰਿੰਸੀਪਲ ਮੈਡਮ ਅਰਵਿੰਦਰਪਾਲ ਕੌਰ ਓਬਰਾਏ ਨੇ ਸੈਸ਼ਨ 2025-26 ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਤੇ ਨਾਲ਼ ਹੀ ਨਰਸਰੀ ਤੋਂ ਬਾਰਵੀਂ ਜਮਾਤ ਵਿੱਚੋਂ ਪਹਿਲਾ, ਦੂਜਾ ਤੇ ਤੀਜਾ ਦਰਜਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਮੈਡਮ ਵੱਲੋਂ ਪੁਰਸਕਾਰ ਦੇ ਕੇ ਸਨਮਾਨਤ ਕੀਤਾ ਗਿਆ।ਵਧੀਆ ਅੰਕ ਹਾਸਲ ਕਰਕੇ ਇਨ੍ਹਾਂ ਵਿਦਿਆਰਥੀਆਂ ਨੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਪ੍ਰਿੰਸੀਪਲ ਮੈਡਮ ਨੇ ਕਿਹਾ ਕਿ ਹੋਣਹਾਰ ਬੱਚੇ ਹੀ ਦੇਸ਼ ਦੇ ਭਵਿੱਖ ਨੂੰ ਸੁਨਹਿਰੀ ਬਣਾਉਂਦੇ ਹਨ ਤੇ ਵਿਦਿਆਰਥੀ ਜੀਵਨ ਵਿੱਚ ਬੌਧਿਕ ਗਿਆਨ ਦੇ ਨਾਲ-ਨਾਲ ਸੱਭਿਆਚਾਰਕ ਸਰਗਰਮੀਆਂ ਦਾ ਹੋਣਾ ਵੀ ਬਹੁਤ ਜ਼ਰੂਰੀ ਹੈ।ਇਸ ਸਮਾਗਮ ਦੌਰਾਨ ਪ੍ਰਿੰਸੀਪਲ ਮੈਡਮ ਨੇ ਨੈਤਿਕ ਤੇ ਧਾਰਮਿਕ ਕਦਰਾਂ-ਕੀਮਤਾਂ 'ਤੇ ਅਧਾਰਤ ਸਿੱਖਿਆ 'ਤੇ ਜ਼ੋਰ ਦਿੱਤਾ ਅਤੇ ਇਸ ਸਮਾਗਮ ਵਿੱਚ ਪਹੁੰਚਣ 'ਤੇ ਸਾਰੇ ਸਤਿਕਾਰਯੋਗ ਮਾਪਿਆਂ ਤੇ ਸਮੂਹ-ਸਟਾਫ਼ ਦਾ ਧੰਨਵਾਦ ਕੀਤਾ ਗਿਆ।ਰਾਸ਼ਟਰੀ ਗਾਨ ਉਪਰੰਤ ਸਮਾਗਮ ਦੀ ਸਮਾਪਤੀ ਹੋਈ।

# ਸਰਕਾਰ ਅਧਿਆਪਕਾਂ 'ਤੇ ਟੈੱਟ ਦੀ ਥੋਪੀ ਸ਼ਰਤ ਰੱਦ ਕਰੇ : ਡੀ ਟੀ ਐੱਫ਼



**ਮਾਨਸਾ (ਆਤਮਾ ਸਿੰਘ ਪਮਾਰ)**

25-25 ਸਾਲ ਤੋਂ ਨੌਕਰੀ ਕਰ ਰਹੇ ਅਧਿਆਪਕਾਂ 'ਤੇ ਟੈੱਟ ਪਾਸ ਕਰਨ ਦੇ ਸੁਪਰੀਮ ਕੋਰਟ ਦੇ ਫੈਸਲੇ ਨੇ ਦੇਸ਼ ਭਰ ਦੇ ਲਗਭਗ 25 ਲੱਖ ਅਧਿਆਪਕਾਂ ਦੀ ਨੀਂਦ ਉਡਾ ਦਿੱਤੀ ਹੈ। ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਦੀ ਪ੍ਰਧਾਨਗੀ ਹੇਠ ਹੋਈ। ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਲੰਘੀ ਸਤੰਬਰ ਨੂੰ ਸੁਪਰੀਮ ਕੋਰਟ ਦੇ ਆਏ ਫੈਸਲੇ 'ਚ ਤੱਥਾਂ ਉੱਪਰ ਧਿਆਨ ਨਹੀਂ ਦਿੱਤਾ ਗਿਆ, ਜਿਸ ਕਾਰਨ ਦੇਸ਼ ਭਰ ਦੇ 25 ਲੱਖ ਸਰਕਾਰੀ ਅਧਿਆਪਕ ਅਤੇ ਪੰਜਾਬ ਦੇ ਲਗਭਗ 70000 ਅਧਿਆਪਕਾਂ 'ਤੇ ਨੌਕਰੀ ਖੁੱਸਣ ਦੀ ਤਲਵਾਰ ਲਟਕ ਗਈ ਹੈ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ 'ਤੇ ਬਣੇ ਐੱਨ ਸੀ ਟੀ ਈ ਦੇ ਨਿਯਮਾਂ ਤੇ ਸ਼ਰਤਾਂ ਅਨੁਸਾਰ ਭਰਤੀ ਹੋਏ ਅਧਿਆਪਕਾਂ ਨੂੰ ਬਾਅਦ 'ਚ ਲਾਗੂ ਹੋਏ ਆਰ ਟੀ ਈ ਐਕਟ 2009 ਦੀਆਂ ਸ਼ਰਤਾਂ ਅਨੁਸਾਰ ਟੈਟ ਦਾ ਟੈਸਟ ਪਾਸ ਕਰਨ ਦੀ ਸ਼ਰਤ ਥੋਪਣਾ ਇੱਕ ਤੁਗਲਕੀ ਫ਼ੈਸਲਾ ਹੈ। ਆਗੂਆਂ ਨੇ ਸੁਪਰੀਮ ਕੋਰਟ ਨੂੰ ਇਸ ਫੈਸਲੇ ਤੇ ਮੁੜ ਵਿਚਾਰ ਕਰਕੇ ਤੱਥਾਂ ਅਨੁਸਾਰ ਫ਼ੈਸਲਾ ਲੈਣ ਦੀ ਅਪੀਲ ਵੀ ਕੀਤੀ। ਜਥੇਬੰਦੀ ਦੀ ਸੂਬਾਈ ਪ੍ਰੈਸ ਸਕੱਤਰ ਲਖਵੀਰ ਹਰੀਕੇ, ਵਿੱਤ ਸਕੱਤਰ ਜਸਵਿੰਦਰ ਬਠਿੰਡਾ ਅਤੇ ਸੂਬਾ ਸਹਾਇਕ ਪ੍ਰੈਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੱਸਿਆ ਕਿ ਇਸ ਮਸਲੇ 'ਤੇ ਪੰਜਾਬ ਦੀਆਂ 15 ਜਥੇਬੰਦੀਆਂ ਨੇ ਇੱਕ ਮੰਚ 'ਤੇ ਆ ਕੇ ਸੰਘਰਸ਼ ਕਰਨ ਦਾ ਫ਼ੈਸਲਾ ਲਿਆ ਹੈ, ਜਿਸ ਅਧੀਨ 10-11 ਫਰਵਰੀ ਨੂੰ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ 'ਤੇ ਸਰਕਾਰ ਦੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਹੁਣ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਮੀਟਿੰਗ ਦੌਰਾਨ ਫ਼ੈਸਲਾ ਕੀਤਾ ਕਿ 15 ਮਾਰਚ ਨੂੰ ਹੋ ਰਹੇ ਇਸ ਪੇਪਰ 'ਚ ਸੂਬਾ ਕਮੇਟੀ ਦਾ ਕੋਈ ਵੀ ਮੈਂਬਰ ਪ੍ਰੀਖਿਆ ਵਿੱਚ ਨਹੀਂ ਬੈਠੇਗਾ।ਮੀਟਿੰਗ ਵਿੱਚ ਫ਼ੈਸਲਾ ਲਿਆ ਗਿਆ ਕਿ 22 ਫਰਵਰੀ ਦੀ ਅਨੰਦਪੁਰ ਸਾਹਿਬ ਦੀ ਰੈਲੀ ਦੀ ਤਿਆਰੀ ਦੇ ਸਬੰਧ ਵਿੱਚ 16 ਫਰਵਰੀ ਨੂੰ ਡੀ ਟੀ ਐਫ਼ ਦੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ।17 ਤੇ 18 ਫਰਵਰੀ ਨੂੰ ਦੂਜੀਆਂ ਜਥੇਬੰਦੀਆਂ ਨਾਲ਼ ਬਲਾਕ ਪੱਧਰ ਤੇ ਸਾਂਝੀਆਂ ਮੀਟਿੰਗਾਂ ਕਰਕੇ ਰੈਲੀ ਲਈ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਮੀਟਿੰਗ ਵਿੱਚ ਜ਼ਿਲ੍ਹੇ ਦੇ ਸਾਥੀ ਜਸਕਰਨ ਸਿੰਘ ਤੇ ਕਮਲਜੀਤ ਕੌਰ ਦੇ ਮਾਮਲੇ 'ਚ ਸਰਕਾਰ ਵੱਲੋਂ ਲਗਾਤਾਰ ਮੀਟਿੰਗ ਕਰਨ ਤੋਂ ਟਾਲ ਮਟੋਲ ਵਾਲੀ ਨੀਤੀ ਦੀ ਨਿਖੇਧੀ ਕੀਤੀ ਗਈ।ਆਗੂਆਂ ਨੇ ਕਿਹਾ ਕਿ ਜੇਕਰ 19 ਫਰਵਰੀ ਦੀ ਵਿੱਤ ਮੰਤਰੀ ਤੇ ਹੋਰ ਮੰਤਰੀਆਂ ਨਾਲ਼ ਮੀਟਿੰਗ ਸਮੇਂ ਸਰਕਾਰ ਨੇ ਕੋਈ ਸਹੀ ਫ਼ੈਸਲਾ ਨਾ ਲਿਆ ਤਾਂ ਦੂਜੀਆਂ ਜਥੇਬੰਦੀਆਂ ਨਾਲ਼ ਰਾਇ ਕਰਕੇ ਅਗਲਾ ਸੰਘਰਸ਼ ਵਿੱਢਿਆ ਜਾਵੇਗਾ। ਸੂਬਾ ਕਮੇਟੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਗੰਭੀਰ ਮਸਲੇ 'ਤੇ ਸਰਕਾਰ ਸਪੈਸ਼ਲ ਇਜਲਾਸ ਬੁਲਾ ਕੇ ਨੌਕਰੀ ਕਰ ਰਹੇ ਅਧਿਆਪਕਾਂ ਤੇ ਪ੍ਰੋਮੋਸ਼ਨ ਦੇ ਚਾਹਵਾਨ ਅਧਿਆਪਕਾਂ 'ਤੇ ਅਜਿਹਾ ਟੈਸਟ ਨਾ ਲੈਣ ਦਾ ਮਤਾ ਪਾਸ ਕਰਕੇ ਸਰਕਾਰ ਅਧਿਆਪਕਾਂ ਦੇ ਹੱਕ 'ਚ ਭੁਗਤਣ ਦਾ ਕੰਮ ਕਰਕੇ ਸੁਪਰੀਮ ਕੋਰਟ ਦੇ ਗਲਤ ਫੈਸਲੇ ਦੇ ਖਿਲਾਫ਼ ਰਿਵਿਊ ਪਟੀਸ਼ਨ ਵੀ ਦਰਜ ਕਰੇ।

## ਗੋਬਿੰਦਗੜ੍ਹ ਜੇਜੀਆਂ ਸਮਾਗਮ 'ਚ ਵਿੱਤ ਮੰਤਰੀ ਚੀਮਾ ਦੀ ਸ਼ਿਰਕਤ



**ਦਿੜ੍ਹਬਾ (ਜਸਵੀਰ ਲਾਡੀ)**-ਨੇੜਲੇ ਪਿੰਡ ਗੋਬਿੰਦਗੜ੍ਹ ਜੇਜੀਆਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਸਮਾਗਮ ਦੌਰਾਨ ਉਨ੍ਹਾਂ ਸੰਗਤ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮਾਜ ਨੂੰ ਸਮਾਨਤਾ, ਭਾਈਚਾਰੇ ਤੇ ਮਨੁੱਖਤਾ ਦਾ ਸੰਦੇਸ਼ ਦਿੱਤਾ।ਉਨ੍ਹਾਂ ਦੇ ਉਪਦੇਸ਼ ਅੱਜ ਵੀ ਸਮਾਜ ਲਈ ਪ੍ਰੇਰਨਾ ਸਰੋਤ ਹਨ ਅਤੇ ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਏਕਤਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਗੁਰੂ ਰਵਿਦਾਸ ਮਹਾਰਾਜ ਕਮੇਟੀ ਦੀ ਮੰਗ 'ਤੇ ਡਾ. ਅੰਬੇਡਕਰ ਕਮਿਊਨਿਟੀ ਹਾਲ ਲਈ ਗ੍ਰਾਂਟ ਜਾਰੀ ਕਰਨ ਦਾ ਭਰੋਸਾ ਵੀ ਦਿੱਤਾ।ਉਨ੍ਹਾਂ ਕਿਹਾ ਕਿ ਸਰਕਾਰ ਸਮਾਜਕ ਤੇ ਧਾਰਮਿਕ ਢਾਂਚਿਆਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਸਮਾਗਮ ਵਿੱਚ ਮਹਿੰਦਰ ਸਿੰਘ, ਲਾਭ ਸਿੰਘ (ਪੰਚਾਇਤ ਮੈਂਬਰ), ਨੰਬਰਦਾਰ ਮਿੱਠੂ ਸਿੰਘ, ਸਰਪੰਚ ਅਵਤਾਰ ਸਿੰਘ ਤਾਰੀ, ਸਰਪੰਚ ਬਲਦੀਪ ਸਿੰਘ ਖੋਖਰ ਖੁਰਦ, ਰੋਹੀ ਸਿੰਘ, ਡਾ. ਬਲਦੇਵ ਸਿੰਘ, ਨਰੰਜਣ ਸਿੰਘ, ਮਾਸਟਰ ਮੋਹਨ ਦਾਸ, ਚਮਕੌਰ ਸਿੰਘ, ਬਲਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਵਿਅਕਤੀ ਹਾਜ਼ਰ ਸਨ। ਪ੍ਰਬੰਧਕ ਕਮੇਟੀ ਵੱਲੋਂ ਵਿੱਤ ਮੰਤਰੀ ਦਾ ਸਨਮਾਨ ਕੀਤਾ ਗਿਆ।

## ਚੇਅਰਮੈਨ ਜੱਸੀ ਨੇ ਸ਼ਿਵ ਭਜਨ ਸੰਧਿਆ 'ਚ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



**ਨਾਭਾ (ਵਰਿੰਦਰ ਵਰਮਾ)**-ਵਿਧਾਨ ਸਭਾ ਹਲਕਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਮਹਾਂ ਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ ਸ਼ਿਵ ਮੰਦਿਰ ਵੈੱਲਫੇਅਰ ਸੁਸਾਇਟੀ ਵੱਲੋਂ ਸਮੂਹ ਕਲੋਨੀ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਸ਼ਿਵ ਭਜਨ ਸੰਧਿਆ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਆਪਣੀ ਹਾਜ਼ਰੀ ਭਰੀ ਅਤੇ ਸ਼ਿਵ ਭਗਤਾਂ ਨਾਲ ਸ਼ਿਵਰਾਤਰੀ ਉਤਸ਼ਵ ਦੀ ਖੁਸ਼ੀ ਸਾਂਝੀ ਕੀਤੀ।ਇਸ ਮੌਕੇ ਉਨ੍ਹਾਂ ਸਮੁੱਚੇ ਸ਼ਰਧਾਲੂਆਂ ਤੇ ਸ਼ਿਵ ਭਗਤਾਂ ਨੂੰ ਮਹਾਂ ਸ਼ਿਵਰਾਤਰੀ ਦੀ ਵਧਾਈ ਦਿੱਤੀ ਤੇ ਕਿਹਾ ਕਿ ਭਗਵਾਨ ਸ਼ਿਵਜੀ ਸਮੁੱਚੀ ਲੋਕਾਈ ਨੂੰ ਹਮੇਸ਼ਾ ਖ਼ੁਸ਼ਹਾਲੀ ਤੇ ਸਿਹਤਮੰਦੀ ਦੇ ਨਾਲ਼ ਮਾਨਸਿਕ ਤੇ ਆਤਮਿਕ ਮਜ਼ਬੂਤੀ ਦੀ ਅਸੀਸ ਪ੍ਰਦਾਨ ਕਰਨ ਅਤੇ ਆਪਣੇ ਸ਼ਰਧਾਲੂਆਂ 'ਤੇ ਮਿਹਰ ਭਰਿਆ ਹੱਥ ਰੱਖਣ।ਇਸ ਮੌਕੇ ਸ਼ਿਵ ਮੰਦਿਰ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਰਾਹੁਲ ਪਹੂਜਾ ਦੀ ਅਗਵਾਈ ਹੇਠ ਸਮੁੱਚੇ ਪ੍ਰਬੰਧਕਾਂ ਵੱਲੋਂ ਚੇਅਰਮੈਨ ਜੱਸੀ ਸੋਹੀਆਂ ਵਾਲਾ, ਸੰਵਾਦ ਗਰੁੱਪ ਦੇ ਸੰਸਥਾਪਕ ਰਾਜੇਸ਼ ਢੀਂਗਰਾ, ਧੀਰਜ ਠਾਕੁਰ ਤੇ ਯੂਥ ਆਗੂ ਲਾਡੀ ਖਹਿਰਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਹਰਭਗਵਾਨ ਦਾਸ ਸੈਕਟਰੀ, ਰੋਹਿਤ ਕੁਮਾਰ ਵਾਇਸ ਪ੍ਰਧਾਨ, ਕੈਨਾਲ ਠਾਕੁਰ ਕੈਸ਼ੀਅਰ, ਅਜੈ ਸ਼ੰਮੀ ਸਹਾਇਕ ਕੈਸ਼ੀਅਰ, ਹਿਮਾਂਸ਼ੂ ਰਾਏ ਜੁਆਇੰਟ ਸੈਕਟਰੀ, ਰੁਪੇਸ਼ ਕੁਮਾਰ, ਗੋਪਾਲ ਵਰਮਾ, ਵਿਜੇ ਕੁਮਾਰ, ਤਰਨਵੀਰ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਭਜਨ ਸੰਧਿਆ ਦਾ ਆਨੰਦ ਮਾਣਿਆ।

## ਤੇਲੂ ਰਾਮ ਕੁਹਾੜਾ ਦੀ 'ਭਲੱਕੜਨਾਮਾ' 22 ਹੋਵੇਗੀ ਰਿਲੀਜ਼



**ਸਮਰਾਲਾ (ਸੁਰਜੀਤ ਸਿੰਘ)**-ਉੱਘੇ ਪੱਤਰਕਾਰ ਤੇ ਕਹਾਣੀਕਾਰ ਤੇਲੂ ਰਾਮ ਕੁਹਾੜਾ ਦੀ ਪੁਸਤਕ 'ਭਲੱਕੜਨਾਮਾ' ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਵੱਲੋਂ 22 ਨੂੰ ਲੋਕ ਅਰਪਣ ਕੀਤੀ ਜਾਏਗੀ।ਲੋਕ ਅਰਪਣ ਸਮਾਗਮ ਮਾਂ ਬੋਲੀ ਪੰਜਾਬੀ ਦਿਵਸ ਨੂੰ ਸਮਰਪਤ ਹੋਵੇਗਾ।ਸਭਾ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ, ਜਨਰਲ ਸਕੱਤਰ ਜਗਵੀਰ ਸਿੰਘ ਵਿੱਕੀ ਅਤੇ ਤਰਨ ਸਿੰਘ ਬੱਲ ਵੱਲੋਂ ਮਿਲੀ ਸੂਚਨਾ ਅਨੁਸਾਰ ਸਮਾਗਮ ਦੀ ਪ੍ਰਧਾਨਗੀ ਕਹਾਣੀਕਾਰ ਡਾ ਬਲਵਿੰਦਰ ਸਿੰਘ ਗਰੇਵਾਲ ਕਰਨਗੇ।ਡਾ. ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ ਪੰਜਾਬੀ ਸਹਿਤ ਅਕਾਦਮੀ ਲੁਧਿਆਣਾ ਸਮਾਗਮ ਵਿੱਚ ਮੁੱਖ ਮਹਿਮਾਨ ਹੋਣਗੇ। ਪੁਸਤਕ 'ਤੇ ਚਰਚਾ ਕਰਨ ਲਈ ਮੁੱਖ ਬੁਲਾਰੇ ਨਿਰਪਾਲ ਸਿੰਘ ਗਰਚਾ, ਰਾਮ ਸਰੂਪ ਰਿਖੀ, ਰਘਬੀਰ ਸਿੰਘ ਭਰਤ, ਸੁਰਿੰਦਰ ਰਾਮਪੁਰੀ ਤੇ ਜਸਵੰਤ ਸਿੰਘ ਸੇਖੋਂ ਹੋਣਗੇ।

## ਲਾਲ ਸਿੰਘ ਦੇ ਦੇਹਾਂਤ 'ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ

**ਲੁਧਿਆਣਾ (ਪੱਤਰ ਪ੍ਰੇਰਕ)**

ਪੰਜਾਬੀ ਸਾਹਿਤ ਅਕਾਡਮੀ ਦੇ ਅਹੁਦੇਦਾਰਾਂ ਤੇ ਪ੍ਰਬੰਧਕੀ ਬੋਰਡ ਦੇ ਮੈਂਬਰਾਂ ਵੱਲੋਂ ਲਾਲ ਸਿੰਘ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਲਾਲ ਸਿੰਘ ਨੇ ਸਾਹਿਤ ਨੂੰ ਪ੍ਰਫੁੱਲਤ ਕਰਨ ਹਿਤ ਮਹੱਤਵਪੂਰਨ ਯੋਗਦਾਨ ਪਾਇਆ। ਉਹ ਲਗਪਗ 9 ਸਾਲ ਭਾਖੜਾ ਡੈਮ 'ਤੇ ਸੇਵਾਵਾਂ ਨਿਭਾਉਣ ਉਪਰੰਤ ਉਹ 1973 ਤੋਂ 1997 ਤੱਕ ਅਧਿਆਪਨ ਦੇ ਖੇਤਰ ਨਾਲ ਜੁੜੇ ਰਹੇ। ਉਹ ਜਿੰਨੇ ਵਧੀਆ ਇਨਸਾਨ ਸਨ, ਓਨੀਆਂ ਹੀ ਵਧੀਆ ਰਚਨਾਵਾਂ ਲਿਖਦੇ ਸਨ। ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਲਾਲ ਸਿੰਘ ਦੇ ਦੇਹਾਂਤ ਨਾਲ ਪੰਜਾਬੀ ਸਾਹਿਤ ਜਗਤ ਤੇ ਪਰਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ ਅਕਾਡਮੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੈ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਲਾਲ ਸਿੰਘ ਲਗਭਗ ਛੇ ਦਹਾਕੇ ਸਾਹਿਤਕ ਖੇਤਰ 'ਚ ਸਰਗਰਮ ਰਹੇ। ਉਹ ਵਧੀਆ ਕਹਾਣੀਕਾਰ ਸਨ। ਉਨ੍ਹਾਂ ਦੀਆਂ ਲੋਕ ਗੀਤਾਂ ਦੀਆਂ ਨੌਂ ਤੋਂ ਵੱਧ ਪੁਸਤਕਾਂ ਤੋਂ ਇਲਾਵਾ 'ਅੱਧੇ ਅਧੂਰੇ, ਗੜੀ ਬਖ਼ਸ਼ਾ ਸਿੰਘ, ਸੋਹੀ ਜਗਨ ਆਦਿ ਅਨੇਕਾਂ ਕਹਾਣੀ ਸੰਗ੍ਰਹਿ ਪ੍ਰਕਾਸ਼ਿਤ ਹੋਏ। ਉਨ੍ਹਾਂ ਦੀ ਪੁਸਤਕ 'ਮਹਾਂਮਾਰੀ' ਛਪਾਈ ਅਧੀਨ ਹੈ। ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿਚ ਹੋਰਨਾਂ ਤੋਂ ਇਲਾਵਾ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਪਾਲ ਕੌਰ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਡਾ ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਸਵੀਰ ਝੱਜ, ਜਨਮੇਜਾ ਸਿੰਘ ਜੌਹਲ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਸ੍ਰੀ ਦੀਪ ਜਗਦੀਪ ਸਿੰਘ, ਪ੍ਰੋ. ਬਲਵਿੰਦਰ ਸਿੰਘ ਚਹਿਲ, ਕਰਮਜੀਤ ਸਿੰਘ ਗਰੇਵਾਲ ਤੇ ਵਰਗਿਸ ਸਲਾਮਤ ਸਮੇਤ ਸਮੂਹ ਮੈਂਬਰ ਸ਼ਾਮਲ ਹਨ।

# ਧਰਮ ਜੋੜੋ ਯਾਤਰਾ ਦੇ ਸੰਬੰਧ 'ਚ ਅਯੋਧਿਆ ਧਾਮ ਲਈ ਰਵਾਨਾ ਹੋਵੇਗੀ ਵਿਸ਼ੇਸ਼ ਟਰੇਨ : ਪ੍ਰਧਾਨ ਤਰਸੇਮ ਗੋਇਲ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** ਅਗਰਵਾਲ ਸਭਾ ਰਜਿ: ਪੰਜਾਬ ਸ੍ਰੀ ਮੁਕਤਸਰ ਸਾਹਿਬ ਦੇ ਸ਼ਹਿਰੀ ਪ੍ਰਧਾਨ ਤਰਸੇਮ ਗੋਇਲ ਨੇ ਦੱਸਿਆ ਕਿ ਧਰਮ ਜੋੜੋ ਯਾਤਰਾ ਦੇ ਸਬੰਧ 'ਚ ਆਉਣ ਵਾਲੀ 5 ਮਾਰਚ ਨੂੰ ਇੱਕ ਵਿਸੇਸ਼ ਟਰੇਨ ਜੋ ਸ਼੍ਰੀ ਅਮ੍ਰਿਤਸਰ, ਜਲੰਧਰ, ਲੁਧਿਆਣਾ, ਧੂਰੀ, ਅੰਬਾਲਾ ਤੋਂ ਹੁੰਦੀ ਹੋਈ ਸਵੇਰੇ 6 ਵਜੇ ਸ਼੍ਰੀ ਆਯੋਧਿਆ ਧਾਮ ਵਿਖੇ ਪਹੁੰਚ ਕੇ ਸ਼ਰਧਾਲੂਆਂ ਨੂੰ ਸ਼੍ਰੀਰਾਮ ਲਲਾ ਦੇ ਦਰਸ਼ਨ ਕਰਾਏਗੀ।

ਪ੍ਰਧਾਨ ਗੋਇਲ ਨੇ ਦੱਸਿਆ ਕਿ ਇਸ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਲਈ ਰਿਹਾਇਸ਼, ਖਾਣਾ ਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ, ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਦੇ ਨਿਵਾਸੀਆਂ 'ਚ ਇਸ ਯਾਤਰਾ ਲਈ ਉਤਸ਼ਾਹਿਤ ਨਜ਼ਰ ਆ ਰਹੇ ਹਨ।ਇਸ ਯਾਤਰਾ ਲਈ 5 ਮਾਰਚ ਨੂੰ ਸ਼੍ਰੀ ਮੁਕਤਸਰ ਸਾਹਿਬ ਦੇ ਰੇਲਵੇ ਸਟੇਸ਼ਨ ਤੋਂ ਸਵੇਰੇ 10 ਵਜੇ ਲੁਧਿਆਣਾ ਦੇ ਰੇਲਵੇ ਸਟੇਸ਼ਨ 'ਤੇ ਪੁੱਜਣ ਲਈ ਬੱਸਾਂ ਚੱਲਣਗੀਆਂ ਤੇ ਲਗਭਗ ਦੁਪਹਿਰ 3 ਵਜੇ ਲੁਧਿਆਣਾ ਤੋਂ ਆਯੋਧਿਆ ਧਾਮ ਦੇ ਲਈ ਟਰੇਨ ਰਵਾਨਾ ਹੋਵੇਗੀ ਤੇ 8 ਮਾਰਚ ਨੂੰ ਉਸੇ ਰੂਟ ਮੁਤਾਬਕ ਵਾਪਿਸ ਸ਼੍ਰੀ ਮੁਕਤਸਰ ਸਾਹਿਬ ਪਰਤੇਗੀ।ਵਿਸੇਸ਼ ਮੀਟਿੰਗ ਲਈ ਲੁਧਿਆਣਾ ਤੋਂ ਰਾਜ ਕੁਮਾਰ ਅਟਵਾਲ ਪ੍ਰਧਾਨ ਅੰਤਰਰਾਸ਼ਟਰੀ ਵਾਲਮੀਕਿ ਮਜ਼ਬੀ ਸਿੱਖ ਧਰਮ ਸਮਾਜ ਭਾਰਤ ਨੇ ਸ਼੍ਰੀ ਮੁਕਤਸਰ ਸਾਹਿਬ ਵਿਖੇ ਸ਼ਿਰਕਤ ਕੀਤੀ ਤੇ ਧਰਮ ਜੋੜੋ ਯਾਤਰਾ ਦੇ ਸਬੰਧ 'ਚ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਵਾਇਸ ਯੂਥ ਪ੍ਰਧਾਨ ਨਵੀਨ ਕੁਮਾਰ ਨਵੀ ਮੋਰਵਾਲ ਅੰਤਰਰਾਸ਼ਟਰੀ ਵਾਲਮੀਕਿ ਮਜ਼ਬੀ ਸਿੱਖ ਧਰਮ ਸਮਾਜ ਭਾਰਤ ਤੇ ਜ਼ਿਲ੍ਹਾ ਜਰਨਲ ਸੈਕਟਰੀ ਐਸ.ਸੀ. ਯੁਵਾ ਮੋਰਚਾ ਭਾਜਪਾ ਵੀ ਮੌਜੂਦ ਸਨ।

## ਮਹਾਂਰਿਸ਼ੀ ਦਇਆਨੰਦ ਸਰਸਵਤੀ ਦੇ ਜਨਮ ਦਿਨ 'ਤੇ ਸ਼ੋਭਾ ਯਾਤਰਾ



**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)**-ਸਰਹਿੰਦ ਵਿਖੇ ਮਾਹਾਂਰਿਸ਼ੀ ਦਿਆਨੰਦ ਮਾਡਲ ਹਾਈ ਸਕੂਲ ਦੇ ਬੱਚਿਆਂ ਨੇ ਸਕੂਲ ਦੀ ਮੈਨੇਜਮੈਂਟ ਕਮੇਟੀ ਦੀ ਅਗਵਾਈ ਵਿੱਚ ਦਿਆਨੰਦ ਸਰਸਵਤੀ ਜੀ ਦੇ ਜਨਮ ਦਿਨ ਦੇ ਉਲਕਸ਼ ਵਿੱਚ ਸ਼ੋਭਾ ਯਾਤਾਰ ਕੱਢੀ ਤੇ ਉਨ੍ਹਾਂ ਦੇ ਜੀਵਨ ਨਾਲ ਸੰਬੰਧਤ ਝਾਕੀਆਂ ਵੀ ਕੱਢੀਆਂ।ਸ਼ਹਿਰ ਵਾਸੀਆਂ ਵੱਲੋਂ ਇਸ ਸ਼ੋਭਾ ਯਾਤਰਾ ਲਈ ਥਾਂ-ਥਾਂ ਸਟਾਲ ਲਗਾ ਕੇ ਠੰਢੇ ਮਿੱਠੇ ਜਲ ਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦੇ ਲੰਗਰ ਲਗਾਏ ਹੋਏ ਸਨ ਅਤੇ ਸ਼ਹਿਰ ਦੇ ਲੋਕਾਂ ਵਿੱਚ ਇਸ ਸ਼ੋਭਾ ਯਾਤਰਾ ਦਾ ਸ਼ਹਿਰ ਵਾਸਿਆਂ ਨੇ ਨਿੱਘਾ ਸਵਾਗਤ ਕੀਤਾ।ਇਹ ਸ਼ੋਭਾ ਯਾਤਰਾ ਆਖਰ ਦਿਆਨੰਦ ਸਕੂਲ ਤੇ ਮੰਦਰ ਵਿੱਚ ਆ ਕੇ ਸਮਾਪਤ ਹੋਈ, ਜਿੱਥੇ ਸਮਰੋਹ ਕਰਕੇ ਸਵਾਮੀ ਦਿਆਨੰਦ ਸਰਸਵਤੀ ਜੀ ਦੇ ਜੀਵਨ ਨਾਲ ਸੰਬੰਧਤ ਘਟਨਾਵਾਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਉਪਰੰਤ ਹਵਨ ਯੱਗ ਦਾ ਵੀ ਆਯੋਜਨ ਕੀਤਾ ਗਿਆ। ਇਸ ਮੌਕੇ ਡਾ. ਹਰਬੰਸ ਲਾਲ ਤੇ ਲੇਲਿਆ ਸੂਦ ਨੇ ਕਿਹਾ ਕਿ ਸਾਨੂੰ ਅਜਿਹੀਆਂ ਮਹਾਨ ਸ਼ਖਸੀਅਤਾਂ ਦੇ ਜੀਵਨ ਤੋਂ ਹਮੇਸ਼ਾ ਸੇਧ ਲੈਂਦੇ ਰਹਿਣਾ ਚਾਹੀਦਾ ਹੈ, ਤਾਂ ਹੀ ਅਸੀਂ ਆਪਣਾ ਮਨੁੱਖੀ ਜੀਵਨ ਸਫਲ ਕਰ ਸਕਦੇ ਹਾਂ।ਇਸ ਮੌਕੇ ਲਾਭ ਕੁਮਾਰ ਸੂਦ ਨੇ ਵੀ ਅਪਣੇ ਵਿਚਾਰ ਪੇਸ਼ ਕੀਤੇ।ਇਸ ਸ਼ੋਭਾ ਯਾਤਰਾ ਵਿੱਚ ਸ਼ਸ਼ੀ ਭੂਸ਼ਨ ਉੱਪਲ, ਆਰਿਆ ਸਮਾਜ ਦੇ ਪ੍ਰਧਾਨ ਨੀਰਜ ਸੂਦ, ਰਾਕੇਸ਼ ਸੂਦ, ਰਾਜੇਸ਼ ਉੱਪਲ, ਰਤਨੀਸ਼ ਸੂਦ, ਮਹਾਂਮੰਤਰੀ ਰਾਘਵ ਸੂਦ, ਅਤੁਲ ਸੂਦ, ਸੁਸ਼ੀਲ ਸੂਦ, ਸਕੂਲ ਦੇ ਪ੍ਰਧਾਨ ਲਲਿਤ ਸੂਦ, ਸੁਖਵਿੰਦਰ ਪੱਪੀ ਤੇ ਸ਼ਹਿਰ ਦੀਆਂ ਉੱਘੀਆਂ ਸ਼ਖਸੀਅਤਾਂ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

17-Feb-PAGE-3.qxd 2/16/2026 10:59 PM Page 1



# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਵੱਲੋਂ ਜਥੇਬੰਦਕ ਅਜਲਾਸ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**
ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਵੱਲੋਂ ਪਿੰਡ ਛਾਪੜੀ ਸਹਿਬ ਵਿੱਖੇ ਜਥੇਬੰਦਕ ਅਜਲਾਸ ਕੀਤਾ ਗਿਆ ਜਿਸਦੀ ਪ੍ਰਧਾਨਗੀ ਜਿਲ੍ਹਾ ਪ੍ਰਧਾਨ ਸਲੱਖਣ ਸਿੰਘ ਤੁੜ ਨੇ ਕੀਤੀ। ਅਜਲਾਸ ਦਾ ਉਦਘਾਟਨ ਕਰਦਿਆਂ ਸੂਬਾਈ ਜਨਰਲ ਸਕੱਤਰ ਧਰਮਿੰਦਰ ਸਿੰਘ ਮਕੇਰੀਆਂ ਨੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਨਿਸ਼ਾਨੇ ਉਦੇਸ਼ਾਂ ਬਾਰੇ ਦੱਸਦਿਆਂ ਕਿਹਾ ਸਭਾ ਦੇ ਕੇਂਦਰੀ ਨਾਹਰੇ ਬਰਾਬਰ ਵਿੱਦਿਆ, ਸਿਹਤ ਤੇ ਰੋਜ਼ਗਾਰ ਸਭ ਦਾ ਹੋਵੇ, ਇਹ ਅਧਿਕਾਰ ਘਰ-ਘਰ ਲੈ ਕੇ ਜਾਣ ਦਾ ਸੱਦਾ ਦਿੱਤਾ। ਸਾਥੀ ਧਰਮਿੰਦਰ ਨੇ ਕਿਹਾ ਕੇ ਕੇਂਦਰ ਦੀ ਮੋਦੀ ਸਰਕਾਰ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ ਦੇ ਨਾਹਰੇ ਨਾਲ ਸੱਤਾ ਵਿੱਚ ਆਈ ਸੀ ਪਰੰਤੂ ਹੁਣ ਨੌਜਵਾਨ ਇਤਿਹਾਸ ਦੀ ਸਭ ਤੋਂ ਵੱਧ ਬੇਰੁਜ਼ਗਾਰੀ ਹੰਢਾਅ ਰਹੇ ਹਨ। ਬੇਰੋਜ਼ਗਾਰੀ ਦੇ ਸਤਾਏ ਨੌਜਵਾਨ ਨਸ਼ਿਆਂ ਦੇ ਮਾਰੂ ਰਾਹ ਰਾਹੀਂ ਹਰ ਰੋਜ਼ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਸ਼ਹੀਦਾਂ ਦੀ ਕੁਰਬਾਨੀ ਤੋਂ ਪ੍ਰੇਰਨਾ ਲੈ ਕੇ ਹੱਕਾਂ ਦੇ ਸੰਘਰਸ਼ ਵਿੱਚ ਕੁੱਦਣ ਅਤੇ ਫਿਰਕੂ ਫਾਸੀ ਵਿਚਾਰਧਾਰਾ ਦਾ ਡੱਟਵਾਂ ਵਿਰੋਧ ਕਰਨ ਦਾ ਸੱਦਾ ਦਿੱਤਾ।ਪਿਛਲੇ ਤਿੰਨ ਸਾਲਾਂ ਦੀ ਰਿਪੋਰਟ ਜ਼ਿਲ੍ਹਾ ਸਕੱਤਰ ਸੁਖਦੇਵ ਸਿੰਘ ਜਵੰਦਾ ਵੱਲੋਂ ਪੇਸ਼ ਕੀਤੀ ਗਈ ਜੋ ਭਰਪੂਰ ਬਹਿਸ ਉਪਰੰਤ ਕੁਝ ਵਾਧਿਆਂ ਨਾਲ ਸਰਬਸੰਮਤੀ ਨਾਲ ਪਾਸ ਕੀਤੀ ਗਈ। ਨਵੀਂ 21 ਮੈਂਬਰੀ ਜ਼ਿਲ੍ਹਾ ਕਮੇਟੀ ਦਾ ਪੈਨਲ ਸੂਬਾ ਆਗੂ ਰਵਿੰਦਰ ਲੋਹਗੜ ਨੇ ਪੇਸ਼ ਕੀਤਾ ਜਿਸ ਵਿੱਚ ਕੈਪਟਨ ਸਿੰਘ ਕਾਹਲਵਾਂ ਪਰਧਾਨ, ਸੁਖਦੇਵ ਸਿੰਘ ਜਵੰਦਾ, ਬੌਬੀ ਗੋਇੰਦਵਾਲਮੀਤ ਪਰਧਾਨ, ਲਾਜਰ ਲਾਖਣਾਂ ਜਨਰਲ ਸਕੱਤਰ, ਖੁਸ਼ਦੀਪ ਸਿੰਘ ਸਹਾਇਕ ਸਕੱਤਰ, ਕਰਨਬੀਰ ਸਿੰਘ ਖਜਾਨਚੀ, ਚਮਕੌਰ ਸਿੰਘ ਭੁੱਲਰ, ਸੋਨੂ ਫਤਿਆਬਾਦ ਪ੍ਰੈੱਸ ਸਕੱਤਰ ਅਤੇ ਮੰਗਲ ਸਿੰਘ ਪ੍ਰਚਾਰ ਸਕੱਤਰ, ਅਕਾਸ਼ਦੀਪ ਸਿੰਘ ਝਬਾਲ ਪ੍ਰਾਪੇਗੰਡਾ ਸਕੱਤਰ ਅਤੇ ਬਲਵਿੰਦਰ ਸਿੰਘ ਗੋਇੰਦਵਾਲ, ਦਲਬੀਰ ਜਵੰਦਾ, ਬਲਦੇਵ ਸਿੰਘ ਰਾਜੋਕੇ, ਹਰਿੰਦਰ ਲੌਹਕਾ, ਕੁਲਦੀਪ ਸਿੰਘ ਚੌਧਰੀ ਵਾਲਾ, ਧਰਮਬੀਰ, ਅਮ੍ਰਿਤਪਾਲ ਸਿੰਘ, ਜਤਿੰਦਰ ਸਿੰਘ ਚੌਧਰੀ ਵਾਲਾ, ਅਰਸ਼ਦੀਪ ਸਿੰਘ ਕਮੇਟੀ ਮੈਂਬਰ ਚੁਣੇ ਗਏ। ਸੁਖਵੰਤ ਸਿੰਘ ਛਾਪੜੀ ਸਾਹਿਬ ਨੇ ਆਏ ਡੈਲੀਗੇਟਾਂ ਦਾ ਧੰਨਵਾਦ ਕੀਤਾ।

# ਕਿਸਾਨੀ ਅੰਦੋਲਨ ਦੇ ਸ਼ਹੀਦ ਸ਼ੁੱਭਕਰਨ ਸਿੰਘ ਦੀ ਬਰਸੀ 21 ਨੂੰ ਮਨਾਈ ਜਾਵੇਗੀ : ਆਗੂ



**ਧਾਰੀਵਾਲ, (ਮਨਦੀਪ ਵਿੱਕੀ)**
ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਗੁਰਦਾਸਪੁਰ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੀ ਨਵੀਂ ਚੁਣੀ ਕੋਰ ਕਮੇਟੀ ਦੀ ਪਲੇਠੀ ਮੀਟਿੰਗ ਪਿੰਡ ਧਾਰੀਵਾਲ ਕਲਾਂ ਵਿੱਚ ਜ਼ੋਨ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ, ਸਕੱਤਰ ਸਤਨਾਮ ਸਿੰਘ ਖਾਨਮਲਕ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਆਗੂਆਂ ਨੇ ਅਹਿਮ ਮੁੱਦਿਆਂ ਅਤੇ ਸਰਕਾਰਾਂ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ 'ਤੇ ਵਿਚਾਰਾਂ ਕੀਤੀਆਂ ਅਤੇ ਚਿੱਪ ਵਾਲੇ ਮੀਟਰ ਅਤੇ ਅਮਰੀਕਾ ਤੇ ਭਾਰਤ ਖੇਤੀ ਸਮਝੌਤੇ ਦਾ ਵਿਰੋਧ ਕੀਤਾ। ਆਗੂਆਂ ਨੇ ਕਿਹਾ ਜਥੇਬੰਦੀ ਦੀ ਸੂਬਾ ਕਮੇਟੀ ਦੇ ਫੈਸਲਾ ਅਨੁਸਾਰ 21 ਫਰਵਰੀ ਨੂੰ ਕਿਸਾਨ ਅੰਦੋਲਨ ਦੇ ਨੌਜਵਾਨ ਸ਼ਹੀਦ ਸ਼ੁੱਭਕਰਣ ਸਿੰਘ ਦੀ ਬਰਸੀ ਮਨਾਈ ਜਾਵੇਗੀ। ਕਿਸਾਨ ਆਗੂਆਂ ਕਿਹਾ ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਨਹੀਂ ਲੱਗਣ ਦਿਆਂਗੇ ਅਤੇ ਵੱਧ ਤੋਂ ਵੱਧ ਪਿੰਡਾਂ ਵਿੱਚ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ ਕਿ ਜਿੱਤ ਲੜਦੇ ਲੋਕਾਂ ਦੀ ਹੁੰਦੀ ਹੈ। ਮੀਟਿੰਗ ਵਿੱਚ ਜ਼ੋਨ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ, ਸਕੱਤਰ ਸਤਨਾਮ ਸਿੰਘ ਖਾਨਮਲਕ, ਪ੍ਰਗਟ ਸਿੰਘ, ਪਿੰਕੀ, ਗੁਰਦੇਵ ਸਿੰਘ, ਅਜੀਤ ਸਿੰਘ, ਹੇਮ ਸਿੰਘ, ਰਵੇਲ ਸਿੰਘ, ਸਰਬਜੀਤ ਕੌਰ, ਕਸ਼ਮੀਰ ਸਿੰਘ, ਗੁਰਦੀਪ ਸਿੰਘ ਆਦਿ ਆਗੂ ਹਾਜ਼ਰ ਸਨ।

# ਪੰਜਾਬ ਦੇ ਲੋਕ ਦੇਸ਼ ਦੇ 'ਅੰਨਦਾਤਾ' ਦੀ ਸ਼ਾਨ ਤੇ ਭਵਿੱਖ 'ਤੇ ਕੋਈ ਵੀ ਹਮਲਾ ਬਰਦਾਸ਼ਤ ਨਹੀਂ ਕਰਨਗੇ : ਸੰਧਵਾਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਦੇਸ਼ ਵਿਰੋਧੀ ਐਲਾਨਦਿਆਂ ਕਿਹਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਭਾਰਤ-ਅਮਰੀਕਾ ਵਪਾਰ ਸਮਝੌਤੇ ਰਾਹੀਂ ਪੰਜਾਬ ਦੇ ਕਿਸਾਨਾਂ ਨੂੰ ਬਰਬਾਦ ਕਰਨ ਅਤੇ ਭਾਰਤ ਦੀ ਖੇਤੀਬਾੜੀ ਨੂੰ ਅਮਰੀਕਾ ਕੋਲ ਵੇਚਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਅੰਮ੍ਰਿਤਸਰ ਵਿਖੇ ਇੱਕ ਨਿੱਜੀ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਕਰਦਿਆਂ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਜੇ ਅਮਰੀਕਾ ਤੋਂ ਸਸਤਾ ਦੁੱਧ ਪਾਊਡਰ, ਪਨੀਰ, ਅਨਾਜ ਅਤੇ ਹੋਰ ਖੇਤੀ ਉਤਪਾਦ ਘੱਟ ਕੀਮਤਾਂ 'ਤੇ ਭਾਰਤ ਵਿੱਚ ਆਉਣੇ ਸ਼ੁਰੂ ਹੋ ਗਏ ਤਾਂ ਪੰਜਾਬ ਦਾ ਕਿਸਾਨ ਕਿੱਧਰ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਕਈ ਦਹਾਕਿਆਂ ਤੋਂ ਕਣਕ ਅਤੇ ਝੋਨੇ ਰਾਹੀਂ ਭਾਰਤ ਦੇ ਰਾਸ਼ਟਰੀ ਅੰਨ ਭੰਡਾਰ ਵਿੱਚ ਵੱਡਾ ਯੋਗਦਾਨ ਪਾ ਰਿਹਾ ਹੈ।ਇਸ ਦੇ ਬਾਵਜੂਦ ਕੇਂਦਰ ਸਰਕਾਰ ਵੱਲੋਂ ਕਿਸਾਨੀ ਨੂੰ ਤਬਾਹ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਸਪੀਕਰ ਸੰਧਵਾਂ ਨੇ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਨੇ ਅਮਰੀਕਾ ਅੱਗੇ ਗੋਡੇ ਟੇਕ ਦਿੱਤੇ ਹਨ ਅਤੇ ਭਾਰਤ ਦੇ ਹਿੱਤ ਵੇਚ ਦਿੱਤੇ ਹਨ।ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਦੇ ਵਿਸ਼ਾਲ ਬਾਜ਼ਾਰ ਵਿੱਚ ਅਮਰੀਕੀ ਖੇਤੀ ਉਤਪਾਦਾਂ ਦੀ



ਬਰਾਮਦ ਵਧਾਏਗਾ, ਅਮਰੀਕੀ ਕੀਮਤਾਂ ਨੂੰ ਉਚਾ ਚੁੱਕੇਗਾ, ਅਮਰੀਕਾ ਵਿੱਚ ਨਕਦੀ ਪਹੁੰਚਾਏਗਾ ਅਤੇ ਅਮਰੀਕੀ ਆਰਥਿਕਤਾ ਨੂੰ ਮਜ਼ਬੂਤ ਕਰੇਗਾ ਜਦ ਕਿ ਭਾਰਤ ਨੂੰ ਇਸ ਦਾ ਨੁਕਸਾਨ ਹੋਵੇਗਾ।ਉਨ੍ਹਾਂ ਭਾਜਪਾ ਨੂੰ ਚਿਤਾਵਨੀ ਦਿੱਤੀ ਕਿ ਪੰਜਾਬ ਦੇ ਲੋਕ ਦੇਸ਼ ਦੇ 'ਅੰਨਦਾਤਾ' ਦੀ ਸ਼ਾਨ ਤੇ ਭਵਿੱਖ 'ਤੇ ਕੋਈ ਵੀ ਹਮਲਾ ਬਰਦਾਸ਼ਤ ਨਹੀਂ ਕਰਨਗੇ ਅਤੇ ਸੱਚਾਈ ਨੂੰ ਹਰ ਪਿੰਡ ਅਤੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਕਿਸਾਨ ਮਾਰੂ ਇਸ ਸਮਝੌਤੇ ਦੀ ਡਟ ਕੇ ਵਿਰੋਧਤਾ ਕਰਦੇ ਹਨ ਅਤੇ ਕੇਂਦਰ ਸਰਕਾਰ ਦੀ ਇਸ ਕੋਝੀ ਸਾਜ਼ਿਸ਼ ਨੂੰ ਰੋਕਣ ਲਈ ਹਰ ਹੀਲਾ ਵਰਤਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਦੇਸ਼ ਵਿਰੋਧੀ ਸਮਝੌਤੇ ਦਾ ਡੱਟ ਕੇ ਵਿਰੋਧ ਕਰਦੀ ਹੈ।

# ਅਮਰੀਕਾ ਨਾਲ ਵਪਾਰ ਸਮਝੌਤੇ ਖਿਲਾਫ ਐੱਸ ਕੇ ਐੱਮ ਦਾ ਸੰਘਰਸ਼ ਜਾਰੀ : ਡਾ. ਅਜਨਾਲਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**
ਸਾਡੇ ਦੇਸ਼ ਦੇ ਕਿਸਾਨਾਂ ਨੂੰ ਜੇਕਰ ਸਮੁੱਚੇ ਦੇਸ਼ ਵਿਚ ਪੈਦਾ ਕੀਤੀਆਂ ਜਾ ਰਹੀਆਂ ਸਾਰੀਆਂ ਫਸਲਾਂ ਸਮੇਤ, ਦਾਲਾਂ, ਤੇਲ ਬੀਜ ਅਤੇ ਸਮੁੱਚੀਆਂ ਸਬਜ਼ੀਆਂ, ਫਲਾਂ, ਦੁੱਧ, ਲੱਕੜੀ ਆਦਿਕ ਦੀਆਂ ਕੀਮਤਾਂ ਜੇਕਰ ਸੀ+2 ਤੇ 50 ਪ੍ਰੀਸ਼ਦ ਵਾਧਾ ਨਾਲ ਐੱਮ ਐੱਸ ਪੀ ਦੀ ਗਰੰਟੀ 'ਤੇ ਦਿੱਤੀਆਂ ਜਾਣ ਤਾਂ ਅਸੀਂ ਇਨ੍ਹਾਂ ਵਿੱਚ ਆਤਮ ਨਿਰਭਰ ਹੀ ਨਹੀਂ ਹੋਵਾਂਗੇ ਸਗੋਂ ਇਹ ਖੇਤੀ ਵਸਤਾਂ ਲੋੜਵੰਦ ਦੇਸ਼ਾਂ ਨੂੰ ਦੁਵੱਲੇ ਵਪਾਰ 'ਚ ਭੇਜ ਕੇ ਲੱਖਾਂ ਕਰੋੜਾਂ ਦੀ ਵਿਦੇਸ਼ੀ ਮੁੱਦਰਾ ਕਮਾਵਾਂਗੇ ਅਤੇ ਸਾਡੇ ਦੇਸ਼ ਦੇ ਸਮੂਹ ਕਿਸਾਨਾਂ ਦੀ ਆਰਥਿਕ ਹਾਲਤ ਵੀ ਬੇਹਤਰ ਹੋਵੇਗੀ ਅਤੇ ਦੇਸ਼ ਦੀ ਗ਼ਰੀਬੀ ਨੂੰ ਠੱਲ੍ਹ ਪਵੇਗੀ! ਅਜਿਹੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਾਨੂੰ ਅਮਰੀਕਾ ਦੇ ਥੱਲੇ ਲੱਗ ਕੇ ਖੇਤੀ ਸਮਝੌਤਾ ਨਹੀਂ ਕਰਨਾ ਚਾਹੀਦਾ ਜਦੋਂਕਿ ਪੰਜਾਬ ਦੇ ਲੋਕ ਖ਼ਾਸਕਰ ਸਮੂਹ ਕਿਸਾਨ ਜਥੇਬੰਦੀਆਂ ਅਤੇ ਹੋਰ ਜਮਹੂਰੀਅਤ ਪਸੰਦ ਲੋਕ 1995 ਤੋਂ ਹੀ ਜਦੋਂ ਦਾ ਡਬਲਯੂਟੀਓ ਬਣਿਆ ਉਦੋਂ ਤੋਂ ਹੀ ਮੰਗ ਕਰਦੇ ਆ ਰਹੇ ਹਨ ਕਿ ਇਸ ਸਮਝੌਤੇ ਤੋਂ ਖੇਤੀ ਨੂੰ ਬਾਹਰ ਰੱਖਿਆ ਜਾਵੇ! ਇਸ ਕਰਕੇ ਸੰਯੁਕਤ ਕਿਸਾਨ ਮੋਰਚਾ ਹੋਰ ਜਨਤਕ ਜਥੇਬੰਦੀਆਂ ਨਾਲ ਮਿਲ ਕੇ ਲਗਾਤਾਰ ਵੱਡੇ ਵੱਡੇ ਇਕੱਠ ਕਰਕੇ ਪੁਰਜ਼ੋਰ ਮੰਗ ਕਰ ਰਿਹਾ ਹੈ ਕਿ ਮੋਦੀ ਟਰੰਪ ਦੇ ਵਪਾਰ ਵਿੱਚ ਖੇਤੀ ਖੇਤਰ ਸਬੰਧੀ ਕੋਈ ਸਮਝੌਤੇ ਨਾ ਕੀਤਾ ਜਾਵੇ! ਡਾ. ਅਜਨਾਲਾ ਨੇ ਕਿਹਾ ਕਿ ਖੇਤੀ ਨੂੰ ਸਮਝੌਤੇ ਤੋਂ ਬਾਹਰ ਰਖਵਾਉਣ ਲਈ ਐੱਸਕੇਐੱਮ ਦਾ ਸੰਘਰਸ਼ ਜਾਰੀ ਹੈ ਜਿਸ ਦੀ ਅਗਲੀ ਕੜੀ ਵਜੋਂ 22 ਫਰਵਰੀ ਨੂੰ ਬੀਜੇਪੀ ਦੇ ਪ੍ਰਮੁੱਖ ਆਗੂਆਂ ਅਤੇ ਪੰਜਾਬ ਸਰਕਾਰ ਦੇ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਦਿੱਤੇ ਜਾ ਰਹੇ ਹਨ!



# ਲੋਕ-ਪੱਖੀ ਇਤਿਹਾਸਕਾਰ ਐੱਸ ਇਰਫ਼ਾਨ ਹਬੀਬ ਤੇ ਅਦਾਕਾਰ ਨਸੀਰੂਦੀਨ ਸ਼ਾਹ ਦੀ ਜ਼ੁਬਾਨਬੰਦੀ ਦਾ ਵਿਰੋਧ

## ਫ਼ਿਰਕੂ ਤਾਕਤਾਂ ਵੱਲੋਂ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ ਗੈਰ-ਸੰਵਿਧਾਨਿਕ : ਤਰਕਸ਼ੀਲ਼ ਸੁਸਾਇਟੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਤਰਕਸ਼ੀਲ਼ ਸੁਸਾਇਟੀ ਪੰਜਾਬ ਨੇ ਭਾਜਪਾ ਹਕੂਮਤ ਦੀ ਸਰਪ੍ਰਸਤੀ ਹੇਠ ਫ਼ਿਰਕੂ ਅਨਸਰਾਂ ਵੱਲੋਂ ਮੁਲਕ ਦੇ ਦੋ ਪ੍ਰਸਿੱਧ ਪ੍ਰਗਤੀਸ਼ੀਲ ਵਿਦਵਾਨਾਂ ਐੱਸ. ਇਰਫ਼ਾਨ ਹਬੀਬ ਅਤੇ ਅਦਾਕਾਰ ਨਸੀਰੁਦੀਨ ਸ਼ਾਹ ਉਪਰ ਯੋਜਨਾਬੱਧ ਢੰਗ ਨਾਲ ਹਮਲਾ ਕਰਕੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨ ਦੀ ਫਾਸ਼ੀਵਾਦੀ ਕਾਰਵਾਈ ਦਾ ਸਖ਼ਤ ਵਿਰੋਧ ਕਰਦਿਆਂ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।ਸੁਸਾਇਟੀ ਦੇ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਸੁਖਵਿੰਦਰ ਬਾਗਪੁਰ ਅਤੇ ਸੁਮੀਤ ਅੰਮ੍ਰਿਤਸਰ ਨੇ ਤਰਕਸ਼ੀਲ਼ ਭਵਨ ਬਰਨਾਲਾ ਤੋਂ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਸਮਾਜਿਕ ਮੁੱਦਿਆਂ ਤੇ ਬੇਬਾਕੀ ਨਾਲ ਆਜ਼ਾਦਾਨਾ ਵਿਚਾਰ ਪ੍ਰਗਟ ਕਰਨ ਵਾਲੇ ਪ੍ਰਸਿੱਧ ਅਦਾਕਾਰ ਨਸੀਰੁਦੀਨ ਸ਼ਾਹ ਦਾ ਮੁੰਬਈ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਨਾਲ ਵਿਚਾਰ ਚਰਚਾ ਕਰਨ ਤੋਂ ਕੁੱਝ ਘੰਟੇ ਪਹਿਲਾਂ ਪ੍ਰਬੰਧਕਾਂ ਵੱਲੋਂ ਹਕੂਮਤੀ ਦਬਾਅ ਹੇਠ ਸੱਦਾ ਪੱਤਰ ਰੱਦ ਕਰਨ ਅਤੇ ਦਿੱਲੀ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰ ਰਹੇ ਨਾਮਵਰ ਲੋਕ ਪੱਖੀ ਇਤਿਹਾਸਕਾਰ ਐੱਸ.ਇਰਫ਼ਾਨ ਹਬੀਬ ਉਪਰ ਪਾਣੀ ਦੀਆਂ ਬੋਤਲਾਂ ਸੁੱਟ ਕੇ ਉਹਨਾਂ ਨੂੰ ਦਹਿਸ਼ਤਜ਼ਦਾ ਕਰਨ ਅਤੇ ਸਮਾਗਮ ਵਿੱਚ ਖਲਲ ਪਾਉਣ ਦੀ ਫਾਸ਼ੀਵਾਦੀ ਕਾਰਵਾਈ ਮੋਦੀ ਹਕੂਮਤ ਵੱਲੋਂ ਦੇਸ਼ ਵਿੱਚ ਤਾਨਾਸ਼ਾਹੀ ਰਾਜ ਸਥਾਪਿਤ ਕਰਨ ਦਾ ਨੰਗਾ ਚਿੱਟਾ ਸਬੂਤ ਹੈ ਅਤੇ ਵਿਚਾਰ ਪ੍ਰਗਟਾਵੇ ਦੀ ਸੰਵਿਧਾਨਕ ਆਜ਼ਾਦੀ ਉਤੇ ਸਿੱਧਾ ਹਮਲਾ ਹੈ।ਤਰਕਸ਼ੀਲ਼ ਆਗੂਆਂ ਨੇ ਦੋਸ਼ ਲਾਇਆ ਕਿ ਮੋਦੀ ਹਕੂਮਤ ਦੇਸ਼ ਵਿਰੋਧੀ ਭਾਰਤ-ਅਮਰੀਕਾ ਮੁਕਤ ਵਪਾਰ ਲੋਕ ਮਾਰੂ ਸਮਝੌਤੇ, ਬਿਜਲੀ ਸੋਧ ਬਿੱਲ, ਬੀਜ ਬਿੱਲ ਦੇ ਕਾਲੇ ਕਾਨੂੰਨਾਂ ਅਤੇ ਐਪਸਟੀਨ ਫਾਈਲ ਸਕੈਂਡਲ ਕਾਰਨ ਉਠਣ ਵਾਲੇ ਜਨਤਕ ਪ੍ਰਤੀਰੋਧ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਲੋਕ ਪੱਖੀ ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁਨਾਂ ਵਿਰੁੱਧ ਅਰਬਨ ਨਕਸਲ ਦਾ ਇੱਕ ਯੋਜਨਾਬੱਧ ਝੂਠਾ ਪ੍ਰਚਾਰ ਕਰਕੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨਾ ਚਾਹੁੰਦੀ ਹੈ ਪਰ ਮੁਲਕ ਦੇ ਜਮਹੂਰੀ ਚੇਤਨ ਲੋਕ ਅਜਿਹੇ ਲੋਕ ਵਿਰੋਧੀ ਮਨਸੂਬੇ ਕਦੇ ਵੀ ਸਫਲ ਨਹੀਂ ਹੋਣ ਦੇਣਗੇ।ਉਨ੍ਹਾਂ ਨੇ ਕਿਹਾ ਕਿ ਲੋਕ ਪੱਖੀ ਬੁੱਧੀਜੀਵੀਆਂ ਨੂੰ ਚੁੱਪ ਕਰਵਾਉਣ ਦਾ ਭਰਮ ਪਾਲਣ ਵਾਲੀਆਂ ਫ਼ਿਰਕੂ ਤਾਕਤਾਂ ਨੂੰ ਨਸੀਰੁਦੀਨ ਸ਼ਾਹ ਅਤੇ ਐੱਸ. ਇਰਫ਼ਾਨ ਹਬੀਬ ਵੱਲੋਂ ਤੁਰੰਤ ਦਿੱਤੀ ਪ੍ਰਤੀਕਿਰਿਆ ਕਿ ਉਹ ਆਪਣੀ ਗੱਲ ਹਰ ਹਾਲਤ ਭਵਿੱਖ ਵਿੱਚ ਵੀ ਜਾਰੀ ਰੱਖਣਗੇ', ਦੇ ਨਿਡਰਤਾ ਨਾਲ ਕੀਤੇ ਐਲਾਨ ਤੋਂ ਬਾਖੂਬੀ ਸਪੱਸ਼ਟ ਹੋ ਜਾਣਾ ਚਾਹੀਦਾ ਹੈ ਕਿ ਹੱਕ ਸੱਚ ਦੀ ਆਵਾਜ਼ ਨੂੰ ਕਿਸੇ ਵੀ ਜਬਰ ਰਾਹੀਂ ਖਾਮੋਸ਼ ਨਹੀਂ ਕੀਤਾ ਜਾ ਸਕਦਾ।ਤਰਕਸ਼ੀਲ਼ ਆਗੂਆਂ ਨੇ ਸਮੂਹ ਲੋਕ ਪੱਖੀ ਜਮਹੂਰੀ ਤੇ ਜਨਤਕ ਜਥੇਬੰਦੀਆਂ ਅਤੇ ਬੁੱਧੀਜੀਵੀ ਵਰਗ ਨੂੰ ਇੱਕਜੁੱਟ ਹੋ ਕੇ ਹਕੂਮਤੀ ਤਾਨਾਸ਼ਾਹੀ, ਕਾਰਪੋਰੇਟ ਪੱਖੀ ਨੀਤੀਆਂ, ਕਾਲੇ ਕਾਨੂੰਨਾਂ ਅਤੇ ਫ਼ਿਰਕੂ ਫ਼ਾਸ਼ੀਵਾਦ ਦਾ ਡਟਵਾਂ ਵਿਰੋਧ ਕਰਨ ਦੀ ਅਪੀਲ ਕੀਤੀ ਹੈ।



# ਭੁਪਿੰਦਰ ਸਿੰਘ ਭਿੰਦਾ ਸਾਥੀਆਂ ਸਮੇਤ ਮਜੀਠੀਆ ਨੂੰ ਮਿਲੇ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**
ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਦੇ ਮਾਝਾ ਜ਼ੋਨ ਦੇ ਮੀਤ ਪ੍ਰਧਾਨ ਅਤੇ ਸੀਨੀਅਰ ਅਕਾਲੀ ਆਗੂ ਭੁਪਿੰਦਰ ਸਿੰਘ ਭਿੰਦਾ ਫ਼ਤਿਹਾਬਾਦ ਨੇ ਸਾਥੀਆਂ ਸਮੇਤ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨਾਲ਼ ਉਨ੍ਹਾਂ ਦੇ ਅੰਮ੍ਰਿਤਸਰ ਗ੍ਰਹਿ ਵਿਖੇ ਮੁਲਾਕਾਤ ਕੀਤੀ।ਇਸ ਮੌਕੇ ਮਜੀਠੀਆ ਨੂੰ ਜੇਲ੍ਹ ਵਿਚੋਂ ਰਿਹਾਅ ਹੋ ਕੇ ਆਉਣ ਤੇ ਵਧਾਈ ਦਿੱਤੀ।ਮੁਲਾਕਾਤ ਦੌਰਾਨ ਸ. ਭਿੰਦਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਤਾਕਤ ਦਾ ਇਸਤੇਮਾਲ ਕਰਕੇ ਮਜੀਠੀਆ ਨੂੰ ਜੇਲ੍ਹ ਵਿੱਚ ਰੱਖਿਆ ਅਤੇ ਸਿਆਸੀ ਤੌਰ 'ਤੇ ਦਬਾਇਆ, ਪਰ ਉਹ ਇਸ ਵਿੱਚ ਆਪ ਵਾਲੇ ਕਾਮਯਾਬ ਨਹੀਂ ਹੋਏ।ਉਨ੍ਹਾਂ ਕਿਹਾ ਕਿ ਮਜੀਠੀਆ ਪਹਿਲਾਂ ਨਾਲੋਂ ਹੋਰ ਲੋਕ ਪ੍ਰਿਯਤਾ ਨਾਲ ਰਿਹਾਅ ਹੋ ਕੇ ਬਾਹਰ ਆਏ ਹਨ।ਉਨ੍ਹਾਂ ਕਿਹਾ ਕਿ ਮਜੀਠੀਆ ਦੀ ਰਿਹਾਈ ਨਾਲ ਹਰ ਅਕਾਲੀ ਵਰਕਰ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਭਾਰੀ ਬਹੁਮਤ ਨਾਲ ਸਰਕਾਰ ਵਿੱਚ ਵਾਪਸੀ ਕਰੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਬਲਦੇਵ ਸਿੰਘ ਸ਼ੈਲਰ ਵਾਲੇ, ਸੁਖਪਾਲ ਸਿੰਘ ਰਿਟਾਇਰਡ ਕਾਨੂੰਗੋ, ਸੰਤੋਖ ਸਿੰਘ ਫੇਰੂਮਾਨ, ਜਸਬੀਰ ਸਿੰਘ ਬਿੱਲਾ ਪ੍ਰਧਾਨ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੌਕਰੀ ਕਰ ਰਹੇ ਅਧਿਆਪਕਾਂ ਉੱਪਰ ਲਾਈ '5' ਦੀ ਸ਼ਰਤ ਨੂੰ ਰੱਦ ਕਰੇ : ਡੀ ਟੀ ਐੱਫ਼

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**
25-25 ਸਾਲ ਤੋਂ ਨੌਕਰੀ ਕਰ ਰਹੇ ਅਧਿਆਪਕਾਂ ਉਪਰ '5' ਟੈਸਟ ਪਾਸ ਕਰਨ ਦੇ ਸੁਪਰੀਮ ਕੋਰਟ ਦੇ ਆਏ ਇੱਕ ਫੈਸਲੇ ਨੇ ਦੇਸ਼ ਭਰ ਦੇ ਲਗਭਗ 25 ਲੱਖ ਅਧਿਆਪਕਾਂ ਦੀ ਨੀਂਦ ਉਡਾ ਦਿੱਤੀ ਹੈ। ਇਸ ਮਸਲੇ ਨੂੰ ਲੈ ਕੇ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਜਗਰਾਓਂ ਵਿਖੇ ਹੋਈ। ਇਸ ਮੀਟਿੰਗ ਬਾਰੇ ਜਾਣਕਾਰੀ ਦਿੰਦੇ ਹੋਏ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਦੱਸਿਆ ਕਿ 1 ਸਤੰਬਰ 2025 ਨੂੰ ਸੁਪਰੀਮ ਕੋਰਟ ਦੇ ਆਏ ਫੈਸਲੇ ਵਿੱਚ ਤੱਥਾਂ ਉਪਰ ਧਿਆਨ ਨਹੀਂ ਦਿੱਤਾ ਗਿਆ ਜਿਸ ਕਾਰਨ ਦੇਸ਼ ਭਰ ਦੇ 25 ਲੱਖ ਸਰਕਾਰੀ ਅਧਿਆਪਕ ਅਤੇ ਪੰਜਾਬ ਦੇ ਲਗਭਗ 70000 ਅਧਿਆਪਕਾਂ ਦੀ ਨੌਕਰੀ 'ਤੇ ਤਲਵਾਰ ਲਟਕ ਗਈ ਹੈ। ਉਨ੍ਹਾਂ ਕਿਹਾ ਕਿ ਸਮੇਂ ਸਮੇਂ 'ਤੇ ਬਣੇ ਐੱਨਸੀਟੀਈ ਦੇ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਭਰਤੀ ਹੋਏ ਅਧਿਆਪਕਾਂ ਨੂੰ ਬਾਅਦ ਵਿੱਚ ਲਾਗੂ ਹੋਏ ਆਰਟੀਈ ਐਕਟ 2009 ਦੀਆਂ ਸ਼ਰਤਾਂ ਅਨੁਸਾਰ '5' ਦਾ ਟੈਸਟ ਪਾਸ ਕਰਨ ਦੀ ਸ਼ਰਤ ਥੋਪਣਾ ਇੱਕ ਤੁਗਲਕੀ ਫ਼ੈਸਲਾ ਹੈ। ਆਗੂਆਂ ਨੇ ਸੁਪਰੀਮ ਕੋਰਟ ਨੂੰ ਇਸ ਫੈਸਲੇ 'ਤੇ ਮੁੜ ਵਿਚਾਰ ਕਰਕੇ ਤੱਥਾਂ ਅਨੁਸਾਰ ਫ਼ੈਸਲਾ ਲੈਣ ਦੀ ਅਪੀਲ ਕੀਤੀ। ਜਥੇਬੰਦੀ ਦੀ ਸੂਬਾ ਪ੍ਰੈੱਸ ਸਕੱਤਰ ਲਖਵੀਰ ਹਰੀਕੇ, ਵਿੱਤ ਸਕੱਤਰ ਜਸਵਿੰਦਰ ਬਠਿੰਡਾ ਅਤੇ ਸੂਬਾ ਸਹਾਇਕ ਪ੍ਰੈੱਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੱਸਿਆ ਕਿ ਇਸ ਮਸਲੇ ਤੇ ਪੰਜਾਬ ਦੀਆਂ 15 ਜਥੇਬੰਦੀਆਂ ਨੇ ਇੱਕ ਮੰਚ ਤੇ ਆ ਕੇ ਸੰਘਰਸ਼ ਕਰਨ ਦਾ ਫ਼ੈਸਲਾ ਲਿਆ ਹੈ, ਜਿਸ ਅਧੀਨ 10-11 ਫਰਵਰੀ ਨੂੰ ਪੂਰੇ ਪੰਜਾਬ ਵਿੱਚ ਜ਼ਿਲਾ ਪੱਧਰ ਤੇ ਪੰਜਾਬ ਸਰਕਾਰ ਦੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਹੁਣ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਮੀਟਿੰਗ ਵਿੱਚ ਫ਼ੈਸਲਾ ਲਿਆ ਗਿਆ ਕਿ 22 ਫਰਵਰੀ ਦੀ ਅਨੰਦਪੁਰ ਸਾਹਿਬ ਦੀ ਰੈਲੀ ਦੀ ਤਿਆਰੀ ਦੇ ਸਬੰਧ ਵਿੱਚ 16 ਫਰਵਰੀ ਨੂੰ ਡੀ ਟੀ ਐੱਫ਼ ਦੀਆਂ ਜ਼ਿਲ੍ਹਾ ਕਮੇਟੀ ਦੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ 17 ਅਤੇ 18 ਫਰਵਰੀ ਨੂੰ ਦੂਸਰੀਆਂ ਜਥੇਬੰਦੀਆਂ ਨਾਲ਼ ਬਲਾਕ ਪੱਧਰ ਤੇ ਸਾਂਝੀਆਂ ਮੀਟਿੰਗਾਂ ਕਰਕੇ ਰੈਲੀ ਲਈ ਕੰਪੇਨ ਸ਼ੁਰੂ ਕੀਤੀ ਜਾਵੇਗੀ। ਮੀਟਿੰਗ ਵਿੱਚ ਮੋਗੇ ਜ਼ਿਲ੍ਹੇ ਦੇ ਸਾਥੀ ਜਸਕਰਨ ਸਿੰਘ ਅਤੇ ਕਮਲਜੀਤ ਕੌਰ ਦੇ ਮਾਮਲੇ ਵਿੱਚ ਸਰਕਾਰ ਵੱਲੋਂ ਲਗਾਤਾਰ ਮੀਟਿੰਗ ਕਰਨ ਤੋਂ ਟਾਲ ਮਟੋਲ ਕਰਨ ਦੀ ਨੀਤੀ ਦੀ ਨਿਖੇਧੀ ਕੀਤੀ ਗਈ। ਆਗੂਆਂ ਨੇ ਕਿਹਾ ਕਿ ਜੇਕਰ 19 ਫਰਵਰੀ ਦੀ ਵਿੱਤ ਮੰਤਰੀ ਅਤੇ ਹੋਰ ਮੰਤਰੀਆਂ ਨਾਲ਼ ਮੀਟਿੰਗ ਵਿੱਚ ਸਰਕਾਰ ਨੇ ਕੋਈ ਸਹੀ ਫ਼ੈਸਲਾ ਨਾ ਲਿਆ ਤਾਂ ਦੂਸਰੀਆਂ ਜਥੇਬੰਦੀਆਂ ਨਾਲ਼ ਰਾਇ ਕਰਕੇ ਅਗਲਾ ਸੰਘਰਸ਼ ਵਿੱਢਿਆ ਜਾਵੇਗਾ। ਮੀਟਿੰਗ ਵਿੱਚ ਸੂਬਾ ਕਮੇਟੀ ਮੈਂਬਰ ਜਗਵੀਰਨ ਕੌਰ ਮੋਗਾ, ਮੈਡਮ ਮਧੂਬਾਲਾ ,ਬਲਰਾਮ ਸ਼ਰਮਾ ਫਿਰੋਜ਼ਪੁਰ, ਗਗਨਦੀਪ ਸਿੰਘ ਬਰਾੜ, ਕੁਲਵਿੰਦਰ ਸਿੰਘ ਵਿਰਕ, ਜਤਿੰਦਰ ਸਿੰਘ ਬਠਿੰਡਾ, ਦਵਿੰਦਰ ਸਿੰਘ ਲੁਧਿਆਣਾ, ਕੁਲਦੀਪ ਸਿੰਘ ਫਰੀਦਕੋਟ, ਪ੍ਰਦੀਪ ਸਿੰਘ, ਪਰਮਿੰਦਰ ਸਿੰਘ, ਨੀਰਜ ਬਜਾਜ, ਚਰਨਜੀਤ ਸਿੰਘ ਮੁਕਤਸਰ ਸਾਹਿਬ, ਜਸਵਿੰਦਰ ਸਿੰਘ ਜਵਾਹਰਕੇ, ਕੁਲਦੀਪ ਸਿੰਘ ਮਾਨਸਾ ਆਦਿ ਆਗੂ ਸ਼ਾਮਲ ਸਨ।



# ਦਿਨ-ਦਿਹਾੜੇ ਔਰਤ ਦੀਆਂ ਵਾਲੀਆਂ ਖੋਹ ਕੇ ਲੁਟੇਰੇ ਫ਼ਰਾਰ

**ਗੁਰਦਾਸਪੁਰ, (ਜਨਕ ਮਹਾਜਨ)**-ਪੁਲਿਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਚਾਵਾ ਦੀ ਮਹਿਲਾ ਦੀਆਂ ਦਿਨ ਦਿਹਾੜੇ ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੀ ਸੇਮ ਨਹਿਰ ਦੇ ਪਿੱਛੇ ਦੋ ਮੋਟਰਸਾਈਕਲ ਸਵਾਰਾਂ ਵੱਲੋਂ ਅੱਧੇ ਤੋਲੇ ਤੋਂ ਵੱਧ ਦੋਵੇਂ ਕੰਨਾਂ ਦੀਆਂ ਵਾਲੀਆਂ ਲਾਹ ਕੇ ਫ਼ਰਾਰ ਹੋਣ ਦੀ ਖ਼ਬਰ ਮਿਲੀ ਹੈ। ਪੀੜਤ ਔਰਤ ਸਨੇਹ ਲਤਾ ਪਤਨੀ ਬਲਦੇਵ ਰਾਜ ਵਾਸੀ ਚਾਵਾ ਨੇ ਦੱਸਿਆ ਕਿ ਉਹ ਮਹਾਂ-ਸ਼ਿਵਰਾਤਰੀ ਦਾ ਦਿਹਾੜਾ ਹੋਣ ਕਰਕੇ ਸ਼ਿਵ ਮੰਦਰ ਕੋਹਲੀਆਂ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਮੱਥਾ ਟੇਕ ਕੇ ਆ ਰਹੇ ਸਨ ਕਿ ਮੇਰਾ ਲੜਕਾ ਸੁਨੀਲ ਮੋਟਰਸਾਈਕਲ ਚਲਾ ਰਿਹਾ ਸੀ ਕਿ ਜਦੋਂ ਅਸੀਂ ਸੇਮ ਨਹਿਰ ਨਜ਼ਦੀਕ ਪਹੁੰਚੇ ਤਾਂ ਲੁਟੇਰਿਆਂ ਨੇ ਆਪਣਾ ਮੋਟਰਸਾਈਕਲ ਸਾਡੇ ਅੱਗੇ ਲਗਾ ਕੇ ਮੇਰੇ ਕੰਨਾਂ ਵਿਚ ਪਈਆਂ ਦੋਵੇਂ ਵਾਲੀਆਂ ਲਾਹ ਕੇ ਲੈ ਗਏ। ਉਕਤ ਲੁਟੇਰੇ ਵਾਰਦਾਤ ਨੂੰ ਅੰਜਾਮ ਦੇ ਗੁਰਦਾਸਪੁਰ-ਘੱਲੂਘਾਰਾ ਵਾਲੀ ਸੜਕ ਨੂੰ ਫ਼ਰਾਰ ਹੋ ਗਏ। ਇਸ ਘਟਨਾ ਦੀ ਸੂਚਨਾ ਥਾਣਾ ਪੁਰਾਣਾ ਸ਼ਾਲਾ ਵਿਖੇ ਦੇ ਦਿੱਤੀ ਗਈ ਹੈ। ਅਜਿਹੀਆਂ ਘਟਨਾਵਾਂ ਨਿੱਤ ਵਾਪਰਨ ਨਾਲ ਇਲਾਕੇ ਦੇ ਲੋਕ ਸਹਿਮੇ ਹੋਏ ਨਜ਼ਰ ਆ ਰਹੇ ਹਨ। ਪੀੜਤ ਔਰਤ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਮੇਰੀਆਂ ਵਾਲੀਆਂ ਲਾਹ ਕੇ ਭੱਜਣ ਵਾਲੇ ਲੁਟੇਰਿਆਂ ਨੂੰ ਕਾਬੂ ਕਰਕੇ ਮੈਨੂੰ ਇਨਸਾਫ਼ ਦਿਵਾਇਆ ਜਾਵੇ।



ਪੀੜਤ ਔਰਤ ਜਾਣਕਾਰੀ ਦਿੰਦੀ ਹੋਈ।

# ਬਾਬਾ ਲਾਡਾ ਦੇ ਗ੍ਰਹਿ ਵਿਖੇ ਬੜੀ ਸ਼ਰਧਾ ਨਾਲ ਮਨਾਈ ਮਹਾਂ-ਸ਼ਿਵਰਾਤਰੀ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ )**
ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਮਾਨ ਸੈਂਡਵਾਲ ਵਿਖੇ ਬਾਬਾ ਲਾਡਾ ਦੇ ਗ੍ਰਹਿ ਵਿਖੇ ਮਹਾਂ-ਸ਼ਿਵਰਾਤਰੀ ਦਾ ਤਿਉਹਾਰ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਬਾਬਾ ਬਲਦੇਵ ਸਿੰਘ ਵੱਲੋਂ ਸੰਗਤਾਂ ਨੂੰ ਕਥਾ ਵੀਚਾਰ ਸਰਵਣ ਕਰਵਾਇਆ ਗਿਆ। ਇਸ ਤੋਂ ਬਾਅਦ ਭਾਈ ਹਰਪ੍ਰੀਤ ਸਿੰਘ ਦੇ ਰਾਗੀ ਜੱਥੇ ਵੱਲੋਂ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਚਾਹ ਪਕੌੜਿਆਂ ਅਤੇ ਪੂਰੀਆਂ ਛੋਲੇ, ਜਲੇਬੀਆਂ ਆਦਿ ਵੱਖ-ਵੱਖ ਪਕਵਾਨਾਂ ਦੇ ਲੰਗਰ ਸੰਗਤਾਂ ਨੂੰ ਛਕਾਏ ਗਏ। ਰਾਤ ਵੇਲੇ ਸ਼੍ਰੀ ਵੈਸ਼ਨੋ ਭਜਨ ਮੰਡਲੀ ਤਲਵੰਡੀ ਭਾਰਥ ਵੱਲੋਂ ਸ਼ਿਵ ਜੀ ਮਹਾਰਾਜ ਭੋਲੇ ਸ਼ੰਕਰ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।ਸਾਰੀ ਰਾਤ ਸੰਗਤਾਂ ਨੇ ਪੂਰੇ ਜੋਸ਼ੋ ਖਰੋਸ਼ ਨਾਲ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਮਨਾਇਆ।ਇਸ ਮੌਕੇ ਬਾਬਾ ਲਾਡਾ, ਜੋਗਿੰਦਰ ਸਿੰਘ, ਨਿਰਮਲ ਸਿੰਘ ਮਾਨ, ਤਰਸੇਮ ਸਿੰਘ, ਬਲਦੇਵ ਸਿੰਘ, ਦਲਜੀਤ ਸਿੰਘ, ਰਣਜੀਤ ਸਿੰਘ, ਅਠਵਾਲ, ਜਸਪਾਲ ਸਿੰਘ ਡੈਰੀਕੇ, ਇਕਬਾਲ ਸਿੰਘ ਵਡਾਲਾ, ਬਾਬਾ ਬਾਜ਼ ਸਿੰਘ, ਜਸਕਰਨ ਸਿੰਘ, ਕੁਲਦੀਪ ਸਿੰਘ, ਬਲਵਿੰਦਰ ਸਿੰਘ ਮਰੜ, ਮੱਸਾ ਸਿੰਘ ਅਠਵਾਲ, ਬਲਵਿੰਦਰ ਸਿੰਘ ਪ੍ਰਧਾਨ ਮਰੜ, ਗੁਰਪਿੰਦਰ ਸਿੰਘ, ਜਤਿੰਦਰ ਸਿੰਘ ਕਾਲਾ ਅਤੇ ਸੁਖਪਾਲ ਸਿੰਘ ਆਦਿ ਹਾਜ਼ਰ ਸਨ।

# ਦੋ ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰਾਂ ਖ਼ਿਲਾ਼ਫ ਕੇਸ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਦੀਨਾਨਗਰ ਪੁਲਿਸ ਦੇ ਏ. ਐੱਸ. ਆਈ. ਜਸਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਪਿੰਡ ਪਨਿਆੜ ਨੇੜੇ ਗੁੱਜਰਾਂ ਦੇ ਡੇਰੇ ਤੋਂ ਸਤਨਾਮ ਸਿੰਘ ਉਰਫ਼ ਪੰਮਾ ਪੁੱਤਰ ਸੋਹਨ ਸਿੰਘ ਵਾਸੀ ਪਨਿਆੜ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫ਼ਾਫ਼ੇ ਨੂੰ ਚੈੱਕ ਕੀਤਾ ਜਿਸ ਵਿਚੋਂ 7 ਗਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਤਿੱਬੜ ਦੇ ਏ. ਐੱਸ. ਆਈ. ਵਿਜੇ ਕੁਮਾਰ ਨੇ ਸਮੇਤ ਪੁਲਸ ਪਾਰਟੀ ਗਸ਼ਤ ਪੁਲੀ ਸੂਆ ਨਵ੍ਹਾ ਪਿੰਡ ਹੁੰਦਲ ਤੋਂ ਮੱਖਣ ਮਸੀਹ ਉਰਫ਼ ਮੱਟੂ ਪੁੱਤਰ ਨਿਮਾ ਮਸੀਹ ਵਾਸੀ ਕਾਦੀਆਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ 6 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਭੈਣੀ ਮੀਆਂ ਖਾਂ ਦੇ ਏਐੱਸਆਈ ਜਗਦੀਸ਼ ਸਿੰਘ ਨੇ ਸਮੇਤ ਪੁਲਿਸ ਪਾਰਟੀ ਪਸਵਾਲ ਤੋਂ ਪਰਮਜੀਤ ਸਿੰਘ ਉਰਫ਼ ਕਾਲੀ ਪੁੱਤਰ ਬੀਰ ਸਿੰਘ ਵਾਸੀ ਔਲਖ ਕਲਾਂ ਥਾਣਾ ਸ੍ਰੀ ਹਰਗੋਬਿੰਦਪੁਰ ਜੋ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ, ਉਸ ਪਾਸੋਂ ਇਕ ਸਿਲਵਰ ਪੰਨੀ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਨੇ ਦੋਵਾਂ ਮਾਮਲਿਆਂ ਵਿਚ ਕਾਬੂ ਕੀਤੇ ਨਸ਼ਾ ਤਸਕਰਾਂ ਖ਼ਿਲਾ਼ਫ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸ਼ੈਰੀ ਕਲਸੀ ਨੇ ਚੱਲ ਰਹੇ ਵਿਕਾਸ ਕੰਮਾਂ ਦਾ ਲਿਆ ਜਾਇਜ਼ਾ

**ਬਟਾਲਾ, (ਤਰਲੋਕ ਬੱਗਾ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਕਾਰਪੋਰੇਸ਼ਨ ਦਫਤਰ ਦੇ ਸਾਹਮਣੇ ਖੂਬਸੂਰਤ ਚੌਂਕ ਅਤੇ ਸੜਕ ਬਣਾਉਣ ਦਾ ਕੰਮ ਚੱਲ ਰਿਹਾ ਹੈ ਜਿਸ ਸਬੰਧੀ ਉਨ੍ਹਾਂ ਵੱਲੋਂ ਬੀਤੀ ਦੇਰ ਰਾਤ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਲਿਆ ਗਿਆ ਅਤੇ ਸਬੰਧਤ ਵਿਭਾਗ ਨੂੰ ਨਿਸ਼ਚਿਤ ਸਮੇਂ ਅੰਦਰ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਚੌਂਕ ਦੇ ਚੌੜੇ ਹੋਣ ਨਾਲ ਟਰੈਫਿਕ ਵਿੱਚ ਕਾਫੀ ਸੁਧਾਰ ਹੋਵੇਗਾ ਅਤੇ ਲੋਕਾਂ ਅਤੇ ਖਾਸਕਰਕੇ ਨੇੜਲੇ ਦੁਕਾਨਦਾਰਾਂ ਨੂੰ ਆਵਾਜਾਈ ਦੀ ਹੋਰ ਬਿਹਤਰ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਇਥੇ ਸੀਮੈਂਟਿਡ ਸੜਕ ਵੀ ਬਣਾਈ ਜਾ ਰਹੀ ਹੈ ਅਤੇ ਪੰਜ ਸਾਲ ਤੱਕ ਸਬੰਧਤ ਠੇਕੇਦਾਰ ਇਸ ਦੇ ਰੱਖ ਰਖਾਅ ਲਈ ਜ਼ਿੰਮੇਵਾਰ ਹੋਣਗੇ।ਮੈਨੂੰ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਸੌਂਪੀ ਹੈ ਉਸ ਲਈ ਮੈਂ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਾਂ।ਉਨ੍ਹਾਂ ਕਿਹਾ ਕਿ ਮੇਰੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾਣ।



# ਪ੍ਰੀਖਿਆਵਾਂ 'ਚ ਚੜ੍ਹਦੀ ਕਲਾ ਲਈ ਅਰਦਾਸ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਅਧਿਆਪਕ ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਨਤਮਸਤਕ ਹੋਏ।ਉਨ੍ਹਾਂ ਬੱਚਿਆਂ ਦੇ ਭਵਿੱਖ ਲਈ ਗੁਰੂ ਸਾਹਿਬ ਦਾ ਓਟ ਆਸਰਾ ਲੈਂਦਿਆਂ ਅਰਦਾਸ ਕੀਤੀ ਕਿ ਗੁਰੂ ਸਾਹਿਬ ਬੱਚਿਆਂ ਦੇ ਸਿਰ ਤੇ ਮਿਹਰ ਭਰਿਆ ਹੱਥ ਰੱਖ ਕੇ ਉਨ੍ਹਾਂ ਨੂੰ ਵਧੀਆ ਪੇਪਰ ਕਰਨ ਦਾ ਬਲ, ਬੁੱਧੀ, ਸਮਰੱਥਾ ਬਖ਼ਸ਼ਣ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਬੱਚਿਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਜੌੜਾ ਛੱਤਰਾਂ ਵਿਖੇ ਵਿਅਕਤੀ ਦੀ ਕੁੱਟਮਾਰ; ਦੋਸ਼ੀਆਂ ਖ਼ਿਲਾ਼ਫ ਪੁਲਸ ਕਾਰਵਾਈ ਆਰੰਭ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਦਰ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਹਿੰਮਤ ਸਿੰਘ ਪੁੱਤਰ ਸਾਧੂ ਸਿੰਘ ਨੇ ਦੱਸਿਆ ਕਿ 2 ਫਰਵਰੀ ਨੂੰ ਉਹ ਨਿੱਜੀ ਕੰਮ ਲਈ ਜੌੜਾ ਛੱਤਰਾਂ ਵਿਖੇ ਗਿਆ ਸੀ। ਸ਼ਾਮ 6 ਵਜੇ ਦੇ ਕਰੀਬ ਜਦ ਉਹ ਅੱਡਾ ਜੌੜਾ ਛਤਰਾਂ ਪੁੱਜਾ ਤਾਂ ਜਗੀਰ ਸਿੰਘ ਉਰਫ਼ ਸੋਢੀ ਪੁੱਤਰ ਬਚਨ ਸਿੰਘ ਵਾਸੀ ਜੌੜਾ ਛੱਤਰਾਂ ਨੇ ਮੇਰੇ ਨਾਲ ਘਸੁੰਨ ਮੁੱਕੀ ਕੀਤੀ ਅਤੇ ਦਸਤੀ ਡੰਡੇ ਨਾਲ ਕੁੱਟਮਾਰ ਵੀ ਕੀਤੀ। ਇਸ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਗਰੂਪ ਸਿੰਘ ਪੁੱਤਰ ਰਛਪਾਲ ਸਿੰਘ ਵਾਸੀ ਖੋਖਰ ਰਾਜਪੂਤਾਂ ਨੇ ਦੱਸਿਆ ਕਿ 6 ਫਰਵਰੀ ਨੂੰ ਉਹ ਆਪਣੇ ਪਰਿਵਾਰ ਸਮੇਤ ਆਪਣੀ ਕਾਰ 'ਤੇ ਸਵਾਰ ਹੋ ਕੇ ਵਿਆਹ ਦਾ ਪ੍ਰੋਗਰਾਮ ਦੇਖ ਕੇ ਵਾਪਸ ਆਪਣੇ ਘਰ ਨੂੰ ਆ ਰਿਹਾ ਸੀ ਕਿ ਸ਼ਾਮ 5 ਵਜੇ ਦੇ ਕਰੀਬ ਜਦ ਉਹ ਸੁਖਵਿੰਦਰ ਸਿੰਘ ਦੇ ਘਰ ਨਜ਼ਦੀਕ ਪੁੱਜਾ ਤਾਂ ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ ਪੁੱਤਰ ਕਿਰਪਾਲ ਸਿੰਘ, ਅਰਮਾਨ ਦੀਪ ਸਿੰਘ ਪੁੱਤਰ ਸੁਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਪੁੱਤਰ ਬਲਜਿੰਦਰ ਸਿੰਘ ਵਾਸੀ ਖੋਖਰ ਰਾਜਪੂਤਾਂ ਨੇ ਕਾਰ ਰੋਕ ਕੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ। ਮੇਰੇ ਵਲੋਂ ਰੌਲਾ ਪਾਉਣ 'ਤੇ ਸਾਰੇ ਕਥਿਤ ਦੋਸ਼ੀ ਧਮਕੀਆਂ ਦਿੰਦੇ ਹੋਏ ਮੌਕਾ ਤੋਂ ਦੌੜ ਗਏ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਦੋਵਾਂ ਮਾਮਲਿਆਂ ਵਿਚ ਕਥਿਤ ਦੋਸ਼ੀਆਂ ਖ਼ਿਲਾ਼ਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸ੍ਰੀ ਗੁਰੂ ਹਨੂੰਮਾਨ ਅਖਾੜਾ ਵਿਖੇ ਸ਼ਿਵਰਾਤਰੀ ਮਨਾਈ

**ਬਟਾਲਾ (ਤਰਲੋਕ ਬੱਗਾ)**-ਜਲੰਧਰ ਰੋਡ ਸਥਿਤ ਸ੍ਰੀ ਗੁਰੂ ਹਨੂੰਮਾਨ ਅਖਾੜਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਦੁਪਹਿਰ ਨੂੰ ਪੂਜਾ ਅਰਚਨਾ ਤੋਂ ਬਾਅਦ ਵਿਸ਼ਾਲ ਲੰਗਰ ਲਗਾਇਆ ਗਿਆ। ਇਸ ਮੌਕੇ ਤੇ ਨਗਰ ਨਿਗਮ ਦੇ ਮੇਅਰ ਸੁਖਦੀਪ ਸਿੰਘ ਤੇਜਾ, ਕੌਂਸਲਰ ਸੰਜੀਵ ਸ਼ਰਮਾ, ਕੌਂਸਲਰ ਅਨਿਲ ਸੇਖੜੀ ਬੱਬੀ, ਕਾਂਗਰਸੀ ਨੇਤਾ ਗੌਤਮ ਸੇਠ ਗੁੱਡੂ, ਰਾਜਾ ਗੁਰਬਖ਼ਸ਼, ਕੌਂਸਲਰ ਗੁਰਪ੍ਰੀਤ ਸਿੰਘ ਸ਼ਾਨਾ, ਨਰੇਸ਼ ਭਨੋਟ, ਵਿਪਨ ਸ਼ਰਮਾ, ਸੁਰਿੰਦਰ ਟੀਂਡਾ, ਤਰਲੋਕ ਬੱਗਾ, ਸੁਰਿੰਦਰ ਮਲਹੋਤਰਾ ਭੋਲਾ, ਰਿੰਪੀ ਕੋਛੜ, ਪੰਨਾ ਲਾਲ, ਬਿੱਟੂ ਸ਼ਰਮਾ, ਵਿਜੇ ਬਾਬੂ, ਦਰਸ਼ਨ ਦੱਤਾ ਸਰੀਨ, ਟਿੰਕੂ ਚੌਹਾਨ, ਧਰਮਿੰਦਰ, ਟੀਨੂ ਪੰਡਿਤ, ਰਾਜੇਸ਼ ਸ਼ੇਰਾ, ਬਿੱਟੂ, ਹਰਸ਼, ਕ੍ਰਿਸ਼ਨਾ, ਸੁਭਾਸ਼ ਬਾਸ਼ੀ, ਮਾਧਵ ਖੋਸਲਾ, ਮਹਿਤਾ ਸਾਬ ਆਦਿ ਹਾਜ਼ਰ ਸਨ।



# ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਮੁਕੇਸ਼ ਮਲੌਦ ਨੂੰ ਰਿਹਾਅ ਕਰਨ ਦੀ ਮੰਗ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**
ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਮਜ਼ਦੂਰ ਆਗੂ ਮੁਕੇਸ਼ ਮਲੌਦ ਦੀ ਰਿਹਾਈ ਅਤੇ ਹੋਰ ਮਜ਼ਦੂਰ ਮੰਗਾਂ ਨੂੰ ਲੈ ਕੇ ਮਜ਼ਦੂਰ ਜਥੇਬੰਦੀਆਂ ਦੁਆਰਾ 18 ਫ਼ਰਵਰੀ ਨੂੰ ਸੰਗਰੂਰ ਸਥਿਤ ਮੁੱਖ ਮੰਤਰੀ ਦੀ ਕੋਠੀ ਦੇ ਕੀਤੇ ਜਾਣ ਵਾਲੇ ਘਿਰਾਓ ਪ੍ਰੋਗ੍ਰਾਮ 'ਚ ਪੰਜਾਬ ਭਰ ਤੋਂ ਸੈਂਕੜੇ ਪੇਂਡੂ ਮਜ਼ਦੂਰਾਂ ਦੀ ਸ਼ਮੂਲੀਅਤ ਕੀਤੀ ਜਾਵੇਗੀ।ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਸੂਬਾ ਆਗੂ ਰਾਜ ਕੁਮਾਰ ਪੰਡੋਰੀ, ਅਤੇ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਇਹ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਇਸ ਸੰਬੰਧੀ ਪੰਜਾਬ ਭਰ ਵਿੱਚ ਇਸ ਸੰਬੰਧੀ ਪੇਂਡੂ ਮਜ਼ਦੂਰਾਂ ਦੀ ਲਾਮਬੰਦੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਜ਼ਦੂਰ ਜਥੇਬੰਦੀਆਂ ਨੂੰ 10 ਫਰਵਰੀ ਦੀ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਮੁਅੱਤਲ ਕਰ ਦਿੱਤੀ ਗਈ।ਮਜ਼ਦੂਰ ਆਗੂਆਂ ਨੇ ਇਸ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਸੰਗਰੂਰ ਪ੍ਰਸ਼ਾਸਨ ਦੀ ਇਸ ਵਾਅਦਾ ਖਿਲਾਫੀ ਵਿਰੁੱਧ ਮਜ਼ਦੂਰ ਜਥੇਬੰਦੀਆਂ ਸਾਰੇ ਪੰਜਾਬ ਵਿੱਚ ਮਜ਼ਦੂਰਾਂ ਨੂੰ ਜਾਣੂ ਕਰਵਾ ਰਹੀ ਹੈ ਅਤੇ 18 ਫ਼ਰਵਰੀ ਨੂੰ ਮੁੱਖ ਮੰਤਰੀ ਪੰਜਾਬ ਦੀ ਕੋਠੀ ਦੇ ਘਿਰਾਓ ਨੂੰ ਸਫਲ ਬਣਾਉਣ ਦਾ ਹੋਕਾ ਦੇ ਰਹੀਆਂ ਹਨ।ਮਜ਼ਦੂਰ ਆਗੂਆਂ ਨੇ ਕਿਹਾ ਕਿ 18 ਫਰਵਰੀ ਦੇ ਘਿਰਾਓ ਤੋਂ ਨਿਕਲਣ ਵਾਲੇ ਸਿੱਟਿਆਂ ਲਈ ਪੰਜਾਬ ਸਰਕਾਰ ਅਤੇ ਸੰਗਰੂਰ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ।ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਮੁਕੇਸ਼ ਮਲੌਦ ਦੀ ਰਿਹਾਈ ਅਤੇ ਜ਼ਮੀਨੀ ਮੁੱਦਿਆਂ ਦੇ ਮਾਮਲੇ ਵਿੱਚ ਜਥੇਬੰਦੀਆਂ ਨਾਲ ਕੀਤੇ ਗਏ ਵਾਅਦੇ ਤੋਂ ਪਿੱਛੇ ਹਟ ਕੇ ਆਪਣਾ ਦਲਿਤ ਵਿਰੋਧੀ, ਮਜ਼ਦੂਰ ਵਿਰੋਧੀ ਚਿਹਰਾ ਵਿਖਾ ਦਿੱਤਾ ਹੈ।ਪ੍ਰਸ਼ਾਸਨ ਵੱਲੋਂ ਆਪਣੇ ਵਾਅਦੇ ਮੁਤਾਬਕ ਨਾ ਤਾਂ ਸਰਕਾਰ ਨਾਲ 10 ਫਰਵਰੀ ਦੀ ਮੀਟਿੰਗ ਕਰਵਾਈ ਗਈ ਅਤੇ ਨਾ ਮਜ਼ਦੂਰ ਆਗੂ ਮੁਕੇਸ਼ ਮਲੌਦ ਦੀ ਰਿਹਾਈ ਲਈ ਆਪਣੇ ਵਾਅਦੇ ਨੂੰ ਅਮਲ ਵਿੱਚ ਲਾਗੂ ਕੀਤਾ ਜਿਸ ਕਾਰਨ 18 ਫਰਵਰੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਘਰ ਦਾ ਘਿਰਾਓ ਕਰਨ ਲਈ ਸੰਘਰਸ਼ ਵਿੱਚ ਸ਼ਾਮਿਲ ਜਥੇਬੰਦੀਆਂ ਨੇ ਲਾਮਬੰਦੀ ਤੇਜ਼ ਕੀਤੀ ਹੋਈ ਹੈ।ਯੂਨੀਅਨ ਨੇ ਇਨਸਾਫ ਪਸੰਦ ਲੋਕਾਂ ਨੂੰ 18 ਫਰਵਰੀ ਨੂੰ ਵੱਡੀ ਗਿਣਤੀ ਵਿੱਚ ਸੰਗਰੂਰ ਪਹੁੰਚਣ ਦੀ ਅਪੀਲ ਕੀਤੀ ਹੈ।



# ਰਾਜਯੋਗੀ ਸੰਤ ਬਾਬਾ ਅਤਰ ਸਿੰਘ ਦੀ 99ਵੀਂ ਬਰਸੀ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ

**ਧਾਰੀਵਾਲ, (ਮਨਦੀਪ ਵਿੱਕੀ)**
ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਵੀਹਵੀਂ ਸਦੀ ਦੇ ਮਹਾਨ ਤਪੱਸਵੀ, ਰਾਜਯੋਗੀ ਸੰਤ ਬਾਬਾ ਅਤਰ ਸਿੰਘ ਜੀ ਦੀ 99ਵੀਂ ਸਲਾਨਾ ਬਰਸੀ ਦੇ ਸਬੰਧ ਵਿੱਚ ਸੰਤ ਸਮਾਗਮ ਸਮਾਜ-ਸੇਵੀ ਤੇ ਧਾਰਮਿਕ ਕਾਰਜਾਂ 'ਚ ਅਹਿਮ ਭੂਮਿਕਾ ਨਿਭਾਅ ਰਹੀ ਸੰਸਥਾ ਕਲਗੀਧਰ ਟਰੱਸਟ, ਬੜੂ ਸਾਹਿਬ ਵੱਲੋਂ ਗੁਰਦੁਆਰਾ ਰਕਾਬ ਗੰਜ ਸਾਹਿਬ, ਦਿੱਲੀ ਵਿਖੇ 14 ਅਤੇ 15 ਫਰਵਰੀ ਨੂੰ ਬੜੇ ਪ੍ਰੇਮ-ਉਤਸ਼ਾਹ ਅਤੇ ਸ਼ਰਧਾਪੂਰਵਕ ਮਨਾਇਆ ਗਿਆ। ਇਸ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਅਤੇ ਕਥਾ-ਵਾਚਕਾਂ ਨੇ ਸੰਗਤਾਂ ਨੂੰ ਨਿਹਾਲ ਕੀਤਾ। 14 ਫਰਵਰੀ ਦਿਨ ਸ਼ਨੀਵਾਰ ਨੂੰ ਅੰਮ੍ਰਿਤ ਵੇਲੇ ਜੁਗੋ-ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪ੍ਰਕਾਸ਼ ਉਪਰੰਤ ਹੁਕਮਨਾਮਾ ਅਤੇ ਵਾਹਿਗੁਰੂ ਗੁਰਮੰਤਰ ਜਾਪ ਅਕਾਲ ਸੇਵਕ ਜਥਾ, ਕਲਗੀਧਰ ਟਰੱਸਟ ਵੱਲੋਂ ਕੀਤਾ ਗਿਆ ਅਤੇ ਆਸਾ ਦੀ ਵਾਰ ਅਨਾਹਦ ਬਾਣੀ ਜਥਾ, ਬੜੂ ਸਾਹਿਬ ਵੱਲੋਂ ਕੀਤੀ ਗਈ। ਉਪਰੰਤ ਕੀਰਤਨ ਭਾਈ ਬਲਬੀਰ ਸਿੰਘ ਗਾਫਲ, ਗੁਰਮਤਿ ਵਿਚਾਰ ਭਾਈ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ ਵਾਲੇ, ਕੀਰਤਨ ਕਮਲਜੀਤ ਸਿੰਘ (ਹਜ਼ੂਰੀ ਰਾਗੀ ਦਰਬਾਰ ਸਾਹਿਬ), ਕੀਰਤਨ ਭਾਈ ਜੈਤਾ ਜੀ ਨਿਸ਼ਕਾਮ ਕੀਰਤਨੀ ਜਥਾ, ਕੀਰਤਨ ਭਾਈ ਸ਼ੁੱਭਦੀਪ ਸਿੰਘ (ਹਜ਼ੂਰੀ ਰਾਗੀ ਦਰਬਾਰ ਸਾਹਿਬ), ਕੀਰਤਨ ਭਾਈ ਲਖਵਿੰਦਰ ਸਿੰਘ (ਹਜ਼ੂਰੀ ਰਾਗੀ ਦਰਬਾਰ ਸਾਹਿਬ), ਭਾਈ ਜਗਜੀਤ ਸਿੰਘ ਵੱਲੋਂ ਜੀਵਨ ਕਥਾ ਸੰਤ ਅਤਰ ਸਿੰਘ ਦੀ ਕਥਾ ਸੰਗਤ ਨੂੰ ਸਰਵਣ ਕਰਵਾਈ ਗਈ। ਕੀਰਤਨ ਭਾਈ ਅਮਰਜੀਤ ਸਿੰਘ ਪਟਿਆਲੇ ਵਾਲੇ, ਕੀਰਤਨ ਅਕਾਲ ਸੰਗੀਤ ਵਿਦਿਆਲਾ, ਗੁਰਦਵਾਰਾ ਜਨਮ ਅਸਥਾਨ ਚੀਮਾ ਸਾਹਿਬ, ਗੁਰਮਤਿ ਵਿਚਾਰ ਡਾ: ਮਨਪ੍ਰੀਤ ਸਿੰਘ, ਕੀਰਤਨ ਦੋਦੜਾ ਸੰਗਤ, ਸ਼ਬਦ ਕੀਰਤਨ ਅਤੇ ਸੋ ਦਰ ਦੀ ਚੌਂਕੀ ਵਿਦਿਆਰਥੀ ਅਕਾਲ ਅਕੈਡਮੀ ਬੜੂ ਸਾਹਿਬ, ਕੀਰਤਨ ਭਾਈ ਤਰਨਵੀਰ ਸਿੰਘ ਰੱਬੀ, ਕੀਰਤਨ ਭਾਈ ਚਮਨਜੀਤ ਸਿੰਘ ਲਾਲ ਅਤੇ ਕੀਰਤਨ ਭਾਈ ਮਨਪ੍ਰੀਤ ਸਿੰਘ ਕਾਨਪੁਰੀ ਅਤੇ ਹੋਰ ਕਥਾਵਾਚਕਾਂ ਅਤੇ ਕੀਰਤਨੀ ਜਥਿਆਂ ਨੇ ਹਾਜ਼ਰੀ ਭਰੀ ਅਤੇ ਸ਼ਬਦ ਕੀਰਤਨ ਅਤੇ ਕਥਾ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। 15 ਫਰਵਰੀ ਨੂੰ ਆਸਾ ਕੀ ਵਾਰ ਸ੍ਰੀ ਸੁਖਮਨੀ ਸੇਵਾ ਸੋਸਾਇਟੀ, ਫਤਿਹ ਨਗਰ ਜਨਕਪੁਰੀ ਸਰਕਲ (ਵੀਰ ਤੇਜਪਾਲ ਸਿੰਘ), ਗੁਰਮਤਿ ਵਿਚਾਰ ਗਿਆਨੀ ਹਰਪਾਲ ਸਿੰਘ ਫਤਿਹਗੜ੍ਹ ਸਾਹਿਬ, ਕੀਰਤਨ ਭਾਈ ਅਮਨਦੀਪ ਸਿੰਘ (ਹਜ਼ੂਰੀ ਰਾਗੀ ਦਰਬਾਰ ਸਾਹਿਬ) ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ (ਕਾਰਜਕਾਰੀ ਜਥੇਦਾਰ ਅਕਾਲ ਤਖ਼ਤ ਸਾਹਿਬ ਅਤੇ ਜਥੇਦਾਰ ਤਖ਼ਤ ਸ੍ਰੀ ਕੇਸ਼ਗੜ੍ਹ ਸਾਹਿਬ, ਜਥੇਦਾਰ ਟੇਕ ਸਿੰਘ ਧਨੌਲਾ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗਿਆਨੀ ਰਣਜੀਤ ਸਿੰਘ ਹੈੱਡ ਗ੍ਰੰਥੀ ਗੁਰਦੁਵਾਰਾ ਬੰਗਲਾ ਸਾਹਿਬ ਨਵੀਂ ਦਿੱਲੀ, ਢਾਡੀ ਵਾਰਾਂ ਅਕਾਲ ਅਕੈਡਮੀ ਇੰਟਰਨੈਸ਼ਨਲ ਢਾਡੀ ਜਥਾ ਬੜੂ ਸਾਹਿਬ, ਕੀਰਤਨ ਭਾਈ ਹਰਜੋਤ ਸਿੰਘ ਜ਼ਖਮੀ ਜਲੰਧਰ ਅਤੇ ਡਾ. ਦਵਿੰਦਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਬੜੂ ਸਾਹਿਬ ਵੱਲੋਂ ਸੰਗਤ ਨਾਲ ਸ਼ਬਦ ਕੀਰਤਨ, ਕਥਾ ਅਤੇ ਗੁਰਮਿਤ ਵਿਚਾਰ ਸਾਂਝੇ ਕੀਤੇ ਗਏ। ਇਸ ਸਮਾਗਮ ਮੌਕੇ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਵਿਸ਼ੇਸ਼ ਬੱਚਿਆ ਲਈ ਖੇਡ ਦੇ ਰੂਪ ਵਿੱਚ ਇਤਿਹਾਸ ਨਾਲ ਜੋੜਨ ਦਾ ਅਹਿਮ ਉਪਰਾਲਾ ਕੀਤਾ ਗਿਆ, ਜਿਸ ਦੀ ਸੰਗਤ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਵਿਰਸਾ ਸੰਭਾਲ ਸਰਦਾਰੀ ਲਹਿਰ ਵੱਲੋਂ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ। ਅਕਾਲ ਅਕੈਡਮੀ ਬੜੂ ਸਾਹਿਬ ਵੱਲੋਂ ਜੌਬ ਫੇਅਰ ਅਤੇ ਚੜ੍ਹਦੀਕਲਾ ਗੁਰਮਤਿ ਫੁੱਲਵਾੜੀ ਦਾ ਆਯੋਜਨ ਕੀਤਾ ਗਿਆ, ਇਸ ਤਹਿਤ ਜੌਬ ਫੇਅਰ ਰਾਹੀਂ ਸੈਂਕੜੇ ਪ੍ਰਾਰਥੀਆਂ ਨੂੰ ਰੋਜ਼ਗਾਰ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਮਿਲਿਆ ਅਤੇ ਗੁਰਮਤਿ ਫੁਲਵਾੜੀ ਰਾਹੀਂ ਬੱਚਿਆ ਨੂੰ ਅਧਿਆਤਮਿਕ ਗਿਆਨ ਨਾਲ ਜੋੜਨ ਲਈ ਸਾਖੀ ਮੁਕਾਬਲਾ, ਗੁਰਮੁਖੀ ਪੱਟੀ, ਚਿੱਤਰਕਾਰੀ (ਪੇਂਟਿੰਗ ਅਤੇ ਡਰਾਇੰਗ), ਕਵਿਤਾ ਉਚਾਰਨ, ਗੁਰਮਤਿ ਪ੍ਰਸ਼ਨੋਤਰੀ ਮੁਕਾਬਲਾ ਅਤੇ ਦਸਤਾਰ ਬੰਦੀ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਕਲਗੀਧਰ ਟਰੱਸਟ, ਬੜੂ ਸਾਹਿਬ ਦੇ ਪ੍ਰਧਾਨ ਡਾ: ਦਵਿੰਦਰ ਸਿੰਘ ਅਤੇ ਉਪ-ਪ੍ਰਧਾਨ ਭਾਈ ਜਗਜੀਤ ਸਿੰਘ ਨੇ ਸਮਾਗਮ ਵਿੱਚ ਹਾਜ਼ਰੀ ਭਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ।



ਨਵਾਂ ਜ਼ਮਾਨਾ
ਮੰਗਲਵਾਰ, 17 ਫਰਵਰੀ 2026

# ਖਤਰਨਾਕ ਸਾਜ਼ਿਸ਼

ਮੋਦੀ ਸਰਕਾਰ ਨੇ ਕਿਹਾ ਹੈ ਕਿ ਰਾਸ਼ਟਰਗਾਨ 'ਜਨ ਗਣ ਮਨ' ਗਾਉਣ ਤੋਂ ਪਹਿਲਾਂ ਰਾਸ਼ਟਰੀ ਗੀਤ 'ਵੰਦੇ ਮਾਤਰਮ' ਪੂਰੇ ਛੇ ਛੰਦਾਂ ਦੇ ਨਾਲ ਗਾਉਣਾ ਹੋਵੇਗਾ, ਪਰ ਕਿਉਂ ? ਦਰਅਸਲ ਮੋਦੀ ਸਰਕਾਰ ਰਾਸ਼ਟਰਗਾਨ ਨੂੰ ਦੂਜੇ ਨੰਬਰ 'ਤੇ ਲਿਆਉਣਾ ਚਾਹੁੰਦੀ ਹੈ। ਭਾਰਤ ਦੇ ਗੌਰਵ ਰਵਿੰਦਰ ਨਾਥ ਟੈਗੋਰ ਵੱਲੋਂ ਰਚਿਤ 'ਜਨ ਗਣ ਮਨ' ਤੋਂ ਆਖਰ ਕੇਹਾ ਡਰ ਹੈ ਕਿ ਕੇਂਦਰੀ ਗ੍ਰਹਿ ਮੰਤਰਾਲੇ ਦੇ ਇੱਕ ਗੁਪਤ ਆਦੇਸ਼ ਰਾਹੀਂ 'ਨਿਯਮਾਂ' ਵਿੱਚ ਬਦਲਾਅ ਕਰਕੇ ਇਸ ਦੇ ਮਹੱਤਵ ਨੂੰ ਘੱਟ ਕੀਤਾ ਜਾ ਰਿਹਾ ਹੈ ? ਇਹ ਦਾਅਵਾ ਕਰਨਾ ਕਿ ਰਾਸ਼ਟਰੀ ਗੀਤ 'ਵੰਦੇ ਮਾਤਰਮ' ਦਾ ਦਰਜਾ ਵਧਾਇਆ ਜਾ ਰਿਹਾ ਹੈ, ਅਸਲ ਵਿੱਚ ਰਾਸ਼ਟਰਗਾਨ ਨੂੰ ਨੀਵਾਂ ਦਿਖਾਉਣ ਦਾ ਇੱਕ ਤਰੀਕਾ ਹੈ।

ਚੇਤੇ ਰਹੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕਈ ਸਾਂਸਦਾਂ ਤੇ ਮੰਤਰੀਆਂ ਨੇ '400 ਪਾਰ' ਦਾ ਨਾਅਰਾ ਇਹ ਕਹਿੰਦਿਆਂ ਦਿੱਤਾ ਸੀ ਕਿ ਇਸ ਨਾਲ ਉਹ ਸੰਵਿਧਾਨ ਵਿੱਚ ਸੋਧ ਕਰ ਸਕਣਗੇ। ਮੱਧ ਪ੍ਰਦੇਸ਼ ਦੇ ਧਾਰ ਵਿੱਚ ਤਾਂ ਮੋਦੀ ਨੇ ਖੁਦ ਕਿਹਾ ਸੀ ਕਿ ਮੋਦੀ ਨੂੰ 400 ਸੀਟਾਂ ਇਸ ਲਈ ਚਾਹੀਦੀਆਂ ਹਨ ਕਿ ਕਾਂਗਰਸ ਅਯੁੱਧਿਆ ਦੇ ਰਾਮ ਮੰਦਰ 'ਤੇ ਬਾਬਰੀ ਤਾਲਾ ਨਾ ਲਾ ਦੇਵੇ ਜਾਂ ਜੰਮੂ-ਕਸ਼ਮੀਰ ਵਿੱਚ ਧਾਰਾ 370 ਨੂੰ ਵਾਪਸ ਲਿਆਉਣ ਦੀ ਆਪਣੀ ਯੋਜਨਾ ਵਿੱਚ ਸਫਲ ਨਾ ਹੋ ਸਕੇ।

ਭਾਜਪਾ ਨੇ ਨਵੀਂ ਸਿੱਖਿਆ ਨੀਤੀ-2020 ਤਹਿਤ ਹਿੰਦੀ ਨੂੰ ਮੜ੍ਹਨ ਦੀ ਹਰ ਸੰਭਵ ਕੋਸ਼ਿਸ਼ ਕੀਤੀ ਹੈ, ਪਰ ਰਾਸ਼ਟਰਗਾਨ ਦਾ ਹਿੰਦੀ ਜਾਂ ਸੰਸਕ੍ਰਿਤ ਵਿੱਚ ਨਾ ਹੋਣਾ ਉਸ ਲਈ ਮੁਸ਼ਕਲ ਖੜ੍ਹੀ ਕਰਦਾ ਹੈ, ਕਿਉਂਕਿ ਇਹ ਬੰਗਲਾ ਵਿੱਚ ਹੈ। ਇਹ ਗੱਲ ਭਾਜਪਾ ਨੂੰ ਪ੍ਰੇਸ਼ਾਨ ਕਰਦੀ ਹੈ, ਕਿਉਂਕਿ ਅੱਜ ਦੀ ਤਰੀਕ ਵਿੱਚ ਜਦ ਉਸ ਵੱਲੋਂ ਦੇਸ਼ ਵਿੱਚੋਂ 'ਘੁਸਪੈਠੀਆਂ' ਨੂੰ ਕੱਢਣ ਵਾਲੀ ਬਿਆਨਬਾਜ਼ੀ ਦੇ ਨਾਲ 'ਨਾਜਾਇਜ਼ ਪ੍ਰਵਾਸੀਆਂ' ਤੋਂ ਦੇਸ਼ ਨੂੰ ਮੁਕਤ ਕਰਨ ਦੇ ਸੱਦੇ ਦਿੱਤੇ ਜਾ ਰਹੇ ਹਨ ਅਤੇ ਨਿਸ਼ਾਨੇ 'ਤੇ ਬੰਗਲਾਭਾਸ਼ੀ ਹਨ, ਅਜਿਹੇ ਵਿੱਚ ਰਾਸ਼ਟਰਗਾਨ ਨੂੰ ਸਿੱਧੇ ਤੌਰ 'ਤੇ ਹਟਾਉਣਾ ਮੁਸ਼ਕਲ ਹੋ ਸਕਦਾ ਹੈ, ਇਸ ਲਈ ਵੰਦੇ ਮਾਤਰਮ ਨੂੰ ਤਰਜੀਹ ਦੇਣਾ, ਜਿੱਥੇ ਤੀਜੇ ਛੰਦ ਦੇ ਬਾਅਦ ਦਾ ਸੰਦਰਭ ਭਾਰਤ ਦੇ 'ਮੁਸਲਮਾਨਾਂ ਨਾਲ ਲੜਨ' ਦੀ ਗੱਲ ਕਹਿੰਦਾ ਹੈ, ਭਾਜਪਾ ਲਈ ਆਦਰਸ਼ ਵਿਕਲਪ ਹੈ। ਗੀਤ ਦੇ ਵਿਵਾਦਤ ਛੰਦਾਂ ਨੂੰ ਸ਼ਾਮਲ ਕਰਕੇ ਰਾਸ਼ਟਰਗਾਨ ਤੋਂ ਪਹਿਲਾਂ 'ਹਿੰਦੂ ਬਨਾਮ ਮੁਸਲਮਾਨ' ਦੀ ਧੁਨ ਛੇੜਨਾ ਫਿਲਹਾਲ ਉਸ ਲਈ ਇੱਕ ਦੂਹਰੇ ਫਾਇਦੇ ਵਾਲੀ ਸਥਿਤੀ ਹੈ।

ਜਨ ਗਣ ਮਨ ਦੀ ਰਚਨਾ ਅਜਿਹੇ ਪ੍ਰਸਿੱਧ 'ਕੌਮਾਂਤਰੀਵਾਦੀ' ਨੇ ਕੀਤੀ ਸੀ, ਜੋ 1930 ਦੇ ਦਹਾਕੇ ਦੇ ਨਾਜ਼ੀਵਾਦ ਤੇ ਇਤਾਲਵੀ ਫਾਸ਼ੀਵਾਦ ਪ੍ਰਤੀ ਆਪਣੀ ਸਪੱਸ਼ਟ ਨਫਰਤ ਜ਼ਾਹਰ ਕਰ ਚੁੱਕੇ ਸਨ। ਇਨ੍ਹਾਂ ਹੀ ਵਿਚਾਰਧਾਰਾਵਾਂ ਨੇ ਹਿੰਦੂਤਵਵਾਦੀਆਂ ਨੂੰ ਪ੍ਰੇਰਤ ਕੀਤਾ ਸੀ ਅਤੇ ਖੁਦ ਆਰ ਐੱਸ ਐੱਸ ਦੇ ਬਾਨੀਆਂ—ਐੱਮ ਐੱਸ ਗੋਲਵਲਕਰ ਤੇ ਹੈਡਗੇਵਾਰ ਦੇ ਸ਼ਬਦਾਂ ਵਿੱਚ ਇਹ ਸੰਘ ਦੇ ਗਠਨ ਲਈ ਵੱਡੀ ਪ੍ਰੇਰਨਾ ਸਨ। ਰਾਸ਼ਟਰਗਾਨ ਨੂੰ ਉਸ ਦੇ ਉੱਚੇ ਦਰਜੇ ਤੋਂ ਹਟਾਉਣਾ ਸੰਘ ਨੂੰ ਕੌਮੀ ਅੰਦੋਲਨ ਨਾਲ ਜੁੜੇ ਟੈਗੋਰ ਦੇ ਵਿਚਾਰਾਂ ਤੇ ਦਰਸ਼ਨ ਨੂੰ ਪੂਰੀ ਤਰ੍ਹਾਂ ਨਾਲ ਬਰਬਾਦ ਕਰਨ ਵਿੱਚ ਮਦਦ ਕਰੇਗਾ। ਰਾਸ਼ਟਰਗਾਨ ਦਾ ਕਿਸੇ ਪ੍ਰਤੀ ਦੁਸ਼ਮਣੀ ਨਾ ਰੱਖਣਾ ਅਤੇ ਸਾਂਝੇ ਤੇ ਸਾਕਾਰਾਤਮਕ ਰਾਸ਼ਟਰਵਾਦ ਦੀ ਭਾਵਨਾ ਨਾਲ ਓਤ-ਪ੍ਰੋਤ ਹੋਣਾ ਹਿੰਦੂਤਵ ਦੀ ਤੰਗਨਜ਼ਰੀ ਦੇ ਵਿਰੁੱਧ ਹੈ। ਇੰਜ ਲੱਗਦਾ ਹੈ ਕਿ ਹੁਣ ਰਾਸ਼ਟਰਗਾਨ ਨੂੰ ਅਪਮਾਨਤ ਕਰਨ ਦੀ ਵਾਰੀ ਹੈ ਅਤੇ ਉਹ ਵੀ ਰਾਸ਼ਟਰੀ ਗੀਤ ਦੇ ਛੁੱਟੇ ਹੋਏ ਛੰਦਾਂ ਪ੍ਰਤੀ 'ਜ਼ਿਆਦਾ ਸਨਮਾਨ' ਦਿਖਾਉਣ ਦੇ ਬਹਾਨੇ।

## ਪਾਠਕ-ਸੱਥ

### ਵਧ ਰਿਹਾ ਜੰਕ ਫੂਡ ਖਾਣ ਦਾ ਰੁਝਾਨ

ਜ਼ਿੰਦਗੀ ਬਹੁਤ ਖ਼ੂਬਸੂਰਤ ਹੈ। ਇੱਕ ਚੰਗੀ ਸਿਹਤ ਲਈ ਪੌਸ਼ਟਿਕ ਭੋਜਨ ਬਹੁਤ ਲਾਹੇਵੰਦ ਹੁੰਦਾ ਹੈ। ਜੋ ਇਨਸਾਨ ਵਧੀਆ ਪੌਸ਼ਟਿਕ ਭੋਜਨ ਖਾਂਦਾ ਹੈ, ਬਿਮਾਰੀਆਂ ਵੀ ਉਸ ਇਨਸਾਨ ਨੂੰ ਬਹੁਤ ਘੱਟ ਲਗਦੀਆਂ ਹਨ। ਅਕਸਰ ਅਸੀਂ ਦੇਖਦੇ ਹੀ ਹਾਂ ਕਿ ਕਈ ਬਜ਼ੁਰਗ 90 ਸਾਲ ਤੋਂ ਵੱਧ ਜ਼ਿੰਦਗੀ ਬਸਰ ਕਰਕੇ ਇਸ ਸੰਸਾਰ ਤੋਂ ਰੁਖ਼ਸਤ ਹੁੰਦੇ ਹਨ । ਉਨ੍ਹਾਂ ਦੀ ਲੰਮੀ ਸਿਹਤ ਦਾ ਰਾਜ਼ ਹੈ ਸ਼ੁੱਧ ਪੌਸ਼ਟਿਕ ਭੋਜਨ । ਜੋ ਸ਼ੁੱਧ ਪੌਸ਼ਟਿਕ ਭੋਜਨ ਹੁੰਦਾ ਹੈ, ਉਹ ਘਰ ਦੀ ਰਸੋਈ ਵਿੱਚ ਤਿਆਰ ਕੀਤਾ ਜਾਂਦਾ ਹੈ ।ਅਸਾਨੀ ਨਾਲ ਹਜ਼ਮ ਵੀ ਹੋ ਜਾਂਦਾ ਹੈ।ਚੰਗੇ ਤੇਲ ਭਾਵ ਸਰ੍ਹੋਂ ਦੇ ਤੇਲ ਦੀ ਵਰਤੋਂ ਕੀਤੀ ਜਾਂਦੀ ਹੈ। ਕਹਿਣ ਦਾ ਭਾਵ ਹੈ ਕਿ ਪੌਸ਼ਟਿਕ ਭੋਜਨ ਖਾਣ ਨਾਲ ਇਨਸਾਨ ਤੰਦਰੁਸਤ ਰਹਿੰਦਾ ਹੈ। ਮੋਟਾਪਾ ਵੀ ਨਹੀਂ ਆਉਂਦਾ । ਅੱਜਕੱਲ੍ਹ ਪੱਛਮੀ ਸੱਭਿਅਤਾ ਦਾ ਬਹੁਤ ਬੋਲਬਾਲਾ ਹੈ। ਅਸੀਂ ਦੇਖਦੇ ਹੀ ਹਾਂ ਕਿ ਜੰਕ ਫੂਡ ਖਾਣ ਦਾ ਰੁਝਾਨ ਦਿਨੋ-ਦਿਨ ਵਧ ਗਿਆ ਹੈ। ਬੱਚੇ ਅਕਸਰ ਘਰ ਦੇ ਖਾਣੇ ਨੂੰ ਬਹੁਤ ਘੱਟ ਤਰਜੀਹ ਦੇਣ ਲੱਗ ਪਏ ਹਨ । ਉਨ੍ਹਾਂ ਨੂੰ ਬਾਹਰ ਦੇ ਖਾਣੇ ਦੀ ਬਹੁਤ ਜ਼ਿਆਦਾ ਆਦਤ ਪੈ ਚੁੱਕੀ ਹੈ। ਜਿਸ ਕਰਕੇ ਉਹ ਤਰ੍ਹਾਂ-ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ । ਮੋਟਾਪੇ ਦੀ ਜਕੜ ਵਿੱਚ ਆ ਚੁੱਕੇ ਹਨ। ਅਕਸਰ ਦੇਖਿਆ ਜਾਂਦਾ ਹੈ ਕਿ ਅੱਜ ਦਾ ਇਨਸਾਨ ਕੰਮਾਂਕਾਰਾਂ ਵਿੱਚ ਬਹੁਤ ਜ਼ਿਆਦਾ ਰੁੱਝ ਚੁੱਕਿਆ ਹੈ। ਜਦੋਂ ਮਾਂ-ਬਾਪ ਹੀ ਜੰਕ ਫੂਡ ਖਾਣ ਲੱਗ ਗਏ ਹਨ, ਤਾਂ ਬੱਚੇ ਫਿਰ ਪਿੱਛੇ ਕਿਉਂ ਹਟਣ। ਹਰ ਸ਼ਹਿਰ ਵਿੱਚ ਸ਼ਾਮ ਨੂੰ ਕਿਸੇ ਖੁੱਲ੍ਹੀ ਥਾਂ 'ਤੇ ਤਰ੍ਹਾਂ-ਤਰ੍ਹਾਂ ਦੇ ਜੰਕ ਫੂਡ ਦੀਆਂ ਰੇਹੜੀਆਂ ਲੱਗਦੀਆਂ ਹਨ । ਇਹ ਰੇਹੜੀ ਵਾਲੇ ਬਰਗਰ, ਨਿਊਡਲਜ਼, ਚਾਓਮੀਨ, ਸਪਰਿੰਗ ਰੋਲ, ਮੋਮੋਜ਼, ਹੋਰ ਪਤਾ ਨਹੀਂ ਕਿੰਨੇ ਕੁ ਤਰ੍ਹਾਂ ਦੇ ਜੰਕ ਫੂਡ ਬਣਾਉਂਦੇ ਹਨ । ਇਹ ਘਟੀਆ ਤੇਲਾਂ ਦੀ ਵਰਤੋਂ ਕਰਦੇ ਹਨ। ਇਹ ਜੰਕ ਫੂਡ ਬਣਾਉਣ ਵਾਲੇ ਆਮ ਤੌਰ 'ਤੇ ਪ੍ਰਵਾਸੀ ਬੰਦੇ ਹੁੰਦੇ ਹਨ । ਅਕਸਰ ਦੇਖਿਆ ਜਾਂਦਾ ਹੈ ਕਿ ਇਹ ਬੰਦੇ ਸਫ਼ਾਈ ਦਾ ਬਿਲਕੁਲ ਵੀ ਧਿਆਨ ਨਹੀਂ ਰੱਖਦੇ । ਤਰ੍ਹਾਂ-ਤਰ੍ਹਾਂ ਦੇ ਮਸਾਲੇ ਲਗਾ ਕੇ ਫੂਡ ਨੂੰ ਬਹੁਤ ਜ਼ਿਆਦਾ ਜ਼ਾਇਕੇਦਾਰ ਬਣਾ ਦਿੰਦੇ ਹਨ। ਸੈਰ ਤਾਂ ਅਸੀਂ ਅੱਜਕਲ ਬਿਲਕੁਲ ਵੀ ਨਹੀਂ ਕਰਦੇ। ਜੰਕ ਫੂਡ ਖਾਣ ਨਾਲ ਹੌਲੀ-ਹੌਲੀ ਅਸੀਂ ਕਈ ਤਰ੍ਹਾਂ ਦੇ ਬਿਮਾਰੀਆਂ ਜਿਵੇਂ ਦਿਲ ਦੇ ਰੋਗ, ਬਲੱਡ ਪ੍ਰੈਸ਼ਰ ਦੇ ਸ਼ਿਕਾਰ ਹੋ ਜਾਂਦੇ ਹਾਂ ।ਨੌਕਰੀਪੇਸ਼ਾ ਹੋਣ ਕਰਕੇ ਅੱਜਕਲ੍ਹ ਔਰਤਾਂ ਘਰ ਖਾਣਾ ਬਣਾਉਣ ਨੂੰ ਤਰਜੀਹ ਬਹੁਤ ਘੱਟ ਦੇਣ ਲੱਗ ਪਈਆਂ ਹਨ। ਜਦੋਂ ਔਰਤਾਂ ਸ਼ਾਮ ਨੂੰ ਦਫ਼ਤਰਾਂ ਤੋਂ ਥੱਕ-ਹਾਰ ਕੇ ਘਰ ਆਉਂਦੀਆਂ ਹਨ, ਤਾਂ ਅਕਸਰ ਉਹ ਘਰ ਵਿੱਚ ਕਹਿੰਦੀਆਂ ਹਨ ਕਿ ਮੇਰੇ ਵਿੱਚ ਤਾਂ ਹੁਣ ਹਿੰਮਤ ਨਹੀਂ ਹੈ ਕਿ ਮੈਂ ਰਾਤ ਦਾ ਖਾਣਾ ਬਣਾਵਾ ਤੁਸੀਂ ਬਾਹਰੋਂ ਹੀ ਕੁਝ ਖਾ ਲਵੋ ਤੇ ਮੇਰੇ ਲਈ ਵੀ ਲੈ ਆਵੋ । ਵਿਆਹ-ਸ਼ਾਦੀਆਂ ਵਿਚ ਤਾਂ ਇਹ ਅੱਜਕਲ੍ਹ ਆਮ ਜਿਹੀ ਗੱਲ ਬਣ ਗਈ ਹੈ। ਤਰ੍ਹਾਂ ਤਰ੍ਹਾਂ ਦੇ ਜੰਕ ਫੂਡ ਮੇਜ਼ਾਂ 'ਤੇ ਸਜਾਏ ਹੁੰਦੇ ਹਨ । ਅਕਸਰ ਦੇਖਿਆ ਜਾਂਦਾ ਹੈ ਕਿ ਲੋਕ ਰੋਟੀ ਖਾਣ ਨਾਲੋਂ ਜ਼ਿਆਦਾ ਇਨ੍ਹਾਂ ਜੰਕ ਫੂਡ ਨੂੰ ਤਰਜੀਹ ਦਿੰਦੇ ਹਨ। ਇਸ ਖਾਣੇ ਵਿੱਚ ਮਿਲਾਵਟ ਬਹੁਤ ਜ਼ਿਆਦਾ ਹੁੰਦੀ ਹੈ। ਇਹ ਜੰਕ ਫੂਡ ਬਾਹਰਲੇ ਮੁਲਕਾਂ ਵਿੱਚ ਆਮ ਹਨ, ਪਰ ਉਨ੍ਹਾਂ ਦੇਸ਼ਾਂ ਵਿੱਚ ਮਿਲਾਵਟ ਬਿਲਕੁਲ ਵੀ ਨਹੀਂ ਹੈ। ਇਸ ਕਰ ਕੇ ਉਨ੍ਹਾਂ ਮੁਲਕਾਂ ਦੇ ਲੋਕ ਇਨ੍ਹਾਂ ਨੂੰ ਆਪਣੇ ਖਾਣੇ ਵਿਚ ਤਰਜੀਹ ਦਿੰਦੇ ਹਨ। ਉਹ ਲੋਕ ਬਿਮਾਰੀਆਂ ਦੇ ਸ਼ਿਕਾਰ ਬਹੁਤ ਘੱਟ ਹੁੰਦੇ ਹਨ । ਸਾਡੇ ਦੇਸ਼ ਵਿਚ ਮਿਲਾਵਟ ਦਾ ਬਹੁਤ ਬੋਲਬਾਲਾ ਹੈ। ਸਾਨੂੰ ਅਜਿਹੇ ਖਾਣਿਆਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਸਾਨੂੰ ਘਰ ਦੇ ਖਾਣੇ ਨੂੰ ਤਰਜੀਹ ਦੇਣੀ ਚਾਹੀਦੀ ਹੈ। ਜੇ ਅਸੀਂ ਘਰ ਦਾ ਬਣਿਆ ਸਾਫ਼-ਸੁਥਰਾ ਪੌਸ਼ਟਿਕ ਭੋਜਨ ਖਾਵਾਂਗੇ ਤਾਂ ਬਿਮਾਰੀਆਂ ਤੋਂ ਦੂਰ ਰਹਾਂਗੇ। ਸਾਡੀ ਜ਼ਿੰਦਗੀ ਵੀ ਵਧੀਆ ਬਸਰ ਹੋਵੇਗੀ।

**-ਸੰਜੀਵ ਸਿੰਘ ਸੈਣੀ, ਮੋਹਾਲੀ 78889-66168**

# ਭਾਜਪਾ ਨੇ ਵਿਰੋਧੀ ਵਿਚਾਰਾਂ ਨੂੰ ਹਮੇਸ਼ਾ ਦਬਾਇਆ


ਵਿਸ਼ਵਾ ਮਿੱਤਰ

1965 ਵਿਚ ਲਾਲ ਬਹਾਦੁਰ ਸ਼ਾਸਤਰੀ ਭਾਰਤ ਦੇ ਪ੍ਰਧਾਨ ਮੰਤਰੀ ਸਨ।ਪਾਕਿਸਤਾਨ ਦੇ ਸਦਰ ਅਯੂਬ ਖਾਂ ਨੇ ਇਹ ਸੋਚ ਕੇ ਭਾਰਤ 'ਤੇ ਹਮਲਾ ਕਰ ਦਿੱਤਾ ਕਿ ਛੋਟੇ ਜਿਹੇ ਕੱਦ ਵਾਲਾ ਅਤੇ ਕਮਜ਼ੋਰ ਜਿਹਾ ਪ੍ਰਧਾਨ ਮੰਤਰੀ ਸਾਡਾ ਮੁਕਾਬਲਾ ਕੀ ਕਰੇਗਾ । ਉਸ ਨੇ ਕਿਹਾ ਕਿ ਅਸੀਂ ਚਹਿਲ-ਕਦਮੀ ਕਰਦੇ ਹੋਏ ਦਿੱਲੀ ਤੱਕ ਪਹੁੰਚ ਜਾਵਾਂਗੇ । ਇਹ ਅਯੂਬ ਖਾਂ ਦਾ ਬਹੁਤ ਵੱਡਾ ਭੁਲੇਖਾ ਸਾਬਤ ਹੋਇਆ, ਉਸ ਨੂੰ ਨਹੀਂ ਪਤਾ ਸੀ ਕਿ ਸ਼ਾਸਤਰੀ ਜੀ ਭਾਰਤ ਦੇ ਕੇਵਲ ਲਾਲ ਹੀ ਨਹੀਂ, ਬਲਕਿ ਬਹਾਦੁਰ ਵੀ ਸਨ । ਸ਼ਾਸਤਰੀ ਜੀ ਨੇ ਕਿਹਾ-ਅਯੂਬ ਖਾਂ ਜੀ ਬਹੁਤ ਵੱਡੇ ਆਦਮੀ ਹਨ, ਅਸੀਂ ਉਹਨਾਂ ਨੂੰ ਦਿੱਲੀ ਤੱਕ ਪੈਦਲ ਆਉਣ ਦੀ ਤਕਲੀਫ਼ ਨਹੀਂ ਦੇ ਸਕਦੇ, ਇਸ ਲਈ ਲਾਹੌਰ ਤੱਕ ਵਧ ਕੇ ਹੀ ਉਹਨਾਂ ਦਾ ਸਵਾਗਤ ਕਰਾਂਗੇ।' ਇਸ ਤੋਂ ਬਾਅਦ ਉਹਨਾ ਨੇ ਫ਼ੌਜ ਨੂੰ ਕਿਹਾ-ਜਵਾਨੋਂ ਅੱਗੇ ਵਧੋ।

ਅਮਰੀਕਾ ਨੇ ਧਮਕੀ ਦੇ ਦਿੱਤੀ ਕਿ ਜੇਕਰ ਭਾਰਤ ਨੇ ਪਾਕਿਸਤਾਨ 'ਤੇ ਹਮਲਾ ਕੀਤਾ ਤਾਂ ਉਹ ਭਾਰਤ ਨੂੰ ਕਣਕ ਦੇਣੀ ਬੰਦ ਕਰ ਦੇਵੇਗਾ । ਸ਼ਾਸਤਰੀ ਜੀ ਨੇ ਪਹਿਲਾਂ ਆਪਣੇ ਘਰ ਵਿੱਚ ਅਜ਼ਮਾਇਆ ਕਿ ਕੀ ਉਹਨਾਂ ਦੇ ਬੱਚੇ ਇੱਕ ਦਿਨ ਇੱਕ ਵਕਤ ਦੇ ਭੋਜਨ ਤੋਂ ਬਿਨਾਂ ਰਹਿ ਸਕਦੇ ਹਨ । ਜਦੋਂ ਇਹ ਸੰਭਵ ਹੋ ਗਿਆ ਤਾਂ ਸ਼ਾਸਤਰੀ ਜੀ ਨੇ ਦੇਸ਼ ਵਾਸੀਆਂ ਨੂੰ ਹਫ਼ਤੇ ਵਿਚ ਇੱਕ ਦਿਨ ਇੱਕ ਸਮੇਂ ਦਾ ਖਾਣਾ ਤਿਆਗਣ ਲਈ ਕਿਹਾ ਅਤੇ ਉਹਨਾ ਦੇ ਸ਼ਬਦਾਂ ਦਾ ਐਨਾ ਪ੍ਰਭਾਵ ਸੀ ਕਿ ਬਹੁ-ਗਿਣਤੀ ਭਾਰਤ ਵਾਸੀਆਂ ਨੇ ਹਰ ਹਫ਼ਤੇ ਇੱਕ ਦਿਨ ਇੱਕ ਵਕਤ ਦੇ ਖਾਣੇ ਦਾ ਤਿਆਗ ਕਰ ਦਿੱਤਾ। ਅਮਰੀਕਾ ਵੀ ਵੇਖਦਾ ਰਹਿ ਗਿਆ । ਭਾਰਤੀ ਫੌਜ ਨੇ ਲਾਹੌਰ ਦੀ ਬਰਕੀ ਪੁਲਸ ਚੌਕੀ 'ਤੇ ਭਾਰਤੀ ਝੰਡਾ ਝੁਲਾ ਦਿੱਤਾ। ਸ਼ਾਸਤਰੀ ਜੀ ਨੇ ਦੇਸ਼ ਦੀ ਸੁਰੱਖਿਆ ਕਰਨ ਵਾਲਿਆਂ ਲਈ ਅਤੇ ਅੰਨ ਦੀ ਪੂਰਤੀ ਕਰਨ ਵਾਲਿਆਂ ਲਈ 'ਜੈ ਜਵਾਨ, ਜੈ ਕਿਸਾਨ' ਦਾ ਨਾਹਰਾ ਦਿੱਤਾ।

1970 ਵਿਚ ਸ਼ੇਖ ਮੁਜੀਬੁਰ ਰਹਿਮਾਨ ਦੀ ਅਗਵਾਈ ਹੇਠ ਪਾਕਿਸਤਾਨ ਦੀ ਅਵਾਮੀ ਲੀਗ ਜਿੱਤ ਗਈ ਅਤੇ ਕਾਨੂੰਨ ਅਨੁਸਾਰ ਮੁਜੀਬੁਰ ਰਹਿਮਾਨ ਨੂੰ ਪਾਕਿਸਤਾਨ ਦਾ ਪ੍ਰਧਾਨ ਮੰਤਰੀ ਬਣਾਉਣਾ ਚਾਹੀਦਾ ਸੀ, ਪਰ ਪ੍ਰਧਾਨ ਮੰਤਰੀ ਬਣਾਉਣ ਤੋਂ ਪਾਕਿਸਤਾਨ ਦੇ ਪ੍ਰਧਾਨ ਜਨਰਲ ਅਯੂਬ ਖਾਂ ਨੇ ਇਨਕਾਰ ਕਰ ਦਿੱਤਾ । ਪਾਕਿਸਤਾਨੀ ਫੌਜ ਨੇ ਮੁਜੀਬੁਰ ਰਹਿਮਾਨ ਦੇ ਪ੍ਰਭਾਵ ਵਾਲੇ ਖੇਤਰ ਪੂਰਬੀ ਪਾਕਿਸਤਾਨ ਵਿੱਚ ਐਨੇ ਜ਼ੁਲਮ ਕੀਤੇ ਕਿ ਉਥੋਂ ਤੰਗ ਆਏ ਲੋਕ 1971 ਤੱਕ ਭਾਰਤ ਵਿੱਚ ਐਨੇ ਵੱਧ ਸ਼ਰਨਾਰਥੀ ਬਣ ਕੇ ਆ ਗਏ ਕਿ ਸਾਡੇ ਲਈ ਇੱਕ ਵੱਡਾ ਆਰਥਿਕ ਬੋਝ ਬਣ ਗਏ । ਭਾਰਤ ਨੇ ਪੂਰਬੀ ਪਾਕਿਸਤਾਨ ਤੋਂ ਆਏ ਸ਼ਰਨਾਰਥੀਆਂ ਨੂੰ ਹੀ ਫੌਜੀ ਟ੍ਰੇਨਿੰਗ ਅਤੇ ਹਥਿਆਰ ਦਿੱਤੇ, ਤਾਂ ਕਿ ਸਾਡੀ ਪੂਰਬੀ ਪਾਕਿਸਤਾਨ ਵਿੱਚ ਫੌਜੀ ਦਖਲਅੰਦਾਜ਼ੀ ਤੋਂ ਬਿਨਾਂ ਉੱਥੇ ਦੇ ਲੋਕ ਆਪ ਹੀ ਫੌਜ ਨਾਲ ਨਜਿੱਠਣ। ਪੂਰਬੀ ਪਾਕਿਸਤਾਨ ਦੇ ਸ਼ਰਨਾਰਥੀਆਂ ਨੂੰ ਦਿੱਤੀ ਗਈ ਭਾਰਤੀ ਫੌਜ ਦੀ ਟ੍ਰੇਨਿੰਗ ਅਤੇ ਹਥਿਆਰਾਂ ਨਾਲ ਉਹਨਾਂ 'ਮੁਕਤੀ ਬਹਿਨੀ' ਬਣਾ ਲਈ। ਪਾਕਿਸਤਾਨ ਨੇ ਅਚਾਨਕ 3 ਦਸੰਬਰ ਵਾਲੀ ਸ਼ਾਮ ਭਾਰਤ ਦੇ ਗਿਆਰਾਂ ਵੱਡੇ ਫੌਜੀ ਹਵਾਈ ਅੱਡਿਆਂ ਉੱਤੇ ਅਤੇ ਅੰਮ੍ਰਿਤਸਰ, ਫਰੀਦਕੋਟ ਦੇ ਰਾਡਾਰ ਸਿਸਟਮਾਂ ਉੱਤੇ ਹਮਲਾ ਕਰ ਦਿੱਤਾ। ਪ੍ਰਧਾਨ ਮੰਤਰੀ ਇੰਦਰਾ ਗਾਂਧੀ ਸੀ, ਜਿਸ ਨੇ ਫ਼ੌਜ ਨੂੰ ਹੁਕਮ ਦਿੱਤਾ ਕਿ ਪਾਕਿਸਤਾਨ 'ਤੇ ਐਸੇ ਹਮਲੇ ਕਰੋ ਕਿ ਜੰਗਬਾਜ਼ਾਂ ਦੀ ਅਕਲ ਟਿਕਾਣੇ ਆ ਜਾਏ । ਅਮਰੀਕਾ ਨੇ ਧਮਕੀ ਦਿੱਤੀ ਕਿ ਜੇਕਰ ਭਾਰਤ ਨੇ ਪੂਰਬੀ ਪਾਕਿਸਤਾਨ 'ਤੇ ਹਮਲਾ ਕੀਤਾ ਤਾਂ ਸਾਡਾ ਸੱਤਵਾਂ ਬਹਿਰੀ ਬੇੜਾ ਬੰਗਾਲ ਦੀ ਖਾੜੀ ਵਿਚ ਪੁੱਜ ਕੇ ਭਾਰਤੀ ਨੇਵੀ ਵੱਲੋਂ ਕੀਤੀ ਜਾਣ ਵਾਲੀ ਘੇਰਾਬੰਦੀ ਨੂੰ ਤੋੜੇਗਾ । ਉਧਰੋਂ ਰੂਸ ਦੀ ਇੰਟੈਲੀਜੈਂਸੀ ਨੇ ਭਾਰਤ ਨੂੰ ਚੌਕੰਨਾ ਕੀਤਾ ਕਿ ਇੰਗਲੈਂਡ ਦਾ ਇੱਕ ਬਹਿਰੀ ਬੇੜਾ ਅਰਬ ਸਾਗਰ ਵੱਲ ਵਧ ਰਿਹਾ ਹੈ । ਰੂਸੀ ਨੇਵੀ ਦੀਆਂ ਛੇ ਯੂਨਿਟਾਂ ਅਤੇ ਪਣਡੁੱਬੀਆਂ ਬੰਗਾਲ ਦੀ ਖਾੜੀ ਵਿੱਚ ਪਹੁੰਚ ਚੁੱਕੀਆਂ ਸਨ, ਜਿਨ੍ਹਾਂ ਨੂੰ ਵੇਖਦੇ ਹੋਏ ਅਮਰੀਕਾ ਦਾ ਸੱਤਵਾਂ ਬੇੜਾ ਵਾਪਿਸ ਚਲਾ ਗਿਆ । ਪੱਛਮੀ ਪਾਕਿਸਤਾਨ ਦੀ ਨੇਵੀ ਨੂੰ ਭਾਰਤੀ ਨੇਵੀ ਨੇ ਐਸਾ ਤਬਾਹ ਕੀਤਾ ਕਿ ਮੁੜ ਉੱਠਣ ਜੋਗੀ ਨਾ ਰਹੀ। ਉਹਨਾਂ ਦੇ ਤੇਲ ਭੰਡਾਰ ਵੀ ਨਸ਼ਟ ਕਰ ਦਿੱਤੇ । ਭਾਰਤੀ ਫੌਜ, ਹਵਾਈ ਫੌਜ ਅਤੇ ਮੁਕਤੀ ਬਹਿਣੀ ਨੇ ਮਿਲ ਕੇ 13 ਦਿਨਾਂ ਵਿੱਚ ਹੀ ਪਾਕਿਸਤਾਨੀ ਫੌਜ ਨੂੰ ਹਥਿਆਰ ਸੁੱਟਣ ਲਈ ਮਜਬੂਰ ਕਰ ਦਿੱਤਾ। ਭਾਰਤੀ ਫੌਜ ਨੇ ਨੱਬੇ ਹਜ਼ਾਰ ਪਾਕਿਸਤਾਨੀ ਫੌਜੀਆਂ ਨੂੰ ਕੈਦੀ ਬਣਾ ਲਿਆ। ਇਸ ਕਰਾਰੀ ਹਾਰ ਤੋਂ ਬਾਅਦ ਪੱਛਮੀ ਪਾਕਿਸਤਾਨ ਬੰਗਲਾ ਦੇਸ਼ ਬਣ ਗਿਆ।

31 ਅਗਸਤ, 2020 ਦੀ ਰਾਤ ਨੂੰ ਚਾਰ ਚੀਨੀ ਲਾਈਟ ਟੈਂਕ ਪੂਰਬੀ ਲੱਦਾਖ ਦੇ ਰੇਜ਼ਾਂਗ ਲਾ ਵਿਖੇ ਭਾਰਤੀ ਟਿਕਾਣਿਆਂ ਵੱਲ ਵਧ ਰਹੇ ਸਨ, ਜਿਨ੍ਹਾਂ ਦੇ ਪਿੱਛੇ ਪੈਦਲ ਸੈਨਾ ਮਾਰਚ ਕਰ ਰਹੀ ਸੀ। ਭਾਰਤ ਦੇ ਪੂਰਬੀ ਫੌਜ ਦੇ ਕਮਾਂਡਰ ਵਾਈ ਕੇ ਜੋਸ਼ੀ ਅਤੇ ਭਾਰਤੀ ਫੌਜ ਮੁਖੀ ਮਨੋਜ ਮੁਕੁੰਦ ਨਰਵਣੇ ਵਿਚਕਾਰ ਜਲਦਬਾਜ਼ੀ ਅਤੇ ਚਿੰਤਾ ਵਾਲੇ ਸੁਨੇਹੇ ਇੱਕ-ਦੂਜੇ ਵੱਲ ਆ ਜਾ ਰਹੇ ਸਨ । ਫੀਲਡ ਕਮਾਂਡਰ ਬਾਰ-ਬਾਰ ਫਾਇਰ ਕਰਨ ਦੀ ਇਜਾਜ਼ਤ ਮੰਗ ਰਹੇ ਸਨ, ਕਿਉਂਕਿ ਪ੍ਰਚੱਲਤ ਨਿਯਮਾਂ ਅਨੁਸਾਰ ਉਹ ਜਨਰਲ ਦੇ ਹੁਕਮ ਤੋਂ ਬਿਨਾਂ ਫਾਇਰ ਨਹੀਂ ਕਰ ਸਕਦੇ ਸਨ ਅਤੇ ਜਨਰਲ ਨਰਵਾਣੇ ਇੱਕ ਜ਼ਬਰਦਸਤ ਮੁਸ਼ਕਲ ਵਿੱਚ ਸਨ: ਉਨ੍ਹਾਂ ਦੇ ਰਾਜਨੀਤਕ ਆਕਾ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਚੁੱਪ ਧਾਰੀ ਹੋਈ ਸੀ । ਅਖੀਰ 'ਤੇ ਤੰਗ ਆ ਕੇ ਨਰਵਾਣੇ ਨੇ ਪੁੱਛਿਆ ਕਿ ਮੇਰੇ ਲਈ ਫਾਈਨਲ ਹੁਕਮ ਕੀ ਹੈ ਤਾਂ ਤੁਰੰਤ ਜੁਆਬ ਆਇਆ ਕਿ ਜੰਗਬੰਦੀ ਹੋ ਸਕਦੀ ਹੈ ਅਤੇ ਫੌਜੀ ਮੁਕਾਬਲੇ ਤੋਂ ਬਚਿਆ ਜਾਵੇ । ਭਾਵੇਂ ਚੀਨੀ ਮੇਜਰ ਜਨਰਲ ਨੇ ਅਗਲੀ ਸਵੇਰ ਜੰਗਬੰਦੀ ਅਤੇ ਝੰਡਾ ਮੀਟਿੰਗ ਦਾ ਸੁਝਾਅ ਦਿੱਤਾ, ਪਰ ਚੀਨੀ ਕਾਰਵਾਈਆਂ ਦਾ ਉਨ੍ਹਾਂ ਦੇ ਸ਼ਬਦਾਂ ਨਾਲ ਕੋਈ ਮੇਲ ਨਹੀਂ ਸੀ, ਕਿਉਂਕਿ ਉਹਨਾਂ ਦੇ ਟੈਂਕ ਰੇਜ਼ਾਂਗ ਲਾ 'ਤੇ ਕਾਬਜ਼ ਭਾਰਤੀ ਫੌਜਾਂ ਵੱਲ ਵਧਦੇ ਆ ਰਹੇ ਸਨ। ਜਦੋਂ ਜਨਰਲ ਨਰਵਾਣੇ ਨੇ ਦੱਸਿਆ ਕਿ ਚੀਨੀ ਮੇਜਰ ਜਨਰਲ ਵੱਲੋਂ ਅਗਲੀ ਸਵੇਰ ਜੰਗਬੰਦੀ ਅਤੇ ਝੰਡਾ ਮੀਟਿੰਗ ਦਾ ਸੁਝਾਅ ਦੇ ਕੇ ਵੀ ਉਸ ਦੇ ਟੈਂਕ ਰੇਜ਼ਾਂਗ ਲਾ ਵੱਲ ਵਧ ਰਹੇ ਹਨ ਤਾਂ ਸਾਡੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ-ਜੋ ਠੀਕ ਸਮਝੋ ਕਰੋ।

ਰੇਜ਼ਾਂਗ ਲਾ 16400 ਫ਼ੁੱਟ ਤੋਂ ਲੈ ਕੇ 18000 ਫ਼ੁੱਟ ਦੀ ਉਚਾਈ 'ਤੇ ਉਹ ਦੱਰਾ ਹੈ, ਜਿੱਥੇ ਖ਼ੂਨ ਜਮਾਅ ਦੇਣ ਵਾਲੀਆਂ ਅਤਿਅੰਤ ਠੰਢੀਆਂ ਹਵਾਵਾਂ ਚਲਦੀਆਂ ਹਨ ਅਤੇ ਜਿਸ 'ਤੇ 1962 ਵਿਚ 5000 ਹਜ਼ਾਰ ਚੀਨੀ ਫ਼ੌਜੀਆਂ ਨੇ ਹਮਲਾ ਕਰ ਦਿੱਤਾ ਸੀ ਅਤੇ ਸਾਡੇ ਕੁਮਾਊ ਰੈਜਮੈਂਟ ਦੇ ਕੇਵਲ 120 ਜਵਾਨ ਮੇਜਰ ਸ਼ੈਤਾਨ ਸਿੰਘ ਦੀ ਕਮਾਂਡ ਹੇਠ ਲੜ ਰਹੇ ਸਨ । ਸ਼ੈਤਾਨ ਸਿੰਘ ਸਮੇਤ ਸਾਰੇ ਦੇ ਸਾਰੇ ਵੀਰ ਫੌਜੀ ਅਖੀਰੀ ਗੋਲੀ ਤੱਕ ਲੜਦੇ-ਲੜਦੇ ਸ਼ਹੀਦ ਹੋ ਗਏ । ਚੀਨੀ ਫ਼ੌਜੀ ਸਾਡੇ ਚੁਸ਼ੂਲ ਹਵਾਈ ਅੱਡੇ ਤੱਕ ਨਹੀਂ ਪਹੁੰਚ ਸਕੇ, ਕਿਉਂਕਿ ਭਾਵੇਂ ਚੁਸ਼ੂਲ ਤੱਕ ਜਾਣ ਦੇ ਰਸਤੇ ਰੇਜ਼ਾਂਗ ਲਾ 'ਤੇ ਚੀਨੀਆਂ ਦਾ ਕਬਜ਼ਾ ਹੋ ਗਿਆ, ਪਰ ਸਾਡੇ 120 ਸ਼ਹੀਦ 1300 ਚੀਨੀ ਫ਼ੌਜੀਆਂ ਨੂੰ ਸ਼ਹੀਦ ਹੋਣ ਤੋਂ ਪਹਿਲਾਂ ਮਾਰ ਚੁੱਕੇ ਸਨ। ਨਵੰਬਰ 1962 ਵਿਚ ਜੰਗਬੰਦੀ ਹੋਣ ਤੋਂ ਬਾਅਦ ਫਰਵਰੀ 1963 ਦੀ ਸ਼ੁਰੂਆਤ ਵਿਚ ਭਾਰਤੀ ਫੌਜ ਦਾ ਫੇਰ ਤੋਂ ਰੇਜ਼ਾਂਗ ਲਾ 'ਤੇ ਕਬਜ਼ਾ ਹੋ ਗਿਆ । ਇਸ ਕੁਰਬਾਨੀਆਂ ਭਰੇ ਅਤੇ ਰਣਨੀਤਿਕ ਏਰੀਏ ਨੂੰ ਜਨਰਲ ਨਰਵਾਣੇ ਆਪਣੇ ਹੱਥੋਂ ਗੁਆਉਣਾ ਨਹੀਂ ਚਾਹੁੰਦੇ ਸਨ, ਇਸ ਲਈ ਉਹਨਾਂ ਆਪਣੇ ਫ਼ੌਜੀ ਤਜਰਬੇ ਦੇ ਅਧਾਰ 'ਤੇ ਭਾਰਤੀ ਦਰਮਿਆਨੇ ਟੈਂਕਾਂ ਨੂੰ ਉਹਨਾਂ ਦੇ ਬੁਰਜ ਹੇਠਾਂ ਕਰਕੇ ਅੱਗੇ ਦੀ ਸਥਿਤੀ ਵਿੱਚ ਭੇਜ ਦਿੱਤਾ। ਇਹ ਟੈਂਕ ਛੋਟੇ ਚੀਨੀ ਟੈਂਕਾਂ ਨੂੰ ਉਡਾ ਕੇ ਸੁੱਟ ਸਕਦੇ ਸਨ । ਰਣਨੀਤੀ ਕੰਮ ਕਰ ਗਈ। ਚੀਨੀ ਅੱਗੇ ਵਧਣੋਂ ਰੁਕ ਗਏ ਅਤੇ ਸੰਕਟ ਟਲ ਗਿਆ।

ਇਹ ਸਾਰਾ ਬ੍ਰਿਤਾਂਤ ਜਨਰਲ ਨਰਵਾਣੇ ਨੇ ਇੱਕ ਕਿਤਾਬ ਦੇ ਰੂਪ ਵਿੱਚ ਛਪਵਾਉਣ ਲਈ ਲਿਖਿਆ, ਪਰ ਭਾਰਤ ਸਰਕਾਰ ਨੇ ਇਹ ਕਿਤਾਬ ਛਪਣ ਦੀ ਇਜਾਜ਼ਤ ਨਹੀਂ ਦਿੱਤੀ। ਭਾਜਪਾ ਸਰਕਾਰ ਦਾ ਕਹਿਣਾ ਹੈ ਕਿ ਇਸ ਕਿਤਾਬ ਬਾਰੇ ਵਿਚਾਰ-ਵਟਾਂਦਰਾ ਕਰਕੇ ਹੀ ਫੈਸਲਾ ਕੀਤਾ ਜਾਵੇਗਾ ਕਿ ਇਹ ਛਾਪੀ ਜਾਵੇ ਜਾਂ ਨਾ ਛਾਪੀ ਜਾਵੇ । ਹੈਰਾਨਗੀ ਦੀ ਗਲ ਹੈ ਕਿ 2024 ਵਿਚ ਛਪਣ ਲਈ ਦਿੱਤੀ ਗਈ ਕਿਤਾਬ ਦਾ 2026 ਤਕ ਅਜੇ ਇਸ ਬਾਰੇ ਵਿਚਾਰ ਵਿਮਰਸ਼ ਹੀ ਨਹੀਂ ਹੋਇਆ । ਇਸ ਬਾਰੇ ਤਾਂ ਸਰਕਾਰ ਹੀ ਦਸ ਸਕਦੀ ਹੈ । 'ਕਾਰਵਾਂ' ਮੈਗਜ਼ੀਨ ਨੇ ਇਸ ਕਿਤਾਬ ਦੇ ਕੁਝ ਅੰਸ਼ ਛਾਪ ਦਿੱਤੇ ਹਨ । ਹੁਣ ਜਦੋਂ ਵਿਰੋਧੀ ਪਾਰਟੀਆਂ ਨੇ ਇਹਨਾਂ ਛਪੇ ਹੋਏ ਅੰਸ਼ਾਂ ਨੂੰ ਲੈ ਕੇ ਸੁਆਲ ਕਰਨੇ ਸ਼ੁਰੂ ਕਰ ਦਿੱਤੇ ਹਨ ਤਾਂ ਸਰਕਾਰ ਇਹ ਕਹਿ ਰਹੀ ਹੈ ਕਿ ਇਹ ਕਿਤਾਬ ਅਜੇ ਛਪੀ ਨਹੀਂ, ਇਸ ਲਈ ਇਸ 'ਤੇ ਬਹਿਸ ਨਹੀਂ ਹੋ ਸਕਦੀ। ਮੁੱਦਾ ਇਹ ਨਹੀਂ ਹੋਣਾ ਚਾਹੀਦਾ ਕਿ ਕਿਤਾਬ ਛਪੀ ਹੈ ਜਾਂ ਅਜੇ ਨਹੀਂ ਛਪੀ, ਬਲਕਿ ਮੁੱਦਾ ਇਹ ਹੋਣਾ ਚਾਹੀਦਾ ਹੈ ਕਿ ਕੀ ਜਨਰਲ ਨਰਵਾਣੇ ਨੇ ਛਪਣ ਲਈ ਠੀਕ ਲਿਖਿਆ ਸੀ ਜਾਂ ਨਹੀਂ, ਕੀ ਰੱਖਿਆ ਮੰਤਰੀ ਅਤੇ ਪ੍ਰਧਾਨ ਮੰਤਰੀ ਨੇ ਦੇਸ਼ ਦੀ ਸੁਰੱਖਿਆ ਨਾਲ ਜੁੜੇ ਅਹਿਮ ਮਸਲੇ 'ਤੇ ਢਿੱਲਮੱਠ ਵਿਖਾਈ, ਜਾਂ ਨਹੀਂ ਅਤੇ ਜੇਕਰ ਵਿਖਾਈ ਤਾਂ ਕਿਉਂ ਵਿਖਾਈ ? ਭਾਜਪਾ ਸਰਕਾਰ ਨੇ ਹਮੇਸ਼ਾਂ ਆਪਣੇ ਵਿਰੁੱਧ ਉੱਠ ਰਹੀ ਆਵਾਜ਼ ਨੂੰ ਦਬਾਇਆ ਹੈ। ਵਿਰੋਧੀ ਆਵਾਜ਼ ਉਠਾਉਣ ਵਾਲੇ ਨੂੰ ਜੇਲ੍ਹ ਵਿਚ ਭੇਜਣ ਲਈ ਉਸ ਤੇ ਕੇਸ ਦਰਜ ਕਰਵਾਇਆ ਹੈ।

**# ਸੰਪਰਕ : 94176-32228**

# ਦਰਕਾਰ ਹੈ ਪੰਜਾਬ ਨੂੰ ਨਵੀਂ ਸੋਚ


ਡਾ. ਅਰੁਣ ਮਿਤਰਾ

ਮਾਰਕਸਵਾਦ ਦੀ ਜੋ ਸਭ ਤੋਂ ਵਧੀਆ ਗੱਲ ਮੈਨੂੰ ਜਾਪਦੀ ਹੈ, ਉਹ ਹੈ ਜੜ੍ਹਵਾਦ ਨੂੰ ਛੱਡ ਕੇ ਗਤੀਸ਼ੀਲਤਾ ਦੀ ਸੋਚ। ਇਹ ਸਿਧਾਂਤ ਜੀਵਨ ਦੇ ਹਰ ਪੱਖ 'ਤੇ ਲਾਗੂ ਹੁੰਦਾ ਹੈ । ਜਿਹਨਾਂ ਹਾਲਤਾਂ ਦੇ ਵਿੱਚੋਂ ਅੱਜ ਸਾਡਾ ਸੂਬਾ ਗੁਜ਼ਰ ਰਿਹਾ ਹੈ, ਉਸ ਨੂੰ ਉਸ ਵਿੱਚੋਂ ਕੱਢਣ ਦੇ ਲਈ ਇਕ ਨਵੀਂ ਸੋਚ ਦੀ ਅਤਿਅੰਤ ਜ਼ਰੂਰਤ ਹੈ।

ਜਿਹੜੇ ਵੀ ਦੇਸ਼ ਵਿਕਸਿਤ ਹੋਏ, ਉਹਨਾਂ ਨੇ ਸਭ ਤੋਂ ਪਹਿਲਾਂ ਸਮਾਜ ਵਿੱਚ ਸਿੱਖਿਆ ਅਤੇ ਸਿਹਤ 'ਤੇ ਭਰਪੂਰ ਜ਼ੋਰ ਦਿੱਤਾ, ਜਿਸ ਨੇ ਕਿ ਉਹਨਾਂ ਸਮਾਜਾਂ ਨੂੰ ਤਰੱਕੀ ਵੱਲ ਲਿਜਾਣ ਦਾ ਰਾਹ ਖੋਲ੍ਹਿਆ। ਸਰਕਾਰਾਂ ਵੱਡੀਆਂ-ਵੱਡੀਆਂ ਗੱਲਾਂ ਜੋ ਮਰਜ਼ੀ ਕਰਨ, ਪਰ ਅਸਲ ਵਿੱਚ ਅੱਜ ਸਮਾਜ ਦੇ ਘੱਟ ਆਮਦਨ ਵਾਲੇ ਤਬਕੇ ਇਹਨਾਂ ਦੋ ਅਤੀ ਜ਼ਰੂਰੀ ਲੋੜਾਂ ਤੋਂ ਵਾਂਝੇ ਹੁੰਦੇ ਜਾ ਰਹੇ ਹਨ। ਇਹਨਾਂ ਵਿਸ਼ਿਆਂ 'ਤੇ ਲੋਕਾਂ ਨੂੰ ਲਾਮਬੰਦ ਕਰਨ ਅਤੇ ਬਹੁਤ ਵੱਡੇ ਸੰਘਰਸ਼ ਦੀ ਲੋੜ ਹੈ। ਕੇਂਦਰ ਸਰਕਾਰ ਤਾਂ ਦਮਨਕਾਰੀ ਹੈ। ਇਸ ਦਾ ਦਮਨ ਵੀ ਖਾਸ ਤੌਰ 'ਤੇ ਆਰਥਿਕ ਤੌਰ ਤੇ ਕਮਜ਼ੋਰ ਲੋਕਾਂ ਜੋ ਅੱਜ ਰੋਜ਼ਗਾਰ ਦੀ ਭਾਲ ਵਿੱਚ ਫਿਰਦੇ ਹਨ, ਉਹਨਾਂ ਉਪਰ ਹੈ । ਇਸ ਲਈ ਇਹ ਸੋਚਣ ਦੀ ਲੋੜ ਹੈ ਕਿ ਉਹਨਾਂ ਨੂੰ ਕਿਵੇਂ ਤੇ ਕਿਸ ਢੰਗ ਦੇ ਨਾਲ ਸੰਘਰਸ਼ ਕਰਨ ਦੀ ਅਗਵਾਈ ਦਿੱਤੀ ਜਾਏ। ਪੇਂਡੂ ਮਜ਼ਦੂਰ, ਭਾਵੇਂ ਉਹ ਖੇਤ ਮਜ਼ਦੂਰ ਹੋਣ ਜਾਂ ਫਿਰ ਮਨਰੇਗਾ (ਹੁਣ ਜੀ ਰਾਮ ਜੀ) ਦੇ ਕਾਮੇ, ਦੋਨੋਂ ਹੀ ਅੱਜ ਗੰਭੀਰ ਆਰਥਿਕ ਹਾਲਾਤ ਵਿੱਚੋਂ ਗੁਜ਼ਰ ਰਹੇ ਹਨ । ਉਹਨਾਂ ਬਾਰੇ ਸੋਚਣਾ ਤੇ ਬਕਾਇਦਾ ਲਾਮਬੰਦ ਕਰਨਾ ਅਤੀ ਜ਼ਰੂਰੀ ਕੰਮ ਹੋ ਗਿਆ ਹੈ । ਪੰਜਾਬ ਦੇ ਕਿਸਾਨਾਂ ਨੇ ਲੰਮਾ ਸੰਘਰਸ਼ ਕਰਕੇ ਕੇਂਦਰ ਸਰਕਾਰ ਨੂੰ ਝੁਕਾਇਆ, ਪਰ ਸਰਕਾਰ ਆਪਣੇ ਵਾਅਦਿਆਂ ਤੋਂ, ਜਿਵੇਂ ਕਿ ਆਸ ਸੀ, ਮੁੱਕਰ ਗਈ। ਕਿਸਾਨ ਅੱਜ ਵੀ ਸੰਘਰਸ਼ ਦੇ ਰਸਤੇ 'ਤੇ ਹਨ। ਉਹਨਾਂ ਨੂੰ ਅਗਵਾਈ ਦੇਣਾ ਤੇ ਸਹੀ ਦਿਸ਼ਾ ਵੱਲ ਸੰਘਰਸ਼ ਨੂੰ ਹੋਰ ਅੱਗੇ ਲੈ ਕੇ ਜਾਣਾ ਇਹ ਇਕ ਬਹੁਤ ਵੱਡੀ ਚੁਣੌਤੀ ਹੈ, ਜਿਸ 'ਤੇ ਕਿ ਮਾਰਕਸਵਾਦੀ ਢੰਗ ਨਾਲ ਸੋਚ ਆਪਣਾ ਕੇ ਅੱਗੇ ਵਧਣ ਦੀ ਲੋੜ ਹੈ। ਆਂਗਨਵਾੜੀ, ਆਸ਼ਾ ਅਤੇ ਮਿਡ ਡੇ ਮੀਲ ਖੇਤਰਾਂ ਵਿੱਚ ਕੰਮ ਕਰਦੀਆਂ ਬੀਬੀਆਂ ਬਹੁਤ ਹੀ ਤਰਸਯੋਗ ਹਾਲਤ ਵਿੱਚ ਹਨ।

ਮੁਲਾਜ਼ਮਾਂ ਦੀਆਂ ਲੱਖਾਂ ਪੋਸਟਾਂ ਖਾਲੀ ਪਈਆਂ ਹਨ, ਜਿਹੜੀਆਂ ਕਿ ਭਰਨ ਲਈ ਸੰਘਰਸ਼ ਕਰਨੇ ਪੈਣਗੇ। ਇਸੇ ਢੰਗ ਦੇ ਨਾਲ ਪੈਨਸ਼ਨਰ ਸਾਥੀਆਂ ਦੇ ਮਸਲਿਆਂ ਨੂੰ ਹੱਲ ਕਰਨਾ ਪਏਗਾ। ਕਾਨੂੰਨ ਵਿਵਸਥਾ ਦੀ ਸਥਿਤੀ ਬਹੁਤ ਵਿਗੜ ਚੁੱਕੀ ਹੈ; ਮਾਫ਼ੀਆ, ਕੁਝ ਰਾਜ ਨੇਤਾਵਾਂ, ਅਫਸਰਸ਼ਾਹੀ ਤੇ ਪੁਲਸ ਦਾ ਗਠਜੋੜ ਬੜਾ ਮਜ਼ਬੂਤ ਹੁੰਦਾ ਜਾ ਰਿਹਾ ਹੈ, ਇਸ ਦੇ ਬਾਰੇ ਬੜੀ ਸੋਚ-ਸਮਝ ਕੇ ਐਕਸ਼ਨ ਕਰਨ ਦੀ ਲੋੜ ਹੈ।

ਨੌਜਵਾਨ ਵੱਡੀ ਗਿਣਤੀ ਵਿੱਚ ਬੇਰੁਜ਼ਗਾਰ ਹਨ । ਇਸ ਲਈ ਉਨ੍ਹਾਂ ਵਿੱਚੋਂ ਕਈ ਤਾਂ ਅਪਰਾਧ ਵਿੱਚ ਪੈ ਜਾਂਦੇ ਹਨ, ਨਸ਼ਿਆਂ ਵਿੱਚ ਵੀ ਪੈ ਜਾਂਦੇ ਹਨ ਅਤੇ ਵੱਡੀ ਗਿਣਤੀ ਉਹਨਾਂ ਵਿੱਚੋਂ ਵਿਦੇਸ਼ਾਂ ਵਿੱਚ ਚਲੇ ਜਾਂਦੀ ਹੈ। ਅਜੋਕੇ ਸਮੇਂ ਉਹਨਾਂ ਮੁਲਕਾਂ ਵਿੱਚ ਵੀ ਸਥਿਤੀ ਕੋਈ ਬਹੁਤ ਵਧੀਆ ਨਹੀਂ ।ਧੱਕੇ ਖਾ ਕੇ ਬਹੁਤ ਸਾਰੇ ਵਾਪਸ ਵੀ ਆਉਂਦੇ ਹਨ ਜਾਂ ਅਸਾਂ ਪਿੱਛੇ ਦੇਖਿਆ ਕਿ ਕਿਸ ਢੰਗ ਦੇ ਨਾਲ ਅਮਰੀਕਾ ਵੱਲੋਂ ਹੱਥਕੜੀਆਂ ਲਾ ਕੇ ਜਹਾਜ਼ਾਂ ਵਿੱਚ ਸਾਡੇ ਨੌਜਵਾਨਾਂ ਨੂੰ ਅਪਮਾਨਿਤ ਕਰਕੇ ਵਾਪਸ ਭੇਜਿਆ ਗਿਆ।

ਪੰਜਾਬ ਉਪਰ 4 ਲੱਖ ਕਰੋੜ ਦੇ ਕਰੀਬ ਕਰਜ਼ਾ ਹੈ, ਜਿਸ ਦਾ ਭਾਵ ਕਿ ਹਰ ਪੰਜਾਬੀ ਸਵਾ ਲੱਖ ਰੁਪਏ ਦਾ ਕਰਜ਼ਾਈ ਹੈ । ਇਸ ਕਰਜ਼ੇ ਨੂੰ ਮੋੜਨ ਲਈ ਸਰਕਾਰ ਹੋਰ ਕਰਜ਼ਾ ਲਵੇਗੀ ਤੇ ਕਰਜ਼ਾ ਫੇਰ ਵਧਦਾ ਜਾਏਗਾ ਅਤੇ ਇਸ ਚੱਕਰਵਿਊ ਤੋਂ ਅਸੀਂ ਬਾਹਰ ਹੀ ਨਹੀਂ ਨਿਕਲ ਪਾਵਾਂਗੇ, ਜੇ ਕੋਈ ਬਦਲਵੀਂ ਆਰਥਿਕ, ਸਮਾਜਿਕ ਤੇ ਵਿਕਾਸ ਬਾਰੇ ਨੀਤੀ ਨਾ ਅਪਣਾਈ ਗਈ। ਇਸ ਲਈ ਬਦਲਵੀਆਂ ਨੀਤੀਆਂ ਲਿਆਉਣ ਦੀ ਲੋੜ ਹੈ । ਸ਼ਹਿਰਾਂ ਦੇ ਉਪਰ ਵਧਦੇ ਦਬਾਅ ਨੂੰ ਰੋਕਣ ਲਈ ਪੇਂਡੂ ਖੇਤਰ ਵਿੱਚ ਉਦਯੋਗ ਲਗਾਉਣ ਦੀ ਲੋੜ ਹੈ । ਇਸੇ ਢੰਗ ਦੇ ਨਾਲ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਵੀ ਬਦਲਵੀਆਂ ਨੀਤੀਆਂ ਲਿਆਉਣੀਆਂ ਅਤੀ ਜ਼ਰੂਰੀ ਹਨ।

ਕੰਮ ਬਹੁਤ ਹਨ, ਪਰ ਉਹਨਾਂ ਨੂੰ ਸਹੀ ਦਿਸ਼ਾ ਦੇਣ ਲਈ ਆਪਣੇ ਆਪ ਨੂੰ ਵਿਗਿਆਨਕ ਸੋਚ ਨਾਲ ਵਾਰ-ਵਾਰ ਪਰਪੱਕ ਕਰਨਾ ਸਮੇਂ ਦੀ ਲੋੜ ਬਣ ਗਈ ਹੈ। ਇਸ ਲਈ ਜੜ੍ਹਵਾਦ ਤੋਂ ਕੱਢਣ ਲਈ ਨਵੀਂ ਸੋਚ ਮੁਤਾਬਕ ਜਥੇਬੰਦੀ ਨੂੰ ਬਣਾਉਣਾ ਅੱਜ ਜ਼ਰੂਰੀ ਹੋ ਗਿਆ ਹੈ। ਜੇਕਰ ਸੋਚ ਨਵੀਂ ਨਹੀਂ ਬਣਦੀ ਤਾਂ ਜਥੇਬੰਦੀ ਵੀ ਜੜ੍ਹਵਾਦ ਵੱਲ ਚਲੀ ਜਾਂਦੀ ਹੈ।ਇਸ ਗੱਲ ਨੂੰ ਮੁੱਖ ਰੱਖਦਿਆਂ 2022 ਵਿੱਚ ਹੋਈ ਵਿਜੇਵਾੜਾ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੀ 24ਵੀਂ ਪਾਰਟੀ ਕਾਂਗਰਸ ਨੇ ਜਥੇਬੰਦੀ ਬਾਰੇ ਖੁੱਲ੍ਹ ਕੇ ਵਿਚਾਰਾਂ ਕੀਤੀਆਂ ਅਤੇ ਕਈ ਸੋਧਾਂ ਸੁਝਾਈਆਂ, ਜਿਨ੍ਹਾਂ ਨੂੰ ਕਿ ਸਾਰੇ ਦੇਸ਼ ਵਿੱਚ ਅਸਰਦਾਰ ਢੰਗ ਨਾਲ ਲਾਗੂ ਕੀਤਾ ਗਿਆ। ਇਸੇ ਕੜੀ ਦੀ ਲਗਾਤਾਰਤਾ ਨੂੰ ਜਾਰੀ ਰੱਖਣ ਦੀ ਲੋੜ ਹੈ ਤੇ ਇਕ ਨਵੀਂ ਸੋਚ ਤੇ ਅਸਰਦਾਰ ਜਥੇਬੰਦੀ ਬਣਾਉਣ ਦੀ ਜ਼ਰੂਰਤ ਹੈ।

**# ਸੰਪਰਕ : 94170-00360**

# ਬੱਚਿਆਂ ਦੇ ਵਿਕਾਸ 'ਚ ਮਾਪਿਆਂ ਅਤੇ ਅਧਿਆਪਕਾਂ ਦੀ ਅਹਿਮ ਭੂਮਿਕਾ


ਨਰਿੰਦਰ ਸਿੰਘ

ਬਚਪਨ ਇਕ ਉਹ ਅਵਸਥਾ ਹੈ, ਜਿਸ ਵਿੱਚ ਮਾਪੇ ਆਪਣੇ ਬੱਚਿਆਂ ਨੂੰ ਆਉਣ ਵਾਲੀ ਜ਼ਿੰਦਗੀ ਦੇ ਲੰਮੇ ਪੈਂਡਿਆਂ ਦੇ ਸਫ਼ਰ ਲਈ ਤਿਆਰ ਕਰ ਰਹੇ ਹੁੰਦੇ ਹਨ । ਅੱਜ ਦਾ ਬਚਪਨ ਸਕੂਲ ਦੀ ਚਾਰਦੀਵਾਰੀ ਤੇ ਫਿਰ ਘਰ ਆ ਕੇ ਟਿਊਸ਼ਨਾਂ ਦੀ ਚਾਰਦੀਵਾਰੀ ਦੇ ਅੰਦਰ ਤੇ ਫਿਰ ਘਰ ਦੇ ਵਿੱਚ ਬੱਚਿਆਂ ਵਾਲੇ ਕਮਰੇ ਦੀ ਚਾਰਦੀਵਾਰੀ ਵਿੱਚ ਕੈਦ ਹੁੰਦਾ ਜਾ ਰਿਹਾ ਹੈ । ਅੱਜ ਦੇ ਬਚਪਨ ਵਿੱਚ ਮਾਪਿਆਂ ਦੀ ਹਿੱਸੇਦਾਰੀ ਸਿਰਫ਼ ਪੈਸਾ, ਸੁੱਖ-ਸਹੂਲਤਾਂ, ਵਧੀਆ ਸਕੂਲ, ਵਧੀਆ ਟਿਊਟਰ ਅਤੇ ਬੱਚਿਆਂ ਨੂੰ ਸਕੂਲ ਛੱਡਣ ਜਾਂ ਲਿਆਉਣ ਜਿੰਨੀ ਹੀ ਰਹਿ ਗਈ ਹੈ । ਅੱਜ ਦਾ ਬਚਪਨ ਖੁੱਲ੍ਹੇ ਅਸਮਾਨਾਂ ਦੀਆਂ ਹਵਾਵਾਂ ਵਿੱਚ ਖੁੱਲ੍ਹ ਕੇ ਜਿਉਣ ਤੋਂ ਵਾਂਝਾ ਹੋ ਗਿਆ ਹੈ, ਜਿਸ ਨਾਲ ਉਹ ਜਵਾਨੀ ਵਿੱਚ ਭਟਕਣ ਮਹਿਸੂਸ ਕਰਦਾ ਹੋਇਆ ਕੁਰਾਹੇ ਪੈ ਜਾਂਦਾ ਹੈ । ਅੱਜ-ਕੱਲ੍ਹ ਮਾਪਿਆਂ ਵੱਲੋਂ ਆਪਣੇ ਰੁਝੇਵਿਆਂ ਵਿਚੋਂ ਕੁਝ ਸਮਾਂ ਕੱਢ ਕੇ ਪਰਿਵਾਰਕ ਮਾਹੌਲ ਵਿੱਚ ਬੱਚਿਆਂ ਨੂੰ ਖੁੱਲ੍ਹ ਕੇ ਖੇਡਣ ਲਈ ਮੌਕੇ ਪ੍ਰਦਾਨ ਕੀਤੇ ਜਾਣ ਦੀ ਲੋੜ ਹੈ ।ਅਜੋਕੇ ਸਮੇਂ ਸਕੂਲੀ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਆਦਤ ਵਿੱਚ ਕਮੀ ਪਾਈ ਜਾ ਰਹੀ ਹੈ । ਅੱਜ ਕੰਪਿਊਟਰ ਤੇ ਇੰਟਰਨੈੱਟ ਤੋਂ ਬਿਨਾਂ ਜੀਵਨ ਦੀ ਕਲਪਨਾ ਕਰਨਾ ਅਸੰਭਵ ਲੱਗਦਾ ਹੈ । ਡਿਜੀਟਲ ਯੁੱਗ 'ਚ ਬੱਚਿਆਂ ਨੂੰ ਪੜ੍ਹਨ ਲਈ ਪ੍ਰੇਰਿਤ ਕਰਨਾ ਵੱਡੀ ਚੁਣੌਤੀ ਹੈ । ਪ੍ਰਾਇਮਰੀ ਪੱਧਰ ਦੇ ਬੱਚਿਆਂ ਵਿੱਚ ਪੜ੍ਹਨ ਦੀ ਆਦਤ ਨੂੰ ਵਧਾਉਣ ਵਿੱਚ ਮਾਤਾ-ਪਿਤਾ ਮੁੱਢਲੇ ਰੂਪ ਵਿੱਚ ਕੰਮ ਕਰਦੇ ਹਨ ਤੇ ਜ਼ਿਆਦਾਤਰ ਪੜ੍ਹਨ ਦੀ ਗਤੀ ਦੇ ਦ੍ਰਿਸ਼ਟੀਕੋਣ ਅਤੇ ਆਦਤ ਦੇ ਸਰੋਤ ਬਣਦੇ ਹਨ । ਮਾਪਿਆਂ ਨੂੰ ਬੱਚਿਆਂ ਦੇ ਸਾਹਮਣੇ ਰੋਜ਼ਾਨਾ ਪੜ੍ਹਨਾ ਚਾਹੀਦਾ ਹੈ। ਬੱਚਿਆਂ ਨੂੰ ਪੜ੍ਹਨ ਲਈ ਉਤਸ਼ਾਹਤ ਕਰਨ ਨਾਲ ਪੁਸਤਕ ਮੇਲਿਆਂ ਦਾ ਦੌਰਾ ਕਰਨਾ ਚਾਹੀਦਾ ਹੈ । ਬੱਚਿਆਂ ਦੀ ਰੁਚੀ ਅਨੁਸਾਰ ਉਨ੍ਹਾਂ ਨੂੰ ਪੁਸਤਕ ਪ੍ਰਦਰਸ਼ਨੀਆਂ ਤੋਂ ਨਵੀਆਂ ਪੁਸਤਕਾਂ ਲੈ ਕੇ ਦੇਣੀਆਂ ਚਾਹੀਦੀਆਂ ਹਨ ।

ਅਧਿਆਪਕਾਂ ਦੀ ਬੱਚਿਆਂ ਦੇ ਹਰ ਪੱਧਰ ਤੇ ਵਿਕਾਸ ਵਿੱਚ ਅਹਿਮ ਭੂਮਿਕਾ ਹੁੰਦੀ ਹੈ । ਉਹ ਬੱਚਿਆਂ ਵਿੱਚ ਵੱਖ-ਵੱਖ ਗਤੀਵਿਧੀਆਂ ਨਾਲ ਪੜ੍ਹਨ ਦੀ ਰੁਚੀ ਨੂੰ ਜਾਗ੍ਰਿਤ ਕਰਦੇ ਹਨ ਤੇ ਵਿਸ਼ੇ ਨਾਲ ਜੁੜੇ ਹੋਏ ਸਰੋਕਾਰ ਨੂੰ ਪੜ੍ਹਨ ਲਈ ਉਤਸ਼ਾਹਤ ਕਰਦੇ ਹਨ ।ਅਧਿਆਪਕ ਤੇ ਲਾਇਬ੍ਰੇਰੀ ਦੇ ਕਰਮਚਾਰੀ ਪੁਸਤਕ ਅਤੇ ਪਾਠਕ ਵਿੱਚ ਸੁਮੇਲ ਬਣਾਉਣ ਦੀ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਨਾਲ ਹੀ ਵੱਖ-ਵੱਖ ਗਤੀਵਿਧੀਆਂ ਦੇ ਮਾਧਿਅਮ ਨਾਲ ਬੱਚਿਆਂ ਵਿੱਚ ਪੜ੍ਹਨ ਦੀ ਆਦਤ ਦਾ ਵਿਸਥਾਰ ਕਰਦੇ ਹਨ । ਅੱਜ ਦੀ ਪਨੀਰੀ ਨੂੰ ਪੁਸਤਕਾਂ ਪੜ੍ਹਨ ਦੀ ਆਦਤ ਪਾਉਣੀ ਬਹੁਤ ਜ਼ਰੂਰੀ ਹੈ । ਮਾਪਿਆਂ ਦਾ ਬੱਚਿਆਂ ਨੂੰ ਦਿੱਤਾ ਸਮਾਂ ਸਭ ਤੋਂ ਵੱਡਾ ਨਿਵੇਸ਼ ਹੁੰਦਾ ਹੈ । ਜਿੱਥੇ ਵਿੱਤੀ ਨਿਵੇਸ਼ ਧਨ ਰੂਪੀ ਆਮਦਨ ਲਿਆਉਂਦਾ ਹੈ, ਉੱਥੇ ਬੱਚਿਆਂ ਨੂੰ ਦਿੱਤਾ ਗਿਆ ਗੁਣਵੱਤਾ ਭਰਪੂਰ ਸਮਾਂ ਬੱਚਿਆਂ ਦੇ ਭਾਵਨਾਤਮਕ ਪੱਖੋਂ ਮਜ਼ਬੂਤ ਬਣਨ ਦੇ ਰੂਪ ਵਿੱਚ, ਉੱਚ ਅਕਾਦਮਿਕ ਪ੍ਰਾਪਤੀਆਂ ਦੇ ਰੂਪ ਵਿੱਚ, ਉਨ੍ਹਾਂ ਦੀ ਉਸਾਰੂ ਸ਼ਖ਼ਸੀਅਤ ਵਿਕਾਸ ਰੂਪ ਵਿੱਚ ਅਤੇ ਬੱਚਿਆਂ ਅਤੇ ਮਾਪਿਆਂ ਦੇ ਨਿੱਘੇ ਰਿਸ਼ਤਿਆਂ ਵਿੱਚ ਮੁਨਾਫ਼ੇ ਦੇ ਰੂਪ ਵਿੱਚ ਪ੍ਰਾਪਤ ਹੁੰਦਾ ਹੈ । ਬੱਚਿਆਂ ਨੂੰ ਦਿੱਤਾ ਗਿਆ ਨਿਰਵਿਘਨ ਸਮਾਂ ਉਨ੍ਹਾਂ ਵਿੱਚ ਵਿਸ਼ਵਾਸ ਅਤੇ ਸਥਿਰਤਾ ਦੀ ਭਾਵਨਾ ਪੈਦਾ ਕਰਦਾ ਹੈ, ਜਿਸ ਨਾਲ ਉਹ ਮੁਸ਼ਕਲ ਹਾਲਤਾਂ ਦਾ ਮਜ਼ਬੂਤੀ ਨਾਲ ਸਾਹਮਣਾ ਕਰਨ ਦੇ ਕਾਬਲ ਬਣਦੇ ਹਨ । ਜਿਹੜੇ ਬੱਚੇ ਆਪਣੇ ਪਰਵਾਰ ਨਾਲ ਭਾਵਨਾਤਮਕ ਪੱਖੋਂ ਜੁੜੇ ਹੁੰਦੇ ਹਨ, ਉਹ ਚਿੰਤਾ ਅਤੇ ਉਦਾਸੀ ਦਾ ਘੱਟ ਹੀ ਸ਼ਿਕਾਰ ਹੁੰਦੇ ਹਨ । ਮਾਪਿਆਂ ਦਾ ਬੱਚਿਆਂ ਨੂੰ ਦਿੱਤਾ ਗਿਆ ਸਮਾਂ ਉਨ੍ਹਾਂ ਨੂੰ ਆਤਮ-ਵਿਸ਼ਵਾਸੀ ਅਤੇ ਖ਼ੁਦ ਦੀ ਕੀਮਤ ਪਛਾਨਣ ਵਾਲੇ ਬਣਾਉਂਦਾ ਹੈ । ਜਦੋਂ ਮਾਪੇ ਬੱਚਿਆਂ ਦੀ ਪੜ੍ਹਾਈ ਆਦਿ ਵਿੱਚ ਦਿਲਚਸਪੀ ਲੈਂਦੇ ਹਨ ਤਾਂ ਉਹ ਉਤਸ਼ਾਹਤ ਹੋਏ ਮਹਿਸੂਸ ਕਰਦੇ ਹਨ ਅਤੇ ਉਨ੍ਹਾਂ ਵਿੱਚ ਸਿੱਖਣ ਦੀ ਜਗਿਆਸਾ ਵਧਦੀ ਹੈ । ਮਾਪਿਆਂ ਦੀ ਬੱਚਿਆਂ ਨਾਲ ਖੁੱਲ੍ਹ ਕੇ ਕੀਤੀ ਗੱਲਬਾਤ ਉਨ੍ਹਾਂ ਨੂੰ ਮੁਸ਼ਕਲ ਹਾਲਤਾਂ ਵਿੱਚ ਧੀਰਜ ਬਣਾਉਣ ਦਾ ਕੰਮ ਕਰਦੀ ਹੈ । ਸੋਸ਼ਲ ਮੀਡੀਆਂ ਜ਼ਰੀਏ ਬੱਚੇ ਆਪਣੀ ਹਕੀਕਤ ਤੋਂ ਦੂਰ ਹੋ ਰਹੇ ਹਨ । ਉਹ ਆਪਣੀ ਅਸਲੀ ਖੁਸ਼ੀ ਦੀ ਬਜਾਏ ਕੈਮਰੇ ਅੱਗੇ ਦਿਖਾਵਾ ਕਰਨ ਵਿੱਚ ਵਿਸ਼ਵਾਸ ਕਰਦੇ ਹਨ । ਇਹ ਦਿਖਾਵੇ ਦੀ ਮਨੋਬਿਰਤੀ ਉਨ੍ਹਾਂ ਦੀ ਮਾਨਸਿਕ ਮਜ਼ਬੂਤੀ ਨੂੰ ਕਮਜ਼ੋਰ ਕਰਦੀ ਹੈ । ਮਾਪਿਆਂ ਲਈ ਇਹ ਸਮਾਂ ਵੱਡਾ ਚੁਣੌਤੀ ਲੈ ਕੇ ਆਇਆ ਹੈ ।ਮਾਪਿਆਂ ਅਤੇ ਅਧਿਆਪਕਾਂ ਲਈ ਇਹ ਸਮਾਂ ਹੈ ਕਿ ਉਹ ਇਸ ਬਦਲਦੇ ਰੁਝਾਨ ਨੂੰ ਗੰਭੀਰਤਾ ਨਾਲ ਲੈਣ ਅਤੇ ਬੱਚਿਆਂ ਦੀ ਸਹੀ ਦਿਸ਼ਾ ਵਿੱਚ ਰਹਿਨੁਮਾਈ ਕਰਨ ।

ਭਾਵੇਂ ਸੋਸ਼ਲ ਮੀਡੀਆ ਦਾ ਦੌਰ ਰੋਕਿਆ ਨਹੀਂ ਜਾ ਸਕਦਾ, ਪਰ ਇਸ ਦਾ ਸਮਝਦਾਰੀ ਨਾਲ ਪ੍ਰਯੋਗ ਜ਼ਰੂਰ ਸਿਖਾਇਆ ਜਾ ਸਕਦਾ ਹੈ । ਸਾਨੂੰ ਇਹ ਸੁਨਿਸਚਿਤ ਕਰਨਾ ਚਾਹੀਦਾ ਹੈ ਕਿ ਹਰ ਬੱਚਾ ਸਿਰਫ਼ ਸਿਆਣਾ ਹੀ ਨਹੀਂ, ਸਗੋਂ ਮਾਨਸਿਕ ਤੌਰ 'ਤੇ ਮਜ਼ਬੂਤ ਵੀ ਬਣੇ । ਜੇਕਰ ਮਾਪੇ, ਅਧਿਆਪਕ, ਕਾਊਂਸਲਰ ਅਤੇ ਸਰਕਾਰ ਮਿਲ ਕੇ ਸਹੀ ਮਾਰਗ-ਦਰਸ਼ਨ ਦੇਣ ਤਾਂ ਬੱਚੇ ਨਾ ਸਿਰਫ਼ ਤੰਦਰੁਸਤ ਰਹਿਣਗੇ, ਬਲਕਿ ਆਪਣੇ ਕੈਰੀਅਰ ਸੰਬੰਧੀ ਵੀ ਸਹੀ ਦਿਸ਼ਾ ਵਿੱਚ ਅੱਗੇ ਵਧਣਗੇ ਤੇ ਉਨ੍ਹਾਂ ਦਾ ਇਹ ਕਦਮ ਉਨ੍ਹਾਂ ਦੇ ਅਤੇ ਸਮਾਜ ਦੇ ਸੁਨਹਿਰੇ ਭਵਿੱਖ ਦੀ ਨੀਂਹ ਬਣੇਗਾ ।ਵਿਦਿਆਰਥੀ ਜੀਵਨ ਮਨੁੱਖ ਦੇ ਜੀਵਨ ਦਾ ਸਭ ਤੋਂ ਸੰਵੇਦਨਸ਼ੀਲ, ਨਿਰਣਾਇਕ ਅਤੇ ਮੁਢਲਾ ਪੜਾਅ ਹੁੰਦਾ ਹੈ । ਇਸ ਪੜਾਅ ਵਿੱਚ ਕਿਤਾਬਾਂ ਦੀ ਭੂਮਿਕਾ ਇਕ ਰੋਸ਼ਨੀ ਦੇ ਦੀਵੇ ਵਰਗੀ ਹੁੰਦੀ ਹੈ, ਜੋ ਵਿਦਿਆਰਥੀ ਨੂੰ ਅਗਿਆਨ ਦੇ ਹਨੇਰੇ ਤੋਂ ਬਚਾ ਕੇ ਗਿਆਨ ਦੇ ਰਸਤੇ ਵੱਲ ਲੈ ਜਾਂਦੀਆਂ ਹਨ ।ਕਿਤਾਬਾਂ ਵਿਦਿਆਰਥੀਆਂ ਨੂੰ ਨਾ ਸਿਰਫ਼ ਤੱਥਾਂ ਬਾਰੇ ਪੜ੍ਹਾਉਂਦੀਆਂ ਹਨ, ਸਗੋਂ ਉਨ੍ਹਾਂ ਦੇ ਅੰਦਰ ਲੁਕੇ ਸਵਾਲ ਪੁੱਛਣ, ਵਿਸ਼ਲੇਸ਼ਣ ਕਰਨ ਅਤੇ ਸਮਝਦਾਰੀ ਨਾਲ ਫੈਸਲੇ ਲੈਣ ਦੀ ਯੋਗਤਾ ਵਿਕਸਤ ਕਰਦੀਆ ਹਾਂ । ਚੰਗੀਆਂ ਕਿਤਾਬਾਂ ਮਨੁੱਖੀ ਜੀਵਨ ਲਈ ਓਨੀਆਂ ਹੀ ਜ਼ਰੂਰੀ ਹਨ, ਜਿੰਨਾ ਕਿ ਜਿਉਂਦੇ ਰਹਿਣ ਲਈ ਆਕਸੀਜਨ ਦੀ ਜ਼ਰੂਰਤ ਹੈ ।ਖੇਡਾਂ ਰਾਹੀਂ ਵਿਦਿਆਰਥੀਆਂ ਅੰਦਰ ਅਨੁਸ਼ਾਸਨ ਦਾ ਅਜਿਹਾ ਬੀਜ ਪੁੰਗਦਾ ਹੈ, ਜਿਸ ਦਾ ਉਨ੍ਹਾਂ ਨੂੰ ਜ਼ਿੰਦਗੀ ਦੇ ਹਰ ਮੋੜ 'ਤੇ ਲਾਭ ਮਿਲਦਾ ਹੈ ।ਖੇਡਾਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਵਿੱਚ ਨੈਤਿਕਤਾ ਜਿਵੇਂ ਸਚਾਈ, ਮਿਹਨਤ, ਇਮਾਨਦਾਰੀ ਆਦਿ ਗੁਣਾਂ ਦਾ ਸੰਚਾਰ ਕਰਦੀਆਂ ਹਨ । ਜੇਕਰ ਵਿਦਿਆਰਥੀ ਬਚਪਨ ਤੋਂ ਹੀ ਰੋਜ਼ਾਨਾ ਖੇਡ ਮੈਦਾਨ ਵਿੱਚ ਕੁਝ ਸਮਾਂ ਜਾਣ ਦਾ ਆਦੀ ਹੋ ਜਾਂਦਾ ਹੈ ਤਾਂ ਉਹ ਮੋਟਾਪਾ ਸ਼ੂਗਰ, ਬਲੱਡ ਪ੍ਰੈਸ਼ਰ, ਮਾਨਸਿਕ ਤਣਾਅ ਆਦਿ ਰੋਗਾਂ ਤੋਂ ਵੀ ਬਚਿਆ ਰਹਿੰਦਾ ਹੈ । ਖੇਡਾਂ ਵਿਦਿਆਰਥੀਆਂ ਨੂੰ ਤੰਦਰੁਸਤ ਅਤੇ ਅਰੋਗ ਰੱਖਦੀਆਂ ਹਨ । ਹਰ ਵਿਦਿਆਰਥੀ ਨੂੰ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਪੜ੍ਹਾਈ ਅਤੇ ਖੇਡਾਂ ਵਿੱਚ ਸੰਤੁਲਨ ਬਣਾਉਂਦੇ ਹੋਏ ਕਿਸੇ ਨਾ ਕਿਸੇ ਖੇਡ ਵਿੱਚ ਜ਼ਰੂਰ ਹਿੱਸਾ ਲੈਣਾ ਚਾਹੀਦਾ ਹੈ । ਮਾਪਿਆਂ ਨੂੰ ਘਰਾਂ ਵਿੱਚ ਅਤੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਹਰ ਵਿਦਿਆਰਥੀ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਤ ਕਰਦੇ ਰਹਿਣਾ ਚਾਹੀਦਾ ਹੈ । ਕਿਹਾ ਜਾਂਦਾ ਹੈ ਕਿ ਸਿਹਤਮੰਦ ਸਰੀਰ ਵਿੱਚ ਹੀ ਇਕ ਸਿਹਤਮੰਦ ਮਨ ਦਾ ਵਾਸ ਹੁੰਦਾ ਹੈ , ਜੋ ਖੇਡਾਂ ਦੁਆਰਾ ਹੀ ਸੰਭਵ ਹੋ ਸਕਦਾ ਹੈ। ਚੰਗੀ ਸਿਹਤ ਲਈ ਖੇਡਾਂ ਨੂੰ ਕਸਰਤ ਦਾ ਸਭ ਤੋਂ ਵਧੀਆਂ ਰੂਪ ਮੰਨਿਆ ਜਾਂਦਾ ਹੈ । ਨੈਤਿਕ ਕਦਰਾਂ-ਕੀਮਤਾਂ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ । ਵਿਦਿਆਰਥੀਆਂ ਨੂੰ ਨੈਤਿਕਤਾ ਦੀ ਸਿੱਖਿਆ ਜ਼ਰੂਰ ਦੇਣੀ ਚਾਹੀਦੀ ਹੈ । ਨੈਤਿਕ ਕਦਰਾਂ-ਕੀਮਤਾਂ ਸਾਡੇ ਵਿਹਾਰ ਨੂੰ ਖ਼ੁਸ਼ਹਾਲ ਕਰਦੀਆਂ ਹਨ । ਇਹ ਸਾਨੂੰ ਰੂਹਾਨੀ ਖ਼ੁਸ਼ੀ ਦਿੰਦੀਆਂ ਹਨ ਅਤੇ ਅਸੀਂ ਆਲੇ-ਦੁਆਲੇ ਦਾ ਮਾਹੌਲ ਵੀ ਖ਼ੁਸ਼ਨੁਮਾ ਬਣਾ ਕੇ ਰੱਖਦੇ ਹਾਂ । ਇਨ੍ਹਾਂ ਨਾਲ ਅਸੀਂ ਇਮਾਨਦਾਰ ਜੀਵਨ ਜਿਉਂਦੇ ਹਾਂ । ਵੱਡਿਆਂ ਦਾ ਕਹਿਣਾ ਮੰਨਣਾ, ਉਨ੍ਹਾਂ ਦਾ ਸਤਿਕਾਰ ਕਰਨਾ, ਹਰ-ਉਮਰ ਨਾਲ ਨਿੱਘ ਅਤੇ ਪਿਆਰ ਨਾਲ ਰਹਿਣਾ, ਚੰਗੀ-ਪ੍ਰਾਹੁਣਚਾਰੀ ਕਰਨਾ, ਮਿੱਠਾ-ਬੋਲਣਾ, ਨਿਰਾ-ਪੁਠਾ ਨਿੱਜ ਨੂੰ ਤਰਜੀਹ ਨਾ ਦੇਣਾ ਆਦਿ ਨੈਤਿਕਤਾ ਦੇ ਗੁਣ ਮਾਪਿਆਂ ਅਤੇ ਅਧਿਆਪਕਾਂ ਨੂੰ ਬੱਚਿਆਂ ਅੰਦਰ ਵਿਕਸਤ ਕਰਨ ਦੀ ਲੋੜ ਹੈ ।

ਬੱਚੇ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ । ਅਜੋਕੇ ਸਮੇਂ ਬੱਚਿਆਂ ਅੰਦਰ ਨੈਤਿਕ ਕਦਰਾਂ-ਕੀਮਤਾਂ ਦੀ ਘਾਟ ਵਿਖਾਈ ਦੇ ਰਹੀ ਹੈ । ਅਧਿਆਪਕਾਂ ਨੂੰ ਸਵੇਰ ਦੀ ਸਭਾ ਵਿੱਚ ਨੈਤਿਕ ਕਦਰਾਂ-ਕੀਮਤਾਂ ਦਾ ਪਾਠ ਵਿਦਿਆਰਥੀਆਂ ਨੂੰ ਜ਼ਰੂਰ ਸਿਖਾਉਣਾ ਚਾਹੀਦਾ ਹੈ, ਤਾਂ ਜੋ ਨੈਤਿਕਤਾ ਉਨ੍ਹਾਂ ਦੇ ਜੀਵਨ ਦਾ ਧੁਰਾ ਬਣ ਸਕੇ । ਬੱਚਿਆਂ ਨੂੰ ਲਾਡ ਕਰਨ ਅਤੇ ਡਾਟਣ ਪ੍ਰਤੀ ਮਾਪਿਆਂ ਦੀ ਸੂਝਬੂਝ ਦਾ ਹੋਣਾ ਬਹੁਤ ਜ਼ਰੂਰੀ ਹੈ । ਬੱਚਿਆਂ ਦੇ ਵਿਕਾਸ ਲਈ ਜਿੰਨਾ ਲਾਡ-ਪਿਆਰ ਮਹੱਤਵ ਰੱਖਦਾ ਹੈ, ਓਨਾ ਬੱਚਿਆਂ ਨੂੰ ਕੁਰਾਹੇ ਪੈਣ ਤੋਂ ਰੋਕਣ ਲਈ ਉਨ੍ਹਾਂ ਨੂੰ ਡਾਂਟਣਾ ਵੀ ਬਹੁਤ ਜ਼ਰੂਰੀ ਬਣ ਜਾਂਦਾ ਹੈ, ਪਰ ਲਾਡ-ਪਿਆਰ ਅਤੇ ਡਾਂਟਣ ਵਿੱਚ ਸੰਤੁਲਨ ਹੋਣਾ ਬਹੁਤ ਜ਼ਰੂਰੀ ਹੈ । ਬੱਚਿਆਂ ਨੂੰ ਜ਼ਰੂਰਤ ਤੋਂ ਜ਼ਿਆਦਾ ਲਾਡ-ਪਿਆਰ ਵਿਗਾੜ ਸਕਦਾ ਹੈ, ਪਰ ਜ਼ਰੂਰਤ ਤੋਂ ਜ਼ਿਆਦਾ ਝਿੜਕਣਾ, ਘੂਰਨਾ ਅਤੇ ਮਾਰਕੁਟ ਬੱਚਿਆਂ ਨੂੰ ਜ਼ਿਦੀ, ਵਿਦਰੋਹੀ ਅਤੇ ਲੜਾਕਾ ਵੀ ਬਣਾ ਸਕਦੀਆਂ ਹਨ । ਬੱਚਿਆਂ ਨੂੰ ਖਾਣ-ਪੀਣ ਅਤੇ ਪਹਿਨਣ ਲਈ ਲਾਡ ਜ਼ਰੂਰ ਕਰਨਾ ਚਾਹੀਦਾ ਹੈ, ਪਰ ਜਦੋਂ ਸਵਾਲ ਉਨ੍ਹਾਂ ਦੇ ਭਵਿੱਖ ਦਾ ਹੋਵੇ, ਉਦੋਂ ਕੋਈ ਲਿਹਾਜ਼ ਨਹੀਂ ਕਰਨਾ ਚਾਹੀਦਾ।

**# ਸੰਪਰਕ : 98146-62260**

17-FEB-PAGE-5.qxd 2/16/2026 10:40 PM Page 1



# ਪੈਨਸ਼ਨਰਾਂ ਵੱਲੋਂ ਤਕੜੇ ਸੰਘਰਸ਼ ਦੀ ਚਿਤਾਵਨੀ : ਕਰਮਜੀਤ ਸ਼ਰਮਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਸਥਾਨਕ ਪੈਨਸ਼ਨਰ ਭਵਨ ਵਿਖੇ ਹੋਈ।ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਪੰਜਾਬ ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਮੇਜਰ ਸਿੰਘ ਚੌਂਤਰਾ ਸਮੇਤ ਵੱਡੀ ਗਿਣਤੀ ਵਿੱਚ ਵੱਖ-ਵੱਖ ਵਿਭਾਗਾਂ ਦੇ ਸੇਵਾ ਮੁਕਤ ਕਰਮਚਾਰੀ ਤੇ ਫੈਮਲੀ ਪੈਨਸ਼ਨਰ ਮੌਜੂਦ ਸਨ।ਮੀਟਿੰਗ ਦੇ ਸ਼ੁਰੂ ਵਿੱਚ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਦੀ ਭੈਣ ਹਰਪਾਲ ਕੌਰ, ਸੀਨੀਅਰ ਮੈਂਬਰ ਕੁਲਦੀਪ ਸਿੰਘ ਬਰਾੜ ਦੇ ਮਾਸੜ ਗੁਰਦੀਪ ਸਿੰਘ ਬਰਾੜ, ਦਰਸ਼ਨ ਲਾਲ ਅਰੋੜਾ ਤੇ ਰਾਜ ਕੁਮਾਰੀ ਦੇ ਅਕਾਲ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੌਰਾਨ ਗੁਰਟੇਕ ਸਿੰਘ ਬਰਾੜ, ਮੇਜਰ ਸਿੰਘ ਚੌਂਤਰਾ, ਜਸਵੰਤ ਸਿੰਘ ਬਰਾੜ, ਹਰਦੇਵ ਸਿੰਘ ਵਾਇਸ ਚੇਅਰਮੈਨ ਤੇ ਮਲੂਕ ਸਿੰਘ ਬਰਾੜ ਸਮੇਤ ਸਮੂਹ ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨੇ ਜਾਣ, ਡੀ. ਏ. ਦੀਆਂ ਰਹਿੰਦੀਆਂ ਸਾਰੀਆਂ ਕਿਸ਼ਤਾਂ ਜਾਰੀ ਕਰਨ ਤੇ ਬਕਾਏ ਦਾ ਤੁਰੰਤ ਭੁਗਤਾਨ ਕਰਨ ਦੀ ਪੁਰਜ਼ੋਰ ਮੰਗ ਕਰਦੇ ਹੋਏ ਸਰਕਾਰ ਦੀ ਨੀਤੀ ਦੀ ਪੁਰਜ਼ੋਰ ਆਲੋਚਨਾ ਕੀਤੀ।ਸਟੇਜ ਸਕੱਤਰ ਦੀ ਡਿਊਟੀ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਨੇ ਬਾਖੂਬੀ ਨਿਭਾਈ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਪ੍ਰਧਾਨ ਕਰਮਜੀਤ ਸ਼ਰਮਾ ਨੇ ਕਿਹਾ ਕਿ ਜੇ ਸਰਕਾਰ ਨੇ ਪੈਨਸ਼ਨਰਾਂ ਦੀਆਂ ਉਕਤ ਸਾਰੀਆਂ ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਇਸ ਦਾ ਖਾਮਿਆਜ਼ਾ ਸਰਕਾਰ ਨੂੰ ਭੁਗਤਣਾ ਪਵੇਗਾ।ਉਨ੍ਹਾਂ ਨੇ ਕਿਹਾ ਕਿ ਪੈਨਸ਼ਨਰ ਵਰਗ ਵਿੱਚ ਸਰਕਾਰ ਪ੍ਰਤੀ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ।ਪ੍ਰਧਾਨ ਸ਼ਰਮਾ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜਾਂ ਤਾਂ ਉਹ ਸੇਵਾ ਮੁਕਤ ਕਰਮਚਾਰੀਆਂ ਦੀਆਂ ਮੰਗਾਂ ਮੰਨੇ ਜਾਂ ਤਕੜੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਅੱਜ ਇਥੇ ਉਕਤ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਇਸ ਮਹੀਨੇ ਆਪਣਾ ਜਨਮ ਦਿਨ ਮਨਾਉਣ ਵਾਲੇ ਚੌ. ਦੌਲਤ ਰਾਮ ਸਿੰਘ, ਸੁਖਮੰਦਰ ਸਿੰਘ ਬੇਦੀ, ਬੀਰਬਲ ਸ਼ਰਮਾ ਤੇ ਧਰਮ ਚੰਦ ਕਿੰਨਰਾ ਨੂੰ ਮੀਟਿੰਗ ਦੌਰਾਨ ਹਾਰ ਪੁਆ ਕੇ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕਰਦੇ ਹੋਏ ਵਧਾਈ ਦਿੱਤੀ।ਮੀਟਿੰਗ ਦੌਰਾਨ ਹਰਬੰਸ ਸਿੰਘ, ਬਰਨੇਕ ਸਿੰਘ, ਬਲਰਾਜ ਸਿੰਘ ਬਰਾੜ, ਸੁਖਦੇਵ ਸਿੰਘ ਗਿੱਲ, ਗੁਰਜੰਟ ਸਿੰਘ, ਮੰਗਲ ਸਿੰਘ, ਦਿਆਲ ਚੰਦ, ਇੰਦਰਪਾਲ ਸਿੰਘ, ਇੰਦਰ ਸਿੰਘ, ਨਰਿੰਦਰ ਸਿੰਘ, ਹਰਜੀਤ ਸਿੰਘ, ਹਰਚਰਨ ਸਿੰਘ ਤੇ ਹਰਬੰਸ ਲਾਲ ਆਦਿ ਸਮੇਤ ਕਈ ਹੋਰ ਪੈਨਸ਼ਨਰ ਮੌਜੂਦ ਸਨ।ਮੀਟਿੰਗ ਦੇ ਅੰਤ ਵਿੱਚ ਸਭਨਾਂ ਲਈ ਚਾਹ-ਪਾਣੀ ਦਾ ਪ੍ਰਬੰਧ ਕੀਤਾ ਗਿਆ ਸੀ।

# ਐੱਨ ਆਈ ਆਈ ਬੀ ਨੇ ਜਗਰਾਉਂ 'ਚ 17ਵੀਂ ਬਿਊਟੀ ਅਕੈਡਮੀ ਖੋਲ੍ਹੀ

**ਜਗਰਾਉਂ (ਅਮਿਤ ਖੰਨਾ)**-ਭਾਰਤ ਸਰਕਾਰ ਦੇ 'ਸਕਿੱਲ ਇੰਡੀਆ' ਮਿਸ਼ਨ ਪ੍ਰਤੀ ਆਪਣੀ ਚੱਲ ਰਹੀ ਵਚਨਬੱਧਤਾ ਦੇ ਹਿੱਸੇ ਵਜੋਂ ਐੱਨ ਆਈ ਆਈ ਬੀ ਇੱਕ ਮੋਹਰੀ ਸੁੰਦਰਤਾ ਤੇ ਤੰਦਰੁਸਤੀ ਲੜੀ ਨੇ ਅੱਜ ਪੰਜਾਬ ਦੇ ਜਗਰਾਉਂ ਵਿਖੇ ਹਰੀ ਸਿੰਘ ਰੋਡ ਰਿਲਾਇੰਸ ਸਟੋਰ ਉੱਪਰ ਆਪਣੀ 17ਵੀਂ ਬਿਊਟੀ ਅਕੈਡਮੀ ਖੋਲ੍ਹੀ।ਬਿਊਟੀ ਅਕੈਡਮੀ ਦਾ ਉਦਘਾਟਨ ਮੁੱਖ ਮਹਿਮਾਨ ਡਾ. ਪੂਜਾ ਸਿੰਘ, ਐੱਮ ਡੀ, ਐੱਨ ਆਈ ਆਈ ਬੀ ਗਰੁੱਪ ਤੇ ਸ੍ਰੀ ਈਸ਼ਾਨ ਸਿੰਘ ਸੀਈਓ ਐੱਨ ਆਈ ਆਈ ਬੀ ਗਰੁੱਪ ਦੇ ਨਾਲ ਮਹਿਮਾਨ ਸ੍ਰੀਮਤੀ ਕਰਮਿਤਾ ਕੌਰ, ਰੀਨੋਵੇਨਡ ਮਾਡਲ ਤੇ ਪ੍ਰਭਾਵਕ ਦੁਆਰਾ ਕੀਤਾ ਗਿਆ।ਇਸ ਮੌਕੇ ਐੱਨ ਆਈ ਆਈ ਬੀ ਗਰੁੱਪ ਦੇ ਸੀਈਓ ਈਸ਼ਾਨ ਸਿੰਘ ਨੇ ਕਿਹਾ ਕਿ ਐੱਨ ਆਈ ਆਈ ਬੀ ਵਿਖੇ ਸਾਨੂੰ ਭਾਰਤ ਸਰਕਾਰ ਦੇ 'ਸਕਿੱਲ ਇੰਡੀਆ' ਮਿਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲੈਣ 'ਤੇ ਮਾਣ ਹੈ।ਹੁਣ ਤੱਕ ਅਸੀਂ ਇਸ ਮਿਸ਼ਨ ਦੇ ਤਹਿਤ 1 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਸਿਖਲਾਈ ਦਿੱਤੀ ਹੈ ਅਤੇ ਦੇਸ਼ ਭਰ ਦੇ ਵਿਦਿਆਰਥੀਆਂ ਨੂੰ ਹੋਰ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਦੇ ਰਹਾਂਗੇ।ਸਾਨੂੰ ਪੰਜਾਬ ਦੇ ਜਗਰਾਉਂ ਵਿਖੇ ਆਪਣੀ ਨਵੀਂ ਫਰੈਂਚਾਇਜ਼ੀ ਸੰਚਾਲਿਤ ਐੱਨ ਆਈ ਆਈ ਬੀ ਬਿਊਟੀ ਅਕੈਡਮੀ ਸ਼ੁਰੂ ਕਰਨ 'ਤੇ ਖੁਸ਼ੀ ਹੋ ਰਹੀ ਹੈ, ਜੋ 32 ਬਿਊਟੀ ਇੰਸਟੀਚਿਊਟਸ ਨਾਲ ਸਾਡੀ ਮੌਜੂਦਗੀ ਦਾ ਵਿਸਥਾਰ ਕਰਦੀ ਹੈ ਅਤੇ 2026 ਵਿੱਚ 50 ਹੋਰ ਬਿਊਟੀ ਇੰਸਟੀਚਿਊਟ ਖੋਲ੍ਹਣ ਲਈ ਵਿਚਾਰ ਕਰ ਰਹੀ ਹੈ।ਐੱਨ ਆਈ ਆਈ ਬੀ ਬਿਊਟੀ ਅਕੈਡਮੀ ਜਗਰਾਉਂ ਦੇ ਫਰੈਂਚਾਇਜ਼ੀ ਬਿਜ਼ਨੈੱਸ ਪਾਰਟਨਰ ਜਸਕਰਨ ਸਿੰਘ ਢੀਂਡਸਾ ਨੇ ਕਿਹਾ ਅਕੈਡਮੀ ਵਿਦਿਆਰਥੀਆਂ ਨੂੰ ਆਪਣੇ ਸੁਪਨਿਆਂ ਨੂੰ ਪ੍ਰਾਪਤ ਕਰਨ ਅਤੇ ਸੁੰਦਰਤਾ ਤੇ ਤੰਦਰੁਸਤੀ ਉਦਯੋਗ ਵਿੱਚ ਆਪਣੀ ਪਛਾਣ ਬਣਾਉਣ ਵਿੱਚ ਮਦਦ ਕਰੇਗੀ।ਇਸ ਮੌਕੇ ਬਿਲਡਿੰਗ ਦੇ ਮਾਲਿਕ ਧਰਮਪਾਲ ਜੈਨ, ਗੌਤਮ ਜੈਨ ਵੀ ਹਾਜ਼ਰ ਸਨ।




# ਸਿਹਤ ਮੰਤਰੀ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਪ੍ਰਗਤੀ ਦਾ ਜਾਇਜ਼ਾ




**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੰਗਰੂਰ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਬਣ ਰਹੇ ਕਾਰਡਾਂ ਦੀ ਪ੍ਰਗਤੀ ਦਾ ਉੱਚ ਪੱਧਰੀ ਮੀਟਿੰਗ ਦੌਰਾਨ ਜਾਇਜ਼ਾ ਲਿਆ।ਉਨ੍ਹਾਂ ਸੰਗਰੂਰ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੋਈ ਵੀ ਪਰਿਵਾਰ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ ਤੇ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਮਿਸ਼ਨ ਮੋਡ ਵਿੱਚ ਮੁਕੰਮਲ ਕੀਤਾ ਜਾਵੇ।ਇਸ ਮੌਕੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਤੇ ਸਹਾਇਕ ਕਮਿਸ਼ਨਰ ਰਿਪੁਦਮਨ ਸਿੰਘ ਮੌਜੂਦ ਸਨ।ਮੀਟਿੰਗ ਦੌਰਾਨ ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਜਾ ਰਹੇ ਹਨ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਇਸ ਦਿਸ਼ਾ ਵੱਲ ਇੱਕ ਕ੍ਰਾਂਤੀਕਾਰੀ ਪਹਿਲ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਉਦੇਸ਼ ਆਮ ਲੋਕਾਂ ਨੂੰ ਆਰਥਿਕ ਬੋਝ ਤੋਂ ਰਾਹਤ ਦਿੰਦਿਆਂ ਉਨ੍ਹਾਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸਹੂਲਤਾਂ ਉਪਲਬਧ ਕਰਵਾਉਣਾ ਹੈ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹਾ ਪੱਧਰ ਤੇ ਮਾਈਕਰੋ ਮੈਨੇਜਮੈਂਟ ਕੀਤੀ ਗਈ ਹੈ, ਜਿਸ ਅਧੀਨ ਹਲਕਾ ਪੱਧਰ ਤੇ ਟੀਚੇ ਨਿਰਧਾਰਤ ਕਰਕੇ ਰੋਜ਼ਾਨਾ ਪ੍ਰਗਤੀ ਦੀ ਸਮੀਖਿਆ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਰੇਕ ਵਿਧਾਨ ਸਭਾ ਹਲਕੇ ਵਿੱਚ ਰੋਜ਼ਾਨਾ 8 ਕੈਂਪ ਲਗਾਏ ਜਾ ਰਹੇ ਹਨ, ਜਿਸ ਤਹਿਤ ਜ਼ਿਲ੍ਹੇ ਵਿੱਚ ਕੁੱਲ 40 ਵਿਸ਼ੇਸ਼ ਕੈਂਪ ਲੱਗ ਰਹੇ ਹਨ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਸ਼ੇਸ਼ ਕੈਂਪਾਂ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ (ਸੀ ਐੱਸ ਸੀ.) ਨੂੰ ਵੀ ਯੋਜਨਾ ਨਾਲ ਜੋੜਿਆ ਗਿਆ ਹੈ, ਤਾਂ ਜੋ ਲੋਕ ਆਪਣੇ ਨੇੜਲੇ ਕੇਂਦਰਾਂ 'ਤੇ ਕਾਰਡ ਬਣਵਾ ਸਕਣ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪੜ੍ਹੇ-ਲਿਖੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਬ-ਆਪਰੇਟਰ ਵਜੋਂ ਰਜਿਸਟਰੇਸ਼ਨ ਕਰਵਾ ਕੇ ਇਸ ਪ੍ਰਕਿਰਿਆ ਦਾ ਹਿੱਸਾ ਬਣਨ।ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਸਰਕਾਰੀ ਯੋਜਨਾ ਦੀ ਰਫ਼ਤਾਰ ਵਧੇਗੀ, ਉੱਥੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਵੀ ਸਿਰਜੇ ਜਾਣਗੇ।ਮੀਟਿੰਗ ਦੌਰਾਨ ਸਿਹਤ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਤੇ ਸੰਬੰਧਤ ਏਜੰਸੀਆਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

## ਕਾਤਰਾਂ

### ਰੇਲ ਗੱਡੀ ਹੇਠਾਂ ਆ ਕੇ ਵਿਅਕਤੀ ਨੇ ਕੀਤੀ ਖੁਦਕੁਸ਼ੀ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਓਵਰ ਬਰਿਜ ਦੇ ਨੀਚੇ ਰੇਲਵੇ ਲਾਈਨ ਉੱਪਰ ਇੱਕ ਵਿਅਕਤੀ ਨੇ ਗੱਡੀ ਹੇਠਾਂ ਆ ਕੇ ਖੁਦਕੁਸ਼ੀ ਕਰ ਲਈ। ਏਐੱਸਆਈ ਅਜੇ ਕੁਮਾਰ ਨੇ ਦੱਸਿਆ ਕਿ ਜਗਸੀਰ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਨਾਗਰਾ ਦੇ ਵਾਰਸਾਂ ਦੇ ਅਨੁਸਾਰ ਕੁਝ ਸਮਾਂ ਪਹਿਲਾਂ ਉਸ ਦੇ ਸਿਰ ਵਿੱਚ ਸੱਟ ਲੱਗਣ ਕਾਰਨ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ, ਜਿਸ ਨੇ ਦੁਪਹਿਰ ਲਗਭਗ 2 ਵਜੇ ਦੇ ਨੇੜੇ ਮਾਲ ਗੱਡੀ ਹੇਠਾਂ ਆ ਕੇ ਖੁਦਕੁਸ਼ੀ ਕਰ ਲਈ। ਇਸ ਦੀ ਉਮਰ ਲਗਭਗ 27 ਸਾਲ ਦੱਸੀ ਜਾਂਦੀ ਹੈ। ਪੁਲਸ ਨੇ ਧਾਰਾ 144 ਬੀਐੱਨਐੱਸ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

### ਬਾਬਾ ਕੁੰਦਨ ਸਿੰਘ ਦੀ ਯਾਦ 'ਚ ਲੰਗਰ ਲਾਇਆ



**ਜਗਰਾਉਂ (ਸੰਜੀਵ ਅਰੋੜਾ)**-ਧੰਨ-ਧੰਨ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਬਰਸੀ ਦੀ ਯਾਦ ਵਿੱਚ ਪਿੰਡ ਫੇਰੂਰਾਈ ਵਿੱਚ ਸੰਤ ਬਾਬਾ ਗੁਰਜੀਤ ਸਿੰਘ ਤੇ ਬਾਬਾ ਗੁਰਚਰਨ ਸਿੰਘ ਨਾਨਕਸਰ ਵੱਲੋਂ ਗੁਰਦਵਾਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵਿਖੇ ਜਲੇਬੀਆਂ ਤੇ ਪਕੌੜਿਆਂ ਦਾ ਖੁੱਲ੍ਹਾ ਲੰਗਰ ਲਗਾਇਆ ਗਿਆ। ਇਸ ਮੌਕੇ ਪਿੰਡ ਵਾਸੀਆਂ ਨੇ ਬਾਬਾ ਕੁੰਦਨ ਸਿੰਘ ਜੀ ਯਾਦ ਵਿੱਚ ਬਾਬਾ ਗੁਰਚਰਨ ਸਿੰਘ ਤੇ ਬਾਬਾ ਗੁਰਜੀਤ ਸਿੰਘ ਪਾਸੋਂ ਗੁਰਬਾਣੀ ਦੇ ਕਥਾ ਵਿਚਾਰ ਵੀ ਸਰਵਣ ਕੀਤੇ। ਪਿੰਡ ਫੇਰੂਰਾਈ ਦੀ ਸਮੁੱਚੀ ਪੰਚਾਇਤ ਤੋਂ ਇਲਾਵਾ ਆਸ-ਪਾਸ ਦੀਆਂ ਸੰਗਤਾਂ ਵੱਲੋਂ ਵੀ ਲੰਗਰਾਂ ਵਿੱਚ ਹਾਜ਼ਰੀ ਲਗਵਾਈ ਗਈ। ਪ੍ਰਭ ਆਸਰਾ ਨਿਆਸਰਿਆਂ ਦੇ ਘਰ ਵੱਲੋਂ ਲੰਗਰ ਦੀ ਸੇਵਾ ਵਿੱਚ ਸੂਬੇਦਾਰ ਜਗਸੀਰ ਸਿੰਘ, ਮਨਜੀਤ ਸਿੰਘ, ਨਿਰਮਲ ਸਿੰਘ ਰਾਏ, ਜੂਪਾ ਬੈਨੀਪਾਲ ਤੇ ਪਿੰਡ ਦੇ ਗੁਰੂ ਘਰਾਂ ਦੀਆਂ ਕਮੇਟੀਆਂ ਹਾਜ਼ਰ ਸਨ।

### ਸ਼ਾਹਪੁਰ ਕਲਾਂ ਦੇ ਕੁਸ਼ਤੀ ਦੰਗਲ ਦਾ ਪੋਸਟਰ ਰਿਲੀਜ਼



**ਲੌਂਗੋਵਾਲ (ਪ੍ਰਦੀਪ ਸੱਪਲ)**-ਨਜ਼ਦੀਕੀ ਪਿੰਡ ਸ਼ਾਹਪੁਰ ਕਲਾਂ ਵਿਖੇ ਸ੍ਰੀ ਸ੍ਰੀ 108 ਸਿੱਧ ਬਾਬਾ ਮਨੋਹਰ ਗਿਰ ਜੀ ਯੂਥ ਸਪੋਰਟਸ ਕਲੱਬ ਵੱਲੋਂ 19 ਫਰਵਰੀ ਨੂੰ ਹੋਣ ਵਾਲੇ ਪਹਿਲੇ ਕੁਸ਼ਤੀ ਦੰਗਲ ਦਾ ਪੋਸਟਰ ਹਰਵਿੰਦਰ ਸਿੰਘ ਖਹਿਰਾ ਡੀਐੱਸਪੀ ਸੁਨਾਮ ਤੇ ਮੁਕੇਸ਼ ਜਨੇਜਾ ਚੇਅਰਮੈਨ ਮਾਰਕੀਟ ਕਮੇਟੀ ਸੁਨਾਮ ਵੱਲੋਂ ਰਿਲੀਜ਼ ਕੀਤਾ ਗਿਆ।ਕਲੱਬ ਅਹੁਦੇਦਾਰਾਂ ਨੇ ਦੱਸਿਆ ਕਿ ਇਸ ਕੁਸ਼ਤੀ ਦੰਗਲ ਵਿੱਚ ਪੰਜਾਬ ਭਰ ਤੋਂ ਨਾਮਵਰ ਪਹਿਲਵਾਨ ਆਪਣੀ ਕਲਾ ਦੇ ਜੌਹਰ ਦਿਖਾਉਣਗੇ।ਉਨ੍ਹਾਂ ਇਲਾਕਾ ਤੇ ਪੰਜਾਬ ਵਾਸੀਆਂ ਨੂੰ ਇਸ ਕੁਸ਼ਤੀ ਮੇਲੇ ਵਿੱਚ ਪਹੁੰਚ ਕੇ ਰੌਣਕਾਂ ਵਧਾਉਣ ਦੀ ਬੇਨਤੀ ਕੀਤੀ।ਇਸ ਸਮੇਂ ਮਲਕੀਤ ਸਿੰਘ ਪ੍ਰਧਾਨ ਬਲਾਕ ਚੀਮਾ, ਮਾਸਟਰ ਗੁਰਪ੍ਰੀਤ ਸਿੰਘ ਟੋਨੀ, ਜਗਸੀਰ ਸਿੰਘ ਸੀਰਾ, ਅਮਨ ਨਵੇਂ ਪਿੰਡੀਆ, ਸੁਖਬੀਰ ਸਿੰਘ ਬਲਾਕ ਸੰਮਤੀ ਮੈਂਬਰ, ਗੁਰਵੀਰ ਸਿੰਘ ਨਹਿਲ, ਬੇਅੰਤ ਸਿੰਘ ਰਿੰਪੀ, ਜਗਸੀਰ ਸਿੰਘ ਗੱਗਾ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਸਟੂਡੈਂਟ ਫਰੰਟ ਵੱਲੋਂ ਯੂ ਜੀ ਸੀ ਦੇ ਸਮਰਥਨ 'ਚ ਪ੍ਰਦਰਸ਼ਨ

**ਮੂਨਕ (ਰਾਜਪਾਲ ਸਿੰਗਲਾ)**-ਯੂਨੀਵਰਸਿਟੀ ਕਾਲਜ ਮੂਨਕ ਵਿੱਚ ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਵਿਦਿਆਰਥੀ ਸੰਗਠਨ ਵੱਲੋਂ ਯੂ.ਜੀ.ਸੀ. ਐਕਟ ਦੇ ਸਮਰਥਨ ਵਿੱਚ ਪ੍ਰਦਰਸ਼ਨ ਕੀਤਾ ਗਿਆ।ਯੂ ਜੀ ਸੀ ਨੇ ਖੁਦ ਦੱਸਿਆ ਹੈ ਕਿ ਉੱਚ ਸਿੱਖਿਆ ਸੰਸਥਾਵਾਂ ਵਿੱਚ ਜਾਤੀਗਤ ਭੇਦਭਾਵ ਪਹਿਲਾਂ ਨਾਲੋਂ ਵਧ ਕੇ 118% ਹੋ ਗਏ ਹਨ।ਇਨ੍ਹਾਂ ਭੇਦਭਾਵ ਮਾਮਲਿਆਂ ਨੂੰ ਰੋਕਣ ਲਈ ਯੂ ਜੀ ਸੀ ਵੱਲੋਂ ਨਵ 3 ਗਾਈਡ ਲਾਈਨਜ਼ ਜਾਰੀ ਕੀਤੀਆਂ ਗਈਆਂ, ਪਰ ਕੁਝ ਮਨੂਵਾਦੀ ਵਿਚਾਰਾਂ ਵਾਲੇ ਲੋਕ ਇਸ ਦਾ ਵਿਰੋਧ ਕਰ ਰਹੇ ਹਨ।ਰੋਹਿਤ ਵਿਮੁੱਲਾ, ਪਾਇਲ ਤਡਵੀ ਵਰਗੀ ਪਤਾ ਨਹੀਂ ਕਿੰਨੀਆਂ ਉਦਾਹਰਣਾਂ ਹਨ, ਜੋ ਜਾਤੀਗਤ ਭੇਦਭਾਵ ਦਾ ਸ਼ਿਕਾਰ ਹੋ ਕੇ ਆਪਣੀ ਪੜ੍ਹਾਈ ਤੇ ਜ਼ਿੰਦਗੀ ਗਵਾ ਚੁੱਕੇ ਹਨ।ਯੂਨੀਵਰਸਿਟੀ ਕਾਲਜ ਮੂਨਕ ਦੇ ਵਿਦਿਆਰਥੀ ਆਗੂ ਕਾਲਜ ਨੇ ਦੱਸਿਆ ਕਿ ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਸੰਗਠਨ ਯੂ.ਜੀ.ਸੀ. ਐਕਟ ਦਾ ਪੂਰਾ ਸਮਰਥਨ ਕਰਦਾ ਹੈ ਤਾਂ ਜੋ ਪੀੜਤ ਵਿਦਿਆਰਥੀਆਂ ਨੂੰ ਇਨਸਾਫ਼ ਮਿਲ ਸਕੇ।ਡਾਸਫੀ ਵਿਦਿਆਰਥੀ ਸੰਗਠਨ ਆਪਣੇ ਹੋਰ ਵੀ ਕਾਲਜ, ਯੂਨੀਵਰਸਿਟੀਆਂ ਵਿੱਚ ਵੀ ਇਸੇ ਤਰ੍ਹਾਂ ਸਮਰਥਨ ਵਿੱਚ ਪ੍ਰਦਰਸ਼ਨ ਕਰਨਗੇ।ਜੇਕਰ ਜਲਦ ਤੋਂ ਜਲਦ ਐਕਟ ਨੂੰ ਲਾਗੂ ਨਾ ਕੀਤਾ ਗਿਆ ਤਾਂ ਪੂਰੇ ਭਾਰਤ ਵਿੱਚ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।ਇਸ ਮੌਕੇ ਵਿਦਿਆਰਥੀ ਆਗੂ ਸਨੀ ਭੂਸ਼ਣ, ਸੁਨੀਤਾ, ਬਬਲੂ, ਖੁਸ਼ੀ ਸ਼ਰਮਾ, ਮਾਫੀ ਤੇ ਹੋਰ ਵੀ ਵਿਦਿਆਰਥੀ ਸਾਥੀ ਮੌਜੂਦ ਸਨ।




# ਮਾਣੂੰਕੇ ਦੀ ਅਗਵਾਈ 'ਚ 35 ਬੱਸਾਂ ਦਾ ਕਾਫਲਾ ਰੈਲੀ 'ਚ ਪੁੱਜਾ



**ਜਗਰਾਉਂ (ਸੰਜੀਵ ਅਰੋੜਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਿੱਲੀ ਚਾਹਲਾਂ ਵਿਖੇ ਵਿਸ਼ਾਲ ਰੈਲੀ ਕੀਤੀ ਗਈ, ਜਿਸ 'ਚ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦਰ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ ਸਮੇਤ ਸਮੁੱਚੀ ਲੀਡਰਸ਼ਿਪ ਨੇ ਸ਼ਿਰਕਤ ਕੀਤੀ। ਰੈਲੀ ਨੂੰ ਸਫਲ ਬਣਾਉਣ ਲਈ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਆਪਣੇ ਹਲਕੇ 'ਚੋਂ 35 ਬੱਸਾਂ ਰੈਲੀ ਲਈ ਰਵਾਨਾ ਕੀਤੀ। ਇਸ ਮੌਕੇ ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਜਦੋਂ ਦੀ ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਹੈ, ਉਦੋਂ ਤੋਂ ਸੂਬੇ ਅੰਦਰ ਖੁਸ਼ਹਾਲੀ ਤੇ ਤਰੱਕੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਨੂੰ ਵੀ ਵੱਡੀ ਸਫ਼ਲਤਾ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਸੂਬੇ ਅੰਦਰੋਂ ਨਸ਼ੇ ਦਾ ਖ਼ਾਤਮਾ ਹੁੰਦਾ ਜਾ ਰਿਹਾ ਹੈ। ਸਰਕਾਰ ਨਸ਼ਿਆਂ ਦੇ ਪੂਰੀ ਤਰ੍ਹਾਂ ਖਿਲਾਫ਼ ਹੈ ਤੇ ਇਨ੍ਹਾਂ ਨੂੰ ਖ਼ਤਮ ਕਰਕੇ ਹੀ ਦਮ ਲਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਨਿਰਣਾਇਕ ਲੜਾਈ ਵਿੱਢੀ ਗਈ ਹੈ, ਜਿਸ ਲਈ ਲੋਕਾਂ ਦਾ ਸਾਥ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਲੋਕਾਂ ਦਾ ਸਾਥ ਲੈਣ ਲਈ ਘਰ-ਘਰ ਜਾ ਕੇ ਦਸਤਕ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਅਧੀਨ ਪਿੰਡ ਤੇ ਵਾਰਡ ਪੱਧਰ 'ਤੇ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ ਤੇ ਇਸ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰ ਘਰ-ਘਰ ਜਾ ਕੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਨਗੇ, ਜੇਕਰ ਕੋਈ ਉਸ ਪਰਿਵਾਰ ਦਾ ਮੈਂਬਰ ਨਸ਼ਾ ਕਰਦਾ ਹੈ ਤਾਂ ਉਸ ਦਾ ਇਲਾਜ ਕਰਵਾਇਆ ਜਾਵੇਗਾ ਤੇ ਉਨ੍ਹਾਂ ਕੋਲੋਂ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਾਥ ਮੰਗਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਪਹਿਲਾਂ ਪਿੰਡਾਂ ਵਿੱਚ ਚਲਾਈ ਜਾਵੇਗੀ, ਫਿਰ ਛੋਟੇ ਕਸਬਿਆਂ ਤੇ ਸ਼ਹਿਰਾਂ ਦੇ ਵਿੱਚ ਇਸ ਲੜੀ ਤਹਿਤ ਲੋਕਾਂ ਤੋਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਵਿੱਚ ਸਹਿਯੋਗ ਲਿਆ ਜਾਵੇਗਾ। ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਇਸ ਤੋਂ ਇਲਾਵਾ ਜਿਹੜੇ ਨੌਜਵਾਨ ਨਸ਼ਾ ਦੇ ਆਦੀ ਹਨ, ਉਨ੍ਹਾਂ ਬਾਰੇ ਪੁਲਸ ਨੂੰ ਹਦਾਇਤਾਂ ਹਨ ਕਿ ਉਨ੍ਹਾਂ ਵਿਰੁੱਧ ਕਾਰਵਾਈ ਨਹੀਂ, ਉਨ੍ਹਾਂ ਦਾ ਇਲਾਜ ਕਰਵਾਇਆ ਜਾਵੇ ਇਸ ਲਈ ਅਸੀਂ ਨਸ਼ਾ ਛਡਾਊ ਕੇਂਦਰਾਂ ਵਿੱਚ ਉਨ੍ਹਾਂ ਦਾ ਇਲਾਜ ਕਰਵਾਉਣ ਦੇ ਪ੍ਰਬੰਧ ਕੀਤੇ ਹਨ। ਉਨ੍ਹਾਂ ਕਿਹਾ ਕਿ ਨਸ਼ੇ ਨੂੰ ਖ਼ਤਮ ਕਰਨ ਲਈ ਸਰਕਾਰ ਵੱਲੋਂ ਰੁਜ਼ਗਾਰ ਦੇ ਮੌਕੇ ਪੈਦਾ ਕਰਨ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ, ਸਰਕਾਰੀ ਨੌਕਰੀਆਂ ਵਿੱਚ ਭਰਤੀ ਚੱਲ ਰਹੀ ਹੈ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਹੁਨਰਮੰਦ ਸਿੱਖਿਆ ਦੇਣ ਦੇ ਪ੍ਰਬੰਧ ਵੀ ਕੀਤੇ ਜਾ ਰਹੇ ਹਨ।

# ਪਾਵਰਕਾਮ ਮੈਨੇਜਮੈਂਟ ਤੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ

## ਪਾਵਰਕਾਮ ਦੀ ਜ਼ਮੀਨ ਕਿਸੇ ਵੀ ਕੀਮਤ 'ਤੇ ਨਹੀਂ ਵੇਚਣ ਦਿਆਂਗੇ : ਆਗੂ



**ਰਾਜਪੁਰਾ (ਰਮੇਸ਼ ਕਟਾਰੀਆ)**-ਸਾਂਝੇ ਥੜੇ ਦੇ ਸੱਦੇ 'ਤੇ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਤੇ ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਡਵੀਜ਼ਨ ਰਾਜਪੁਰਾ ਵੱਲੋਂ ਸਾਂਝੇ ਤੌਰ 'ਤੇ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਵਿਰੁੱਧ ਡਵੀਜ਼ਨ ਰਾਜਪੁਰਾ ਦੇ ਮੇਨ ਗੇਟ 'ਤੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਵਿੱਚ ਵਿਸ਼ੇਸ਼ ਤੌਰ 'ਤੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਧੀਮਾਨ, ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ, ਪੈਨਸ਼ਨਰ ਯੂਨੀਅਨ ਏਟਕ ਦੇ ਸੂਬਾਈ ਆਗੂ ਸਾਥੀ ਰਜਿੰਦਰ ਸਿੰਘ ਤੇ ਸਾਥੀ ਚਰਨ ਸਿੰਘ ਹਾਜ਼ਰ ਹੋਏ। ਉਕਤ ਆਗੂਆਂ ਨੇ ਦੱਸਿਆ ਕਿ 14 ਜਨਵਰੀ 2026 ਨੂੰ ਬਿਜਲੀ ਨਿਗਮ ਦੀ ਮੈਨੇਜਮੈਂਟ ਨਾਲ ਮੀਟਿੰਗ ਉਪਰੰਤ ਮੈਨੇਜਮੈਂਟ ਵੱਲੋਂ ਜਥੇਬੰਦੀਆਂ ਨਾਲ ਮੁਲਾਜ਼ਮ ਤੇ ਪੈਨਸ਼ਨਰ ਮਸਲਿਆਂ 'ਤੇ ਸਹਿਮਤੀ ਬਣੀ ਸੀ ਅਤੇ ਮੈਨੇਜਮੈਂਟ ਵੱਲੋਂ ਬਿਜਲੀ ਨਿਗਮ ਦੀਆਂ ਜਾਇਦਾਦਾਂ ਨਾ ਵੇਚਣ ਦਾ ਭਰੋਸਾ ਦਿੱਤਾ ਸੀ, ਪਰ ਹੁਣ ਮੈਨੇਜਮੈਂਟ ਨੇ ਵਾਅਦਾ ਖਿਲਾਫ਼ੀ ਕਰਦੇ ਹੋਏ ਪਿੰਡ ਬਡੂੰਗਰ ਜ਼ਿਲ੍ਹਾ ਪਟਿਆਲਾ ਵਿਚਲੀ ਬਿਜਲੀ ਨਿਗਮ ਦੀ 50 ਏਕੜ ਜ਼ਮੀਨ ਪੁੱਡਾ ਦੇ ਨਾਮ ਤਬਦੀਲ ਕਰ ਦਿੱਤੀ ਹੈ।ਇਸ ਗੰਭੀਰ ਮੁੱਦੇ ਦੇ ਮਸਲੇ ਸਬੰਧੀ ਸਾਂਝੇ ਥੜੇ ਵੱਲੋਂ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਵਿਰੁੱਧ ਅਤੇ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ 16 ਤੇ 17 ਫਰਵਰੀ ਨੂੰ ਮੈਨੇਜਮੈਂਟ ਦੀ ਇਸ ਵਾਅਦਾ ਖਿਲਾਫ਼ੀ ਵਿਰੁੱਧ ਸਮੁੱਚੇ ਪੰਜਾਬ ਅੰਦਰ ਉੱਪ ਮੰਡਲ/ਮੰਡਲ ਪੱਧਰ 'ਤੇ ਪ੍ਰਦਰਸ਼ਨ ਕੀਤੇ ਗਏ।ਅੰਤ ਵਿੱਚ ਆਏ ਸਾਥੀਆਂ ਦਾ ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਨੇ ਧੰਨਵਾਦ ਕੀਤਾ ਅਤੇ ਆਉਣ ਵਾਲੇ ਸੰਘਰਸ਼ਾਂ ਲਈ ਤਿਆਰ ਰਹਿਣ ਲਈ ਕਿਹਾ ਗਿਆ।

# ਸ਼ਹੀਦ ਸਾਥੀ ਕਾਮਰੇਡ ਵਰਿਆਮ ਸਿੰਘ ਉਬਰਾਏ ਦੀ ਬਰਸੀ ਮਨਾਈ




**ਲੁਧਿਆਣਾ (ਰੈਕਟਰ ਕਥੂਰੀਆ)**

ਸੀ ਪੀ ਆਈ ਦੇ ਕੁਰਬਾਨੀਆਂ ਭਰੇ ਕਾਫ਼ਿਲੇ ਦੀਆਂ ਸ਼ਹੀਦੀਆਂ ਨੂੰ ਯਾਦ ਕਰਦਿਆਂ ਸ਼ਹੀਦ ਕਾਮਰੇਡ ਵਰਿਆਮ ਸਿੰਘ ਉਬਰਾਏ ਦੀ 35ਵੀਂ ਬਰਸੀ ਸ਼ਹੀਦ ਕਾਮਰੇਡ ਨਛੱਤਰ ਸਿੰਘ ਥਾਲੀਵਾਲ ਭਵਨ ਜਗਰਾਉ ਵਿਖੇ ਮਨਾਈ ਗਈ।

ਇਸ ਮੌਕੇ ਸਟੇਜ ਦੀ ਕਾਰਵਾਈ ਕਾਮਰੇਡ ਚਮਕੌਰ ਸਿੰਘ ਦੌਧਰ ਨੇ ਨਿਭਾਈ।ਉਨ੍ਹਾਂ ਕਾਮਰੇਡ ਵਰਿਆਮ ਦੀ ਜੀਵਨੀ ਬਾਰੇ ਵੀ ਦੱਸਿਆ ਕਿ ਇਹ ਪਰਿਵਾਰ 1947 ਵਿੱਚ ਦੇਸ਼ ਦੀ ਵੰਡ ਸਮੇਂ ਪਾਕਿਸਤਾਨ ਵਿੱਚੋਂ ਉਜਾੜੇ ਸਮੇਂ ਜਗਰਾਉਂ ਦੇ ਲਾਗੇ ਕਾਉਂਕੇ ਕਲਾਂ ਵਿਖੇ ਆ ਕੇ ਵਸਿਆ ਸੀ।ਬਾਅਦ ਵਿੱਚ ਜਗਰਾਉਂ ਸ਼ਹਿਰ ਰਹਿਣ ਲੱਗ ਪਿਆ। ਦਸ ਨਹੁੰਆਂ ਦੀ ਕਿਰਤ ਕਰਕੇ ਜਗਰਾਉ ਵਿੱਚ ਇੱਕ ਛੋਟੀ ਜਹੀ ਫੈਕਟਰੀ ਵੀ ਲਾਈ।ਆਪਣੇ ਮਾਤਾ-ਪਿਤਾ ਨਾਲ ਕੰਮਕਾਰ ਵਿੱਚ ਪੂਰਾ ਸਾਥ ਦਿੰਦਿਆਂ ਪੜ੍ਹਾਈ ਮੁਕੰਮਲ ਕੀਤੀ। ਜਵਾਨੀ ਵਿੱਚ ਹੀ ਇਨ੍ਹਾਂ ਦਾ ਮੇਲ ਜਗਰਾਉਂ ਦੇ ਉੱਘੇ ਕਾਮਰੇਡ ਪ੍ਰਸਿੱਧ ਵਕੀਲ ਓਮ ਪ੍ਰਕਾਸ਼ ਅੱਤਰੇ ਨਾਲ ਹੋ ਗਿਆ।ਉਨ੍ਹਾਂ ਤੋਂ2 ਪ੍ਰਭਾਵਤ ਹੋ ਕੇ ਭਾਰਤੀ ਕਮਿਊਨਿਸਟ ਪਾਰਟੀ ਨਾਲ ਜੁੜ ਗਿਆ।ਉਨ੍ਹਾਂ ਸਮਿਆਂ ਵਿੱਚ ਕਾਮਰੇਡ ਰਾਮ ਜੀ ਦਾਸ, ਸੁਰਜੀਤ ਸਿੰਘ, ਅਵਤਾਰ ਸਿੰਘ ਗਿੱਲ ਆਦਿ ਜਗਰਾਉਂ ਸ਼ਹਿਰ ਵਿੱਚ ਇਸ ਪਾਰਟੀ ਨਾਲ ਬਹੁਤ ਸਰਗਰਮ ਸਨ।ਉਨ੍ਹਾਂ ਨਾਲ ਮਿਲ ਕੇ ਪਾਰਟੀ ਵਿੱਚ ਪੂਰੀ ਸ਼ਿਦਤ ਨਾਲ ਕੰਮ ਕੀਤਾ, ਕੰਮ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨੇ ਉਨ੍ਹਾਂ ਨੂੰ 1972 ਵਿੱਚ ਜਗਰਾਉਂ ਬਲਾਕ ਦਾ ਸਕੱਤਰ ਚੁਣ ਲਿਆ ਗਿਆ।ਉਹ ਹਿੰਦੂ ਸਿੱਖ ਏਕਤਾ ਬਾਰੇ ਲੋਕਾਂ ਨੂੰ ਪ੍ਰੇਰਤ ਕਰਦੇ ਸਨ, ਜਿਸ ਕਰਕੇ ਅਜਿਹੇ ਸਾਥੀ ਅੱਤਵਾਦੀਆਂ ਦੀਆਂ ਅੱਖਾਂ ਵਿੱਚ ਰੜਕਦੇ ਸਨ।ਸਾਥੀ ਵਰਿਆਮ ਸਿੰਘ ਉਬਰਾਏ ਨੂੰ ਮਿਤੀ 15-02-1992 ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਗਿਆ।

ਇਸ ਸਮਾਗਮ ਵਿੱਚ ਜਗਰਾਉਂ 'ਚ ਕੰਮ ਕਰਦੀਆਂ ਸਿਆਸੀ ਪਾਰਟੀਆਂ, ਜਗਰਾਉਂ ਦੀਆਂ ਮੁੱਖ ਟਰੇਡ ਯੂਨੀਅਨਾਂ ਨੇ ਹਿੱਸਾ ਲਿਆ ਤੇ ਸਾਥੀ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਹੋਏ।ਬੁਲਾਰੇ ਕਾਮਰੇਡ ਮਾਸਟਰ ਗੁਰਮੇਲ ਸਿੰਘ, ਕਾਮਰੇਡ ਬਲਦੇਵ ਸਿੰਘ, ਰਾਮ ਜੀ ਦਾਸ, ਹਰਪ੍ਰੀਤ ਸਿੰਘ ਉਬਰਾਏ, ਉਨ੍ਹਾਂ ਦੇ ਵੱਡੇ ਭਾਈ ਦਰਸ਼ਨ ਸਿੰਘ ਉਬਰਾਏ, ਲੁਧਿਆਣਾ ਤੋਂ ਹਾਜਰ ਹੋਏ ਕਾਮਰੇਡ ਰਾਕੇਸ਼ ਗੌਡ, ਗੁਰਮੇਲ ਸਿੰਘ ਮੈਲਡੇ, ਕਿਸਾਨ ਆਗੂ ਚਮਕੌਰ ਸਿੰਘ ਬਰਮੀ, ਅਧਿਆਪਕ ਆਗੂ ਚਰਨ ਸਿੰਘ ਸਰਾਭਾ, ਅਵਤਾਰ ਸਿੰਘ ਗਗੜਾ, ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ ਤੇ ਕਾਮਰੇਡ ਗੁਰਦੀਪ ਸਿੰਘ ਮੋਤੀ ਹੁਰਾਂ ਨੇ ਸਾਥੀ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਸਮੇਂ ਜਗਸੀਰ ਸਿੰਘ, ਕੁਲਦੀਪ ਸਿੰਘ ਗਿੰਦੜਵਿੰਡੀ, ਪ੍ਰਿਤਪਾਲ ਸਿੰਘ ਪੰਡੋਰੀ ਆਦਿ ਸਾਥੀ ਵੀ ਮੌਜੂਦ ਸਨ।

# ਸਿੱਧੂ ਮੂਸੇਵਾਲਾ ਦੇ ਮਾਪਿਆਂ ਦੀ ਸ਼ਿਕਾਇਤ 'ਤੇ ਮਾਮਲਾ ਦਰਜ



**ਮਾਨਸਾ (ਰੀਤਵਾਲ)**-ਉੱਘੇ ਗਾਇਕ ਸਿੱਧੂ ਮੂਸੇਵਾਲਾ ਦੀ ਮਾਂ ਚਰਨ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਮਾਨਸਾ ਪੁਲਸ ਨੇ ਧੋਖਾਧੜੀ ਦੇ ਦੋਸ਼ਾਂ 'ਤੇ ਇੱਕ ਕੰਪਨੀ ਸਮੇਤ ਤਿੰਨ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ।ਪਿਛਲੇ ਹਫ਼ਤੇ, ਸਿੱਧੂ ਮੂਸੇਵਾਲਾ ਦੇ ਮਾਪਿਆਂ ਨੇ ਮਾਨਸਾ ਵਿੱਚ ਐੱਸ ਐੱਸ ਪੀ ਦਫ਼ਤਰ ਬਾਹਰ ਧਰਨਾ ਦਿੱਤਾ, ਦੋਸ਼ ਲਗਾਇਆ ਕਿ ਕੰਪਨੀ ਉਨ੍ਹਾਂ ਨਾਲ ਧੋਖਾ ਕਰ ਰਹੀ ਹੈ।ਉਨ੍ਹਾਂ ਨੇ ਦੋਸ਼ ਲਾਇਆ ਕਿ ਕੰਪਨੀ ਦੇ ਮਾਲਕ ਉਨ੍ਹਾਂ ਦੇ ਸਵਰਗਵਾਸੀ ਪੁੱਤਰ ਸਿੱਧੂ ਮੂਸੇਵਾਲਾ ਦੀ ਕਮਾਈ ਦਾ ਗਬਨ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਹਿਸਾਬ ਨਹੀਂ ਦਿੱਤਾ ਜਾ ਰਿਹਾ ਹੈ।ਉਨ੍ਹਾਂ 30 ਕਰੋੜ ਦੀ ਹੇਰਾਫੇਰੀ ਦਾ ਦੋਸ਼ ਲਗਾਇਆ।ਇਸ ਦੌਰਾਨ ਸਿੱਧੂ ਦੇ ਪਿਤਾ ਬਲਕੌਰ ਸਿੰਘ ਨੇ ਪੁਲਸ 'ਤੇ ਵੀ ਕਈ ਸਵਾਲ ਖੜ੍ਹੇ ਕੀਤੇ ਸਨ।ਹੁਣ ਪੁਲਸ ਨੇ ਇਲ ਮਾਮਲੇ ਵਿੱਚ ਕਾਰਵਾਈ ਕੀਤੀ।ਚਰਨ ਕੌਰ ਦੇ ਬਿਆਨ ਦੇ ਆਧਾਰ 'ਤੇ ਮਾਨਸਾ ਦੇ ਸਦਰ ਪੁਲਸ ਸਟੇਸ਼ਨ ਨੇ ਗੁਰਪ੍ਰੀਤ ਸਿੰਘ ਤੇ ਸ਼ਬੀਰ ਮੋਮਿਨ ਦੇ ਨਾਲ-ਨਾਲ ਵਨ ਡਿਜੀਟਲ ਕੰਪਨੀ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ।

# ਮੋਦੀ ਸਰਕਾਰ ਭਾਰਤ-ਅਮਰੀਕਾ ਵਪਾਰ ਸਮਝੌਤਾ ਜਨਤਕ ਕਰੇ : ਦੌਲਤਪੁਰਾ ਲੱਖੋਵਾਲ

## ਆਲੂ ਦੇ ਭਾਅ 'ਚ ਆਈ ਗਿਰਾਵਟ ਕਿਸਾਨਾਂ ਲਈ ਆਫਤ : ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਜ਼ਿਲ੍ਹਾ ਦਫਤਰ ਵਿਖੇ ਹੋਈ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਕਿਹਾ ਕਿ ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਚਲਾਈ ਤੇ ਮੀਟਿੰਗ 'ਚ ਸੂਬਾ ਆਗੂ ਮੋਹਨ ਸਿੰਘ ਜੀਂਦੜਾ, ਸੂਰਤ ਸਿੰਘ ਕਾਦਰ ਵਾਲਾ, ਸਾਹਿਬ ਸਿੰਘ ਬੋਗੇਵਾਲਾ, ਜਰਨੈਲ ਸਿੰਘ ਤਖਾਣ ਵੱਧ ਹਰਨੇਕ ਸਿੰਘ ਫਤਿਹਗੜ੍ਹ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਅੱਜ ਦੀ ਮੀਟਿੰਗ 'ਚ ਸਮੁੱਚੇ ਆਗੂਆਂ ਨੇ ਸੰਬੋਧਨ ਕੀਤਾ।

ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਮੋਦੀ ਦੀ ਅਗਵਾਈ ਵਾਲੀ ਕੇਂਦਰ ਦੀ ਐੱਨ ਡੀ ਏ ਸਰਕਾਰ ਭਾਰਤ-ਅਮਰੀਕਾ ਵਿਚਾਲੇ ਹੋਏ ਸਮਝੌਤੇ ਨੂੰ ਪੂਰੀ ਇਮਾਨਦਾਰੀ ਨਾਲ ਜਨਤਕ ਕਰੇ, ਕਿਉਂਕਿ ਦੇਸ਼ ਭਰ ਦੇ ਕਿਸਾਨਾਂ ਨੂੰ ਉਸ ਸਮਝੌਤੇ ਉੱਪਰ ਪੂਰਨ ਤੌਰ 'ਤੇ ਸ਼ੱਕ ਹੈ ਕਿ ਇਸ ਸਮਝੌਤੇ ਵਿੱਚ ਦੇਸ਼ ਦੀ ਕਿਸਾਨੀ ਖਾਸ ਕਰਕੇ ਪੰਜਾਬ ਨੂੰ ਬਹੁਤ ਵੱਡਾ ਘਾਟਾ ਪਵੇਗਾ, ਜੋ ਕਦੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਇਸ ਸਮਝੌਤੇ ਖਿਲਾਫ ਸੰਘਰਸ਼ ਵਿੱਢੇ ਜਾਣਗੇ।ਇਸ ਸਮੇਂ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਕਿਹਾ ਕਿ ਜੋ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਲੋਕ ਸਭਾ ਵਿੱਚ ਕਿਹਾ ਕਿ ਜੋ ਦੇਸ਼ ਵਿੱਚ ਪ੍ਰਦੂਸ਼ਣ ਹੈ, ਉਸ ਲਈ ਕਿਸਾਨ ਜਾਂ ਕਿਸਾਨ ਦੀ ਪਰਾਲੀ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਜਾ ਸਕਦਾ। ਅਸੀਂ ਉਨ੍ਹਾਂ ਦੇ ਇਸ ਬਿਆਨ ਦਾ ਸਵਾਗਤ ਕਰਦੇ ਹਾਂ ਤੇ ਨਾਲ ਹੀ ਮੰਗ ਕਰਦੇ ਹਾਂ ਕਿ ਪਿਛਲੇ ਸਾਲਾਂ ਦੇ ਸੀਜ਼ਨ ਵਿੱਚ ਜੋ ਕਿਸਾਨਾਂ ਉੱਪਰ ਪਰਾਲੀ ਨੂੰ ਸਾੜਨ ਨੂੰ ਲੈ ਕੇ ਪਰਚੇ ਦਰਜ ਹੋਏ ਹਨ, ਉਨ੍ਹਾਂ ਨੂੰ ਤੁਰੰਤ ਰੱਦ ਕੀਤਾ ਜਾਵੇ।ਇਸ ਸਮੇਂ ਸਮੂਹ ਸੂਬਾ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਲੂਆਂ ਦੀ ਖਰੀਦ 25 ਰੁਪਏ ਪ੍ਰਤੀ ਕਿੱਲੋ ਐੱਮ ਐੱਸ ਪੀ ਤਹਿ ਕਰਕੇ ਪੰਜਾਬ ਸਰਕਾਰ ਫੌਰੀ ਖਰੀਦ ਕਰੇ। ਇਸ ਮੌਕੇ ਜਗਤਾਰ ਸਿੰਘ ਚੋਟੀਆਂ ਖੁਰਦ ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ ਲਖਬੀਰ ਸਿੰਘ ਸਾਬਕਾ ਸਰਪੰਚ ਸੰਧੂਆਣਾ, ਬਲਾਕ ਮੋਗਾ 2 ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਮੀਤ ਪ੍ਰਧਾਨ ਸੁਖਦੇਵ ਸਿੰਘ ਚੋਟੀਆਂ ਖੁਰਦ, ਨਿਰਮਲ ਸਿੰਘ ਭੂਰ, ਜ਼ਿਲ੍ਹਾ ਮੀਤ ਪ੍ਰਧਾਨ ਜਗਸੀਰ ਸਿੰਘ ਜੱਗੀ, ਬੰਤ ਸਿੰਘ ਨਿਧਾ ਵਾਲਾ, ਮੇਜਰ ਸਿੰਘ ਡਰੋਲੀ, ਕਰਨਵੀਰ ਸਿੰਘ ਬਲਾਕ ਜਨਰਲ ਸਕੱਤਰ, ਮੇਜਰ ਸਿੰਘ ਸੱਦਾ ਸਿੰਘ, ਹਰਦੀਪ ਸਿੰਘ, ਬੂਟਾ ਸਿੰਘ ਪੰਡੋਰੀ, ਸੁਖਦੀਪ ਸਿੰਘ ਫਤਿਹਗੜ੍ਹ, ਜਗਤਾਰ ਸਿੰਘ, ਸੁਖਵਿੰਦਰ ਸਿੰਘ ਸੰਘਾ, ਡਾਕਟਰ ਕੁਲਵੰਤ ਸਿੰਘ ਲੁਹਾਰਾ, ਬਾਬੂ ਸਿੰਘ ਲੁਹਾਰਾ, ਸੁਖਵੰਤ ਸਿੰਘ ਖੋਟੇ, ਨਛੱਤਰ ਸਿੰਘ ਖੋਟੇ ਆਦਿ ਵੱਡੀ ਗਿਣਤੀ 'ਚ ਕਿਸਾਨ ਆਗੂ ਹਾਜ਼ਰ।

# ਪੁਰਾਣੇ ਸਕੇਲ, ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ ਵੱਲੋਂ ਸੰਗਰੂਰ 'ਚ ਸੂਬਾਈ ਰੋਸ ਰੈਲੀ

## ਪ੍ਰਸ਼ਾਸਨ ਵੱਲੋਂ 5 ਮਾਰਚ ਨੂੰ ਮੁੱਖ ਮੰਤਰੀ ਹਾਊਸ ਵਿਖੇ ਮੀਟਿੰਗ ਤੈਅ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਵਿੱਚ 'ਆਪ' ਸਰਕਾਰ ਦੇ ਚਾਰ ਸਾਲ ਬੀਤਣ ਦੇ ਬਾਵਜੂਦ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੰਜਾਬ ਤਨਖ਼ਾਹ ਸਕੇਲ ਨਾ ਬਹਾਲ ਹੋਣ, ਨਵੀਂ ਪੈਨਸ਼ਨ ਪ੍ਰਣਾਲੀ ਰੱਦ ਕਰਕੇ ਪੁਰਾਣੀ ਪੈਨਸ਼ਨ ਪ੍ਰਣਾਲੀ ਨਾ ਲਾਗੂ ਕਰਨ, ਮੁਲਾਜ਼ਮਾਂ ਦੇ ਕੱਟੇ ਗਏ 37 ਕਿਸਮ ਦੇ ਭੱਤੇ ਸਮੇਤ ਪੇਂਡੂ ਇਲਾਕਾ ਭੱਤਾ, ਬਾਰਡਰ ਇਲਾਕਾ ਭੱਤਾ, ਏਸੀਪੀ ਸਕੀਮ ਤੇ ਪੈਂਡਿੰਗ 16% ਮਹਿੰਗਾਈ ਭੱਤਾ ਨਾ ਜਾਰੀ ਹੋਣ ਤੋਂ ਖਫ਼ਾ ਹਜ਼ਾਰਾਂ ਮੁਲਾਜ਼ਮਾਂ ਵੱਲੋਂ ਨਵ-ਗਠਿਤ 'ਪੁਰਾਣੇ- ਸਕੇਲ ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ' ਦੀ ਅਗਵਾਈ ਵਿੱਚ ਸੰਗਰੂਰ ਵਿਖੇ ਸੂਬਾਈ ਰੈਲੀ ਕੀਤੀ ਗਈ ਅਤੇ ਮੁੱਖ ਮੰਤਰੀ ਨਿਵਾਸ ਵੱਲ ਰੋਹ ਭਰਪੂਰ ਰੋਸ ਮਾਰਚ ਵੀ ਕੀਤਾ ਗਿਆ।ਇਸ ਦੌਰਾਨ ਮੁਲਾਜ਼ਮਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਮੋਰਚੇ ਦੇ ਸੂਬਾਈ ਕਨਵੀਨਰ ਤੇ ਕੋ-ਕਨਵੀਨਰਾਂ ਵਿਕਰਮਦੇਵ ਸਿੰਘ, ਅਤਿੰਦਰ ਪਾਲ ਘੱਗਾ, ਦੀਪਕ ਕੰਬੋਜ, ਗੁਰਦੀਪ ਸਿੰਘ ਬਾਸੀ, ਸੰਦੀਪ ਸਿੰਘ ਗਿੱਲ, ਸੁਰਿੰਦਰ ਪਾਲ ਸਿੰਘ, ਦੀਪਕ ਧਾਲੀਵਾਲ ਤੇ ਬਲਿਹਾਰ ਬੱਲੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਸਮੇਤ ਮੁਲਾਜ਼ਮਾਂ ਨੇ ਸੂਬੇ ਦੇ ਰਾਜਨੀਤਕ ਤੇ ਆਰਥਿਕ ਮਸਲਿਆਂ ਦੇ ਹੱਲ ਲਈ ਵੱਡੀਆਂ ਉਮੀਦਾਂ ਨਾਲ 'ਆਪ' ਸਰਕਾਰ ਨੂੰ ਸੱਤਾ ਦੀ ਵਾਗਡੋਰ ਸੌਂਪੀ ਸੀ, ਪਰ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਕੀਤੀ ਗਈ ਲੋੜੋਂ ਵੱਧ ਖਰਚੀਲੀ ਇਸ਼ਤਿਹਾਰਬਾਜ਼ੀ, ਨੁਕਸਦਾਰ ਆਰਥਿਕ ਨੀਤੀਆਂ ਤੇ ਬਿਨਾਂ ਵਿੱਤੀ ਸਰੋਤ ਪੈਦਾ ਕੀਤਿਆਂ ਕਰਜ਼ਾ ਚੁੱਕ ਕੇ ਲਾਗੂ ਕੀਤੀਆਂ ਜਾ ਰਹੀਆਂ ਲੋਕ ਲਭਾਊ ਸਕੀਮਾਂ ਕਾਰਨ, ਸੂਬੇ ਸਿਰ 4 ਲੱਖ ਕਰੋੜ ਤੱਕ ਪਹੁੰਚੇ ਕਰਜ਼ੇ ਨੇ ਪੰਜਾਬ ਨੂੰ ਹੋਰ ਗੰਭੀਰ ਆਰਥਿਕ ਸੰਕਟ ਦੇ ਵੱਲ ਧੱਕ ਦਿੱਤਾ ਹੈ।ਮਾਲੀ ਸਥਿਤੀ ਨੂੰ ਮਜ਼ਬੂਤ ਕਰਨ ਦੇ ਵੱਡੇ ਦਮਗਜ਼ਿਆਂ ਦੇ ਉਲਟ, ਹੁਣ ਪੰਜਾਬ ਸਰਕਾਰ ਇਸ ਸੰਕਟ ਨੂੰ ਬਹਾਨਾ ਬਣਾ ਕੇ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਨੂੰ ਹੱਲ ਕਰਨ ਤੋਂ ਇਨਕਾਰੀ ਹੋ ਰਹੀ ਹੈ।ਇਸ ਸਥਿਤੀ ਵਿੱਚ ਪੰਜਾਬ ਦੇ ਨਵੇਂ ਤੇ ਪੁਰਾਣੇ ਮੁਲਾਜ਼ਮਾਂ ਵੱਲੋਂ ਸੰਘਰਸ਼ਾਂ ਨੂੰ ਜਰਬਾਂ ਦੇਣ ਲਈ ਇੱਕਜੁੱਟ ਹੋ ਕੇ ਅੱਜ ਦਾ ਅਹਿਮ ਐਕਸ਼ਨ ਕਰਦੇ ਹੋਏ ਆਉਣ ਵਾਲੇ ਸਮੇਂ ਵਿੱਚ ਇਸ ਏਕਤਾ ਨੂੰ ਹੋਰ ਵਿਸ਼ਾਲ ਕਰਨ ਦਾ ਫੈਸਲਾ ਕੀਤਾ ਹੈ।ਇਸ ਮੌਕੇ ਮੋਰਚੇ ਦੇ ਸੂਬਾਈ ਆਗੂਆਂ ਮਹਿੰਦਰ ਕੌੜਿਆਂ ਵਾਲੀ, ਗੁਰਵਿੰਦਰ ਖਹਿਰਾ, ਸ਼ਲਿੰਦਰ ਕੰਬੋਜ਼, ਬਲਕਾਰ ਮਘਾਣੀਆ ਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਤੇ ਜਨਰਲ ਸਕੱਤਰ ਹਰਦੀਪ ਟੋਡਰਪੁਰ ਨੇ ਦੱਸਿਆ ਕਿ ਸੱਤਾ 'ਤੇ ਕਾਬਜ਼ ਹੋਣ ਤੋਂ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਲਈ ਪੰਜਾਬ ਦੇ ਤਨਖ਼ਾਹ ਸਕੇਲ ਹੀ ਲਾਗੂ ਕਰਨ ਦਾ ਭਰੋਸਾ ਦੇਣ ਵਾਲੀ 'ਆਪ' ਸਰਕਾਰ 17 ਜੁਲਾਈ 2020 ਤੇ ਇਸ ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਦਾ ਨੋਟੀਫਿਕੇਸ਼ਨ ਮੁੱਢੋਂ ਰੱਦ ਕਰਨ ਤੋਂ ਮੁਨਕਰ ਹੋ ਚੁੱਕੀ ਹੈ, ਸਗੋਂ ਵਿੱਤ ਵਿਭਾਗ ਵੱਲੋਂ ਸੇਵਾ ਨਿਯਮਾਂ ਵਿੱਚ ਪੰਜਾਬ ਪੇਅ ਸਕੇਲ ਦਰਜ ਹੋਣ ਦੇ ਹਵਾਲੇ ਨਾਲ ਮੁਲਾਜ਼ਮਾਂ ਦੇ ਹੱਕ ਵਿੱਚ ਆਏ ਅਦਾਲਤੀ ਫੈਸਲਿਆਂ ਨੂੰ ਵੀ ਛਿੱਕੇ ਟੰਗ ਕੇ ਮਨਮਰਜ਼ੀ ਦੇ ਪੱਤਰ ਜਾਰੀ ਕੀਤੇ ਜਾ ਰਹੇ ਹਨ।ਇਸ ਮੌਕੇ ਕੁਲਦੀਪ ਖੋਖਰ, ਗੁਰਪ੍ਰੀਤ ਸੰਗਰੂਰ, ਮੋਹਨ ਸਿੰਘ ਔਲਖ ਪੱਤਰਕਾਰ ਯੂਨੀਅਨ ਤੋਂ ਗੁਰਪ੍ਰੀਤ ਮੰਗਵਾਲ, ਸੁੱਖਵਿੰਦਰ ਢਿੱਲਵਾਂ ਬੇਰੁਜ਼ਗਾਰ ਟੈਟ ਪਾਸ ਸਾਂਝਾ ਮੋਰਚਾ ਨੇ ਸੰਬੋਧਨ ਕੀਤਾ। ਮੁਲਾਜ਼ਮਾਂ ਦੇ ਰੋਹ ਨੂੰ ਦੇਖਦਿਆਂ ਸੰਗਰੂਰ ਪ੍ਰਸ਼ਾਸਨ ਵੱਲੋਂ ਮੋਰਚੇ ਦੀ 5 ਮਾਰਚ ਨੂੰ ਮੁੱਖ ਮੰਤਰੀ ਹਾਊਸ ਵਿਖੇ ਪ੍ਰਿੰਸੀਪਲ ਸੈਕਟਰੀ ਤੇ ਸੰਬੰਧਤ ਸੈਕਟਰੀਆਂ ਨਾਲ ਮੀਟਿੰਗ ਤੈਅ ਕਰਵਾਈ ਗਈ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਖ਼ਿਲਾਫ਼ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਕਿਯੂ ਸਿੱਧੂਪੁਰ ਬਲਾਕ ਮਹਿਲ ਕਲਾਂ ਵੱਲੋਂ ਸੂਬਾ ਕਮੇਟੀ ਦੇ ਸੱਦੇ 'ਤੇ ਬਲਾਕ ਦੇ ਵੱਖ-ਵੱਖ ਪਿੰਡਾਂ 'ਚ ਭਾਰਤ-ਅਮਰੀਕਾ ਵਪਾਰ ਸਮਝੌਤੇ ਖਿਲਾਫ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਪਿੰਡ ਸਹਿਜੜਾ, ਸਹੌਰ, ਖਿਆਲੀ, ਛਾਪਾ, ਹਰਦਾਸਪੁਰਾ, ਕੁਤਬਾ, ਗੰਗੋਹਰ, ਕਲਾਲ ਮਾਜਰਾ, ਛੀਨੀਵਾਲ, ਕਲਾਲਾ, ਮਹਿਲ ਕਲਾਂ, ਵਜੀਦਕੇ, ਚੁਹਾਣਕੇ ਪੰਡੋਰੀ, ਮੂੰਮ, ਗੁੰਮਟੀ, ਆਦਿ ਪਿੰਡਾਂ 'ਚ ਕਿਸਾਨਾਂ ਨੇ ਸਮਝੌਤੇ ਦੀਆਂ ਕਾਪੀਆਂ ਸਾੜ ਕੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਆਗੂਆਂ ਕਰਨੈਲ ਸਿੰਘ ਗਾਂਧੀ, ਨਛੱਤਰ ਸਿੰਘ ਸਹੌਰ, ਜਗਪਾਲ ਸਿੰਘ ਸਹਿਜੜਾ, ਸੁਖਵਿੰਦਰ ਸਿੰਘ ਖਿਆਲੀ, ਗਿਆਨ ਸਿੰਘ ਬਾਜਵਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੀਤਾ ਜਾ ਰਿਹਾ ਭਾਰਤ-ਅਮਰੀਕਾ ਵਪਾਰ ਸਮਝੌਤਾ ਦੇਸ਼ ਦੇ ਕਿਸਾਨਾਂ ਲਈ ਘਾਤਕ ਸਾਬਿਤ ਹੋਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਇਸ ਨਾਲ ਵਿਦੇਸ਼ੀ ਕੰਪਨੀਆਂ ਨੂੰ ਭਾਰਤੀ ਖੇਤੀਬਾੜੀ ਖੇਤਰ 'ਚ ਵੱਡਾ ਦਖ਼ਲ ਮਿਲੇਗਾ, ਜਿਸ ਨਾਲ ਦੇਸੀ ਬੀਜ ਪ੍ਰਣਾਲੀ, ਫਸਲਾਂ ਦੇ ਭਾਅ ਤੇ ਮੰਡੀਆਂ ਦੀ ਪ੍ਰਣਾਲੀ ਪ੍ਰਭਾਵਿਤ ਹੋਵੇਗੀ।ਕਿਸਾਨ ਆਗੂਆਂ ਨੇ ਕਿਹਾ ਕਿ ਜੇ ਵਿਦੇਸ਼ੀ ਖੇਤੀ ਉਤਪਾਦ ਭਾਰਤੀ ਬਾਜ਼ਾਰ ਵਿੱਚ ਆਉਂਦੇ ਹਨ, ਤਾਂ ਕਿਸਾਨਾਂ ਦੀਆਂ ਫਸਲਾਂ ਦੀ ਕੀਮਤ ਘਟੇਗੀ ਤੇ ਛੋਟੇ-ਮੱਧਮ ਕਿਸਾਨ ਆਰਥਿਕ ਸੰਕਟ ਵਿੱਚ ਫਸ ਜਾਣਗੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਬੀਜ, ਕੀਟਨਾਸ਼ਕ ਤੇ ਖੇਤੀ ਸਾਜ਼ੋ-ਸਾਮਾਨ ਉੱਤੇ ਬਹੁਕੌਮੀ ਕੰਪਨੀਆਂ ਦਾ ਕਬਜ਼ਾ ਹੋ ਸਕਦਾ ਹੈ, ਜਿਸ ਨਾਲ ਕਿਸਾਨਾਂ ਦੀ ਖੁਦ-ਮੁਖਤਿਆਰੀ ਖਤਮ ਹੋਵੇਗੀ।

# ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਨਗਰ ਕੀਰਤਨ ਸਜਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਿੱਖ ਇਤਿਹਾਸ ਵਿੱਚ ਅਹਿਮ ਮੁਕਾਮ ਰੱਖਦੇ 1762 ਈਸਵੀ ਦੇ ਵੱਡੇ ਘੱਲੂਘਾਰੇ 'ਚ ਅਹਿਮਦ ਸ਼ਾਹ ਅਬਦਾਲੀ ਦੀਆਂ ਫੌਜਾਂ ਨਾਲ ਲੋਹਾ ਲੈਂਦਿਆਂ ਸ਼ਹਾਦਤ ਦਾ ਜਾਮ ਪੀ ਗਏ 35 ਹਜ਼ਾਰ ਮਹਾਨ ਸ਼ਹੀਦ ਸਿੰਘਾਂ, ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਤ ਇਤਿਹਾਸਕ ਗੁਰਦੁਆਰਾ ਸਿੱਧਸਰ ਕਾਲਾਮਲ੍ਹਾ ਸਾਹਿਬ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆਂ ਦੀ ਅਗਵਾਈ ਹੇਠ ਦੋ ਰੋਜ਼ਾ ਸ਼ਹੀਦੀ ਮਾਰਚ, ਨਗਰ ਕੀਰਤਨ ਸਜਾਇਆ ਗਿਆ।ਇਸ ਮੌਕੇ ਸ੍ਰ: ਜੱਸਾ ਸਿੰਘ ਆਹਲੂਵਾਲੀਆ ਗੁਰਮਤਿ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਦੇ ਵਿਦਿਆਰਥੀਆਂ ਦੇ ਰਾਗੀ ਜਥਿਆਂ ਨੇ ਕਥਾ ਕੀਰਤਨ ਦੁਆਰਾ ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕੀਤਾ।ਹੈੱਡ ਗਰੰਥੀ ਭਾਈ ਜਸਵੀਰ ਸਿੰਘ ਮਾਨਕੀ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ ਕਾਲਾਮਲ੍ਹਾ ਸਾਹਿਬ (ਮੈਂਬਰ ਸ਼੍ਰੋਮਣੀ ਕਮੇਟੀ) ਵੱਲੋਂ ਸ਼ੁਰੂ ਕੀਤੀ ਗਈ ਪ੍ਰੰਪਰਾ ਅਨੁਸਾਰ ਇਹ ਦੋ ਰੋਜ਼ਾ ਨਗਰ ਕੀਰਤਨ (ਸ਼ਹੀਦੀ ਮਾਰਚ) ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਪਵਿੱਤਰ ਖ਼ੂਨ ਨਾਲ ਸਿੰਜੀ ਧਰਤੀ ਇਤਿਹਾਸਕ ਗੁਰਦੁਆਰਾ ਸਾਹਿਬ ਸ਼ਹੀਦ ਗੰਜ ਰੋਹੀੜਾ ਤੋਂ ਅਰਦਾਸ ਉਪਰੰਤ ਆਰੰਭ ਹੋ ਕੇ ਇਲਾਕੇ ਦੇ 21 ਪਿੰਡਾਂ 'ਚ ਪੜਾਅ ਵਾਰ ਹੁੰਦਾ ਹੋਇਆ ਪਿੰਡ ਗਹਿਲ ਦੇ ਗੁਰਦੁਆਰਾ ਸਾਹਿਬ ਭਾਈ ਭਗਤੂਆਣਾ ਵਿਖੇ ਪਹੁੰਚ ਕੇ ਸਮਾਪਤ ਹੋਇਆ।ਵੱਖ ਵੱਖ ਥਾਵਾਂ ਉੱਪਰ ਸ਼ਰਧਾਲੂ ਸੰਗਤਾਂ ਨੇ ਪੂਰੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਸ਼ਾਮਲ ਸੰਗਤਾਂ ਲਈ ਵੱਖ ਵੱਖ ਪ੍ਰਕਾਰ ਦੇ ਅਟੁੱਟ ਲੰਗਰ ਵਰਤਾਏ ਗਏ।ਕਮੇਟੀ ਪ੍ਰਧਾਨ ਕੁਲਵੰਤ ਸਿੰਘ ਸੂਮ, ਸਰਪੰਚ ਗੁਰਦੀਪ ਸਿੰਘ ਛਾਪਾ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸ਼ਹੀਦੀ ਮਾਰਚ, ਨਗਰ ਕੀਰਤਨ ਦਾ ਮੁੱਖ ਮਨੋਰਥ ਨਵੀਂ ਪਨੀਰੀ, ਨੌਜਵਾਨ ਵਰਗ ਨੂੰ ਵੱਡੀ ਕੁਰਬਾਨੀ ਦੇ ਮਾਲਕ ਵੱਡੇ ਘੱਲੂਘਾਰੇ ਦੇ ਮਹਾਨ ਸੂਰਬੀਰ ਜੋਧਿਆਂ ਦੀ ਲਾਸਾਨੀ ਸ਼ਹਾਦਤ ਬਾਰੇ ਜਾਣੂ ਕਰਵਾ ਕੇ ਗੁਰਸਿੱਖੀ ਨਾਲ ਜੋੜਨਾ ਹੈ।ਉਨ੍ਹਾਂ ਗੁਰਦੁਆਰਾ ਸਿੱਧਸਰ ਕਾਲਾਮਾਲਾ ਸਾਹਿਬ ਛਾਪਾ ਵਿਖੇ 18 ਫਰਵਰੀ ਨੂੰ ਹੋ ਰਹੇ ਸਾਲਾਨਾ ਇਕੋਤਰੀ ਸਮਾਗਮਾਂ 'ਚ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ।

ਇਸ ਨਗਰ ਕੀਰਤਨ ਦੇ ਮਹਿਲ ਕਲਾਂ ਮੁੱਖ ਮਾਰਗ ਉੱਪਰ ਪਹੁੰਚਣ 'ਤੇ ਸਮੂਹ ਦੁਕਾਨਦਾਰ ਭਾਈਚਾਰੇ, ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਭਰਵਾਂ ਸੁਆਗਤ ਕੀਤਾ ਗਿਆ।ਇੰਜੀਨੀਅਰ ਜਗਦੀਪ ਸਿੰਘ ਆਸਟ੍ਰੇਲੀਆ ਦੇ ਉੱਦਮ ਸਦਕਾ ਬਲਵਿੰਦਰ ਸਿੰਘ ਵਜੀਦਕੇ, ਗੁਰਪ੍ਰੀਤ ਸਿੰਘ ਅਣਖੀ, ਗੁਰਿੰਦਰ ਸਿੰਘ ਰਾਜਾ ਦੀ ਅਗਵਾਈ ਹੇਠ ਪੰਜ ਪਿਆਰਿਆਂ, ਰਾਗੀ ਜਥਿਆਂ, ਸਮੂਹ ਪ੍ਰਬੰਧਕਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

## ਮਾਊਂਟ ਲਿਟਰਾ ਸਕੂਲ ਵਿਖੇ ਅਧਿਆਪਕ ਸਿਖਲਾਈ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਨੇ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਨੂੰ ਉਤਸ਼ਾਹਤ ਕਰਨ ਤੇ ਵਿਦਿਆਰਥੀਆਂ ਵਿੱਚ ਸਿੱਖਣ ਦੀ ਰੁਚੀ ਨੂੰ ਉਤਸ਼ਾਹਤ ਕਰਨ ਲਈ ਐਕਟਿਵ ਲਰਨਿੰਗ ਵਿਸ਼ੇ 'ਤੇ ਇੱਕ ਰੋਜ਼ਾ ਅਧਿਆਪਕ ਸਿਖਲਾਈ ਪ੍ਰੋਗਰਾਮ ਕੀਤਾ ਗਿਆ।ਸ਼੍ਰੀਮਤੀ ਸ਼ਿਪੀ ਰਹੇਜਾ ਕੋਆਰਡੀਨੇਟਰ ਮਦਰ ਟੀਚਰ ਪ੍ਰੀਪਰੇਟਰੀ ਸਕੂਲ ਬਠਨਾਲਾ ਤੇ ਸ਼੍ਰੀਮਤੀ ਅਨੀਤਾ ਜੈਨ ਕੋਆਰਡੀਨੇਟਰ ਸਿਲਵਰ ਓਕਸ ਸਕੂਲ ਬਠਿੰਡਾ ਨੇ ਸਿਖਲਾਈ ਪ੍ਰੋਗਰਾਮ ਵਿੱਚ ਵਿਸ਼ੇਸ਼ ਪਰਸਨ ਵਜੋਂ ਹਿੱਸਾ ਲਿਆ। ਉਨ੍ਹਾਂ ਦੇ ਸਕੂਲ ਪਹੁੰਚਣ 'ਤੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ, ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਗੀਤਾ ਪਿੰਜੇ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਉਸ ਤੋਂ ਬਾਅਦ ਜੋਤੀ ਪ੍ਰਜਵਲਣ ਕਰਕੇ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ।ਦੋਵਾਂ ਮਹਿਮਾਨਾਂ ਨੇ ਆਪਣੇ ਅਨੁਭਵ ਸਾਂਝੇ ਕੀਤੇ ਤੇ ਐਕਟਿਵ ਲਰਨਿੰਗ, ਨੈਤਿਕਤਾ, ਅਨੁਸ਼ਾਸਨ ਤੇ ਸਕਾਰਾਤਮਕ ਸੋਚ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਿਖਲਾਈ ਸ਼ੈਸ਼ਨ ਦੌਰਾਨ, ਅਧਿਆਪਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਵੱਖ-ਵੱਖ ਗਤੀਵਿਧੀਆਂ ਤੇ ਇੰਟਰਐਕਟਿਵ ਸੈਸ਼ਨਾਂ ਰਾਹੀਂ ਆਧੁਨਿਕ ਸਿੱਖਿਆ ਵਿਧੀਆਂ ਬਾਰੇ ਸਿੱਖਿਆ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਬੰਧਨ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਿਖਲਾਈ ਪ੍ਰੋਗਰਾਮਾਂ ਨੂੰ ਜਾਰੀ ਰੱਖਣ ਦਾ ਵਾਅਦਾ ਕੀਤਾ।ਇਹ ਸਿਖਲਾਈ ਪ੍ਰੋਗਰਾਮ ਸਾਰੇ ਅਧਿਆਪਕਾਂ ਲਈ ਜਾਣਕਾਰੀ ਭਰਪੂਰ ਤੇ ਪ੍ਰੇਰਨਾਦਾਇਕ ਸਾਬਿਤ ਹੋਇਆ।

## ਵਰਲਡ ਯੂਨੀਵਰਸਿਟੀ 'ਚ ਬਸੰਤ ਮੇਲਾ ਰੰਗੀਨ ਤੇ ਉਤਸ਼ਾਹਪੂਰਨ ਰਿਹਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਨੇ ਬਸੰਤ ਮੇਲਾ-2026 ਉਤਸ਼ਾਹ ਨਾਲ ਮਨਾਇਆ।ਵਿਦਿਆਰਥੀ ਭਲਾਈ ਵਿਭਾਗ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸੱਭਿਆਚਾਰਕ ਕਲੱਬਾਂ ਨਾਲ ਸਹਿਯੋਗ ਕਰਕੇ ਇਸ ਸਮਾਗਮ ਨੂੰ ਯੂਨੀਵਰਸਿਟੀ ਕੈਂਪਸ ਵਿੱਚ ਆਯੋਜਿਤ ਕੀਤਾ ਗਿਆ, ਜਿਸ 'ਚ ਵਿਦਿਆਰਥੀਆਂ, ਅਧਿਆਪਕਾਂ ਤੇ ਦਰਸ਼ਕਾਂ ਨੂੰ ਆਕਰਸ਼ਿਤ ਕਰਨ ਵਾਲੀਆਂ ਰੰਗ-ਬਿਰੰਗੀਆਂ ਗਤੀਵਿਧੀਆਂ ਸ਼ਾਮਲ ਸਨ।ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਪ੍ਰੋਗਰਾਮ ਦੀ ਬਹੁਤ ਸ਼ਲਾਘਾ ਕੀਤੀ ਤੇ ਇਨ੍ਹਾਂ ਉਪਰਾਲਿਆਂ ਨੂੰ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਤਿ ਮਹੱਤਵਪੂਰਨ ਦੱਸਿਆ, ਜੋ ਰਚਨਾਤਮਕਤਾ, ਸੱਭਿਆਚਾਰਕ ਜਾਗਰੂਕਤਾ ਤੇ ਭਾਈਚਾਰਕ ਭਾਵਨਾ ਨੂੰ ਪ੍ਰੋਤਸਾਹਨ ਦਿੰਦੇ ਹਨ।ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਸਮਾਗਮ ਨੂੰ ਸੰਬੋਧਨ ਕੀਤਾ ਤੇ ਸੱਭਿਆਚਾਰਕ ਏਕਤਾ, ਸਰਗਰਮ ਭਾਗੀਦਾਰੀ ਤੇ ਇਨ੍ਹਾਂ ਉਤਸਵਾਂ ਦੀ ਕੈਂਪਸ ਵਿੱਚ ਜੀਵੰਤਤਾ ਪੈਦਾ ਕਰਨ ਵਾਲੀ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਡਾ. ਹਰਨੀਤ ਬਿਲਿੰਗ ਦੇ ਸੰਯੋਜਨ ਹੇਠ ਮੇਲੇ ਵਿੱਚ ਗਿੱਧਾ, ਭੰਗੜਾ ਤੇ ਲੋਕ ਗੀਤਾਂ ਦੀਆਂ ਮਨਮੋਹਕ ਪੇਸ਼ਕਾਰੀਆਂ ਵਿਖਾਈਆਂ ਗਈਆਂ।ਇਸ ਤੋਂ ਇਲਾਵਾ ਕਾਗਜ਼ ਪਤੰਗ ਬਣਾਉਣਾ ਤੇ ਪਤੰਗਬਾਜ਼ੀ, ਮਿੱਟੀ ਦੇ ਭਾਂਡੇ ਬਣਾਉਣਾ (ਪੌਟ ਮੇਕਿੰਗ), ਫੋਟੋਗ੍ਰਾਫੀ ਮੁਕਾਬਲਾ ਤੇ ਫੁੱਲਾਂ ਦੀ ਸਜਾਵਟ ਮੁਕਾਬਲਾ ਵਰਗੀਆਂ ਰਚਨਾਤਮਕ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਬਹੁਤ ਆਕਰਸ਼ਿਤ ਕੀਤਾ।ਰੋਮਾਂਚਕ ਲੋਕ ਖੇਡਾਂ ਜਿਵੇਂ ਤਿੰਨ ਪੈਰ ਵਾਲੀ ਦੌੜ, ਪੀਚੋ, ਗੁਲਾਲ ਚੋਰ, ਸੈਂਤ ਪੱਥਰ, ਬੋਰੇ ਵਿੱਚ ਦੌੜ, ਰੱਸੀ ਕੁੱਦਣ ਤੇ ਰੱਸਾ-ਕਸ਼ੀ ਨੇ ਕੈਂਪਸ ਵਿੱਚ ਉਤਸ਼ਾਹ ਤੇ ਹਾਸੇ ਦੀ ਲਹਿਰ ਪੈਦਾ ਕਰ ਦਿੱਤੀ।ਸਮਾਗਮ ਵਿੱਚ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ, ਡੀਨ ਰਿਸਰਚ ਪ੍ਰੋ. (ਡਾ.) ਨਵਦੀਪ ਕੌਰ, ਡਾਇਰੈਕਟਰ ਆਈ.ਕਿਊ.ਏ.ਸੀ. ਡਾ. ਅੰਕਦੀਪ ਕੌਰ ਅਟਵਾਲ, ਡੀਨ ਫੈਕਲਟੀ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼ ਡਾ. ਹਰਦੇਵ ਸਿੰਘ, ਡਿਪਟੀ ਰਜਿਸਟਰਾਰ ਸ. ਜਗਜੀਤ ਸਿੰਘ, ਵੱਖ-ਵੱਖ ਵਿਭਾਗਾਂ ਦੇ ਮੁਖੀਆਂ, ਅਧਿਆਪਕਾਂ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਮੁਕਾਬਲਿਆਂ ਤੇ ਖੇਡਾਂ ਦੇ ਜੇਤੂਆਂ ਨੂੰ ਉਨ੍ਹਾਂ ਦੀ ਪ੍ਰਤਿਭਾ, ਹੁਨਰ ਤੇ ਉਤਸ਼ਾਹਪੂਰਵਕ ਭਾਗੀਦਾਰੀ ਦੇ ਮਾਣ ਵਜੋਂ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।

## ਰਾਜਾ ਵੜਿੰਗ ਵੱਲੋਂ ਚਾਰੇ ਕੌਂਸਲਰਾਂ ਦੇ ਜਵਾਬ 'ਤੇ ਸੰਤੁਸ਼ਟੀ ਪ੍ਰਗਟ

■ ਪਾਰਟੀ ਵਾਸਤੇ ਕੰਮ ਕਰਨ ਲਈ ਕੀਤਾ ਪ੍ਰੇਰਿਤ



**ਜਗਰਾਉਂ (ਸੰਜੀਵ ਅਰੋੜਾ)**

ਜਗਰਾਉਂ 'ਚ ਕਾਂਗਰਸ ਪਾਰਟੀ ਨਾਲ ਸਬੰਧਤ ਕੌਂਸਲਰਾਂ ਦੀ ਚੱਲ ਰਹੀ ਖਿੱਚੋਤਾਣ ਕਾਰਨ ਕੁਝ ਕੌਂਸਲਰਾਂ ਨੇ ਆਪਣਾ ਰਾਹ ਵੱਖਰਾ ਕਰ ਲਿਆ ਸੀ, ਜਿਸ ਕਾਰਨ ਜਗਰਾਉਂ 'ਚ ਕਾਂਗਰਸੀ ਕੌਂਸਲਰਾਂ ਦਾ ਕਾਟੋ ਕਲੇਸ਼ ਸਿਖਰਾਂ 'ਤੇ ਪਹੁੰਚ ਗਿਆ। ਇਸ ਕਾਟੋ ਕਲੇਸ਼ ਕਾਰਨ ਹਲਕਾ ਇੰਚਾਰਜ ਜਗਤਾਰ ਸਿੰਘ ਜੱਗਾ ਹਿੱਸੋਵਾਲ (ਸਾਬਕਾ ਵਿਧਾਇਕ) ਸਮੇਤ ਸਮੁੱਚੀ ਲੀਡਰਸ਼ਿਪ ਨੇ ਬੀਤੇ ਦਿਨੀਂ ਸਾਬਕਾ ਕੌਂਸਲ ਪ੍ਰਧਾਨ ਅਜੀਤ ਸਿੰਘ ਠੁਕਰਾਲ, ਸਾਬਕਾ ਕੌਂਸਲਰ ਰਾਜ ਭਾਰਦਵਾਜ, ਸਾਬਕਾ ਕੌਂਸਲਰ ਰਵਿੰਦਰ ਕੁਮਾਰ ਸੱਭਰਵਾਲ ਤੇ ਸਾਬਕਾ ਕੌਂਸਲਰ ਕਾਲਾ ਕਲਿਆਣਾ ਨੂੰ ਪਾਰਟੀ ਵਿਰੁੱਧ ਗਤੀਵਿਧੀਆਂ 'ਤੇ ਨੋਟਿਸ ਜਾਰੀ ਕੀਤਾ ਗਿਆ ਸੀ। ਅੱਜ ਚਾਰੇ ਕੌਂਸਲਰ ਅਜੀਤ ਸਿੰਘ ਠੁਕਰਾਲ, ਰਾਜ ਭਾਰਦਵਾਜ, ਫੀਨਾ ਸੱਭਰਵਾਲ ਤੇ ਕਾਲਾ ਕਲਿਆਣਾ ਨੇ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ (ਮੈਂਬਰ ਪਾਰਲੀਮੈਂਟ ਲੁਧਿਆਣਾ) ਨੂੰ ਜ਼ਿਲ੍ਹਾ ਦਿਹਾਤੀ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ ਤੇ ਹਲਕਾ ਇੰਚਾਰਜ ਜਗਤਾਰ ਸਿੰਘ ਜੱਗਾ ਹਿੱਸੋਵਾਲ ਸਾਬਕਾ ਵਿਧਾਇਕ ਦੀ ਹਾਜ਼ਰੀ 'ਚ ਨੋਟਿਸ ਦਾ ਜਵਾਬ ਦਿੱਤਾ, ਜਿਸ 'ਤੇ ਪਾਰਟੀ ਪ੍ਰਧਾਨ ਰਾਜਾ ਵੜਿੰਗ ਨੇ ਸੰਤੁਸ਼ਟੀ ਪ੍ਰਗਟਾਈ ਤੇ ਪਾਰਟੀ ਨੂੰ ਸਮਰਪਤ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਰਾਜਾ ਵੜਿੰਗ ਨੇ ਕਿਹਾ ਕਿ ਪਾਰਟੀ ਬਿਨਾਂ ਸਭ ਅਧੂਰਾ ਹੈ। ਪਾਰਟੀ, ਪਾਰਟੀ ਹੁੰਦੀ ਹੈ, ਜਿਸ ਦੇ ਝੰਡੇ 'ਤੇ ਤੁਸੀਂ ਚੋਣਾਂ ਲੜ ਕੇ ਜਿੱਤ ਹਾਸਲ ਕਰਕੇ ਆਪਣੇ ਵਾਰਡ ਵਾਸੀਆਂ ਦੀ ਸੇਵਾ ਕਰਦੇ ਹੋ। ਉਨ੍ਹਾਂ ਚਾਰੋਂ ਕੌਂਸਲਰਾਂ ਨੂੰ ਪਾਰਟੀ ਪ੍ਰਤੀ ਕੰਮ ਕਰਨ ਲਈ ਪ੍ਰੇਰਿਆ ਤੇ ਪਾਰਟੀ ਦੇ ਲੋਕ ਪੱਖੀ ਕੰਮਾਂ ਨੂੰ ਘਰ-ਘਰ ਪਹੁੰਚਾਉਣ ਬਾਰੇ ਆਖਿਆ। ਇਸ ਮੌਕੇ ਅਜੀਤ ਸਿੰਘ ਠੁਕਰਾਲ, ਰਾਜ ਭਾਰਦਵਾਜ, ਫੀਨਾ ਸੱਭਰਵਾਲ ਤੇ ਕਾਲਾ ਕਲਿਆਣਾ ਨੇ ਕਿਹਾ ਕਿ ਅਸੀਂ ਆਪਣਾ ਸਪੱਸ਼ਟੀਕਰਨ ਪਾਰਟੀ ਪ੍ਰਧਾਨ ਨੂੰ ਸੌਂਪ ਦਿੱਤਾ, ਜਿਸ 'ਤੇ ਪਾਰਟੀ ਪ੍ਰਧਾਨ ਨੇ ਸੰਤੁਸ਼ਟੀ ਜ਼ਾਹਰ ਕੀਤੀ ਅਤੇ ਆਖਿਆ ਕਿ ਤੁਸੀਂ ਪਾਰਟੀ ਨੂੰ ਸਮਰਪਤ ਹੋ ਕੇ ਜਿਸ ਤਰ੍ਹਾਂ ਪਹਿਲਾਂ ਕੰਮ ਕਰਦੇ ਸੀ, ਉਸੇ ਤਰ੍ਹਾਂ ਦੁਬਾਰਾ ਫਿਰ ਕਰੋ। ਉਕਤ ਕੌਂਸਲਰਾਂ ਨੇ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।

## ਗੁਰੂ ਨਾਨਕ ਸਕੂਲ ਵਿਖੇ ਸੁਖਮਨੀ ਸਾਹਿਬ ਦਾ ਪਾਠ ਤੇ ਇਨਾਮ ਵੰਡ ਸਮਾਰੋਹ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ।ਇਸ ਦੇ ਨਾਲ਼ ਹੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਦੁਆਰਾ ਸਾਰਿਆਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ।ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਕੂਲ ਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਪ੍ਰਮਾਤਮਾ ਦਾ ਓਟ ਆਸਰਾ ਲਿਆ ਗਿਆ।ਸਾਰੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੇ ਗੁਰੂ ਚਰਨਾਂ ਵਿੱਚ ਹਾਜ਼ਰੀ ਭਰ ਕੇ ਪਾਠ ਤੇ ਸ਼ਬਦ ਕੀਰਤਨ ਦਾ ਆਨੰਦ ਮਾਣਿਆ।ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਉਪ-ਪ੍ਰਧਾਨ ਪਵਿੱਤਰਪਾਲ ਸਿੰਘ ਪਾਂਗਲੀ, ਡਾਇਰੈਕਟਰ ਰੁਪਿੰਦਰ ਕੌਰ ਬਰਾੜ, ਇੰਦਰ ਸਿੰਘ, ਭੁਪਿੰਦਰ ਸਿੰਘ ਓਬਰਾਏ, ਰਵਿੰਦਰ ਸਿੰਘ ਮਲਹਾਂਸ ਤੇ ਹੋਰ ਮੈਂਬਰਾਂ ਨੇ ਸੈਸ਼ਨ 2024-25 ਦੇ ਨਰਸਰੀ ਤੋਂ ਲੈ ਕੇ ਗਿਆਰਵੀਂ ਜਮਾਤ ਦੇ ਸਾਰੇ ਸ਼ੈਕਸ਼ਨਾਂ ਵਿੱਚੋਂ ਪਹਿਲਾ, ਦੂਜਾ ਤੇ ਤੀਜਾ ਦਰਜਾ ਹਾਸਲ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।ਇਸ ਮੌਕੇ ਹਰਜੀਵਨਪਾਲ ਸਿੰਘ ਗਿੱਲ, ਕਾਲਜ ਪ੍ਰਿੰਸੀਪਲ ਸਰਵਜੀਤ ਕੌਰ ਬਰਾੜ, ਪ੍ਰੋਫ਼ੈਸਰ ਰਣਜੀਤ ਕੌਰ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।ਸਕੂਲ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਕਾਰਜਕਾਰੀ ਪ੍ਰਬੰਧਕ ਰੁਪਿੰਦਰ ਕੌਰ ਬਰਾੜ ਨੇ ਸਕੂਲ ਦੀਆਂ ਸਾਲਾਨਾ ਤੇ ਬੋਰਡ ਪ੍ਰੀਖਿਆਵਾਂ ਲਈ ਸਾਰੇ ਵਿਦਿਆਰਥੀਆਂ ਨੂੰ ਸ਼ੁਭ-ਕਾਮਨਾਵਾਂ ਦਿੱਤੀਆਂ।ਅੰਤ ਵਿੱਚ ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਦੁਆਰਾ ਸਾਰੇ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ ਤੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਕੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਨ ਲਈ ਪ੍ਰੇਰਿਆ।

## ਮਹਾਂ ਸ਼ਿਵਰਾਤਰੀ ਮੌਕੇ ਸ਼ਰਧਾਲੂਆਂ ਦੀਆਂ ਲੱਗੀਆਂ ਲਾਈਨਾਂ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਰਾਮ ਆਸ਼ਰਮ ਮੰਦਰ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਮਹਾ ਸ਼ਿਵਰਾਤਰੀ ਦੇ ਮੌਕੇ 'ਤੇ ਸ਼ਰਧਾਲੂਆਂ ਲਈ ਪੁਖਤਾ ਪ੍ਰਬੰਧ ਕੀਤੇ ਗਏ, ਜਿਸ ਨੂੰ ਲੈ ਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਪੁੱਜੇ ਤੇ ਲੰਮੀਆਂ ਲਾਈਨਾਂ ਲੱਗੀਆਂ ਦਿਖਾਈ ਦਿੱਤੀਆਂ। ਇਸ ਮੌਕੇ ਸ਼ਰਧਾਲੂਆਂ ਵੱਲੋਂ ਪੂਜਾ ਕਰਕੇ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਹਿਯੋਗੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਤੇ ਸਾਬਕਾ ਨਗਰ ਕੌਂਸਲਰ ਮੈਡਮ ਮੋਨਿਕਾ ਗੋਇਲ, ਮਨੋਜ ਅਰੋੜਾ ਨੂੰ ਸਨਮਾਨਤ ਕੀਤਾ ਗਿਆ। ਪ੍ਰਬੰਧਕ ਕਮੇਟੀ ਵੱਲੋਂ ਪਕੌੜਿਆਂ ਦਾ ਲੰਗਰ ਲਾਇਆ ਗਿਆ ਤੇ ਸ਼ਰਧਾਲੂਆਂ ਵੱਲੋਂ ਵਧ-ਚੜ੍ਹ ਕੇ ਮੰਦਰ ਕਮੇਟੀ ਨੂੰ ਸਹਿਯੋਗ ਦਿੱਤਾ ਗਿਆ।

## ਮਹਾਂਸ਼ਿਵਰਾਤਰੀ ਮੌਕੇ ਡਾ. ਮੱਟੂ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਚੁਨਾਗਰਾ ਵਿਖੇ ਮਹਾਂਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮੁੱਚੇ ਪਿੰਡ ਵਾਸੀਆਂ ਵੱਲੋਂ ਸ਼ਿਵ ਮੰਦਿਰ ਵਿਖੇ ਮਹਾਂਸ਼ਿਵਰਾਤਰੀ ਦੇ ਤਿਉਹਾਰ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਹਲਕਾ ਸ਼ੁਤਰਾਣਾ ਦੇ ਸਰਗਰਮ ਨੌਜਵਾਨ ਆਗੂ ਡਾ. ਜਤਿੰਦਰ ਸਿੰਘ ਮੱਟੂ ਸੰਗਤ ਵਿੱਚ ਹਾਜ਼ਰ ਹੋਏ।ਉਨ੍ਹਾਂ ਮਹਾਂਸ਼ਿਵਰਾਤਰੀ ਦੀ ਸਮੁੱਚੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਪ੍ਰਮਾਤਮਾ ਇਕ ਹੈ, ਬਸ ਰੂਪ ਅਲੱਗ-ਅਲੱਗ ਹਨ।ਸਾਡੇ ਦੇਸ਼ ਭਾਰਤ ਤੇ ਸੂਬੇ ਪੰਜਾਬ ਦੀ ਇਹ ਖੂਬਸੂਰਤੀ ਹੈ ਕਿ ਅਸੀਂ ਚਾਹੇ ਕਿਸੇ ਵੀ ਧਰਮ ਨਾਲ ਸਬੰਧਤ ਹੋਈਏ, ਪਰ ਇਕ ਦੂਜੇ ਦੇ ਧਰਮ ਦਾ ਬਹੁਤ ਸਤਿਕਾਰ ਕਰਦੇ ਹਾਂ ਅਤੇ ਰਲ-ਮਿਲ ਕੇ ਇਕ ਦੂਜੇ ਦੇ ਧਰਮਾਂ ਦੇ ਤਿਉਹਾਰਾਂ ਵਿੱਚ ਸ਼ਮੂਲੀਅਤ ਕਰਦੇ ਹਾਂ। ਉਨਾਂ ਕਿਹਾ ਕਿ ਆਪਸੀ ਭਾਈਚਾਰਾ ਤੇ ਸਾਂਝਾਂ ਬਣਾ ਕੇ ਰੱਖਣ ਨਾਲ ਸਾਡੇ ਦੇਸ਼ ਦੀ ਏਕਤਾ ਅਤੇ ਆਖੰਡਤਾ ਮਜਬੂਤ ਹੁੰਦੀ ਹੈ।ਇਸ ਮੌਕੇ ਸੰਗਤਾਂ ਲਈ ਲੰਗਰ ਚਲਾਇਆ ਗਿਆ।ਪਿੰਡ ਵਾਸੀਆਂ ਵਲੋਂ ਨੌਜਵਾਨ ਆਗੂ ਡਾ. ਜਤਿੰਦਰ ਸਿੰਘ ਮੱਟੂ ਨੂੰ ਲੋਕਾਂ ਪ੍ਰਤੀ ਨਿਭਾਈਆਂ ਜਾ ਰਹੀਆਂ ਉਨਾਂ ਦੀਆਂ ਸੇਵਾਵਾਂ ਲਈ ਸਨਮਾਨਤ ਵੀ ਕੀਤਾ ਗਿਆ।

## ਸਪੀਕਰ ਵੱਲੋਂ ਨਬਾਰਡ ਅਧੀਨ ਜਲ ਸਪਲਾਈ ਸਕੀਮਾਂ ਦੇ ਨੀਂਹ ਪੱਥਰ ਤੇ ਉਦਘਾਟਨ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਹਲਕਾ ਕੋਟਕਪੂਰਾ ਦੇ ਪਿੰਡਾਂ ਵਿੱਚ ਪਾਣੀ ਸਪਲਾਈ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਨਬਾਰਡ ਅਧੀਨ ਮਨਜ਼ੂਰ ਕੀਤੀਆਂ ਗਈਆਂ ਦੋ ਮਹੱਤਵਪੂਰਨ ਜਲ ਸਪਲਾਈ ਸਕੀਮਾਂ ਦੇ ਨੀਂਹ ਪੱਥਰ ਰੱਖਣਗੇ। ਸੰਧਵਾਂ ਵੱਲੋਂ ਪਿੰਡ ਟਹਿਣਾ ਵਿਖੇ ਨਬਾਰਡ-30 ਅਧੀਨ 82.79 ਲੱਖ ਰੁਪਏ ਦੀ ਪ੍ਰਵਾਨਤ ਲਾਗਤ ਨਾਲ ਜਲ ਸਪਲਾਈ ਸਕੀਮ ਦਾ ਨੀਂਹ ਪੱਥਰ ਰੱਖਿਆ ਜਾਵੇਗਾ, ਜਿਸ ਨਾਲ ਸੰਬੰਧਤ ਪਿੰਡ ਦੇ ਵਾਸੀਆਂ ਨੂੰ ਸਾਫ਼ ਤੇ ਸ਼ੁੱਧ ਪੀਣ ਯੋਗ ਪਾਣੀ ਉਪਲਬਧ ਕਰਾਉਣ ਵਿੱਚ ਵੱਡੀ ਮਦਦ ਮਿਲੇਗੀ। ਇਸ ਤੋਂ ਇਲਾਵਾ ਪਿੰਡ ਪੱਕਾ ਵਿਖੇ ਨਬਾਰਡ-29 ਅਧੀਨ 242.25 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਨਵੀ ਉਸਾਰੀ ਜਲ ਸਪਲਾਈ ਸਕੀਮ ਦਾ ਉਦਘਾਟਨ ਵੀ ਸਪੀਕਰ ਵੱਲੋਂ ਕੀਤਾ ਜਾਵੇਗਾ।ਇਸ ਸਕੀਮ ਦੇ ਸ਼ੁਰੂ ਹੋਣ ਨਾਲ ਪਿੰਡ ਪੱਕਾ ਦੇ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸੁਵਿਧਾ ਸੁਚੱਜੇ ਤੇ ਸਥਾਈ ਢੰਗ ਨਾਲ ਪ੍ਰਾਪਤ ਹੋਵੇਗੀ।ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਪਾਣੀ ਵਰਗੀਆਂ ਮੂਲ ਸਹੂਲਤਾਂ ਨੂੰ ਪਹਿਲ ਦੇ ਅਧਾਰ 'ਤੇ ਮੁਹੱਈਆ ਕਰਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਲੋਕਾਂ ਦੀ ਜੀਵਨ ਸ਼ੈਲੀ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਸਿਹਤਮੰਦ ਸਮਾਜ ਦੇ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੇ।

## ਸਿਲਵਰ ਓਕਸ ਸਕੂਲ 'ਚ ਕਿਡਜ਼ ਕਾਰਨੀਵਲ ਆਯੋਜਿਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵੱਲੋਂ ਬਹੁਤ ਹੀ ਉਤਸ਼ਾਹ ਤੇ ਖੁਸ਼ੀ ਨਾਲ ਕਿਡਜ਼ ਕਾਰਨੀਵਲ ਆਯੋਜਿਤ ਕੀਤਾ ਗਿਆ।ਇਹ ਕਾਰਨੀਵਲ ਖਾਸ ਤੌਰ 'ਤੇ ਨੰਨ੍ਹੇ ਬੱਚਿਆਂ ਲਈ ਤਿਆਰ ਕੀਤਾ ਗਿਆ ਇੱਕ ਉਤਸਵ ਸੀ, ਜਿਸ ਦਾ ਉਦੇਸ਼ ਸਰੀਰਕ ਗਤੀਵਿਧੀਆਂ, ਆਤਮਵਿਸ਼ਵਾਸ ਤੇ ਭਾਗੀਦਾਰੀ ਨੂੰ ਵਧਾਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਪ੍ਰੰਪਰਾਗਤ ਦੀਪ ਪ੍ਰਜਵਲਨ ਸਮਾਰੋਹ ਨਾਲ ਹੋਈ, ਜੋ ਸਕਾਰਾਤਮਕਤਾ, ਸਿੱਖਿਆ ਤੇ ਨਵੇਂ ਆਰੰਭ ਦਾ ਪ੍ਰਤੀਕ ਹੈ।ਇਸ ਮੌਕੇ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਮਾਣਯੋਗ ਮਹਿਮਾਨਾਂ ਦੀ ਹਾਜ਼ਰੀ ਨੇ ਸਮਾਰੋਹ ਦੀ ਸ਼ਾਨ ਤੇ ਉਤਸ਼ਾਹ ਨੂੰ ਹੋਰ ਵਧਾਇਆ।ਕਿਡਜ਼ ਕਾਰਨੀਵਲ ਦਾ ਉਦਘਾਟਨ ਸਕੂਲ ਦੀ ਡਾਇਰੈਕਟਰ ਸ਼੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਕੀਤਾ।ਉਪਰੰਤ ਕਿਡਜ਼ ਕਾਰਨੀਵਲ 'ਚ ਬੱਚਿਆਂ ਨੇ ਬੜੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲਿਆ।ਸਿਲਵਰ ਓਕਸ ਸਕੂਲ ਦੀ ਪ੍ਰਿੰਸੀਪਲ ਨੇ ਵੀ ਪ੍ਰੇਰਣਾਦਾਇਕ ਸ਼ਬਦ ਸਾਂਝੇ ਕਰਦੇ ਹੋਏ ਬੱਚਿਆਂ ਦੀ ਉਤਸ਼ਾਹ ਭਰੀ ਭਾਗੀਦਾਰੀ 'ਤੇ ਗਰਵ ਮਹਿਸੂਸ ਕੀਤਾ।

## ਵਾਤਾਵਰਨ ਜਾਗਰੂਕਤਾ ਤੇ ਸੰਤੁਲਿਤ ਵਿਕਾਸ ਸੰਬੰਧੀ ਵਰਕਸ਼ਾਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਈ ਖੇੜਾ ਦੇ ਈਕੋ ਕਲਬ ਵੱਲੋਂ ਵਾਤਾਵਰਨ ਜਾਗਰੂਕਤਾ ਤੇ ਸੰਤੁਲਿਤ ਵਿਕਾਸ ਸੰਬੰਧੀ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਕਾਰਜਕ੍ਰਮ ਵਿੱਚ ਮੁੱਖ ਮਹਿਮਾਨ ਵਜੋਂ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤ ਪਾਲ ਕੌਰ ਹਾਜ਼ਰ ਹੋਏ।ਵਰਕਸ਼ਾਪ ਸਕੂਲ ਇੰਚਾਰਜ ਸ੍ਰੀਮਤੀ ਰਾਧਿਕਾ ਵਾਟਸ ਦੀ ਹਾਜ਼ਰੀ ਹੇਠ ਸੁਚੱਜੇ ਢੰਗ ਨਾਲ ਪੂਰਨ ਹੋਈ।ਡਾ. ਹਰਪ੍ਰੀਤ ਪਾਲ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੌਜੂਦਾ ਸਮੇਂ ਵਿੱਚ ਵੱਧਦਾ ਪ੍ਰਦੂਸ਼ਣ, ਜਲਵਾਯੂ ਪਰਿਵਰਤਨ ਤੇ ਕੁਦਰਤੀ ਸਰੋਤਾਂ ਦੀ ਘਟ ਰਹੀ ਉਪਲਬਧਤਾ ਮਨੁੱਖਤਾ ਲਈ ਵੱਡੀ ਚੁਣੌਤੀ ਬਣ ਚੁੱਕੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਮਝਾਇਆ ਕਿ ਸੰਤੁਲਿਤ ਵਿਕਾਸ ਦਾ ਅਰਥ ਸਿਰਫ਼ ਅੱਜ ਦੀਆਂ ਜ਼ਰੂਰਤਾਂ ਪੂਰੀਆਂ ਕਰਨਾ ਹੀ ਨਹੀਂ, ਸਗੋਂ ਭਵਿੱਖ ਦੀਆਂ ਪੀੜ੍ਹੀਆਂ ਲਈ ਸਰੋਤਾਂ ਨੂੰ ਬਚਾ ਕੇ ਰੱਖਣਾ ਵੀ ਹੈ।ਉਨ੍ਹਾਂ ਪਾਣੀ ਦੀ ਬੱਚਤ, ਵਰਖਾ ਜਲ ਸੰਭਾਲ, ਰੁੱਖ ਲਗਾਉਣ ਤੇ ਇਕੱਲੀ ਵਰਤੋਂ ਵਾਲੇ ਪਲਾਸਟਿਕ ਤੋਂ ਪਰਹੇਜ਼ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ।ਇਸ ਮੌਕੇ ਵਿਗਿਆਨ ਮੇਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ ਵੱਲੋਂ ਸਨਮਾਨਤ ਕੀਤਾ ਗਿਆ।ਉਨ੍ਹਾਂ ਜੇਤੂ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਵਿਗਿਆਨ ਤੇ ਨਵੀਨਤਾ ਹੀ ਟਿਕਾਊ ਵਿਕਾਸ ਦੀ ਮਜ਼ਬੂਤ ਨੀਂਹ ਹਨ ਅਤੇ ਇਸ ਤਰ੍ਹਾਂ ਦੇ ਮੇਲੇ ਬੱਚਿਆਂ ਦੀ ਰਚਨਾਤਮਕ ਸੋਚ ਨੂੰ ਉਤਸ਼ਾਹਤ ਕਰਦੇ ਹਨ।ਸਕੂਲ ਇੰਚਾਰਜ ਸ੍ਰੀਮਤੀ ਰਾਧਿਕਾ ਵਾਟਸ ਸੇਤੀਆ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਈਕੋ ਕਲਬ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਾਤਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਹੈ।ਅੰਤ ਵਿੱਚ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਵਾਤਵਰਨ ਦੀ ਰੱਖਿਆ ਕਰਨ, ਵਿਗਿਆਨਕ ਸੋਚ ਨੂੰ ਅਪਣਾਉਣ ਤੇ ਸੰਤੁਲਿਤ ਜੀਵਨ ਸ਼ੈਲੀ ਅਪਣਾਉਣ ਦਾ ਸੰਕਲਪ ਲਿਆ ਗਿਆ।

## ਸਤਿੰਦਰ ਚੱਠਾ ਨੂੰ ਸਰਕਾਰ 'ਚ ਨੁਮਾਇੰਦਗੀ ਦੇਣ ਦੀ ਉੱਠੀ ਮੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਵਫ਼ਾਦਾਰ ਤੇ ਨਿਸ਼ਕਾਮ ਸੇਵਾ ਕਰਨ ਵਾਲੇ ਆਗੂ ਸਤਿੰਦਰ ਸਿੰਘ ਚੱਠਾ ਨੂੰ ਪੰਜਾਬ ਸਰਕਾਰ ਵਿੱਚ ਅਹਿਮ ਨੁਮਾਇੰਦਗੀ ਦੇਣ ਲਈ ਹਲਕੇ ਦੇ ਲੋਕਾਂ ਤੇ ਵਰਕਰਾਂ ਵੱਲੋਂ ਜ਼ੋਰਦਾਰ ਮੰਗ ਕੀਤੀ ਜਾ ਰਹੀ ਹੈ।ਸਤਿੰਦਰ ਸਿੰਘ ਚੱਠਾ, ਜੋ ਕਿ ਆਲ ਇੰਡੀਆ ਐੱਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਵੀ ਹਨ, ਹਲਕਾ ਧੂਰੀ ਵਿੱਚ ਇੱਕ ਧਾਕੜ ਮੁਲਾਜ਼ਮ ਆਗੂ ਵਜੋਂ ਜਾਣੇ ਜਾਂਦੇ ਹਨ।ਲੋਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਹਮੇਸ਼ਾ ਮੁਲਾਜ਼ਮਾਂ ਦੇ ਹੱਕਾਂ ਲਈ ਮੋਹਰੀ ਹੋ ਕੇ ਲੜਾਈ ਲੜੀ ਹੈ।ਦੱਸਣਯੋਗ ਹੈ ਕਿ ਸਤਿੰਦਰ ਸਿੰਘ ਚੱਠਾ ਹਲਕੇ ਵਿੱਚ ਆਮ ਆਦਮੀ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰਕੇ ਸੇਵਾ ਕਰਦੇ ਆ ਰਹੇ ਹਨ।ਪਾਰਟੀ ਦੇ ਮੁਢਲੇ ਸਮੇਂ ਤੋਂ ਹੀ ਉਹ ਹਲਕਾ ਧੂਰੀ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਵਧਾਉਣ ਲਈ ਸਰਗਰਮ ਰਹੇ ਹਨ।ਲੋਕਾਂ ਅਨੁਸਾਰ ਚੱਠਾ ਇੱਕ ਅਜਿਹੇ ਆਗੂ ਹਨ ਜੋ ਕਿਸੇ ਵੀ ਸਮੇਂ ਆਮ ਜਨਤਾ ਦੀਆਂ ਮੁਸ਼ਕਲਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਸਰਕਾਰੀ ਦਫ਼ਤਰਾਂ ਵਿੱਚ ਪਹਿਲ ਦੇ ਅਧਾਰ 'ਤੇ ਕੰਮ ਕਰਵਾਉਣ ਲਈ ਤੱਤਪਰ ਰਹਿੰਦੇ ਹਨ।ਉਨ੍ਹਾਂ ਦੀ ਇਸੇ ਮਿਲਣਸਾਰਤਾ ਤੇ ਕੰਮ ਕਰਨ ਦੇ ਜਜ਼ਬੇ ਕਾਰਨ ਹਲਕੇ ਦੇ ਲੋਕਾਂ ਵਿੱਚ ਉਨ੍ਹਾਂ ਦਾ ਕਾਫੀ ਆਧਾਰ ਹੈ।ਹਲਕੇ ਦੇ ਵੱਖ-ਵੱਖ ਵਰਗਾਂ ਤੇ 'ਆਪ' ਵਰਕਰਾਂ ਦਾ ਮੰਨਣਾ ਹੈ ਕਿ ਸਤਿੰਦਰ ਸਿੰਘ ਚੱਠਾ ਵਰਗੇ ਮਿਹਨਤੀ ਤੇ ਪਾਰਟੀ ਪ੍ਰਤੀ ਵਫ਼ਾਦਾਰ ਆਗੂ ਨੂੰ ਸਰਕਾਰ ਵਿੱਚ ਕੋਈ ਅਹਿਮ ਨੁਮਾਇੰਦਗੀ ਜਾਂ ਬੋਰਡ-ਕਾਰਪੋਰੇਸ਼ਨ ਦੀ ਜ਼ਿੰਮੇਵਾਰੀ ਮਿਲਣੀ ਚਾਹੀਦੀ ਹੈ।ਸਥਾਨਕ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਸਤਿੰਦਰ ਸਿੰਘ ਚੱਠਾ ਦੀਆਂ ਨਿਸ਼ਕਾਮ ਸੇਵਾਵਾਂ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇ ਤਾਂ ਜੋ ਪਾਰਟੀ ਦੇ ਵਫ਼ਾਦਾਰ ਵਰਕਰਾਂ ਦਾ ਮਨੋਬਲ ਹੋਰ ਉੱਚਾ ਹੋ ਸਕੇ।

## 18 ਵਾਲੇ ਖ਼ੂਨਦਾਨ ਕੈਂਪ ਦਾ ਫਲੈਕਸ ਜਾਰੀ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸੰਕਲਪ ਐਜੂਕੇਸ਼ਨਲ ਵੈਲਫੇਅਰ ਸੁਸਾਇਟੀ (ਰਜਿ.) ਦੁਆਰਾ ਜ਼ਿਲ੍ਹਾ ਸਿਹਤ ਵਿਭਾਗ ਤੋਂ ਮਨਜ਼ੂਰੀ ਮਿਲਣ ਉਪਰੰਤ ਪਿੰਡ ਉਦੇਕਰਨ ਵਿਖੇ ਖ਼ੂਨਦਾਨ ਕੈਂਪ ਲਾਇਆ ਜਾ ਰਿਹਾ ਹੈ।ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਇਹ ਕੈਂਪ ਸ਼ਹੀਦ ਦੀਪ ਸਿੱਧੂ ਯਾਦਗਾਰੀ ਚਾਰ ਰੋਜ਼ਾ ਫੁੱਟਬਾਲ ਟੂਰਨਾਮੈਂਟ ਮੌਕੇ 18 ਫਰਵਰੀ ਦਿਨ ਬੁੱਧਵਾਰ ਨੂੰ ਲਾਇਆ ਜਾਵੇਗਾ।ਕੈਂਪ ਨੂੰ ਲੈ ਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਾਜੀਵ ਸੱਚਦੇਵਾ ਦੁਆਰਾ ਫਲੈਕਸ ਜਾਰੀ ਕੀਤਾ ਗਿਆ।ਉਨ੍ਹਾਂ ਸੰਕਲਪ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮੌਕੇ ਵੱਧ ਤੋਂ ਵੱਧ ਖ਼ੂਨਦਾਨ ਕੀਤਾ ਜਾਵੇ।

ਸੰਧੂ ਨੇ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਸਮੂਹ ਨਗਰ ਨਿਵਾਸੀ, ਨਗਰ ਪੰਚਾਇਤ ਤੇ ਦੀਪ ਸਿੱਧੂ ਪਰਵਾਰ ਦੇ ਸਹਿਯੋਗ ਨਾਲ ਲਾਇਆ ਜਾ ਰਿਹਾ ਹੈ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਾਜੀਵ ਸੱਚਦੇਵਾ , ਡਾਕਟਰ ਅਰਪਨ ਬਰਾੜ (ਹੱਡੀਆਂ ਦੇ ਰੋਗਾਂ ਦੇ ਮਾਹਰ) ਗੁਰਚਰਨ ਸਿੰਘ ਸੰਧੂ (ਫਾਰਮੇਸੀ ਅਫਸਰ),ਸੰਦੀਪ ਕੌਰ (ਜ਼ਿਲ੍ਹਾ ਕੁਆਰਡੀਨੇਟਰ ਆਯੁਸ਼ਮਾਨ ਭਾਰਤ ਸਕੀਮ), ਲਖਬੀਰ ਸਿੰਘ (ਸੀ.ਟੀ ਇੰਚਾਰਜ) ਤੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਮੌਜੂਦ ਸਨ।

## ਹੁਣ ਹੋਰ ਵੀ ਤੇਜ਼ ਦੌੜੇਗੀ ਪੀ ਆਰ ਟੀ ਸੀ : ਹਰਪਾਲ ਜੁਨੇਜਾ

### ਚੇਅਰਮੈਨ ਵੱਲੋਂ ਵਿਭਾਗ ਦੀ ਕਾਰਗੁਜ਼ਾਰੀ ਦੀ ਸਮੀਖਿਆ ਤੇ ਅਧਿਕਾਰੀਆਂ ਨੂੰ ਹਦਾਇਤਾਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਵਿਭਾਗ ਦੀਆਂ ਚੱਲ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ।ਉਨ੍ਹਾਂ ਇਸ ਦੌਰਾਨ ਨਵੀਆਂ ਬੱਸਾਂ ਦੀ ਖਰੀਦ, ਈ ਟੀ ਐੱਮ (ਇਲੈਕਟ੍ਰਾਨਿਕ ਟਿਕਟ ਮਸ਼ੀਨ) ਤੇ ਬੱਸਾਂ ਦੇ ਸਪੇਅਰ ਪਾਰਟਸ, ਕਲਪੁਰਜ਼ਿਆਂ ਦੀ ਖਰੀਦ ਲਈ ਚੱਲ ਰਹੀਆਂ ਪ੍ਰਕਿਰਿਆਵਾਂ ਦਾ ਜਾਇਜ਼ਾ ਲਿਆ ਤੇ ਇਸ ਨੂੰ ਹੋਰ ਤੇਜ਼ੀ ਨਾਲ ਨੇਪਰੇ ਚੜ੍ਹਾਉਣ ਦੇ ਨਿਰਦੇਸ਼ ਦਿੱਤੇ। ਚੇਅਰਮੈਨ ਜੁਨੇਜਾ ਨੇ ਵਿਭਾਗ ਦੇ ਕੰਮਕਾਜ ਵਿੱਚ ਹੋਰ ਕੁਸ਼ਲਤਾ ਲਿਆਉਣ ਲਈ ਸੁਝਾਅ ਤੇ ਵਿਭਾਗ ਦੀ ਅੰਦਰੂਨੀ ਬਣਤਰ ਵਿੱਚ ਆਧੁਨਿਕਰਨ ਲਈ ਉਚਿਤ ਕਦਮਾਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਵਿਭਾਗ ਦੇ ਕਰਮਚਾਰੀਆਂ ਦੀ ਤਨਖਾਹ ਤੇ ਪੈਨਸ਼ਨ ਨੂੰ ਸਮੇਂ ਸਿਰ ਦੇਣ ਸਬੰਧੀ ਹਰ ਸੰਭਵ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ।ਐਡਵੋਕੇਟ ਹਰਪਾਲ ਜੁਨੇਜਾ ਨੇ ਸਮੂਹ ਡਿੱਪੂਆਂ ਦੇ ਜਨਰਲ ਮੈਨੇਜਰਾਂ ਨੂੰ ਉਨ੍ਹਾਂ ਅਧੀਨ ਆਉਂਦੇ ਡਿਪੂਆਂ ਵਿੱਚ ਮੁਰੰਮਤ ਲਈ ਆਉਂਦੀਆਂ ਬੱਸਾਂ ਨੂੰ ਤੁਰੰਤ ਮੁਰੰਮਤ ਕਰਵਾਉਣ ਉਪਰੰਤ ਰੂਟਾਂ 'ਤੇ ਭੇਜਣ ਸਬੰਧੀ ਵਰਕਸ਼ਾਪ ਸਟਾਫ਼ ਨੂੰ ਹਦਾਇਤ ਕਰਨ ਲਈ ਕਿਹਾ ਤਾਂ ਜੋ ਰੂਟ ਸੇਵਾ ਪ੍ਰਭਾਵਿਤ ਨਾ ਹੋਵੇ, ਵਿਭਾਗ ਨੂੰ ਵਿੱਤੀ ਨੁਕਸਾਨ ਤੋਂ ਬਚਾਉਣ ਦੇ ਨਾਲ-ਨਾਲ ਯਾਤਰੀਆਂ ਨੂੰ ਵੀ ਨਿਰੰਤਰ ਸੁਚਾਰੂ ਸੇਵਾ ਪ੍ਰਦਾਨ ਕੀਤੀ ਜਾ ਸਕੇ।ਉਨ੍ਹਾਂ ਹਦਾਇਤ ਕੀਤੀ ਕਿ ਬੱਸਾਂ ਵਿੱਚ ਉੱਚੀ ਆਵਾਜ਼ ਗਾਣੇ ਚਲਾਉਣ ਤੋਂ ਗੁਰੇਜ਼ ਕਰਨ, ਸੀਟਾਂ ਤੇ ਬੱਸਾਂ ਨੂੰ ਹਰ ਪੱਖੋਂ ਸਾਫ਼ ਸੁਥਰਾ ਰੱਖਣ ਲਈ ਵੀ ਹੁਕਮ ਜਾਰੀ ਕੀਤੇ ਜਾਣ।ਇਸ ਤੋਂ ਇਲਾਵਾ ਜਨਰਲ ਮੈਨੇਜਰਾਂ ਨੂੰ ਬੱਸ ਸਟੈਂਡ ਤੇ ਡਿੱਪੂ ਸਾਫ਼ ਸੁਥਰੇ ਤੇ ਹਰੇ-ਭਰੇ ਬਣਾਉਣ ਲਈ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ।ਚੇਅਰਮੈਨ ਨੇ ਅਧਿਕਾਰੀਆਂ ਨੂੰ ਵਿਭਾਗੀ ਕਾਰਜਕੁਸ਼ਲਤਾ ਵਿੱਚ ਹੋਰ ਸੁਧਾਰ ਲਿਆਉਣ ਤੇ ਲੋਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਸੰਯੁਕਤ ਯਤਨ ਕਰਨ ਦੇ ਨਿਰਦੇਸ਼ ਦਿੱਤੇ ਗਏ।


## ਜੀਵਨ ਦੇ ਹਰ ਖੇਤਰ 'ਚ ਔਰਤਾਂ ਦੀ ਸ਼ਕਤੀਸ਼ਾਲੀ ਭੂਮਿਕਾ : ਸੁਮਨ ਮਲਹੋਤਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਖੱਤਰੀ ਸਭਾ ਦੀ ਮਹਿਲਾ ਵਿੰਗ ਮਹਿਲਾ ਖੱਤਰੀ ਸਭਾ ਨੇ ਕਾਰਜਕਾਰੀ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲੋਤਰਾ ਦੀ ਅਗਵਾਈ ਵਿੱਚ 'ਮਹਿਲਾ ਸ਼ਸਕਤੀਕਰਨ ਤੇ ਅੱਜ ਦੇ ਸਮਾਜ ਵਿੱਚ ਮਹਿਲਾ ਸ਼ਕਤੀ ਦੀ ਭੂਮਿਕਾ' ਵਿਸ਼ੇ 'ਤੇ ਇੱਕ ਵਿਚਾਰ ਚਰਚਾ ਕੀਤੀ।ਮੰਚ ਦਾ ਸੰਚਾਲਨ ਜਨਰਲ ਸਕੱਤਰ ਸੋਨੀਆ ਢੰਡ ਨੇ ਕੀਤਾ।ਇਸ ਵਿਚਾਰ ਚਰਚਾ ਵਿੱਚ ਮਹਿਲਾ ਖੱਤਰੀ ਸਭਾ ਦੀਆਂ ਮੈਂਬਰਾਨ ਅੰਜੂਮ ਪੁਰੀ, ਸੁਨੀਤਾ ਚੋਪੜਾ, ਮੀਨਾਕਸ਼ੀ ਮਾਕਰ, ਅਨੀਤਾ ਮਹਿਤਾ, ਸੁਨੀਤਾ ਢੱਲ, ਨੀਲਮ ਜੈਦਕਾ, ਪ੍ਰਵੀਨ ਕਪੂਰ, ਕੰਚਨ ਭੰਡਾਰੀ, ਸੁਮਨ ਵਿੱਜ, ਅਰੁਣ ਕੋਛੜ, ਸੋਨੀਆ ਬਜਾਜ, ਨਿਧੀ ਪਲਤਾ, ਸੀਮਾ ਮਲਹੋਤਰਾ, ਪਰਵੀਨ ਖੰਨਾ ਨੇ ਵਿਸ਼ੇਸ਼ ਤੌਰ 'ਤੇ ਹਿੱਸਾ ਲਿਆ।ਵਿਚਾਰ ਚਰਚਾ ਵਿੱਚ ਹਿੱਸਾ ਲੈਂਦਿਆਂ ਕਾਰਜਕਾਰੀ ਪ੍ਰਧਾਨ ਸੁਮਨ ਮਲੋਤਰਾ ਨੇ ਕਿਹਾ ਕਿ ਜੀਵਨ ਦੇ ਹਰ ਖੇਤਰ ਵਿੱਚ ਔਰਤਾਂ ਦੀ ਸ਼ਕਤੀਸ਼ਾਲੀ ਭੂਮਿਕਾ ਹੈ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨਕ ਸੇਵਾਵਾਂ ਵਿੱਚ ਔਰਤਾਂ ਦਾ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਾ ਔਰਤਾਂ ਦੀ ਸ਼ਕਤੀਸ਼ਾਲੀ ਭੂਮਿਕਾ ਦਾ ਸਬੂਤ ਹੈ।ਜਨਰਲ ਸਕੱਤਰ ਸੋਨੀਆ ਢੰਡ ਨੇ ਕਿਹਾ ਕਿ ਦੁਨੀਆ ਦੀ ਅੱਧੀ ਆਬਾਦੀ ਔਰਤਾਂ ਦੀ ਹੈ, ਪਰ ਔਰਤਾਂ ਦੀ ਮਾਨਸਿਕਤਾ ਕਾਰਨ ਮਰਦ ਪ੍ਰਧਾਨ ਸਮਾਜ ਦਾ ਬੋਲਬਾਲਾ ਹੈ।ਘਰ ਪਰਵਾਰ ਵਿੱਚ ਵੱਡੇ ਫੈਸਲੇ ਮਰਦ ਹੀ ਕਰਦੇ ਹਨ।ਇਸ ਮੌਕੇ ਅੰਜੁਮ ਪੁਰੀ ਨੇ ਕਿਹਾ ਕਿ ਸਦੀਆਂ ਤੋਂ ਘਰ ਦੀ ਸਿਰਜਣਾ ਵਿੱਚ ਔਰਤਾਂ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ, ਪ੍ਰੰਤੂ ਅਜੋਕੇ ਸਮੇਂ ਵਿੱਚ ਘਰ ਦੀ ਚਾਰਦੀਵਾਰੀ ਤੋਂ ਬਾਹਰ ਨਿੱਕਲ ਕੇ ਔਰਤਾਂ ਨੇ ਆਪਣੀ ਸੂਝ-ਬੂਝ, ਸਮਰੱਥਾ, ਯੋਗਤਾ ਤੇ ਪ੍ਰਤਿਭਾ ਸਦਕਾ ਆਪਣੇ ਆਪ ਨੂੰ ਮਰਦਾਂ ਦੇ ਬਰਾਬਰ ਲੈ ਕੇ ਆਉਂਦਾ ਹੈ ਅਤੇ ਸਿੱਧ ਕਰ ਦਿੱਤਾ ਹੈ ਕਿ ਉਹ ਆਪਣੀ ਮਿਹਨਤ, ਲਗਨ ਤੇ ਯੋਗਤਾ ਨਾਲ ਮਰਦਾਂ ਤੋਂ ਕਿਤੇ ਅੱਗੇ ਹਨ।

## ਲਾਹੌਰ ਕਾਲਜ ਦੇ ਗੁਰਦੁਆਰੇ 'ਚ 80 ਸਾਲ ਬਾਅਦ ਅਰਦਾਸ

■ ਵੰਡ ਮਗਰੋਂ ਬੰਦ ਹੋ ਗਿਆ ਸੀ ਐਚੀਸਨ ਕਾਲਜ ਦਾ ਗੁਰਦੁਆਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਾਕਿਸਤਾਨ ਦੇ ਲਾਹੌਰ ਸਥਿਤ ਐਚੀਸਨ ਕਾਲਜ ਦੇ ਗੁਰਦੁਆਰੇ ਵਿੱਚ ਤਕਰੀਬਨ 80 ਸਾਲਾਂ ਬਾਅਦ ਅਰਦਾਸ ਕੀਤੀ ਗਈ।ਸੰਨ 1947 ਤੋਂ ਬਾਅਦ ਸਿੱਖ ਵਿਦਿਆਰਥੀਆਂ ਦੀ ਘਾਟ ਕਾਰਨ ਇਹ ਗੁਰਦੁਆਰਾ ਬੰਦ ਪਿਆ ਸੀ, ਪਰ ਕਾਲਜ ਵੱਲੋਂ ਇਸ ਦੀ ਲਗਾਤਾਰ ਸਾਂਭ-ਸੰਭਾਲ ਕੀਤੀ ਜਾ ਰਹੀ ਸੀ।ਐਚੀਸਨ ਕਾਲਜ ਦੇ ਆਨਰੇਰੀ ਦੂਤ ਡਾ. ਤਰੁਣਜੀਤ ਸਿੰਘ ਬੁਟਾਲੀਆ ਨੇ ਦੱਸਿਆ ਕਿ ਪਿਛਲੇ ਬੁੱਧਵਾਰ ਨੂੰ ਲਾਹੌਰ ਦੇ ਮਾਲ ਰੋਡ ਸਥਿਤ ਐਚੀਸਨ ਕਾਲਜ ਦੇ ਕੈਂਪਸ ਵਿੱਚ ਸਥਿਤ ਗੁਰਦੁਆਰੇ 'ਚ ਅਰਦਾਸ ਕਰਵਾਈ ਗਈ। ਡਾ. ਬੁਟਾਲੀਆ ਨੇ ਦੱਸਿਆ ਕਿ ਕਾਲਜ ਦੀ 140ਵੀਂ ਵਰ੍ਹੇਗੰਢ ਦੇ ਹਿੱਸੇ ਵਜੋਂ ਗੁਰਦੁਆਰੇ ਵਿਖੇ ਵਿਸ਼ੇਸ਼ ਅਰਦਾਸ ਸਮਾਗਮ ਰੱਖਿਆ ਗਿਆ ਸੀ, ਜਿਸ ਵਿੱਚ ਲਗਭਗ 100 ਲੋਕਾਂ ਨੇ ਸ਼ਿਰਕਤ ਕੀਤੀ। ਉਨ੍ਹਾਂ ਅੱਗੇ ਕਿਹਾ, "ਮੇਰੇ ਲਈ ਉਸੇ ਸਥਾਨ 'ਤੇ ਅਰਦਾਸ ਕਰਨਾ ਬਹੁਤ ਯਾਦਗਾਰੀ ਪਲ ਸੀ ਜਿੱਥੇ ਮੇਰੇ ਪਿਤਾ, ਦਾਦਾ ਤੇ ਪੜਦਾਦਾ ਵੰਡ ਤੋਂ ਪਹਿਲਾਂ ਐਚੀਸਨ ਕਾਲਜ ਦੇ ਵਿਦਿਆਰਥੀ ਹੁੰਦਿਆਂ ਹਰ ਸ਼ਾਮ ਅਰਦਾਸ ਕਰਦੇ ਹੁੰਦੇ ਸਨ।" ਉਨ੍ਹਾਂ ਕਾਲਜ ਦੀ 140ਵੀਂ ਵਰ੍ਹੇਗੰਢ ਸਬੰਧੀ ਇਹ ਸਮਾਗਮ ਕਰਵਾਉਣ ਵਿੱਚ ਕਾਲਜ ਦੀ ਮਦਦ ਵੀ ਕੀਤੀ।ਐਚੀਸਨ ਕਾਲਜ ਦੇ ਪ੍ਰਿੰਸੀਪਲ ਤੁਰਾਬ ਹੁਸੈਨ ਨੇ ਕਿਹਾ ਕਿ 1947 ਤੋਂ ਬਾਅਦ ਕਾਲਜ ਦੇ ਗੁਰਦੁਆਰੇ ਵਿੱਚ ਹੋਈ ਅਰਦਾਸ ਸਭਾ 140ਵੀਂ ਵਰ੍ਹੇਗੰਢ ਦੇ ਜਸ਼ਨਾਂ ਦੀ ਸ਼ੁਰੂਆਤ ਲਈ ਅਧਿਆਤਮਕ ਪਲ ਸੀ ਤੇ ਉਹ ਭਵਿੱਖ ਵਿੱਚ ਅਜਿਹੇ ਹੋਰ ਮੌਕਿਆਂ ਦੀ ਉਮੀਦ ਕਰਦੇ ਹਨ ਤਾਂ ਜੋ ਫਿਰਕੂ ਸਦਭਾਵਨਾ, ਆਪਸੀ ਸਮਝ ਤੇ ਸਤਿਕਾਰ ਨੂੰ ਹੁਲਾਰਾ ਮਿਲ ਸਕੇ।ਐਚੀਸਨ ਕਾਲਜ ਦਾ ਨੀਂਹ ਪੱਥਰ 3 ਨਵੰਬਰ 1886 ਨੂੰ ਅਣਵੰਡੇ ਪੰਜਾਬ ਦੇ ਸ਼ਾਹੀ ਤੇ ਮੁੱਖ ਪਰਵਾਰਾਂ ਨੂੰ ਸਿੱਖਿਆ ਮੁਹੱਈਆ ਕਰਨ ਵਾਲੀ ਸੰਸਥਾ ਵਜੋਂ ਰੱਖਿਆ ਗਿਆ ਸੀ।ਇਸ ਦੇ ਗੁਰਦੁਆਰੇ ਦਾ ਡਿਜ਼ਾਈਨ ਲਾਹੌਰ ਦੇ ਉਸ ਸਮੇਂ ਦੇ ਮੇਓ ਸਕੂਲ ਆਫ ਆਰਟਸ (ਹੁਣ ਨੈਸ਼ਨਲ ਕਾਲਜ ਆਫ ਆਰਟਸ) ਦੇ ਮਸ਼ਹੂਰ ਸਿੱਖ ਆਰਕੀਟੈਕਟ ਰਾਮ ਸਿੰਘ ਨੇ ਤਿਆਰ ਕੀਤਾ ਸੀ ਅਤੇ ਇਸ ਦਾ ਨੀਂਹ ਪੱਥਰ 1910 ਵਿੱਚ ਪਟਿਆਲਾ ਦੇ ਮਹਾਰਾਜਾ ਭੁਪਿੰਦਰ ਸਿੰਘ ਨੇ ਰੱਖਿਆ ਸੀ, ਜੋ ਖੁਦ ਵੀ 1904 ਤੋਂ 1908 ਤੱਕ ਇਸ ਕਾਲਜ ਦੇ ਵਿਦਿਆਰਥੀ ਰਹੇ ਸਨ।

## ਕਬੱਡੀ ਕੱਪ 22 ਨੂੰ, ਜੇਤੂ ਟੀਮ ਨੂੰ ਮਿਲਣਗੇ ਲੱਖਾਂ ਦੇ ਇਨਾਮ



**ਜਲਾਲਾਬਾਦ (ਬਲਵਿੰਦਰ ਸਿੰਘ, ਰਣਬੀਰ ਕੌਰ)**-ਸਵ. ਅਜੀਤ ਸਿੰਘ ਚਿੱਟੀ ਕੋਚ ਅਤੇ ਅਮਰਜੀਤ ਬਾਊ ਵਿਰਕ ਦੀ ਯਾਦ ਨੂੰ ਸਮਰਪਤ ਯੂਥ ਕਬੱਡੀ ਕਲੱਬ ਕੈਨੇਡਾ ਵੱਲੋਂ ਜਲਾਲਾਬਾਦ ਕਬੱਡੀ ਕੱਪ ਦਾ ਆਯੋਜਨ 22 ਫਰਵਰੀ ਨੂੰ ਕੀਤਾ ਜਾ ਰਿਹਾ ਹੈ।ਇਸ ਟੂਰਨਾਮੈਂਟ ਨੂੰ ਲੈ ਕੇ ਕਬੱਡੀ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।

ਮੁਕਾਬਲੇ ਵਿੱਚ ਪੰਜਾਬ ਅਕੈਡਮੀ ਐਸੋਸੀਏਸ਼ਨ ਨਾਲ ਸੰਬੰਧਿਤ ਅੱਠ ਖੁੱਲ੍ਹੀਆਂ ਅਕੈਡਮੀਆਂ ਦੀਆਂ ਟੀਮਾਂ ਹਿੱਸਾ ਲੈਣਗੀਆਂ, ਜਿੱਥੇ ਪੰਜਾਬ ਦੇ ਉਭਰਦੇ ਨੌਜਵਾਨ ਖਿਡਾਰੀ ਆਪਣੀ ਤਾਕਤ, ਫੁਰਤੀ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕਰਨਗੇ।ਮਨੁੱਖਤਾ ਦੀ ਸੇਵਾ ਸਰਬਤ ਦਾ ਭਲਾ ਟਰੱਸਟ ਦੇ ਪ੍ਰਧਾਨ ਸਤਨਾਮ ਸਿੰਘ ਥਿੰਦ ਤੇ ਦਸ਼ਮੇਸ਼ ਸੇਵਾ ਸੁਸਾਇਟੀ ਦੇ ਪ੍ਰਧਾਨ ਰਿੰਕੂ ਖਾਲਸਾ ਦੇ ਮੁਤਾਬਕ ਇਹ ਟੂਰਨਾਮੈਂਟ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਮੋੜਨ ਲਈ ਇੱਕ ਮਹੱਤਵਪੂਰਨ ਪਹਲ ਹੈ। ਮੁਕਾਬਲੇ ਦੇ ਜੇਤੂਆਂ ਲਈ ਵੱਡੇ ਇਨਾਮਾਂ ਦਾ ਐਲਾਨ ਕੀਤਾ ਗਿਆ ਹੈ।ਆਯੋਜਕਾਂ ਨੇ ਦੱਸਿਆ ਕਿ ਜੇਤੂ ਟੀਮ ਲਈ ਪਹਿਲਾ ਇਨਾਮ ਦੋ ਲੱਖ ਰੁਪਏ ਤੇ ਦੂਜਾ ਇਨਾਮ ਡੇਢ ਲੱਖ ਰੁਪਏ ਦਿੱਤਾ ਜਾਏਗਾ।ਇਸ ਤੋਂ ਇਲਾਵਾ ਸਭ ਤੋਂ ਵਧੀਆ ਰੇਡਰ ਤੇ ਸਭ ਤੋਂ ਵਧੀਆ ਜਾਫੀ ਨੂੰ ਵੀ ਖ਼ਾਸ ਤੌਰ 'ਤੇ ਇਨਾਮਾਂ ਨਾਲ ਸਨਮਾਨਤ ਕੀਤਾ ਜਾਵੇਗਾ।ਦਰਸ਼ਕਾਂ ਲਈ ਵੀ ਖ਼ਾਸ ਪ੍ਰਬੰਧ ਕੀਤੇ ਗਏ ਹਨ।ਮੈਚ ਦੇਖਣ ਆਉਣ ਵਾਲੇ ਦਰਸ਼ਕਾਂ ਲਈ ਇਨਾਮੀ ਚਿੱਠੀ ਪ੍ਰਣਾਲੀ ਰਾਹੀਂ ਸਾਈਕਲਾਂ ਤੇ ਐਲਈਡੀ ਟੀਵੀ ਕੱਢੇ ਜਾਣਗੇ, ਤਾਂ ਜੁ ਟੂਰਨਾਮੈਂਟ ਦਾ ਮਾਹੌਲ ਹੋਰ ਵੀ ਰੌਣਕਮਈ ਬਣੇ।ਯੂਥ ਕਬੱਡੀ ਕਲੱਬ ਕੈਨੇਡਾ ਦੇ ਆਯੋਜਕਾਂ ਨੇ ਕਿਹਾ ਕਿ ਇਹ ਮੁਕਾਬਲੇ ਸਿਰਫ਼ ਇਨਾਮਾਂ ਲਈ ਨਹੀਂ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਕਰਵਾਏ ਜਾ ਰਹੇ ਹਨ।ਸਵ: ਅਜੀਤ ਸਿੰਘ ਚਿੱਟੀ ਕੋਚ ਤੇ ਅਮਰਜੀਤ ਬਾਊ ਵਿਰਕ ਨੇ ਹਮੇਸ਼ਾਂ ਨੌਜਵਾਨਾਂ ਖਿਡਾਰੀਆਂ ਨੂੰ ਸਹੀ ਰਾਹ ਦਿਖਾਇਆ।

## ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਲੋਕ ਲਹਿਰ ਬਣੀ

**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ ਸੂਬਾ ਪੱਧਰੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵਿਲੇਜ ਡਿਫੈਂਸ ਕਮੇਟੀਆਂ ਅਤੇ ਪਿੰਡਾਂ ਦੇ ਪਹਿਰੇਦਾਰਾਂ ਦੀ ਰੈਲੀ 'ਚ ਸ਼ਾਮਲ ਹੋਣ ਲਈ ਧੂਰੀ ਤੋਂ 30 ਬੱਸਾਂ ਦਾ ਕਾਫ਼ਲਾ ਰਵਾਨਾ ਹੋਇਆ।

ਬੱਸਾਂ ਦੇ ਕਾਫ਼ਲੇ ਨੂੰ ਹਰੀ ਝੰਡੀ ਦਿਖਾਉਂਦਿਆਂ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ਼ ਚਲਾਈ ਗਈ ਮੁਹਿੰਮ ਸਿਰਫ਼ ਸਰਕਾਰੀ ਮੁਹਿੰਮ ਨਹੀਂ, ਸਗੋਂ ਲੋਕਾਂ ਦੀ ਭਾਗੀਦਾਰੀ ਨਾਲ ਹੁਣ ਇਹ ਲੋਕ ਲਹਿਰ ਬਣ ਚੁੱਕੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰਾਂ ਖ਼ਿਲਾਫ਼ ਸਖਤ ਕਾਰਵਾਈ ਕਰਨ ਦੇ ਨਾਲ ਨਾਲ ਪਿੰਡਾਂ 'ਚ ਜਾਗਰੂਕਤਾ ਮੁਹਿੰਮ ਨੂੰ ਵੀ ਤੇਜ਼ ਕਰ ਰਹੀ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਮੋਗਾ 'ਚ ਹੋਣ ਵਾਲੀ ਮੀਟਿੰਗ ਨਵੀਆਂ ਰਣਨੀਤੀਆਂ, ਸਾਂਝੇ ਤਜਰਬਿਆਂ ਅਤੇ ਮਜਬੂਤ ਸਹਿਯੋਗ ਰਾਹੀਂ ਇਹ ਮੁਹਿੰਮ ਨੂੰ ਹੋਰ ਗਤੀ ਦੇਵੇਗੀ।

## ਆਵਾਜਾਈ ਸੁਚਾਰੂ ਬਣਾਉਣ ਲਈ ਵਪਾਰੀ ਆਗੂਆਂ ਨਾਲ ਕੀਤੀ ਮੀਟਿੰਗ



**ਕੋਟਕਪੂਰਾ (ਰਛਪਾਲ ਭੁੱਲਰ)**

ਸ਼ਹਿਰ ਦੀਆਂ ਵੱਖ-ਵੱਖ ਸਮੱਸਿਆਵਾਂ ਖ਼ਾਸ ਕਰਕੇ ਟ੍ਰੈਫਿਕ ਜਾਮ ਤੇ ਆਵਾਜਾਈ ਦੀ ਬਿਹਤਰ ਵਿਵਸਥਾ ਲਈ ਨਗਰ ਕੌਂਸਲ ਤੇ ਟ੍ਰੈਫਿਕ ਪੁਲਸ ਦੇ ਨਾਲ-ਨਾਲ ਵਾਹਨ ਚਾਲਕਾਂ ਤੇ ਦੁਕਾਨਦਾਰਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਆੜਤੀਆ ਐਸੋਸੀਏਸ਼ਨ ਕੋਟਕਪੂਰਾ ਦੇ ਪ੍ਰਧਾਨ ਉਮੇਸ਼ ਕੁਮਾਰ ਗਰਗ ਦੇ ਗ੍ਰਹਿ ਵਿਖੇ ਆੜਤੀਆਂ, ਸ਼ੈਲਰ ਮਾਲਕਾਂ ਅਤੇ ਵੱਖ-ਵੱਖ ਵਪਾਰਕ ਸੰਸਥਾਵਾਂ ਦੇ ਆਗੂਆਂ ਨਾਲ ਮੀਟਿੰਗ ਦੌਰਾਨ ਕੀਤਾ।

ਸਪੀਕਰ ਸੰਧਵਾਂ ਨੇ ਕਿਹਾ ਕਿ ਜੇਕਰ ਦੁਕਾਨਦਾਰ ਆਪਣੀ ਹੱਦ ਤੋਂ ਬਾਹਰ ਸਮਾਨ ਰੱਖ ਕੇ ਨਾਜਾਇਜ਼ ਕਬਜ਼ੇ ਨਾ ਕਰਨ ਤੇ ਵਾਹਨ ਚਾਲਕ ਆਪਣੀਆਂ ਗੱਡੀਆਂ ਸਿਰਫ ਨਿਰਧਾਰਤ ਪਾਰਕਿੰਗ ਥਾਵਾਂ 'ਤੇ ਹੀ ਖੜੀਆਂ ਕਰਨ, ਤਾਂ ਟ੍ਰਫਿਕ ਜਾਮ ਦੀ ਸਮੱਸਿਆ ਨੂੰ ਕਾਫੀ ਹੱਦ ਤੱਕ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਆੜਤੀਆ ਵਰਗ ਨਾਲ ਸੰਬੰਧਿਤ ਸਮੱਸਿਆਵਾਂ ਪਹਿਲਾਂ ਉਨ੍ਹਾਂ ਦੇ ਦਫ਼ਤਰ ਵਿੱਚ ਜ਼ਿੰਮੇਵਾਰ ਅਹੁਦੇਦਾਰਾਂ ਰਾਹੀਂ ਹੱਲ ਕਰਵਾਈਆਂ ਜਾਣ ਅਤੇ ਜੇਕਰ ਫਿਰ ਵੀ ਮਸਲਾ ਹੱਲ ਨਾ ਹੋਵੇ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ।

ਮੀਟਿੰਗ ਦੌਰਾਨ ਸ਼ੈਲਰ ਐਸੋਸੀਏਸ਼ਨ ਕੋਟਕਪੂਰਾ ਦੇ ਪ੍ਰਧਾਨ ਹਰਪਾਲ ਸਿੰਘ ਸੰਧੂ, ਮਹੇਸ਼ ਕਟਾਰੀਆ, ਡਾ. ਰਵੀ ਬਾਂਸਲ, ਸ਼ਿਵਜੀ ਰਾਮ ਗੋਇਲ, ਕ੍ਰਿਸ਼ਨ ਗੋਇਲ, ਦਰਸ਼ਨ ਗਰਗ, ਪ੍ਰਮੋਦ ਸਿੰਗਲਾ, ਮਹਿੰਦਰਪਾਲ ਸਿੰਘ ਲੱਕੀ, ਮਨਜੀਤ ਸਿੰਘ ਘੁਲਿਆਣੀ, ਸੰਜੇ ਮਿੱਤਲ ਅਤੇ ਅਨਿਲ ਜੈਨ ਵੱਲੋਂ ਰੱਖੀਆਂ ਸਮੱਸਿਆਵਾਂ 'ਤੇ ਸਪੀਕਰ ਸੰਧਵਾਂ ਨੇ ਤੁਰੰਤ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲ ਕਰਕੇ ਉਨ੍ਹਾਂ ਦੇ ਹੱਲ ਲਈ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਸ਼ਹਿਰ ਦੇ ਬਾਹਰਵਾਰ ਰਿੰਗ ਰੋਡ (ਬਾਈਪਾਸ) ਬਣਾਉਣ, ਬੱਸ ਅੱਡੇ ਤੇ ਤਹਿਸੀਲ ਕੰਪਲੈਕਸ ਨੂੰ ਸ਼ਹਿਰ ਤੋਂ ਬਾਹਰ ਸ਼ਿਫਟ ਕਰਨ, ਕਣਕ ਤੇ ਝੋਨੇ ਦੇ ਸੀਜ਼ਨ ਦੌਰਾਨ ਲੱਗਦੀਆਂ ਵਿਸ਼ੇਸ਼ ਗੱਡੀਆਂ ਕਾਰਨ ਪੈਦਾ ਹੋਣ ਵਾਲੇ ਟਰੈਫਿਕ ਜਾਮ ਦੀ ਸਮੱਸਿਆ ਦੇ ਹੱਲ ਲਈ ਦੁਬਾਰਾ ਮੀਟਿੰਗ ਬੁਲਾਉਣ ਅਤੇ ਨਸ਼ੇ ਦੀ ਬੁਰਾਈ ਨੂੰ ਜੜ੍ਹੋਂ ਖਤਮ ਕਰਨ ਲਈ ਸਾਰਿਆਂ ਦੇ ਸਹਿਯੋਗ ਦੀ ਅਪੀਲ ਕੀਤੀ।

YES BANK

Registered and Corporate Office: Yes Bank House, Off Western Express Highway, Santacruz East, Mumbai – 400055 India.
Website: www.yesbank.in Email: comminications@yesbank.in,
CIN: L65190MH2003PLC143249

[ਰੂਲ-8 (1)] ਕਬਜ਼ਾ ਨੋਟਿਸ

ਖਾਤਾ ਨੰ. :- ਐੱਮ ਆਈ ਸੀ 002301608823

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਕੋਮਲ ਪਤਨੀ ਪਰਮਜੀਤ ਸਿੰਘ ਵਾਸੀ ਬੀ-XVIII-1257, ਗਲੀ # 1, ਗੀਤਾ ਕਲੋਨੀ, ਜਗਰਾਉਂ, ਲੁਧਿਆਣਾ-142026 (ਕਰਜ਼ਦਾਰ ਅਤੇ ਗਹਿਣਕਾਰ) (2) [illegible] ਵਾਸੀ ਬੀ-XVIII-1257, ਗਲੀ # 1, ਗੀਤਾ ਕਲੋਨੀ, ਜਗਰਾਉਂ, ਲੁਧਿਆਣਾ-142026 (ਸਹਿ-ਕਰਜ਼ਦਾਰ) ਨੂੰ 31/10/25 ਨੂੰ ਉਕਤ ਨੋਟਿਸ 'ਚ ਦਰਸਾਈ ਰਕਮ ਆਈ ਐੱਨ ਆਰ 48,22,524.66/- (ਅਠਤਾਲੀ ਲੱਖ ਬਾਈ ਹਜ਼ਾਰ ਪੰਜ ਸੌ ਚੌਵੀ ਰੁਪਏ ਛਿਆਹਠ ਪੈਸੇ ਕੇਵਲ) ਸਮੇਤ 12/02/2026 ਤੋਂ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 7 ਨਵੰਬਰ 2025 ਨੂੰ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 12/02/2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 31/10/2025 ਨੂੰ ਬਕਾਇਆ ਰਕਮ ਆਈ ਐੱਨ ਆਰ 48,22,524.66/- (ਅਠਤਾਲੀ ਲੱਖ ਬਾਈ ਹਜ਼ਾਰ ਪੰਜ ਸੌ ਚੌਵੀ ਰੁਪਏ ਛਿਆਹਠ ਪੈਸੇ ਕੇਵਲ) ਅਤੇ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਕੋਮਲ ਪਤਨੀ ਪਰਮਜੀਤ ਸਿੰਘ ਦੀ ਮਲਕੀਅਤ ਗੈਰ-ਖੇਤੀਬਾੜੀ ਵਾਲੀ ਜਾਇਦਾਦ, ਜੋ ਕਿ ਨਿਰਮਤ ਮਕਾਨ ਰਕਬਾ 4-1/3 ਮਰਲਾ, ਖਸਰਾ # 1299, 1300, ਖੱਤਾ # 533/545, ਜਮ੍ਹਾਂਬੰਦੀ ਸਾਲ 2019-20, ਗੀਤਾ ਕਲੋਨੀ ਵਿਖੇ ਸਥਿਤ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ, ਪੰਜਾਬ-142026 ਨਾਲ ਸੰਬੰਧਤ ਸਭ ਕੁਝ। ਹੱਦਾਂ : ਉੱਤਰ : ਗਲੀ 19'-5", ਦੱਖਣ : ਖਾਲੀ ਪਲਾਟ 27'-1", ਪੂਰਬ : ਖਾਲੀ ਪਲਾਟ 49'-3", ਪੱਛਮ : ਸ੍ਰੀਮਤੀ ਕੌਸ਼ੱਲਿਆ ਦੇਵੀ। ਰਹਿਣਕਾਰ : ਕੋਮਲ ਪਤਨੀ ਪਰਮਜੀਤ ਸਿੰਘ।

ਅਮਿਤ ਸ਼ਰਮਾ (ਅਧਿਕਾਰਤ ਅਫਸਰ)
ਯੈੱਸ ਬੈਂਕ ਲਿਮਟਿਡ

ਮਿਤੀ 17.02.2026, ਸਥਾਨ : ਲੁਧਿਆਣਾ

17- February - Page - 7.qxd 2/16/2026 10:43 PM Page 1



# ਫੋਰਟਿਸ ਐਸਕਾਰਟਸ ਹਸਪਤਾਲ ਦੇ ਡਾਕਟਰਾਂ ਨੇ ਵਿਅਕਤੀ ਦੀ ਜਾਨ ਬਚਾਈ

**ਅੰਮ੍ਰਿਤਸਰ**-ਫੋਰਟਿਸ ਐਸਕਾਰਟਸ ਹਸਪਤਾਲ ਅੰਮ੍ਰਿਤਸਰ ਦੇ ਡਾਕਟਰਾਂ ਨੇ ਦੁਰਲੱਭ ਅਤੇ ਗੰਭੀਰ ਇਸਕੇਮਿਕ ਸਟ੍ਰੋਕ ਨਾਲ ਪੀੜਤ 45 ਸਾਲਾ ਵਿਅਕਤੀ ਦੀ ਜਾਨ ਬਚਾਈ।ਮਰੀਜ਼ ਨੂੰ ਖੱਬੇ ਬਾਂਹ ਅਤੇ ਲੱਤ ਵਿੱਚ ਅਚਾਨਕ ਅਧਰੰਗ, ਬੋਲਣ ਵਿੱਚ ਦਿੱਕਤ ਅਤੇ ਘਬਰਾਹਟ ਦੀ ਹਾਲਤ ਵਿੱਚ ਐਮਰਜੈਂਸੀ ਵਿਭਾਗ ਵਿੱਚ ਲਿਆਂਦਾ ਗਿਆ।ਜਾਂਚ ਦੌਰਾਨ ਦਿਮਾਗ ਦੀ ਰਾਈਟ ਇੰਟਰਨਲ ਕੈਰੋਟਿਡ ਆਰਟਰੀ ਵਿੱਚ ਗੰਭੀਰ ਰੁਕਾਵਟ ਸਾਹਮਣੇ ਆਈ, ਜਦਕਿ ਇੱਕ ਹੋਰ ਮਹੱਤਵਪੂਰਨ ਧਮਨੀ ਵੀ ਬੰਦ ਮਿਲੀ।ਐਡੀਸ਼ਨਲ ਡਾਇਰੈਕਟਰ (ਨਿਊਰੋਲੋਜੀ) ਡਾ. ਮਾਨਿਕ ਮਹਾਜਨ ਦੀ ਦੇਖਰੇਖ ਹੇਠ ਮਰੀਜ਼ ਨੂੰ ਤੁਰੰਤ ਨਸ ਰਾਹੀਂ ਥੱਕਾ ਘੋਲਣ ਵਾਲੀ ਦਵਾਈ ਦਿੱਤੀ ਗਈ।ਇਸ ਤੋਂ ਬਾਅਦ ਡਾ. ਤ੍ਰਿਮਾਨ ਸਿੰਘ ਸਿਕੰਦ ਦੀ ਅਗਵਾਈ ਹੇਠ ਨਿਊਰੋ-ਇੰਟਰਵੈਨਸ਼ਨ ਟੀਮ ਨੇ ਐਂਡੋਵੈਸਕੁਲਰ ਪ੍ਰੋਸੀਜਰ ਕਰਕੇ ਥੱਕੇ ਕੱਢੇ ਅਤੇ ਖਰਾਬ ਧਮਨੀ ਵਿੱਚ ਸਟੈਂਟ ਲਗਾ ਕੇ ਖੂਨ ਦਾ ਪ੍ਰਵਾਹ ਮੁੜ ਬਹਾਲ ਕੀਤਾ।ਕਰੀਬ ਇੱਕ ਘੰਟੇ ਵਿੱਚ ਦਿਮਾਗ ਵਿੱਚ ਸਧਾਰਣ ਖੂਨ ਸੰਚਾਰ ਮੁੜ ਸਥਾਪਿਤ ਹੋ ਗਿਆ।ਸਮੇਂ ਸਿਰ ਇਲਾਜ ਅਤੇ ਸਾਂਝੇ ਡਾਕਟਰੀ ਯਤਨਾਂ ਕਾਰਨ ਮਰੀਜ਼ ਵਿੱਚ ਤੇਜ਼ੀ ਨਾਲ ਸੁਧਾਰ ਹੋਇਆ ਅਤੇ ਪੰਜ ਦਿਨਾਂ ਬਾਅਦ ਉਸਨੂੰ ਛੁੱਟੀ ਦੇ ਦਿੱਤੀ ਗਈ।

# ਕਿਸਾਨ ਮਜ਼ਦੂਰ ਐਸੋਸੀਏਸ਼ਨ ਵੱਲੋਂ ਅੱਜ ਭੱਠੇ ਬੰਦ ਰੱਖਣ ਦਾ ਐਲਾਨ

**ਮਾਨਸਾ (ਆਤਮਾ ਸਿੰਘ ਪਮਾਰ)**-ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ ਦੀ ਜ਼ਿਲ੍ਹਾ ਕਮੇਟੀ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਕੁਲਦੀਪ ਸਿੰਘ ਨੀਟੂ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਭੱਠਾ ਮਜ਼ਦੂਰਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਸੰਘਰਸ਼ ਦੀ ਅਗਲੀ ਰਣਨੀਤੀ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੋਨੂੰ ਖਾਨ ਬਾਜੇਵਾਲਾ ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ ਸਮੇਤ ਇਲਾਕੇ ਦੇ ਭੱਠਿਆਂ 'ਤੇ ਮਜ਼ਦੂਰਾਂ ਨੂੰ ਕਿਰਤ ਕਮਿਸ਼ਨਰ ਵੱਲੋਂ ਤੈਅ ਕੀਤੇ ਕਾਨੂੰਨਨ ਰੇਟਾਂ ਤੋਂ ਘੱਟ ਉਜਰਤ ਦਿੱਤੀ ਜਾ ਰਹੀ ਹੈ। ਮਜ਼ਦੂਰਾਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਪੂਰੀ ਦਿਹਾੜੀ ਦਿੱਤੀ ਜਾਵੇ, ਹਰ ਭੱਠੇ 'ਤੇ ਰੇਟ ਸੂਚੀ ਲਗਾਈ ਜਾਵੇ ਤੇ ਮਜ਼ਦੂਰਾਂ ਲਈ ਬੁਨਿਆਦੀ ਸਹੂਲਤਾਂ ਵੀ ਯਕੀਨੀ ਬਣਾਈਆਂ ਜਾਣ।ਉਨ੍ਹਾਂ ਕਿਹਾ ਕਿ ਪਿਛਲੇ ਕਾਫ਼ੀ ਦਿਨਾਂ ਤੋਂ ਮਜ਼ਦੂਰ ਸੰਘਰਸ਼ ਦੇ ਰਾਹ 'ਤੇ ਹਨ ਅਤੇ ਜਥੇਬੰਦੀ ਵੱਲੋਂ ਲਗਾਤਾਰ ਡਿਪਟੀ ਕਮਿਸ਼ਨਰ ਦਫ਼ਤਰ, ਜ਼ਿਲ੍ਹਾ ਮਾਨਸਾ ਦੇ ਤਿੰਨੋਂ ਵਿਧਾਇਕਾਂ, ਲੇਬਰ ਇੰਸਪੈਕਟਰ ਮਾਨਸਾ ਅਤੇ ਐਸ.ਡੀ.ਐਮ. ਸਰਦੂਲਗੜ੍ਹ ਤੇ ਮਾਨਸਾ ਨੂੰ ਮੰਗ ਪੱਤਰ ਵੀ ਸੌਂਪੇ ਗਏ ਹਨ, ਪਰ ਪ੍ਰਸ਼ਾਸਨ ਵੱਲੋਂ ਇਨ੍ਹਾਂ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ।ਮੀਟਿੰਗ ਵਿੱਚ ਰੋਸ ਜ਼ਾਹਰ ਕਰਦਿਆਂ ਫ਼ੈਸਲਾ ਕੀਤਾ ਗਿਆ ਕਿ ਜਥੇਬੰਦੀ ਵੱਲੋਂ 17 ਫਰਵਰੀ ਨੂੰ ਮਾਨਸਾ ਸਮੇਤ ਬਠਿੰਡਾ,ਬਰਨਾਲਾ ਤੇ ਸੰਗਰੂਰ ਦੇ ਭੱਠਿਆਂ 'ਤੇ ਭਰਾਈ ਬੰਦ ਕਰਕੇ ਹੜਤਾਲ ਦੇ ਰੂਪ ਵਿੱਚ ਰੋਸ ਦਰਜ ਕਰਵਾਇਆ ਜਾਵੇਗਾ। ਇਸ ਉਪਰੰਤ 18 ਫਰਵਰੀ ਨੂੰ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਦਾ ਘਿਰਾਓ ਵੀ ਕੀਤਾ ਜਾਵੇਗਾ।ਇਸ ਮੌਕੇ ਪ੍ਰਗਟ ਸਿੰਘ ਜੋਗਾ, ਕਰਨੈਲ ਸਿੰਘ ਮਾਨਸਾ, ਨਵਾਬ ਖਾਨ, ਜਗਸੀਰ ਸਿੰਘ ਜੱਗੀ, ਕਾਲਾ ਸਿੰਘ ਫੱਤਾ, ਤਾਰੀ ਸਿੰਘ ਰਾਮਾਨੰਦੀ, ਵੀਰਪਾਲ ਸਿੰਘ ਅੱਕਾਂਵਾਲੀ, ਜੱਗਾ ਖਾਨ, ਸ਼ੇਰ ਖਾਨ, ਸੇਵਕ ਸਿੰਘ ਰੱਲਾ ਤੇ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਸਹਾਰਨਪੁਰ ਤੇ ਚੇਲੇ ਚੱਕ ਦੀਆਂ ਸੜਕਾਂ ਦੇ ਨੀਂਹ ਪੱਥਰ ਰੱਖੇ




**ਪਠਾਨਕੋਟ (ਦਵਿੰਦਰ ਸਿੰਘ)**-ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਪਿੰਡ ਸਹਾਰਨਪੁਰ ਅਤੇ ਪਿੰਡ ਚੇਲੇ ਚੱਕ ਵਿਖੇ ਨਵੀਆਂ ਸੜਕਾਂ ਦੇ ਨਿਰਮਾਣ ਕਾਰਜਾਂ ਦੇ ਨੀਂਹ ਪੱਥਰ ਰੱਖੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਸਟੇਟ ਸਕੱਤਰ ਮਾਝਾ ਜ਼ੋਨ ਪੰਜਾਬ, ਪਵਨ ਕੁਮਾਰ ਫੌਜੀ ਸੰਗਠਨ ਇੰਚਾਰਜ, ਕੁਲਦੀਪ ਬਲਾਕ ਪ੍ਰਧਾਨ, ਸਲਿੰਦਰ ਸਿੰਘ ਕੇਜਰੀਵਾਲ, ਚੰਨਣ ਸਿੰਘ, ਸਤਪਾਲ, ਸਵਰਨ ਸਿੰਘ, ਰਜਿੰਦਰ ਸਿੰਘ, ਅਸ਼ੋਕ ਸਿੰਘ, ਬਿਸ਼ੰਭਰ ਸਿੰਘ, ਉਤਮ ਚੰਦ, ਬਲਵਿੰਦਰ ਸਿੰਘ, ਸਰਪੰਚ ਮਨਜੀਤ ਕੌਰ, ਸਰਪੰਚ ਪਰਮਜੀਤ ਕੌਰ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅੱਜ ਮੈਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਸਹਾਰਨਪੁਰ ਅਤੇ ਪਿੰਡ ਚੇਲੇ ਚੱਕ ਵਿਖੇ ਦੋ ਨਵੀਆਂ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਹਨ।ਉਨ੍ਹਾਂ ਕਿਹਾ ਕਿ ਪਿੰਡ ਸਹਾਰਨਪੁਰ ਨਜ਼ਦੀਕ ਜਿਸ ਸੜਕ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ, ਲੋਕਾਂ ਵੱਲੋਂ ਦੱਸਿਆ ਗਿਆ ਹੈ ਕਿ ਪਿਛਲੇ 25-30 ਸਾਲਾਂ ਤੋਂ ਇਸ ਸੜਕ ਦਾ ਕਦੇ ਨਿਰਮਾਣ ਹੋਇਆ ਹੀ ਨਹੀਂ ਅਤੇ ਖਸਤਾ ਹਾਲਤ ਸੜਕ ਹੋਣ ਕਰਕੇ ਲੋਕਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਇਸੇ ਹੀ ਤਰ੍ਹਾਂ ਪਿੰਡ ਚੇਲੇ ਚੱਕ ਵਿਖੇ ਸ਼ਮਸ਼ਾਨਘਾਟ ਨੂੰ ਜਾਣ ਵਾਲੇ ਰੋਡ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਵਾਂ ਸੜਕਾਂ ਜੋ ਕਰੀਬ 3 ਕਿਲੋਮੀਟਰ ਹਨ ਅਤੇ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜ 'ਤੇ ਕਰੀਬ 44 ਲੱਖ ਰੁਪਏ ਖਰਚ ਕੀਤੇ ਜਾਣਗੇ ਅਤੇ ਜਲਦੀ ਹੀ ਇਨ੍ਹਾਂ ਸੜਕਾਂ ਦਾ ਨਿਰਮਾਣ ਕਰਕੇ ਲੋਕਾਂ ਨੂੰ ਸਮਰਪਿਤ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਅਸੀਂ ਧੰਨਵਾਦ ਕਰਦੇ ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਜਿਨ੍ਹਾਂ ਨੇ ਵਿਧਾਨ ਸਭਾ ਹਲਕਾ ਭੋਆ ਨੂੰ ਹੋਰ 19 ਸੜਕਾਂ ਦੇ ਨਿਰਮਾਣ ਲਈ ਵੱਡੇ ਫੰਡ ਜਾਰੀ ਕੀਤੇ ਹਨ।

# ਜੇਤੂ ਖਿਡਾਰਨ ਮਾਹੀ ਦਾ ਸਕੂਲ ਸਟਾਫ਼ ਤੇ ਪਤਵੰਤਿਆਂ ਵੱਲੋਂ ਸਨਮਾਨ



**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** : ਖੋ-ਖੋ ਜ਼ਿਲ੍ਹਾ ਸੰਗਰੂਰ ਦੀ ਟੀਮ ਵਿੱਚ ਖੇਡਦਿਆਂ ਪੰਜਾਬ ਫਤਿਹ ਕਰਨ ਮਗਰੋਂ ਸਰਕਾਰੀ ਪ੍ਰਾਇਮਰੀ ਸਕੂਲ ਘਨੌਰੀ ਕਲਾਂ ਦੀ ਖਿਡਾਰਨ ਮਾਹੀ ਘਨੌਰੀ ਦਾ ਅੱਜ ਸੀ.ਐੱਚ.ਟੀ. ਕਿਰਨਦੀਪ ਕੌਰ ਤੇ ਸੀਨੀਅਰ ਅਧਿਆਪਿਕਾ ਗੁਰਕਿਰਨ ਕੌਰ ਦੀ ਸਾਂਝੀ ਅਗਵਾਈ ਹੇਠ ਸਨਮਾਨ ਕੀਤਾ ਗਿਆ, ਜਿਸ ਵਿੱਚ ਪੰਚਾਇਤੀ ਨੁਮਾਇੰਦਿਆਂ, ਪਿੰਡ ਦੇ ਪਤਵੰਤਿਆਂ ਤੇ ਐੱਸ ਐੱਮ ਸੀ ਕਮੇਟੀ ਦੇ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ।ਇਸ ਮੌਕੇ ਸਮੇਂ ਸਮੇਂ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਦੀ ਮਦਦ ਕਰਨ ਵਾਲੇ ਟਰੱਕ ਯੂਨੀਅਨ ਸ਼ੇਰਪੁਰ ਦੇ ਸਾਬਕਾ ਪ੍ਰਧਾਨ ਹਰਦੀਪ ਸਿੰਘ ਹੈਪੀ ਦਾ ਵੀ ਉਚੇਚਾ ਸਨਮਾਨ ਕੀਤਾ ਗਿਆ।ਇਸ ਮੌਕੇ ਮੁਲਾਜ਼ਮ ਨੇਤਾ ਮਾਸਟਰ ਕੁਲਵੰਤ ਸਿੰਘ, ਰਣਜੀਤ ਸਿੰਘ, ਨਿਰਮਲ ਸਿੰਘ, ਰਾਮ ਸਿੰਘ (ਸਾਰੇ ਪੰਚ) ਸਾਬਕਾ ਪੰਚ ਮਲਕੀਤ ਸਿੰਘ, ਗੁਰਦੁਆਰਾ ਕਮੇਟੀ ਦੇ ਆਗੂ ਅਮਰੀਕ ਸਿੰਘ, ਜੱਗਾ ਸਿੰਘ ਆਦਿ ਨੇ ਜੇਤੂ ਵਿਦਿਆਰਥਣ, ਉਸ ਦੇ ਮਾਪਿਆਂ ਤੇ ਸਕੂਲ ਸਟਾਫ਼ ਨੂੰ ਵਧਾਈ ਦਿੱਤੀ।ਸਟੇਜ ਸਕੱਤਰ ਦੇ ਫਰਜ਼ ਅਧਿਆਪਕ ਮਨਦੀਪ ਸਿੰਘ ਚਾਂਗਲੀ ਨੇ ਨਿਭਾਏ।ਇਸ ਮੌਕੇ ਮੁੱਖ ਅਧਿਆਪਕ ਜਾਂਗਲੀ ਬਲਵੰਤ ਸਿੰਘ, ਮੈਡਮ ਨਿੰਦਰਜੀਤ ਕੌਰ, ਸ਼ਿਵਾਨੀ ਗਰਗ, ਇੰਦਰਵੀਰ ਕੌਰ, ਪਰਮਜੀਤ ਕੌਰ, ਨਿਸ਼ਾ ਰਾਣੀ, ਸੰਦੀਪ ਕੌਰ, ਆਂਗਣਵਾੜੀ ਮੁਲਾਜ਼ਮਾਂ ਵੱਲੋਂ ਰਾਜ ਰਾਣੀ ਤੇ ਬਲਵਿੰਦਰ ਕੌਰ ਹਾਜ਼ਰ ਸਨ।

# ਇੰਦਰਜੀਤ ਘਨੌਰੀ ਮੁੜ ਹੋਏ ਅਕਾਲੀ ਦਲ 'ਚ ਸ਼ਾਮਲ, ਸੁਖਬੀਰ ਬਾਦਲ ਨੇ ਦਿੱਤਾ ਥਾਪੜਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)** ਧੂਰੀ ਦੀ ਸਿਆਸਤ ਵਿੱਚ ਅੱਜ ਉਸ ਵੇਲੇ ਅਹਿਮ ਮੋੜ ਆਇਆ, ਜਦੋਂ ਮਾਰਕਿਟ ਕਮੇਟੀ ਸ਼ੇਰਪੁਰ ਦੇ ਸਾਬਕਾ ਚੇਅਰਮੈਨ ਤੇ ਲੰਮੇ ਸਮੇਂ ਤੋਂ ਅਕਾਲੀ ਵਿਚਾਰਧਾਰਾ ਨਾਲ ਜੁੜੇ ਪ੍ਰਮੁੱਖ ਆਗੂ ਇੰਦਰਜੀਤ ਸਿੰਘ ਘਨੌਰੀ ਨੇ ਮੁੜ ਅਕਾਲੀ ਸਿਆਸਤ ਵਿੱਚ ਸਰਗਰਮ ਹੋਣ ਦਾ ਰਸਮੀ ਐਲਾਨ ਕਰ ਦਿੱਤਾ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਵਿਸ਼ਵਾਸ ਪ੍ਰਗਟਾਉਂਦਿਆਂ ਉਨ੍ਹਾਂ ਨੇ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਅਤੇ ਨਿਸ਼ਠਾ ਨੂੰ ਦੁਹਰਾਇਆ।ਪਾਰਟੀ ਪ੍ਰਧਾਨ ਵੱਲੋਂ ਉਨ੍ਹਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪਿਛਲੇ ਕੁਝ ਸਮੇਂ ਦੌਰਾਨ ਪਾਰਟੀ ਅੰਦਰੂਨੀ ਕਾਟੋ-ਕਲੇਸ਼ ਦੇ ਦੌਰ ਵਿੱਚੋਂ ਗੁਜ਼ਰ ਰਹੀ ਸੀ, ਜਿਸ ਕਾਰਨ ਇੰਦਰਜੀਤ ਸਿੰਘ ਘਨੌਰੀ ਨੇ ਸਰਗਰਮ ਸਿਆਸਤ ਤੋਂ ਕੁਝ ਸਮੇਂ ਲਈ ਦੂਰੀ ਬਣਾ ਲਈ ਸੀ।ਉਸ ਸਮੇਂ ਉਨ੍ਹਾਂ ਨੇ ਪਾਰਟੀ ਦੀ ਮਜ਼ਬੂਤੀ ਦੀ ਲੋੜ 'ਤੇ ਜ਼ੋਰ ਦਿੱਤਾ ਸੀ।ਹੁਣ ਬਦਲਦੇ ਰਾਜਨੀਤਿਕ ਹਾਲਾਤਾਂ ਅਤੇ ਪਾਰਟੀ ਦੀ ਨਵੀਂ ਰਣਨੀਤੀ ਨੂੰ ਵੇਖਦਿਆਂ ਉਨ੍ਹਾਂ ਨੇ ਮੁੜ ਪਾਰਟੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਦਾ ਫ਼ੈਸਲਾ ਕੀਤਾ ਹੈ। ਇੰਦਰਜੀਤ ਸਿੰਘ ਘਨੌਰੀ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਪੰਜਾਬ ਨੂੰ ਇੱਕ ਅਜਿਹੀ ਮਜ਼ਬੂਤ ਖੇਤਰੀ ਪਾਰਟੀ ਦੀ ਲੋੜ ਹੈ, ਜੋ ਸੂਬੇ ਦੇ ਹੱਕਾਂ ਅਤੇ ਪੰਜਾਬੀ ਪਛਾਣ ਦੀ ਡਟ ਕੇ ਰਾਖੀ ਕਰ ਸਕੇ।

# ਜਨਹਿਤ ਸਮਿਤੀ ਪਟਿਆਲਾ ਵੱਲੋਂ ਮੁਫ਼ਤ ਮੈਡੀਕਲ ਚੈੱਕਅਪ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਜਨਹਿਤ ਸਮਿਤੀ ਪਟਿਆਲਾ ਵੱਲੋਂ ਅਮਰ ਹਸਪਤਾਲ ਨਾਲ ਮਿਲ ਕੇ ਮੁਫਤ ਮੈਡੀਕਲ ਚੈੱਕਅਪ ਕੈਂਪ ਬਾਰਾਦਰੀ ਗਾਰਡਨ ਵਿਚ ਲਾਇਆ ਗਿਆ। ਕੈਂਪ ਵਿੱਚ ਤਕਰੀਬਨ 150 ਵਿਅਕਤੀਆਂ ਨੇ ਆਪਣਾ ਮੈਡੀਕਲ ਚੈੱਕਅਪ ਕਰਾਇਆ। ਅਮਰ ਹਸਪਤਾਲ ਦੇ ਸਟਾਫ ਵੱਲੋਂ ਸਾਰੇ ਹੀ ਵਿਅਕਤੀਆਂ ਦਾ ਚੈੱਕਅਪ ਕੀਤਾ ਗਿਆ। ਡਾਕਟਰ ਹਰੀ ਓਮ ਅਗਰਵਾਲ ਵੱਲੋਂ ਦੱਸਿਆ ਗਿਆ ਕਿ ਸੰਸਥਾ ਹਮੇਸ਼ਾ ਹੀ ਲੋਕਾਂ ਦੇ ਭਲੇ ਦੇ ਕੰਮ ਕਰਦੀ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਸਿਹਤ ਸੰਭਾਲ ਲਈ ਜਾਗਰੂਕ ਕਰਨਾ ਸੰਸਥਾ ਦਾ ਟੀਚਾ ਹੈ। ਇਸੇ ਲੜੀ ਤਹਿਤ ਹਰੇਕ ਹਫਤੇ ਬਾਰਾਦਰੀ ਗਾਰਡਨ ਵਿੱਚ ਮੈਡੀਕਲ ਚੈੱਕਅਪ ਕੈਂਪ ਲਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਲਗਾਤਾਰ ਸਮਾਜ ਸੇਵਾ ਦੇ ਭਲਾਈ ਦੇ ਕੰਮ ਜਿਵੇਂ ਕਿ ਮੁਫ਼ਤ ਐਬੂਲੈਂਸ ਸਰਵਿਸ, ਮੁਫ਼ਤ ਕੰਪਿਊਟਰ ਸਿੱਖਿਆ, ਮੁਫ਼ਤ ਸਿਲਾਈ ਸਿੱਖਿਆ ਤੇ ਮਰੀਜ਼ਾਂ ਦੀ ਮਦਦ ਕਰਨਾ ਸ਼ਾਮਲ ਹੈ।

# ਦੋ ਦਿਨਾ ਮਹਾਂਸ਼ਿਵਰਾਤਰੀ ਉਤਸਵ ਧੂਮਧਾਮ ਨਾਲ ਹੋਇਆ ਸਮਾਪਤ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਭੁੱਲਰ ਕਲੋਨੀ ਗਲੀ ਨੰਬਰ 7 ਵਿੱਚ ਸਥਿਤ ਜੈ ਮਾਂ ਚਿੰਤਪੁਰਨੀ ਮੰਦਿਰ ਵਿਖੇ ਸਨਾਤਨ ਧਰਮ ਪ੍ਰਚਾਰਕ ਪ੍ਰਸਿੱਧ ਵਿਦਵਾਨ ਬ੍ਰਹਮਰਿਸ਼ੀ ਪੰਡਿਤ ਪੂਰਨ ਚੰਦਰ ਜੋਸ਼ੀ ਦੀ ਅਗਵਾਈ ਹੇਠ ਆਯੋਜਤ ਦੋ ਦਿਨਾ ਮਹਾਂਸਿਵਰਾਤਰੀ ਉਤਸਵ ਧੂਮਧਾਮ ਨਾਲ ਸੰਪਨ ਹੋਇਆ।ਸਮਾਪਨ ਸਮਾਰੋਹ ਮੌਕੇ ਵਿਸ਼ਾਲ ਹਵਨ ਹੋਇਆ।ਇਸ ਤੋਂ ਪਹਿਲਾਂ ਰਾਤ ਨੂੰ ਚਾਰ ਪ੍ਰਹਿਰਾਂ 'ਚ ਭਗਵਾਨ ਸ਼ਿਵ ਦੀ ਪੂਜਾ ਕੀਤੀ ਗਈ ਅਤੇ ਸ਼ਰਧਾਲੂਆਂ ਨੇ ਰਾਤ ਭਰ ਭਗਵਾਨ ਸ਼ਿਵ ਦੀ ਪੂਜਾ ਕੀਤੀ।ਮੰਦਰ ਦਾ ਵਿਹੜਾ ਭਗਵਾਨ ਸ਼ਿਵ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ । ਸੋਮਵਾਰ ਨੂੰ ਸਵੇਰੇ 9 ਤੋਂ 12 ਵਜੇ ਤੱਕ ਹਵਨ ਹੋਇਆ।ਹਵਨ ਕਰਾਉਣ ਦੀ ਰਸਮ ਪੰਡਿਤ ਪੂਰਨ ਚੰਦਰ ਜੋਸ਼ੀ ਨੇ ਕੀਤੀ।ਵੱਡੀ ਗਿਣਤੀ ਸ਼ਰਧਾਲੂਆਂ ਨੇ ਹਵਨ ਵਿੱਚ ਹਿੱਸਾ ਲਿਆ।ਪ੍ਰਵਚਨਾਂ ਦੀ ਅੰਮ੍ਰਿਤ ਵਰਖਾ ਕਰਦਿਆਂ ਪੰਡਿਤ ਜੋਸ਼ੀ ਨੇ ਸ਼ਰਧਾਲੂਆਂ ਨੂੰ ਮਹਾਂਸ਼ਿਵਰਾਤਰੀ ਦੀ ਮਹੱਤਤਾ ਬਾਰੇ ਦੱਸਿਆ।ਮੰਦਰ ਦਾ ਵਿਹੜਾ ਸ਼ਿਵ ਭੋਲੇ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।ਹਵਨ ਤੋਂ ਬਾਅਦ ਸੇਬ, ਕੇਲੇ, ਸੰਤਰੇ, ਬੇਰ ਤੇ ਹੋਰ ਫ਼ਲਾਂ ਤੇ ਆਲੂ-ਪੂਰੀ ਦਾ ਅਤੁੱਟ ਲੰਗਰ ਚੱਲਦਾ ਰਿਹਾ।ਊਸ਼ਾ ਰਾਣੀ ਸ਼ਰਮਾ ਤੇ ਪੰਡਤ ਭੋਲਾ ਸ਼ਰਮਾ ਅਬਲੂ ਵਾਲੇ ਨੇ ਸਾਰਿਆਂ ਦਾ ਧੰਨਵਾਦ ਕੀਤਾ।



# ਕਲਾਸੀਫਾਈਡ ਇਸ਼ਤਿਹਾਰ





## Change of Name

I, Surjit Lal S/o Bhagat Ram R/o Village Kotli Sazawar PO Pachranga District Jalandhar, Punjab have changed the name of my minor daughter Sania as Sania Kumari. All Concerned note.

I, Sahil S/o Surjit Lal R/o Village Kotli Sazawar PO Pachranga District Jalandhar, Punjab have changed my name as Sahil Chopra. All Concerned note.

I, Gaurav S/o Surjit Lal R/o Village Kotli Sazawar PO Pachranga District Jalandhar, Punjab have changed my name as Gaurav Chopra. All Concerned note.

I, Manpreet Kaur W/O Vishal Karir R/O V.P.O. Rupewali, Tehsil Shahkot, Distt. Jalandhar-144701, Punjab, India have changed my name after my marriage Manpreet Kaur to Manpreet Kaur Karir. Note Please.

I Sonia wife of jagjit singh Dhanda village Dhanda post office sang dhesian 144409 Teh phillaur Distt jalandhar Punjab india. Have changed my name form Sonia to Sonia kaur dhanda . All please Note.

I,Resham Singh S/O Subeg Singh R/O Kaunke,PO Attari, Distt. Amritsar, Punjab have changed my name from Resham Singh to Resham as my Given name and Singh as my Surname.Concerned note.

I Harshdeep Singh S/o Mangal Singh R/o H.No. 335, Kartar Nagar Model Town, Tehsil Batala, District Gurdaspur. I have declare that Harshdeep is my given name and Singh is surname concerned note.

I, Prabhjot Trikha W/o Vikas Trikha R/o, 810/15, Manvata Nagar, Sutehri Road, Distt. Hoshiarpur, Pin 146001, Punjab, Have changed my name from Prabhjot Trikha to Prabhjot Kalia. Concerned note.

I, Gauravpreet Singh S/o Baljit Singh R/o VPO Nadalon, Distt Hoshiarpur Punjab have changed my name to Singh Gauravpreet. Concerned note.

I, Gaurav S/o Sanjiv Kumar R/o Saila Kalan Distt Hoshiarpur 144529. Punjab. Have changed my name from Gaurav to Gaurav Badhan.

I, Talinderjit Kaur W/O Joga Singh R/O VPO Lakhan KE Padde Distt Kapurthala Punjab. Inform that my given name is Talinderjit and surname is Kaur.

I, Kiran W/O Vijay Kumar R/O H.No 1293/04 Adampur Distt. Jalandhar Punjab. Have changed my name from Kiran to Kiran Mehra.

I, Suraj S/o Som Nath, R/o H no. N. N. 423, Gopal Nagar , Jalandhar have changed my name from Suraj to Suraj Mehta.All concerned may note.

I, Darshan Kaur W/o Narinder Singh, R/o Village Sabuwal, PO. Thatha Jadid, Distt. Kapurthala have changed my name from Kulwant Kaur to Darshan Kaur for all purposes in future. All concerned may note.

I, Ashwani Chouhan S/O Sardari Lal R/O H. No.104, Majitha Road, Near Diamond Avenue,Karan Vihar, Amritsar, Punjab have changed my name from Ashwani Chouhan to Ashwani Kumar. Concerned note.

I, Veero W/o Saranjeet Singh R/O Vill Sallo Chahal P/o Chahal Kalan, Teh. Batala, Distt. Gurdaspur. Declare that Veero and Kashmeer Kaur both names are mine and same one person. Please concerned note.

I, Punjab Singh S/o Jagdish Singh R/o Tehsil Ajnala, Jhanjoti, Distt. Amritsar, Punjab- 143101 have changed my name from Punjab Singh to Singh is my Surname and Punjab is my given name.

I, Raghu Mahajan S/o Joginder Pal R/o House No. 189, Gali Kore Kamboj Wali, Chowk Chira, Katra Sher Singh, Amritsar, Punjab have changed my name from Raghu Mahajan to Raghu Gupta.

I, Prince Bahgat S/o Vijay Kumar R/o H.No.55, Gali Kabir Mander Wali, Chota Hari Pura, Amritsar have changed my name from Prince Bahgat to Prince Bhagat. All Please Note.

I, Gurmit Kaur Sokhal W/o Pargat Singh Sokhal R/o H.No.8 Gali No.19 Sahibzada Fateh Singh Nagar O/s Gate Hakima Amritsar have changed my name to Gurmeet Kaur.

I, Pargat Singh S/o Prem Singh R/o H.No.8 Gali No.19 Sahibzada Fateh Singh Nagar O/s Gate Hakima Amritsar have changed my name to Pargat Singh Sokhal.

I, Gurpreet Singh S/o Charan Singh R/o VPO Rasool Pur Kalan Near Govt School District Amritsar have declare that Gurpreet is my Given name and Singh is my Surname.

I, Sawinder Singh S/O Burh Singh R/O H.No.12, Gali No.2, Sant Nagar, Verka, Amritsar have changed my name to Swinder Singh.

I, Ajaypal Singh S/o Balraj Singh R/o Village Gunowal Distt Amritsar Punjab have declare that Singh is my Surname Ajaypal is my given name.

## Change of Name

I, Harpal Singh S/O Ratan Singh R/O VPO Dialpura tehsil Patti Distt.Tarn Taran hereby inform that Singh is my Surname and Harpal is my given name. Concerned please note.

I Jasvinder Kaur W/O Amarjit Singh Address Of Vill. Patti Nijjerpur Arli Bhan Po Bhogowal Tehsil Dera Baba Nanak Distt Gurdaspur Punjab India Pincode 143511, I Have Changed My Name From Jasvinder Kaur To Jaswinder Kaur.

I Sameer S/O Naresh Kumar V P O Bhullarai Colony ( Amrik Nagri ) Teh Phagwara Distt Kapurthala have changed my name from Sameer to Sameer Ladher.

I Sania D/O Naresh Kumar V P O Bhullarai Colony ( Amrik Nagari ) Teh Phagwara Distt Kapurthala have changed my name from Sania to Sania Kumari.

I Sonia D/O Naresh Kumar V P O Bhullarai Colony ( Amrik Nagari ) Teh Phagwara Distt Kapurthala have changed my name from Sonia to Sonia Kumari.

I Balkar Singh S/O Hari Ram V P O Bhullarai Teh Phagwara Distt Kapurthala have changed my son name from Prabal to Prabal Ladher.

I, Ajay Bassan S/o No : 2477397X Hony . Nab. Sub. Darshan Lal R/o H.No. 5, Gali No. 1, Satnam Nagar, Basti Danishmanda, Jalandhar-144002, Punjab have changed my name from Ajay Kumar to Ajay Bassan.

I, hitherto known as HIMANSHU S/o RAM LUBHAYA residing at Village Kukar Pind, District Jalandhar, Punjab-144024 have changed my name and shall hereafter be known as HIMANSHU PAUL.

I, Puneet Singh S/o Tajinder Pal Singh R/o M2 706, Smart Homes, Jalandhar Heights 2 Pholriwal, PO. Garha, District Jalandhar, Punjab-144022 have changed my name from PUNEET SINGH to Puneet Sarang. All concerned please note.

I, Avinder Kaur w/o Sarban Singh R/o Village Dabuyi, Po. Lakhan Kalan, Distt. Kapurthala have declared that my minor Daughter name Sumanpreet Kaur which is wrong name, her correct name is Sukhmanpreet Kaur. All Please Note.

I, Sanjana Alias Sanjay Kumari Madan W/o Sudhir Mohan Madan R/o H.No. WM-319, Basti Guzan, Jalandhar-144002, Punjab have changed my name as Sanjana. All Please Note.

I, Pooja d/o Kuldeep w/o Rohit Kumar r/o Gali No.8, Near K.P. Model School, Madhuban Colony, Kabir Vihar, Po.Basti Bawa Khel, Jalandhar, Punjab-144021 changed my name to Pooja Rani (Surname as Rani) All Please Note.

I, Raj Kumar s/o Kewal Singh r/o H.No. 541, Ward No. 8, Vill. Keharwali, Po. Dasuya, Distt.Hoshiarpur-144205, Punjab have changed my name to Raj Kumar. All Please Note.

I, Guruvindra Singh s/o Rajendra Singh r/o Vill. Mokhe, Po. Nussi. Distt Jalandhar, Punjab have changed the spellings of my name as Gurvinder Singh. All Please Note.

I, Jaswinder Pal s/o Gian Chand r/o H.No. 541, Ward No. 8, Vill. Keharwali, Po. Dasuya, Distt.Hoshiarpur-144205, Punjab have changed my name to Pal Jaswinder. All Please Note.

I, Bhawna Malhan w/o Vikashdeep Malhan r/o B-8/13, Puri Market, Laxmipura, Jalandhar declare that Bhawna Malhan & Bhawna is one and the same person. All Please Note.

I, Sarvjeet Kaur w/o Surjit Singh r/o VPO. Uggi, Tehsil Nakodar, Distt. Jalandhar, Punjab have changed my name from Sarvjeet Kaur to Sarabjit Kaur. All Please Note.

I, Neetika d/o Ram Nath Sangar r/o Ghumaaran Wali Gali, Mehli Gate Phagwara, Distt. Kapurthala, Punjab have changed my name to Neetika Kaur. All Please Note.

I, Ram Nath s/o Mohan Lal r/o Ghumaaran Wali Gali, Mehli Gate Phagwara, Distt. Kapurthala, Punjab have changed my name to Ram Nath Sangar. All Please Note.

I, Harmanjit Singh S/o Hardev Singh R/o VILL. Gazi Gudana, Po.Dhilwan, Distt. Kapurthala, Punjab. have changed my name from Harmanjit Singh to Harmanjit Singh Bhullar. All Please Note.

I, Partma w/o Sushil Kumar r/o H.No. 53, Mohalla Telian, Khera Masjid, Phagwara, Distt. Kapurthala-144401, Punjab have changed my name from Partma to Partima. All Please Note.

I, Ramesh Kumar s/o Harbans Lal r/o Gali No. 3, Near Star Public School Baba Gadhia, Phagwara, Distt. Kapurthala declare that my given name as Ramesh & Surname name. All Please Note.

## Change of Name

I, Jagandeep Singh S/o Gurmail Singh R/o Village Gunowal Distt Amritsar Punjab have declare that Singh is my Surname Jagandeep is my given name.

I, Sarabjit Singh S/o Piara Singh R/o VPO Sarhali, Pati Vadda Pasa, Tarn Taran. I have changed my name from Sarabjit Singh to Sarbjit Singh.

I, Pawan Kumar S/O Kapil Dev R/O Lahinda Pasa, Raipur Rasulpur, Jalandhar - 144012, Punjab have changed my name from Pawan Kumar to Pawan Kumar Kapila. All please note.

## ਬੇਦਖਲੀ ਨੋਟਿਸ

ਮੈਂ, ਮਨਜੀਤ ਕੌਰ ਪਤਨੀ ਸ਼੍ਰੀ ਰਾਮ ਮੂਰਤੀ ਵਾਸੀ ਪਿੰਡ ਘੋੜੇਵਾਹੀ ਡਾਕਖਾਨਾ ਲਾਧੜਾ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਮਨਜੋਤ ਸਰੋਆ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਸ ਆਪਣੀਂ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਸ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸਬੰਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ ਸਰਮੁਖ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਅਬਾਦੀ ਮੜੀਆ ਵਾਲਾ ਨਗਰ ਪਾਲਿਕਾ ਦੀ ਹੱਦ ਤੋਂ ਬਾਹਰ, ਬਟਾਲਾ, ਜ਼ਿਲਾ ਗੁਰਦਾਸਪੁਰ । ਮੇਰਾ ਲੜਕਾ ਗੁਰਵਿੰਦਰ ਸਿੰਘ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ । ਮੈਂ ਇਸ ਨੂੰ ਆਪਣੀ ਚਲ - ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਲੈਣ ਦੇਣ ਕਰਨ ਵਾਲੇ ਖੁਦ ਜਿੰਮੇਵਾਰ ਹੋਣਗੇ ।

ਮੈਂ, ਰਾਜੇਸ਼ਵਰ ਪਾਂਡੇ ਪੁੱਤਰ ਕ੍ਰਿਸ਼ਨ ਪਿਆਰੇ ਪਾਂਡੇ, ਵਾਸੀ ਪਲਾਟ ਨੰ: 63, ਮਹਿਤਾ ਰੋਡ, ਨਜ਼ਦੀਕ ਸਬਜ਼ੀ ਮੰਡੀ, ਸ਼ਨੀ ਮੰਦਰ, ਵੱਲਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਹਰਸ਼ ਪਾਂਡੇ ਪਤਨੀ ਰਣਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪੂਰਨ ਸਿੰਘ ਪੁੱਤਰ ਤੇਜਾ ਸਿੰਘ, ਵਾਸੀ ਮਕਾਨ ਨੰ: 174, ਡਾਕਖਾਨਾ ਖਾਨ ਕੋਟ, ਬਲਾਕ ਜੰਡਿਆਲਾ ਗੁਰੂ, ਕਿੱਲਾ ਜੀਵਨ ਸਿੰਘ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪਰਵੀਨ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰਾ ਆਦਰ-ਸਨਮਾਨ ਨਹੀਂ ਕਰਦੀ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਸੁਖਦੇਵ ਸਿੰਘ ਪੁੱਤਰ ਮੰਗਲ ਸਿੰਘ ਅਤੇ ਮਨਜੀਤ ਕੌਰ ਪਤਨੀ ਸੁਖਦੇਵ ਸਿੰਘ, ਵਾਸੀ 32, ਨਿਊ ਪ੍ਰਤਾਪ ਨਗਰ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਪੋਤਰਾ ਯੁਵਰਾਜ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਨੰਦਨੀ ਪਤਨੀ ਮਹਿੰਦਰਪਾਲ, ਵਾਸੀ ਮਕਾਨ ਨੰ: 467, ਗਲੀ ਨੰ: 16, ਰਾਮ ਬਾਗ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪਵਨ ਕੁਮਾਰ ਅਤੇ ਉਸ ਦੀ ਪਤਨੀ ਰੂਹੀ ਅਰੋੜਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਤੇ ਮੇਰਾ ਪਰਵਾਰ ਇਨ੍ਹਾਂ ਦੇ ਕਿਸੇ ਵੀ ਲੈਣ-ਦੇਣ ਅਤੇ ਕਾਰ-ਵਿਹਾਰ ਦੇ ਜ਼ਿੰਮੇਵਾਰ ਨਹੀਂ ਹੋਵਾਂਗੇ।

ਮੈਂ, ਗੁਰਮੇਲ ਸਿੰਘ ਪੁੱਤਰ ਮਹੱਬ ਸਿੰਘ ਵਾਸੀ ਪਿੰਡ ਤਲਵੰਡੀ ਨੌ ਬਹਾਰ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਿਤਾਭ ਸਿੰਘ ਅਤੇ ਮੇਰੀ ਨੂੰਹ ਹਰਪ੍ਰੀਤ ਕੌਰ ਪਤਨੀ ਅਮਿਤਾਭ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ, ਕਸ਼ਮੀਰ ਸਿੰਘ ਪੁੱਤਰ ਬਹਾਦੁਰ ਸਿੰਘ, ਵਾਸੀ ਮਕਾਨ ਨੰ: 50, ਕੋਟਲਾ ਸੈਦਾ, ਕੱਥੂਨੰਗਲ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਦਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰਾ ਆਦਰ-ਸਨਮਾਨ ਨਹੀਂ ਕਰਦੀ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਅਮਰਜੀਤ ਕੌਰ ਪਤਨੀ ਲੇਟ ਅਜੀਤ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਅਜਨੋਹਾ ਤਹਿਸੀਲ ਗੜ੍ਹਸੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਬਲਵਿੰਦਰ ਕੌਰ ਪਤਨੀ ਲੇਟ ਜਸਪਾਲ ਸਿੰਘ ਤੇ ਆਪਣੀ ਪੋਤਰੀ ਜਸਪ੍ਰੀਤ ਕੌਰ ਪੁੱਤਰੀ ਲੇਟ ਜਸਪਾਲ ਸਿੰਘ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੇ ਖੁਦ ਜੁੰਮੇਵਾਰ ਹੋਣਗੇ।

ਮੈਂ, ਅੰਬੋ ਪਤਨੀ ਲੇਟ ਮਰਾਜਦੀਨ ਵਾਸੀ ਦੀਨੇਵਾਲ ਤਹਿਸੀਲ ਖਡੂਰ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਲਾਲੀ ਤੇ ਇਸਦੀ ਪਤਨੀ ਪ੍ਰਵੀਨ ਤੇ ਇਹਨਾਂ ਦਾ ਪੁੱਤਰ ਮੁਹੰਮਦ ਰਿਹਾਨ ਤੇ ਲੜਕੀ ਹਿਨਾ ਮੇਰੇ ਕਹਿਣੇ ਤੋਂ ਬਾਹਰ ਹਨ।ਮੈਂ ਆਪਣੇ ਲੜਕੇ ਨੂੰਹ ਤੇ ਪੋਤਰਾ ਤੇ ਪੋਤਰੀ ਤਿੰਨਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ।ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਮੰਗਲ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਅਤੇ ਡਾ: ਨੰਗਲ ਖੂੰਗਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਜਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਨੀਲਮ ਪਤਨੀ ਕੁਲਵੰਤ ਰਾਏ ਵਾਸੀ ਮਕਾਨ ਨੰ: ਕੇ-21/755, ਗਲੀ ਨੰ: 01, ਚਮਰੰਗ ਰੋਡ, ਏਕਤਾ ਨਗਰ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੋਤਰਾ ਸਾਹਿਲ ਅਤੇ ਉਸ ਦੀ ਪਤਨੀ ਰਜਨੀ ਅਤੇ ਦੂਸਰਾ ਪੋਤਰਾ ਵਿਸ਼ਾਲ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ। ਮੇਰੀ ਕੋਈ ਗੱਲ ਨਹੀਂ ਮੰਨਦੇ ਅਤੇ ਲੜਾਈ-ਝਗੜਾ ਕਰਦੇ ਰਹਿੰਦੇ ਹਨ। ਮੈਂ ਉਨ੍ਹਾਂ ਸਭ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੀ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵੇਗਾ, ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

## ਨਾਂਅ ਦੀ ਬਦਲੀ

ਮੈਂ, ਉਮੇਸ਼ ਰਾਮ ਪੁੱਤਰ ਵਿਸ਼ਵਨਾਥ ਰਾਮ ਵਾਸੀ ਪਿੰਡ ਤੇ ਡਾਕਖਾਨਾ ਛੱਪਰਾ, ਸਾਰੰਗਪੁਰ, ਜ਼ਿਲ੍ਹਾ ਮੁਜ਼ੱਫਰਪੁਰ, ਬਿਹਾਰ-843125, ਸੂਚਿਤ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਦਾ ਨਾਂਅ ਅਨੀਸ਼ਾ ਕੁਮਾਰੀ ਤੋਂ ਬਦਲ ਕੇ ਨਿਸ਼ਾ ਕੁਮਾਰੀ ਰੱਖ ਲਿਆ ਹੈ। ਸਾਰੇ ਸੰਬੰਧਤ ਨੋਟ ਕਰਨ।

ਮੈਂ ਇੰਦਰਜੀਤ ਕੌਰ ਪਤਨੀ ਸ੍ਰੀ ਬਿਕਰਮਜੀਤ ਸਿੰਘ ਵਾਸੀ ਕੋਟਲਾ ਸੂਰਜਮੱਲ ਤਹਿਸੀਲ ਸ਼ਾਹਕੋਟ ਜਿਲਾ ਜਲੰਧਰ ਘੋਸਣਾ ਕਰਦੀ ਹਾਂ ਕਿ ਮੇਰੇ ਪੁੱਤਰ ਦਾ ਪਹਿਲਾ ਨਾਮ ਏਕਮ ਸੀ ਅਤੇ ਹੁਣ ਮੈਂ ਬਦਲ ਕੇ ਏਕਮ ਸਿੰਘ Ekam Singh ਰੱਖ ਲਿਆ ਸਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਰਾਮ ਲਾਲ ਪੁੱਤਰ ਪਿਆਰਾ ਲਾਲ ਵਾਸੀ ਮਕਾਨ ਨੰ: 540/1, ਬਾਬਾ ਨਿੰਬੂ ਵਾਲੀ ਗਲੀ, ਸੰਤੋਖਪੁਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਵਿਸ਼ਾਲ ਸੰਧੀ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 29-01-2026 ਨੂੰ ਨਵਾਂ ਜ਼ਮਾਨਾ ਅਖਬਾਰ ਰਾਹੀਂ ਆਪਣੀ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਿਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

ਅਮਰਜੀਤ ਸਿੰਘ ਪੁੱਤਰ ਗੁਰਚਰਨ ਸਿੰਘ, ਵਾਸੀ ਪਟਿਆਲਾ ਖੇਵਟਦਾਰ ਗੋਬਿੰਦਪੁਰਾ (ਸੰਗਰੂਰ) ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ. 2676/ਜੀ (20 ਹਾਰਸਪਾਵਰ) ਨੂੰ ਗੁਰਸਹਿਜਪ੍ਰੀਤ ਸਿੰਘ ਪੁੱਤਰ ਅਵਾਤਰ ਸਿੰਘ, ਵਾਸੀ ਫਰਵਾਹੀ (ਬਰਨਾਲਾ) ਖੇਵਟਦਾਰ ਗੋਬਿੰਦਪੁਰਾ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਸ਼ੇਰਪੁਰ-1 ਦੇ ਇਤਰਾਜ ਪੇਸ਼ ਕਰੇ।

## PUBLIC NOTICE

I, Paramjeet Singh S/o Santokh Singh, r/o VPO Dehriwal Daroga, district Gurdaspur, declare that Parneet Kaur is my adopted daughter and I have legally adopted her from her biological father Gurinderbir Singh and mother Sarabjit Kaur, r/o village Sidhwan, district Gurdaspur, by executing an adoption deed. Now, the name of Parneet Kaur's father should be recorded as Paramjeet Singh and the name of her mother should be recorded as Narinderjit Kaur in the school record and the address of the girl should be recorded as village and post office Dehriwal Daroga, tehsil and district Gurdaspur.

I Inderjit Kaur W/o Jasbir Singh R/o Basti Shikarpur Tibba, Teh. Sultanpur Lodhi, Distt. Kapurthala. That my Passport No. A3622263 issued from Jalandhar Date of issue 11-08-1997 to 10-08-2007 That on my all documents my mother's name mentioned by spell Swinder Kaur but on my passport my mother name is mentioned by spell Surinder Kaur that Sawinder Kaur and Surinder Kaur is one and same person. Concerned Please Note.

I Iqbal Sing son of Charan Singh resident of village Sanhdar Jagir, District Kapurthala, Punjab declare that my son Hardeep Singh is out of my control and doing all the needs againt my wisehs , so I disinherit him from all my movable and immovable properties , If any body deals with him shall do at her own risk. I and any member of my family hold no responsibility for his future actions.

## ਬੇਦਖਲੀ ਨੋਟਿਸ

ਮੈਂ, ਕੁਲਵਿੰਦਰ ਕੌਰ ਪਤਨੀ ਗੁਰਭੇਜ ਸਿੰਘ ਵਾਸੀ ਪਿੰਡ ਬਾਲੇਵਾਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਰਬਜੀਤ ਸਿੰਘ ਪੁੱਤਰ ਗੁਰਭੇਜ ਸਿੰਘ ਅਤੇ ਮੇਰੀ ਨੂੰਹ ਰਜਵਿੰਦਰ ਕੌਰ ਪਤਨੀ ਸਰਬਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਸੁਰਿੰਦਰ ਸਿੰਘ ਪੁੱਤਰ ਸ. ਅਜੈਬ ਸਿੰਘ ਵਾਸੀ 960, ਅਰਜਨ ਨਗਰ, ਬਸਤੀ ਮਿੱਠੂ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਵਾ ਉਸਦੀ ਪਤਨੀ ਸਨੇਹਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਆਪਣੇ ਲੜਕੇ ਲਵਪ੍ਰੀਤ ਸਿੰਘ ਵਾ ਉਸਦੀ ਪਤਨੀ ਸਨੇਹਾ ਵਾ ਇਨ੍ਹਾਂ ਦੇ ਵਾਰਸਾਨ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ ਮੋਹਨ ਸਿੰਘ ਪੁੱਤਰ ਸ਼ਮੀਰ ਸਿੰਘ ਵਾਸੀ ਪਿੰਡ ਫੱਤੇਵਾਲ ਵੱਡਾ ਤਹਿਸੀਲ ਅਜਨਾਲਾ ਜਿਲਾਂ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅਜਮੇਰ ਸਿੰਘ ਪੁੱਤਰ ਮੋਹਨ ਸਿੰਘ ਤੇ ਉਸਦੀ ਪਤਨੀ ਕਵਲਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਜਿਸ ਕਰਕੇ ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਜੇਕਰ ਮੇਰਾ ਪੁੱਤਰ ਅਜਮੇਰ ਸਿੰਘ ਜਾਂ ਉਸਦੀ ਪਤਨੀ ਕਵਲਜੀਤ ਕੌਰ ਸਮਾਜਿਕ ਜਾਂ ਆਰਥਿਕ ਤੌਰ ਤੇ ਕੋਈ ਮਾੜਾ ਕੰਮ ਕਰਦੇ ਹਨ ਜਾਂ ਕੋਈ ਅਪਰਾਧ ਕਰਦੇ ਹਨ ਤਾਂ ਇਸਦੇ ਜਿੰਮੇਵਾਰ ਖੁਦ ਹੋਣਗੇ ।ਅੱਜ ਤੋਂ ਬਾਅਦ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਤੇ ਮੇਰਾ ਜਾਂ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਨਾਲ ਕੋਈ ਤਲਕ ਵਾਸਤਾ ਨਹੀ ਹੈ ਤੇ ਨਾ ਹੀ ਇਹ ਦੋਨੋਂ ਮੇਰੀ ਜਮੀਨ ਜਾਇਦਾਦ ਦੇ ਹੱਕਦਾਰ ਹੋਣਗੇ। ਸਾਰੇ ਸਕੇ ਸੰਬੰਧੀ ਨੋਟ ਕਰਨ।

ਮੈਂ, ਤਰਸੇਮ ਚੰਦ ਪੁੱਤਰ ਹਰੀ ਰਾਮ, ਵਾਸੀ ਛਾਹੜ, ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ (ਪੰਜਾਬ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਤਰਨਵੀਰ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## PUBLIC NOTICE

It is brought to the notice of Public at large that M/s Pruthi Hospital along with Mr. Charnjit Singh Pruthi s/o Gurbax Singh r/o H No. 527-R Model Town, Jalandhar have applied for credit facilities from HDFC Bank Limited, Model Town Jalandhar Branch by creating equitable mortgage of Property H.No.527-R Which is situated at Model Town, Tehsil and District Jalandhar. Mr. Charnjit Singh Pruthi, borrower have stated to the HDFC Bank Limited that previous Sale deed No. 11359 dated 22/09/2007 and Sale deed No. 5300 dated 12/10/1970 is lost on 07/02/2026 and they have also got registered one DDR report regarding loss of said document on 13/02/2026 vide L R No. 683266/2026. It is further claimed by said borrowers that above mentioned documents are not involved in any dispute/litigation and charge and are stated to be not mortgaged with any Bank or Financial Institution. If anybody have any objection regarding this publication or the mortgage of above said property with HDFC Bank Limited, may respond within 15 Days to Mr. Manisha Mahajan working as Operation Head with HDFC Bank Limited Cool Road Jalandhar Branch at her mobile number 98880-16055 or may contact to Sh. Vikas Kumar Gupta, Advocate, Jalandhar for the HDFC Bank Limited at his mobile number 94631-82928. After expiry of stipulated period no claim would be entertained regarding any charge of any Bank or Financial Institution on Said Documents.

HDFC Bank Limited,
Cool Road Jalandhar

## COURT NOTICE

(U/o 5 Rule 20 CPC)
In the Court of
Dr. Rajwinder Kaur II
Civil Judge Junior Division - 1
Samana, Samana
CS/716/2023
CNR No. PBPTC0-001161-2023
Next Date:- 09-03-2026
State Bank of India
Vs. Gurdev Singh
Publication Issued To:
Kulwinder Kaur D/o Gurdev Singh S/o Kaka Singh, R/O H.No. 126, Village Mial Kalan, Kutbanpur, Tehsil Samana, Distt. Patiala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 09-03-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division-1
Samana, Samana
Dated, this day of 13-02-2026

## ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ (ਸੰਗਰੂਰ)

PH.No. 94636-77403, e-mail : gsss.cheema.sgr@gmail.com
ਪੱਤਰ ਨੰਬਰ. PMS-Expo1373/114ੳ ਮਿਤੀ :16/02/2026

**ਵਿਸ਼ਾ:- ਸ਼ੋਰਟ ਟੈਂਡਰ ਨੋਟਿਸ**

ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ (ਸੰਗਰੂਰ) ਦੇ 50ਵਿਦਿਆਰਥੀਆਂ ਅਤੇ ਦੋ ਅਧਿਆਪਕਾਂ ਦਾ ਐਕਸਪੋਜ਼ਰ ਵਿਜ਼ਿਟ ਲਈ ਟੂਰ ਜੈਪੁਰ ਵਿਖੇ ਲੈ ਕੇ ਜਾਣ ਦੀ ਪ੍ਰਵਾਨਗੀ ਮਿਲੀ ਹੈ। ਇਸ ਵਿੱਚ ਵਿਦਿਆਰਥੀਆਂ ਨੂੰ ਸਕੂਲ ਤੋਂ ਲੈ ਕੇ ਜੈਪੁਰ ਲਿਜਾਣ, ਉੱਥੇ ਵੱਖ-ਵੱਖ ਥਾਵਾਂ ਤੇ ਘੁਮਾਉਣ, ਦਿਖਾਉਣ, ਪੰਜ ਦਿਨਾਂ ਦੀ ਵਧੀਆ ਹੋਟਲਾਂ ਵਿੱਚ ਰਿਹਾਇਸ਼, ਚੰਗਾ ਖਾਣਾ, ਉੱਥੇ ਦੀਆਂ ਟੂਰਿਸਟ ਥਾਵਾਂ ਤੇ ਲੱਗਣ ਵਾਲੀਆਂ ਟਿਕਟਾਂ ਦਾ ਖਰਚਾ ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ ਤੇ ਖਰਚਾ ਸਮੇਤ ਜੀਐਸਟੀ ਸ਼ਾਮਿਲ ਹੈ। ਦਿਲਚਸਪੀ ਰੱਖਣ ਵਾਲੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ: 20/02/2026 ਨੂੰ ਸਵੇਰੇ 10:00 ਵਜੇ ਸਕੂਲ ਵਿੱਚ ਕੁਟੇਸ਼ਨਾਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਪ੍ਰਿੰਸੀਪਲ
ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ (ਸੰਗਰੂਰ)

## AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001,.**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025., **Registered Office:** 'Trishul', 3rd floor, opposite Samartheswar Temple, Law garden, Ellisbridge, Ahmadabad-380006.

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|---|---|
| 1. | (1) ਜਗਪਾਲ ਸਿੰਘ ਖੰਗੂੜਾ ਪੁੱਤਰ ਜੋਗਿੰਦਰ ਸਿੰਘ (2) ਸ੍ਰੀ ਜਸਬੀਰ ਸਿੰਘ ਪੁੱਤਰ ਜਗਪਾਲ ਸਿੰਘ (3) ਸ੍ਰੀ ਸਤਬੀਰ ਸਿੰਘ ਖੰਗੂੜਾ ਪੁੱਤਰ ਜਗਪਾਲ ਸਿੰਘ (4) ਸ੍ਰੀਮਤੀ ਗੁਰਦਿਆਲ ਕੌਰ ਪਤਨੀ ਜਗਪਾਲ ਸਿੰਘ | 27 ਮਈ 2025 | 11 ਨਵੰਬਰ 25 | 11 ਫਰਵਰੀ 2026 | ਰੁਪਏ 1,42,00,000/- (ਇੱਕ ਕਰੋੜ ਬਤਾਲੀ ਲੱਖ ਰੁਪਏ ਕੇਵਲ) |

**ਰਹਿਣ ਕੀਤੀ ਜਾਇਦਾਦ ਦਾ ਵੇਰਵਾ**

30/06/2000 ਨੂੰ ਲਾਗੂ ਅਤੇ ਰਜਿਸਟਰਡ ਬੈਨਾਮਾ ਵਸੀਕਾ ਨੰ. 5044, 27/06/2000 ਨੂੰ ਲਾਗੂ ਅਤੇ 28/06/2000 ਨੂੰ ਰਜਿਸਟਰਡ ਬੈਨਾਮਾ ਵਸੀਕਾ ਨੰ. 4862 ਅਤੇ 26/06/2000 ਨੂੰ ਲਾਗੂ ਅਤੇ ਰਜਿਸਟਰਡ ਬੈਨਾਮਾ ਵਸੀਕਾ ਨੰ. 4716 ਅਨੁਸਾਰ ਗੁਰਦਿਆਲ ਕੌਰ ਖੰਗੂੜਾ, ਸਤਬੀਰ ਸਿੰਘ ਖੰਗੂੜਾ, ਜਸਬੀਰ ਸਿੰਘ ਖੰਗੂੜਾ, ਜਗਪਾਲ ਸਿੰਘ ਖੰਗੂੜਾ ਦੇ ਨਾਂਅ ਰਿਹਾਇਸ਼ੀ-ਕਮ-ਵਪਾਰਕ ਜਾਇਦਾਦ, ਐੱਮ ਸੀ ਨੰ. **B-XX-2688**, ਰਕਬਾ 518-1/2 ਵਰਗ ਗਜ਼, ਖਸਰਾ ਨੰ. 333/2, ਖੱਤਾ ਨੰ. 2605/2862, ਜਮ੍ਹਾਂਬੰਦੀ-ਸਾਲ 1995-96, ਤਰਫ ਕਾਰਾਬਾਰਾ ਵਿਖੇ ਸਥਿਤ, ਗੁਰਦੇਵ ਨਗਰ ਵਜੋਂ ਜਾਣੀ ਜਾਂਦੀ ਜਗ੍ਹਾ, ਹੋਟਲ ਪਾਰਕ ਪਲਾਜ਼ਾ ਦੇ ਪਿਛਲੇ ਪਾਸੇ, ਪੱਖੋਵਾਲ ਰੋਡ, ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ:- ਪੂਰਬ : ਸੜਕ 30' ਚੌੜੀ, 32'-6'', ਪੱਛਮ: ਨੈਸ਼ਨਲ ਟੇਪ ਫੈਕਟਰੀ-65', ਉੱਤਰ : ਸ਼ਿੰਗਾਰਾ ਸਿੰਘ 94'-6'', ਦੱਖਣ : ਸੜਕ 116'

ਮਿਤੀ : 17.02.2026
ਸਥਾਨ : ਪੰਜਾਬ
ਸਹੀ/- (ਅਧਿਕਾਰਤ ਅਫਸਰ)
ਐਕਸਿਸ ਬੈਂਕ ਲਿਮਟਿਡ

## YES BANK

ਰਜਿਸਟਰਡ ਐਂਡ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055 ਇੰਡੀਆ. ਵੈੱਬਸਾਈਟ : www.yesbank.in
ਈਮੇਲ : communications@yesbank.in ਸੀ ਆਈ ਐੱਨ : L65190MH2003PLC143249

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ) ਗਰੰਟਰ/(ਗਰੰਟਰਾਂ)/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ... ਕਰਜ਼ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ... ਸਕਿਓਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13(2) ਅਤੇ ਸਕਿਓਰਿਟੀਜੇਸ਼ਨ ਐਂਡ ... [illegible]

| ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰਾਂ ਦਾ ਨਾਂਅ/ ਖਾਤਾ ਨੰ./ਕਰਜ਼ੇ ਦੀ ਰਕਮ | ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ | ਐੱਨ ਪੀ ਏ ਦੀ ਮਿਤੀ/ਨੋਟਿਸ ਦੀ ਮਿਤੀ/ 13(2) ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|
| (1) ਮੈਸ: ... ਮਿਸ਼ਰਾ ... ਤਾਜਪੁਰ ... ਗੀਤਾ ... 1339 ... ਲੁਧਿਆਣਾ ... ਰਾਮ ਮਿਸ਼ਰਾ ... ਕਾਲੋਨੀ ... ਖਾਤਾ ਨੰ: 039088900000867 ... ਕਰਜ਼ੇ ਦੀ ਰਕਮ ... [illegible] | [illegible] | 29 ਦਸੰਬਰ 2025<br>30 ਜਨਵਰੀ 2026<br>03/02/2026 ਨੂੰ ਕੁਲਵਕਤ ਰੁਪਏ 13,25,524 (ਤੇਰਾਂ ਲੱਖ ਪੱਚੀ ਹਜ਼ਾਰ ਪੰਜ ਸੌ ਚੱਵੀ ਰੁਪਏ ਕੇਵਲ) |

ਉਪਰੋਕਤ ... [illegible]

ਮਿਤੀ : 17.02.2026 ਸਥਾਨ : ਲੁਧਿਆਣਾ
ਸਹੀ/- (ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ

## COURT NOTICE

(U/o 5 Rule 20 CPC)
In the Court of Ms. Khyati Goyal
Civil Judge Jr. Divn.-2, Amloh (P)
CS/542/2024
CNR No. PBFGA0-000775-2024
Next Date:- 12-03-2026
ANJALI Vs. VINOD KUMAR
Publication Issued To:

2. Vijay Kumar Son of Shanker Dass S/o Mehar Chand 3. Sham Kumar Son of Shanker Dass S/o Mehar Chand 4. Naresh Kumar Son of Shanker Dass S/o Mehar Chand, 5. Sham Lal Son of Chabil Dass S/o Parsu Ram, 6. Vikram Kumar Son of Om Parkash S/o Banarasi Dass, 7. Harwinder Kaur W/o Late Charanjit Singh, 8. Babaljit Kaur D/o Charanjit Singh, 9. Sumandeep Kaur D/o Charanjit Singh, 10. Jaswinder Singh S/o Charanjit Singh, 11. Amanjit Singh S/o Charanjit Singh,

All R/O Sector 19-B, Mandi Gobindgarh, Tehsil Amloh, Distt. FGS

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 12-03-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Jr. Divn. -2 Amloh (P)
Dated, this day of 16-02-2026

## COURT NOTICE

(U/o 5 Rule 20 CPC)
In The Court of
Sh. Amandeep Singh
Civil Judge (Senior Division)
Tarn Taran
Next Date, Purpose of Case, Orders and Judgments as well as other case, information is available on http://districts.ecourts.gov.in
CNR No. PBTT02-000683-2025
Next Date : 13.03.2026
Union Bank of India
Vs Kuldeep Singh
Publication Issued To:
Kuldeep Singh
Father : Balwant Singh
R/o Village Bagriyan,Tehsil and District Tarn Taran

In above titled case, the defendant(s)/ respondent (s) could not be served. It is ordered that defendant(s)/ respondant (s) should appear in person or through counsel on 13.03.2026 at 10:00 A.M.

For details logon to https://highcourtchd.gov.in/?trs=district_notice &district=Tarn Taran

Civil Judge (Senior Division)
Tarn Taran
Dated this day of 10-02-2026

## COURT NOTICE

(U/o 5 Rule 20 CPC)
In the Court of
Sh. Barinder Singh Ramana
Additional District and Sessions
Judge, Ludhiana
CNR No. PBLD01-026797-2024
Next Date :- 09-04-2026
Manjit Singh
Vs.
Amarjit Singh
Publication Issued to :
Dogar Singh
Father Son of Bishan Singh Son of Shobha, Resident of Machhiwara, Tehsil Samrala, Distt. Ldh.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 09-04-2026 at 10:00 a.m.

For details logon to https://highcourtchd.gov.in/?mod=district_notice&district=moga-court

Additional District and Sessions Judge, Ludhiana
Dated this day of 09-02-2026

17-Feb-PAGE--8.qxd 2/16/2026 10:58 PM Page 1



# ਆਬਕਾਰੀ ਵਿਭਾਗ ਵੱਲੋਂ 62 ਲੀਟਰ ਤੋਂ ਵੱਧ ਨਾਜਾਇਜ਼ ਸ਼ਰਾਬ ਬਰਾਮਦ, 2 ਗ੍ਰਿਫ਼ਤਾਰ



**ਜਲੰਧਰ (ਸ਼ੈਲੀ ਐਲਬਰਟ)**

ਡਿਪਟੀ ਕਮਿਸ਼ਨਰ (ਆਬਕਾਰੀ) ਐੱਸ ਕੇ ਗਰਗ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਆਬਕਾਰੀ ਵਿਭਾਗ ਵੱਲੋਂ ਜਲੰਧਰ ਵਿੱਚ ਦੋ ਛਾਪੇਮਾਰੀਆਂ ਦੌਰਾਨ ਵੱਡੀ ਮਾਤਰਾ ਵਿੱਚ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਅਤੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਕਾਰਵਾਈ ਸਹਾਇਕ ਕਮਿਸ਼ਨਰ (ਆਬਕਾਰੀ), ਜਲੰਧਰ ਰੇਂਜ-2, ਨਵਜੀਤ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ।ਪਹਿਲੀ ਛਾਪੇਮਾਰੀ ਦੌਰਾਨ ਆਬਕਾਰੀ ਅਧਿਕਾਰੀ ਜਸਪ੍ਰੀਤ ਸਿੰਘ, ਸਰਕਲ ਬਸਤੀ ਬਾਵਾ ਖੇਲ ਦੇ ਆਬਕਾਰੀ ਇੰਸਪੈਕਟਰ ਮਨਜੀਤ ਸਿੰਘ ਢੀਂਡਸਾ ਦੀ ਟੀਮ ਵੱਲੋਂ ਆਬਕਾਰੀ ਪੁਲਿਸ ਦੇ ਨਾਲ ਸੂਚਨਾ ਦੇ ਆਧਾਰ 'ਤੇ ਕਪੂਰਥਲਾ ਰੋਡ, ਬਸਤੀ ਬਾਵਾ ਖੇਲ ਦੇ ਰਾਜ ਨਗਰ ਵਿੱਚ ਇੱਕ ਜੂਸ ਕਾਰਨਰ ਦੇ ਪਿਛਲੇ ਪਾਸੇ ਸਥਿਤ ਇੱਕ ਦੁਕਾਨ ਦੇ ਬੇਸਮੈਂਟ ਵਿੱਚ ਤਲਾਸ਼ੀ ਲਈ ਗਈ। ਚੈਕਿੰਗ ਦੌਰਾਨ, 230 ਨਿਪਸ (41.4 ਲੀਟਰ) 'ਪੰਜਾਬ ਕਿੰਗ' ਸ਼ਰਾਬ ਬਰਾਮਦ ਕੀਤੀ ਗਈ। ਮੁਲਜ਼ਮ ਬਲਦੀਪ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਬਸਤੀ ਬਾਵਾ ਖੇਲ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਐੱਫ ਆਈ ਆਰ ਥਾਣਾ ਬਸਤੀ ਬਾਵਾ ਖੇਲ ਵਿਖੇ ਦਰਜ ਕੀਤੀ ਗਈ ਹੈ।ਇੱਕ ਹੋਰ ਕਾਰਵਾਈ ਵਿੱਚ ਆਬਕਾਰੀ ਸਰਕਲ ਜਲੰਧਰ ਉੱਤਰੀ ਦੇ ਆਬਕਾਰੀ ਇੰਸਪੈਕਟਰ ਸੋਮੰਤ ਮਾਹੀ ਵੱਲੋਂ ਪੁਲਸ ਸਟੇਸ਼ਨ ਮਕਸੂਦਾਂ ਦੀ ਸਥਾਨਕ ਪੁਲਿਸ ਦੇ ਨਾਲ ਪਿੰਡ ਕਾਨਪੁਰ ਵਿੱਚ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਟੀਮ ਨੇ 57 ਪਿੰਟਸ (21.375 ਲੀਟਰ) 'ਪੰਜਾਬ ਕਿੰਗ' ਸ਼ਰਾਬ ਬਰਾਮਦ ਕੀਤੀ। ਮੁਲਜ਼ਮ ਗੋਪੀ ਭਗਤ, ਪੱਛਮੀ ਮਨੋਹਰਪੁਰ, ਮਧੇਪੁਰਾ (ਬਿਹਾਰ) ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਪੁਲਿਸ ਸਟੇਸ਼ਨ ਮਕਸੂਦਾਂ ਵਿਖੇ ਐਫ.ਆਈ.ਆਰ. ਦਰਜ ਕੀਤੀ ਗਈ।ਸਹਾਇਕ ਕਮਿਸ਼ਨਰ ਨਵਜੀਤ ਸਿੰਘ ਨੇ ਦੁਹਰਾਇਆ ਕਿ ਗੈਰ-ਕਾਨੂੰਨੀ ਸ਼ਰਾਬ ਦੇ ਕਾਰੋਬਾਰ ਵਿਰੁੱਧ ਆਉਣ ਵਾਲੇ ਦਿਨਾਂ ਵਿੱਚ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ।

# ਸ਼ਿਵਰਾਤਰੀ ਮੌਕੇ ਚਾਹ-ਪਕੌੜਿਆਂ ਦਾ ਲੰਗਰ ਲਗਾਇਆ



**ਸੁਲਤਾਨਪੁਰ ਲੋਧੀ, (ਹਨੀ)**-ਮਹਾਂ ਸ਼ਿਵਰਾਤਰੀ ਮੌਕੇ ਸਿੰਘ ਭਵਾਨੀ ਮੰਦਰ ਚੌਕ 'ਚ ਦੁਕਾਨਦਾਰਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਚਾਹ ਤੇ ਪਕੌੜਿਆਂ ਦੇ ਅਟੁੱਟ ਲੰਗਰ ਲਗਾਏ ਗਏ। ਲੰਗਰ ਦੀ ਆਰੰਭਤਾ ਤੋਂ ਪਹਿਲਾਂ ਭਗਵਾਨ ਸ਼ਿਵ ਪਰਵਾਰ ਨੂੰ ਭੋਗ ਲਗਾਏ ਗਏ ਤੇ ਪੰਡਤਾਂ ਨੂੰ ਲੰਗਰ ਛਕਾਇਆ ਗਿਆ। ਉਪਰੰਤ ਸੇਵਾਦਾਰਾਂ ਵੱਲੋਂ ਸੰਗਤਾਂ ਨੂੰ ਚਾਹ ਤੇ ਪਕੌੜਿਆਂ ਦੇ ਲੰਗਰ ਛਕਾਏ ਗਏ। ਇਸ ਮੌਕੇ ਸੇਵਾ ਕਰਨ ਵਾਲਿਆਂ ਵਿੱਚ ਰਾਣਾ ਲਾਹੌਰੀਆ, ਅੰਕਿਤ ਮਰਵਾਹਾ, ਅਨੁਰਾਗ ਮਰਵਾਹਾ, ਪਵਨ ਹਨੀ, ਰਮੇਸ਼ ਕੁਮਾਰ, ਨਵਦੀਪ ਠਾਕੁਰ, ਰੋਬਿਨ ਲਹੌਰੀਆ, ਰੋਹਿਨ ਲਾਹੌਰੀਆ, ਪਵਨ ਕੁਮਾਰ, ਗੱਗੀ, ਰੋਹਨ, ਲੱਖਾ, ਮਲਕੀਤ ਸਿੰਘ, ਸੁਮਿਤ ਚਾਵਲਾ, ਅਮਨ ਮਰਵਾਹਾ, ਡਾ. ਦਲਜੀਤ ਸਿੰਘ ਢੋਟ, ਦਿਨਕਰ ਨਈਅਰ, ਬਾਵਾ ਸੇਠੀ, ਗੋਲਡੀ, ਸਾਬਕਾ ਸਰਪੰਚ ਹਰਦੇਵ ਸਿੰਘ ਨਸੀਰਪੁਰ, ਮੋਨੂੰ ਬੇਕਰੀ ਵਾਲੇ ਆਦਿ ਵੀ ਸ਼ਾਮਲ ਸਨ।

# ਸ਼ਾਨਦਾਰ ਕੰਮ ਕਰਨ ਵਾਲੇ 10 ਸੇਵਾਕਰਮੀ ਸਨਮਾਨਤ



**ਬੰਗਾ (ਅਵਤਾਰ ਕਲੇਰ)**

ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੀ ਵੱਖ ਵੱਖ ਸੰਸਥਾਵਾਂ ਵਿਚ ਸ਼ਾਨਦਾਰ ਕੰਮ ਕਰਨ ਵਾਲੇ 10 ਸੇਵਾਕਰਮੀਆਂ ਨੂੰ ਸਾਲਾਨਾ ਸੇਵਾ ਉੱਤਮਤਾ ਐਵਾਰਡ 2025-26 ਨਾਲ ਸਨਮਾਨਤ ਕੀਤਾ ਗਿਆ। ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦੇ ਵਿਹੜੇ ਵਿਚ ਹੋਏ ਇਸ ਸਮਾਗਮ ਵਿਚ ਪ੍ਰੇਮ ਪ੍ਰਕਾਸ਼ ਸਿੰਘ (ਸੀਨੀਅਰ ਅਕਾਊਟੈਂਟ), ਸਰਬਜੀਤ ਕੌਰ (ਕੰਪਿਊਟਰ ਅਧਿਆਪਕ), ਸੋਨੀਆ ਸਿੰਘ (ਇੰਚਾਰਜ ਆਈ.ਸੀ.ਯੂ.), ਡਾ. ਦੀਪਕ ਦੁੱਗਲ (ਐਨਸਥੀਸੀਆ ਮਾਹਿਰ), ਜਗਦੀਸ਼ ਕੌਰ (ਸਫਾਈ ਸੇਵਕ), ਰਾਮ ਦੇਵ (ਮਾਲੀ), ਮਨੀਸ਼ਾ (ਸਾਂਇਸ ਅਧਿਆਪਕਾ), ਹਰਦੀਪ ਪਾਲ (ਸੁਰੱਖਿਆ ਗਾਰਡ), ਮਨਜੀਤ ਸਿੰਘ (ਇੰਚਾਰਜ ਬਲੱਡ ਸੈਂਟਰ) ਅਤੇ ਹਰਜੀਤ ਸਿੰਘ (ਸਕੂਲ ਬੱਸ ਡਰਾਈਵਰ) ਦਾ ਸਨਮਾਨ ਹੋਇਆ। ਇਹਨਾਂ ਸੇਵਾਕਰਮੀਆਂ ਨੂੰ ਸਨਮਾਨ ਵਿਚ ਪ੍ਰਸ਼ੰਸਾ ਪੱਤਰ, ਕੀਮਤੀ ਗੁੱਟ ਘੜੀ ਭੇਟ ਕਰਕੇ ਅਤੇ ਕਾਲਰ ਪਿੰਨ ਲਗਾ ਕੇ ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਅਤੇ ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਸਾਧੜਾ ਨੇ ਆਪਣੇ ਕਰ ਕਮਲਾਂ ਸਨਮਾਨਿਤ ਕੀਤਾ।ਇਸ ਮੌਕੇ ਸਾਲ 1983 ਤੋਂ ਨਿਰੰਤਰ ਸੇਵਾਵਾਂ ਕਰਨ ਹਿੱਤ ਟਰੱਸਟ ਮੈਂਬਰ ਨਰਿੰਦਰ ਸਿੰਘ ਸ਼ੇਰਗਿੱਲ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਨੇ ਕਿਹਾ ਕਿ ਸੰਸਥਾਵਾਂ ਦੀ ਕਾਮਯਾਬੀ ਵਿੱਚ ਇਹਨਾਂ ਸਨਮਾਨਤ ਸੇਵਾਕਰਮੀਆਂ ਤੇ ਟਰੱਸਟ ਮੈਂਬਰਾਂ ਦਾ ਵਿਸ਼ੇਸ਼ ਯੋਗਦਾਨ ਹੈ। ਟਰੱਸਟ ਦੇ ਮੀਤ ਪ੍ਰਧਾਨ ਬਰਜਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਵੱਲੋਂ ਸਨਮਾਨਤ ਸੇਵਾਕਰਮੀਆਂ ਨੂੰ ਵਧਾਈਆਂ ਦਿੰਦੇ ਹੋਏ ਸੰਸਥਾਵਾਂ ਨੂੰ ਬੁਲੰਦੀਆਂ 'ਤੇ ਪੁੰਹਚਾਉਣ ਲਈ ਉਹਨਾਂ ਵੱਲੋਂ ਦਿੱਤੀਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ। ਰਮਨਦੀਪ ਕੌਰ ਪ੍ਰਿੰਸੀਪਲ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਬਾਖੂਬੀ ਨਿਭਾਈ।ਸਮਾਗਮ ਵਿਚ ਗੁਰੂ ਨਾਨਕ ਕਾਲਜ ਆਫ ਨਰਸਿੰਗ ਤੇ ਗੁਰੂ ਨਾਨਕ ਪੈਰਾਮੈਡੀਕਲ ਕਾਲਜ ਦੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਸਰੋਤਿਆਂ ਦਾ ਮਨ ਮੋਹ ਲਿਆ। ਇਸ ਮੌਕੇ ਜਗਜੀਤ ਸਿੰਘ ਸੋਢੀ, ਮਲਕੀਅਤ ਸਿੰਘ ਬਾਹੜੋਵਾਲ, ਸੀਤਲ ਸਿੰਘ ਸਿੱਧੂ, ਨਰਿੰਦਰ ਸਿੰਘ ਸ਼ੇਰਗਿੱਲ, ਹਰਿੰਦਰ ਕੌਰ ਕੈਨੇਡਾ, ਮਨਵੀਰ ਕੌਰ ਕੈਨੇਡਾ, ਪ੍ਰੋ. ਹਰਬੰਸ ਸਿੰਘ ਬੋਲੀਨਾਂ, ਵਰਿੰਦਰ ਸਿੰਘ ਬਰਾੜ ਐਚ ਆਰ ਐਡਮਿਨ, ਡਾ. ਜਸਦੀਪ ਸਿੰਘ ਸੈਣੀ, ਮਹਿੰਦਰਪਾਲ ਸਿੰਘ, ਵਨੀਤਾ ਚੋਟ ਪ੍ਰਿੰਸੀਪਲ, ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ ਤੋਂ ਇਲਾਵਾ ਸਮੂਹ ਸਟਾਫ ਅਤੇ ਨਰਸਿੰਗ ਤੇ ਪੈਰਾ ਮੈਡੀਕਲ ਵਿਦਿਆਰਥੀ ਵੀ ਹਾਜ਼ਰ ਸਨ।

# ਪੰਚਾਇਤ ਨੂੰ ਖੇਡਾਂ ਦੇ ਸਾਮਾਨ ਤੇ ਓਪਨ ਜਿੰਮ ਲਈ 1 ਲੱਖ ਦਾ ਚੈੱਕ ਦਿੱਤਾ

**ਪੋਜੇਵਾਲ (ਰਾਮ ਲਾਲ)**

ਆਮ ਆਦਮੀ ਪਾਰਟੀ ਦੇ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਅੱਜ ਪਿੰਡ ਰਾਮ ਨਗਰ ਦੀ ਪੰਚਾਇਤ ਨੂੰ ਖੇਡਾਂ ਦੇ ਸਮਾਨ ਅਤੇ ਓਪਨ ਜਿਮ ਲਈ 1 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ। ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਉਹਨਾਂ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਵੱਲੋਂ ਉਹਨਾਂ ਨਾਲ ਮਿਲ ਕੇ ਪਿੰਡ ਦੇ ਨੌਜਵਾਨ ਬੱਚਿਆਂ ਲਈ ਜਿਮ ਤੇ ਖੇਡਾਂ ਦੇ ਸਮਾਨ ਦੇ ਲਈ ਗਰਾਂਟ ਦੀ ਮੰਗ ਕੀਤੀ ਸੀ। ਇਸ ਮੰਗ ਨੂੰ ਮੁੱਖ ਰੱਖਦਿਆਂ ਹੋਇਆਂ ਉਹਨਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਦੀ ਪੰਚਾਇਤ ਨੂੰ ਇਕ ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਇਸ ਮੌਕੇ ਤੇ ਉਹਨਾਂ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਹਰ ਸੰਭਵ ਯਤਨ ਕਰਨ ਤੇ ਲੱਗੀ ਹੋਈ ਹੈ ਉੱਥੇ ਹੀ ਸਰਕਾਰ ਵੱਲੋਂ ਪਿੰਡ ਦੀਆਂ ਪੰਚਾਇਤਾਂ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ ਖੁੱਲੇ ਗੱਫੇ ਦਿੱਤੇ ਜਾ ਰਹੇ ਹਨ। ਸਤਨਾਮ ਜਲਾਲਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੀ ਸੱਤਾ ਵਿੱਚ ਆਉਣ ਤੋਂ ਪਹਿਲੇ ਦਿਨ ਤੋਂ ਹੀ ਪੰਜਾਬ ਦੀ ਵਿਕਾਸ ਲਈ ਵਚਨ ਵੱਧ ਹੈ। ਪਿੰਡ ਦੀ ਪੰਚਾਇਤ ਵੱਲੋਂ ਸਤਨਾਮ ਜਲਾਲਪੁਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸਰਪੰਚ ਪਰਮਜੀਤ ਕੌਰ, ਰੇਨੂੰ ਪੰਚ, ਚਰਨਜੀਤ ਕੌਰ ਪੰਚ ,ਵਿੰਦਰ ਕੌਰ ਪੰਚ, ਮਨਜੀਤ ਕੌਰ ਪੰਚ ,ਗੁਰਪ੍ਰੀਤ ਕੌਰ ਪੰਚ, ਕਿਰਨਦੀਪ ਕੌਰ ਪੰਚ ,ਬਲਵੀਰ ਮਾਣੇਵਾਲ ਤਹਿਸੀਲ ਪ੍ਰਧਾਨ,ਕਿਸਾਨ ਨੇਤਾ ਨਿਰਮਲ ਸਿੰਘ ਔਜਲਾ, ਮਨਦੀਪ ਕੁਮਾਰ, ਬਲਦੇਵ ਸਿੰਘ,ਰਘਵੀਰ ਸਿੰਘ ,ਜੋਗੀ ,ਬਲਬੀਰ ਸਿੰਘ, ਓਂਕਾਰ ਸਿੰਘ, ਜੀਤ ਰਾਮ, ਸਤਪਾਲ ਸਿੰਘ ਮੌਜੂਦ ਸਨ।



# ਬ੍ਰਹਮਲੀਨ ਸੰਤ ਸਰਵਣ ਦਾਸ ਦਾ ਜਨਮ ਦਿਹਾੜਾ ਮਨਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਡੇਰਾ ਸੱਚਖੰਡ ਬੱਲਾਂ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਅਤੇ ਬ੍ਰਹਮਲੀਨ ਸੰਤ ਸਰਵਣ ਦਾਸ ਮਹਾਰਾਜ ਜੀ ਦਾ ਜਨਮ ਦਿਹਾੜਾ ਡੇਰੇ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ ਵਾਰਾਣਸੀ (ਯੂ ਪੀ) ਦੀ ਰਹਿਨੁਮਾਈ ਹੇਠ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਕਰਵਾਏ ਗਏ ਅਰਦਾਸ ਉਪਰੰਤ ਕੀਰਤਨ ਦੀਵਾਨ ਸਜਾਏ ਗਏ। ਇਸ ਮੌਕੇ ਤੇ ਸੰਤ ਨਿਰੰਜਨ ਦਾਸ ਮਹਾਰਾਜ ਜੀ ਨੇ ਸੰਗਤਾਂ ਨੂੰ ਸੰਤ ਸਰਵਣ ਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਦੀ ਮੁਬਾਰਕਬਾਦ ਦਿੰਦੇ ਹੋਏ ਸੰਗਤਾਂ ਨੂੰ ਪ੍ਰਭੂ-ਭਗਤੀ, ਸੰਤਾਂ ਦੀ ਸੰਗਤ, ਸਭ ਧਰਮਾਂ ਦਾ ਸਤਿਕਾਰ ਕਰਨ ਤੇ ਜਗਤ ਗੁਰੂ ਸਤਿਗੁਰੂ ਰਵਿਦਾਸ ਜੀ ਦੇ ਉਪਦੇਸ਼ਾਂ ਤੇ ਚੱਲਣ ਦਾ ਸੰਦੇਸ਼ ਦਿੱਤਾ। ਉਹਨਾਂ ਕਿਹਾ ਕਿ ਸਤਿਗੁਰੂ ਰਵਿਦਾਸ ਜਨਮ ਅਸਥਾਨ ਸੀਰਗੋਵਰਧਨਪੁਰ ਵਾਰਾਨਸੀ ਦੀ ਖੋਜ ਤੇ ਨਿਰਮਾਣ ਕਾਰਜਾਂ ਅਤੇ ਸਤਿਗੁਰੂ ਰਵਿਦਾਸ ਜੀ ਦੇ ਮਿਸ਼ਨ ਪ੍ਰਚਾਰ ਪ੍ਰਸਾਰ ਹਿਤ ਨਿਭਾਈਆਂ ਗਈਆਂ ਸੇਵਾਵਾਂ ਕਰਕੇ ਬ੍ਰਹਮਲੀਨ ਸੰਤ ਸਰਵਣ ਦਾਸ ਜੀ ਡੇਰਾ ਸੱਚਖੰਡ ਬੱਲਾਂ ਵਾਲਿਆਂ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਿਆ ਜਾਵੇਗਾ। ਇਸ ਮੌਕੇ 'ਤੇ ਵੱਖ-ਵੱਖ ਡੇਰਿਆਂ ਤੋਂ ਆਏ ਸੰਤ ਮਹਾਂਪੁਰਸ਼ਾਂ ਤੋਂ ਇਲਾਵਾ ਕੀਰਤਨੀ ਜੱਥਿਆਂ, ਮਿਸ਼ਨਰੀ ਗਾਇਕ ਕਲਾਕਾਰਾਂ ਤੇ ਰਾਜ ਗਾਇਕ ਹੰਸ ਰਾਜ ਹੰਸ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਅਤੇ ਸੰਤ ਸਰਵਣ ਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਇਸ ਮੌਕੇ ਤੇ ਸੰਤ ਲੇਖ ਰਾਜ ਨੂਰਪੁਰ, ਸੰਤ ਪ੍ਰਦੀਪ ਦਾਸ ਕੁਪੁਰ ਢੇਪੁਰ, ਸੰਤ ਹਰਚਰਨ ਦਾਸ ਰਾਮ ਚੌਰਾਸੀ, ਸੰਤ ਪਰਗਮ ਦਾਸ ਕਠਾਰ, ਸੰਤ ਬਾਬਾ ਧਰਮਪਾਲ, ਸੰਤ ਅਸ਼ੋਕ ਚੱਕਰਵਰਤੀ, ਸੇਵਾ ਮੁਕਤ ਐਸਐਸਪੀ ਤੇ ਸੀਨੀਅਰ ਕਾਂਗਰਸੀ ਆਗੂ ਰਜਿੰਦਰ ਸਿੰਘ, ਸਾਬਕਾ ਸਰਪੰਚ ਪ੍ਰਦੀਪ ਕੁਮਾਰ ਦੀਪਾ ਬੱਲਾਂ, ਸੇਵਾਦਾਰ ਕਰਨੈਲ ਦਾਸ, ਦਵਿੰਦਰ ਦਾਸ, ਵਰਿੰਦਰ ਦਾਸ ਬੱਬੂ, ਗਿਆਨੀ ਹਰਮੇਸ਼ ਦਾਸ, ਜੇਠ ਇਕਬਾਲ ਫਗਵਾੜਾ, ਬੀਪੀਈਓ ਬੀ. ਕੇ. ਮਹਿਮੀ, ਮੈਨੇਜਰ ਧਰਮਪਾਲ ਸਿਮਕ, ਪਰਮਿੰਦਰ ਟਾਂਡਾ, ਡਾ. ਬਲਵੀਰ ਮੰਨਣ, ਗਿਆਨੀ ਕੁਲਵੰਤ ਕਜਲਾ, ਸੰਨੀ ਜੱਸਲ ਪੰਜਾਬ ਪ੍ਰਧਾਨ ਭੀਮ ਆਰਮੀ, ਕਮਲਜੀਤ ਸਿੰਘ ਜੰਡੂ ਸਿੰਘਾ, ਸੇਵਾ ਮੁਕਤ ਸਬ ਇੰਸਪੈਕਟਰ ਜਗਦੀਸ਼ ਲਾਲ, ਅਮਨਦੀਪ ਸਿੰਘ ਹੀਰ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਮੁੱਚੇ ਸਮਾਗਮ ਦੌਰਾਨ ਮੰਚ ਸੰਚਾਲਨ ਦੀਆਂ ਸੇਵਾਵਾਂ ਗਿਆਨੀ ਕੁਲਵੰਤ ਕਜਲਾ ਵੱਲੋਂ ਬਾਖੂਬੀ ਨਿਭਾਈਆਂ।



## ਐੱਨ ਸੀ ਸੀ ਕੈਡੇਟ ਅਨੁਰਾਧਾ ਸਨਮਾਨਤ

**ਮੋਹਾਲੀ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਯੂਨੀਵਰਸਿਟੀ ਨੇ ਆਪਣੀ ਐੱਨ ਸੀ ਸੀ ਕੈਡਿਟ, ਸੀਨੀਅਰ ਅੰਡਰ ਅਫਸਰ (ਐੱਸ ਯੂ ਓ) ਅਨੁਰਾਧਾ ਦਾ ਸਨਮਾਨ ਕਰਨ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ, ਜਿਸ ਨੂੰ ਗਣਤੰਤਰ ਦਿਵਸ ਪਰੇਡ 2026 ਦੌਰਾਨ ਉਨ੍ਹਾਂ ਦੀ ਸ਼ਾਨਦਾਰ ਸੇਵਾ ਤੇ ਸ਼ਾਨਦਾਰ ਪ੍ਰਦਰਸ਼ਨ ਲਈ ਨਵੀਂ ਦਿੱਲੀ ਵਿੱਚ ਲੈਫਟੀਨੈਂਟ ਜਨਰਲ ਵਰਿੰਦਰਾ ਵਤਸ, ਵੀਐਸਐਮ, ਵਾਈਐਸਐਮ, ਐਸਐਮ ਦੁਆਰਾ ਵੱਕਾਰੀ ਡਾਇਰੈਕਟਰ ਜਨਰਲ ਐਨਸੀਸੀ ਪ੍ਰਸ਼ੰਸਾ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਸੀ। ਉਸਦੀ ਇਸ ਪ੍ਰਾਪਤੀ ਨੇ ਯੂਨੀਵਰਸਿਟੀ ਦਾ ਮਾਣ ਵਧਾਇਆ ਹੈ। ਅਨੁਰਾਧਾ ਨੂੰ ਯੂਨੀਵਰਸਿਟੀ ਵਲੋਂ ਰੋਲ ਓਫ ਹੋਨੇਰ ਅਤੇ ਬੈਜ ਪ੍ਰਦੀਜ ਨਾਲ ਸਨਮਾਨਤ ਕੀਤਾ ਗਿਆ।

## ਸ਼ਿਵਰਾਤਰੀ ਮੌਕੇ ਖ਼ੂਨਦਾਨ ਕੈਂਪ ਲਗਾਇਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਮੋਹਾਲੀ ਜ਼ਿਲ੍ਹੇ ਦੇ ਪਿੰਡ ਸ਼ਿਆਮਪੁਰ ਵਿਖੇ ਨੌਜਵਾਨਾਂ ਵੱਲੋਂ ਲਗਾਏ ਖੂਨਦਾਨ ਕੈਂਪ ਵਿੱਚ ਸ਼ਿਰਕਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਖੂਨਦਾਨੀਆਂ ਦਾ ਹੌਸਲਾ ਵਧਾਇਆ ਅਤੇ ਕਿਹਾ ਕਿ ਖੂਨਦਾਨ ਦੁਨੀਆਂ ਦਾ ਸਭ ਤੋਂ ਉੱਤਮ ਦਾਨ ਹੈ। ਇਹ ਅਜਿਹਾ ਦਾਨ ਹੈ, ਜਿਸ ਨਾਲ ਕਿਸੇ ਵੀ ਵਿਅਕਤੀ ਦੀ ਜਾਨ ਬਚਾਈ ਜਾ ਸਕਦੀ ਹੈ।ਵਿਧਾਇਕ ਨੇ ਦੱਸਿਆ ਕਿ ਇਹ ਖੂਨਦਾਨ ਕੈਂਪ ਸਰਪੰਚ ਗੁਰਮੁਖ ਸਿੰਘ ਦੇ ਯਤਨਾਂ ਸਦਕਾ ਆਯੋਜਿਤ ਕੀਤਾ ਗਿਆ ਹੈ। ਉਨ੍ਹਾਂ ਸਰਪੰਚ ਅਤੇ ਉਨ੍ਹਾਂ ਦੀ ਸਮੂਹ ਟੀਮ ਨੂੰ ਇਸ ਸਮਾਜ ਸੇਵਾ ਲਈ ਮੁਬਾਰਕਬਾਦ ਦਿੱਤੀ ਅਤੇ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਸਰਪੰਚ ਵੱਲੋਂ ਪਿੰਡ ਵਿੱਚ ਐਸ ਸੀ ਭਾਈਚਾਰੇ ਲਈ ਧਰਮਸ਼ਾਲਾ ਅਤੇ ਜੰਞ ਘਰ ਬਣਾਉਣ ਦੀ ਮੰਗ ਰੱਖੀ ਗਈ ਹੈ, ਜੋ ਬਹੁਤ ਜ਼ਰੂਰੀ ਹੈ। ਉਨ੍ਹਾਂ ਹਾਜ਼ਰੀਨ ਨੂੰ ਭਰੋਸਾ ਦਿਵਾਇਆ ਕਿ ਜਲਦੀ ਹੀ ਪਿੰਡ ਵਿੱਚ ਧਰਮਸ਼ਾਲਾ ਅਤੇ ਜੰਞ ਘਰ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ।

## ਫਗਵਾੜਾ ਵਿਖੇ ਮਾਂ ਬੋਲੀ ਚੇਤਨਾ ਮਾਰਚ 21 ਨੂੰ

**ਫਗਵਾੜਾ, (ਡਾ. ਰਮਨ)**-ਪੰਜਾਬੀ ਕਲਾ ਅਤੇ ਸਾਹਿਤ ਕੇਂਦਰ ਅਤੇ ਸੰਗੀਤ ਦਰਪਨ, ਪੰਜਾਬੀ ਵਿਰਸਾ ਟਰੱਸਟ (ਰਜਿ:) ਫਗਵਾੜਾ ਅਤੇ ਸਕੇਪ ਸਾਹਿਤਕ ਸੰਸਥਾ ਵੱਲੋਂ 21 ਫਰਵਰੀ ਨੂੰ ਪੰਜਾਬੀ ਮਾਂ ਬੋਲੀ ਚੇਤਨਾ ਮਾਰਚ ਕੱਢਿਆ ਜਾਵੇਗਾ। ਜੋ ਬਲੱਡ ਬੈਂਕ ਫਗਵਾੜਾ ਤੋਂ ਸ਼ੁਰੂ ਹੋਏਗਾ ਅਤੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਜਾਏਗਾ। ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ, ਲੇਖਕ, ਪੱਤਰਕਾਰ, ਸਮਾਜਿਕ ਅਤੇ ਸਿਆਸੀ ਕਾਰਕੁੰਨ ਇਸ 'ਚ ਹਿੱਸਾ ਲੈਣਗੇ। ਪ੍ਰਧਾਨ ਤਰਨਜੀਤ ਸਿੰਘ ਕਿੰਨੜਾ ਅਤੇ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਨੇ ਫਗਵਾੜਾ ਦੇ ਸਕੂਲਾਂ, ਕਾਲਜਾਂ 'ਚ ਨਿੱਜੀ ਤੌਰ 'ਤੇ ਪੁੱਜ ਕੇ ਮਾਰਚ ਵਿੱਚ ਸ਼ਾਮਲ ਹੋਣ ਲਈ ਸੱਦਾ ਪੱਤਰ ਦਿੱਤੇ। ਉਹਨਾਂ ਨੇ ਸੱਦਾ ਪੱਤਰ ਅਤੇ ਪੁਸਤਕਾਂ ਦਾ ਇੱਕ ਸੈੱਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਾਰ ਗਰਲਜ਼, ਫਗਵਾੜਾ ਦੀ ਪ੍ਰਿੰਸੀਪਲ ਮੀਨੂੰ ਗੁਪਤਾ ਨੂੰ ਵੀ ਭੇਟ ਕੀਤਾ। 21 ਫਰਵਰੀ ਨੂੰ ਹੀ ਚੇਤਨਾ ਮਾਰਚ ਉਪਰੰਤ ਸਕੂਲੀ ਬੱਚਿਆਂ ਦੇ ਮਾਂ ਬੋਲੀ ਸੰਬੰਧੀ ਲਿਖੀਆਂ ਕਵਿਤਾਵਾਂ ਦੇ ਮੁਕਾਬਲੇ ਵੀ ਹੋਣਗੇ।



# ਦਰਬਾਰ ਧੂਣੇ ਵਾਲੀ ਸਰਕਾਰ ਦਾ ਸਾਲਾਨਾ ਮੇਲਾ ਮਨਾਇਆ



**ਕਪੂਰਥਲਾ (ਮਨਜੀਤ ਮਾਨ)**

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਰਧਾ ਭਾਵਨਾ ਨਾਲ ਸਾਲਾਨਾ ਮੇਲਾ ਗੱਦੀ ਨਸ਼ੀਨ ਬਾਬਾ ਬਿੱਟਾ ਸਰਕਾਰ ਦੀ ਅਗਵਾਈ ਹੇਠ ਕਰਵਾਇਆ ਗਿਆ। ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਬਿੱਟੇ ਸ਼ਾਹ ਨੇ ਦੱਸਿਆ ਕੇ ਇਹ ਮੇਲਾ ਪਿਛਲੇ 45 ਸਾਲਾਂ ਤੋਂ ਲਗਾਤਾਰ ਕਰਵਾਇਆ ਜਾਂਦਾ ਹੈ। ਇਸ ਮੇਲੇ ਵਿਚ ਬਹੁਤ ਸਾਰੇ ਦਾਨ ਪੁੰਨ ਦੇ ਕੰਮ ਵੀ ਕੀਤੇ ਜਾਂਦੇ ਹਨ।ਦੇਸ਼ ਵਿਦੇਸ਼ ਤੋਂ ਸੰਗਤਾਂ ਪਹੁੰਚ ਕੇ ਇਸ ਮੇਲੇ ਦਾ ਆਨੰਦ ਮਾਣਦੇ ਹਨ। ਇਸ ਮੇਲੇ ਵਿੱਚ ਪੰਜਾਬ ਦੇ ਨਾਮਵਰ ਕਲਾਕਾਰ ਪੰਜਾਬੀ ਮਾਂ ਬੋਲੀ ਨੂੰ ਮੁੱਖ ਰੱਖਦਿਆ ਹਾਜ਼ਰੀ ਲਾਉਂਦੇ ਹਨ। ਇਸ ਸਾਲ ਮੇਲੇ ਵਿਚ ਪੰਜਾਬ ਦੀ ਮਸ਼ਹੂਰ ਗਾਇਕ ਜੋੜੀ ਅਮਰੀਕ ਮਾਈਕਲ ਅਤੇ ਸੁਨੈਨਾ ਨੰਦਾ , ਅਲੈਕਸ ਕੋਟੀ, ਗਾਇਕਾ ਹਰਲੀਨ ਅਖ਼ਤਰ,ਦਲਵਿੰਦਰ ਦਿਆਲਪੁਰੀ, ਉਸਤਾਦ ਜਨਾਬ ਨਿਰਮਲ ਸਿੱਧੂ ਜੀ , ਸੂਫ਼ੀ ਗਾਇਕ ਰਾਜਨ ਅਲੀ, ਪਰਵੇਜ਼ ਖਾਨ, ਮਲਿਕ ਖ਼ਾਨ, ਸਵਰਨ ਸਿੰਘ ਲਹਿਰੀ, ਸਾਹਿਲ ਕਪੂਰਥਲਾ, ਅਰੁਣ ਸਾਬ ਤੇ ਹੋਰ ਕਲਾਕਾਰ। ਮੇਲੇ ਵਿੱਚ ਮੁੱਖ ਤੌਰ ਤੇ ਸੀਨੀਅਰ ਕਾਂਗਰਸ ਆਗੂ ਰਾਣਾ ਗੁਰਜੀਤ ਪਹੁੰਚੇ। ਬਾਬਾ ਜੀ ਨੇ ਦੱਸਿਆ ਕਿ ਮੇਲੇ ਵਿਚ ਅਟੁੱਟ ਲੰਗਰ ਵਰਤਾਇਆ ਜਾਂਦਾ ਹੈ।

# ਅਧਿਆਪਕ ਜਥੇਬੰਦੀਆਂ ਨੇ 22 ਦੇ ਟੈੱਟ ਵਿਰੋਧੀ ਰੋਸ ਪ੍ਰਦਰਸ਼ਨ ਦੀ ਤਿਆਰੀ ਆਰੰਭੀ : ਪੁਆਰੀ

**ਫਿਲੌਰ (ਨਿਰਮਲ)**- ਸਮੂਹ ਅਧਿਆਪਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਸੁਖਵਿੰਦਰ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸੁਰਿੰਦਰ ਕੰਬੋਜ, ਸੁਰਿੰਦਰ ਕੁਮਾਰ ਪੁਆਰੀ, ਦਿਗਵਿਜੇ ਪਾਲ ਸ਼ਰਮਾ, ਵਿਕਰਮ ਦੇਵ ਸਿੰਘ, ਲਛਮਣ ਸਿੰਘ ਨਬੀਪੁਰ, ਬਾਜ ਸਿੰਘ ਖਹਿਰਾ, ਹਰਵਿੰਦਰ ਸਿੰਘ ਬਿਲਗਾ, ਹਰਜੰਟ ਸਿੰਘ ਬੋਡੇ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸੁਖਜਿੰਦਰ ਸਿੰਘ ਹਰੀਕਾ, ਗੁਰਿੰਦਰ ਸਿੰਘ ਸਿੱਧੂ, ਪਤਵੰਤ ਸਿੰਘ, ਜਗਜੀਤ ਸਿੰਘ ਲੁਧਿਆਣਾ, ਗੁਰਬਿੰਦਰ ਸਿੰਘ ਸਸਕੌਰ, ਨਵਪ੍ਰੀਤ ਬੱਲੀ, ਰੇਸ਼ਮ ਸਿੰਘ, ਤੇਜਿੰਦਰ ਸਿੰਘ ਸ਼ਾਹ ਆਦਿ ਸ਼ਾਮਿਲ ਸਨ। ਸਮੂਹ ਜਥੇਬੰਦੀਆਂ ਨੇ ਜਬਰੀ ਥੋਪੇ ਜਾ ਰਹੇ ਟੈੱਟ ਦੇ ਵਿਰੋਧ ਵਿੱਚ 10-11 ਫਰਵਰੀ ਨੂੰ ਬਲਾਕ / ਜ਼ਿਲ੍ਹਾ ਪੱਧਰੀ ਧਰਨੇ /ਰੈਲੀਆਂ ਕਰਕੇ ਪਦਉਨਤੀਆਂ ਲਈ ਟੈੱਟ ਲਾਜ਼ਮੀ ਕਰਨ ਦੇ ਪੱਤਰ ਦੀਆਂ ਕਾਪੀਆਂ ਫੂਕਣ ਲਈ ਪੰਜਾਬ ਦੇ ਅਧਿਆਪਕ ਵਰਗ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 22 ਫਰਵਰੀ ਦੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਕੀਤੇ ਜਾਣ ਵਾਲੇ ਮਹਾਂ ਰੋਸ ਪ੍ਰਦਰਸ਼ਨ ਦੀ ਤਿਆਰੀ ਲਈ 17 ਫਰਵਰੀ ਨੂੰ ਜਿਲ੍ਹਿਆਂ ਵਿੱਚ ਬਲਾਕ/ਤਹਿਸੀਲ ਪੱਧਰੀ ਸਾਂਝੀਆਂ ਤਿਆਰੀ ਮੀਟਿੰਗਾਂ ਕੀਤੀਆਂ ਜਾਣਗੀਆਂ।ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੇ ਪੰਜਾਬ ਦੇ ਅਧਿਆਪਕ ਵਰਗ ਤੇ ਜਬਰੀ ਥੋਪੇ ਜਾ ਰਹੇ ਟੈੱਟ ਦਾ ਹਿੱਸਾ ਬਣਨ ਦੀ ਬਜਾਏ, ਟੈੱਟ ਨੂੰ ਰੋਕਣ ਲਈ 22 ਫਰਵਰੀ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਕੀਤੇ ਜਾ ਰਹੇ ਮਹਾਂ ਰੋਸ ਪ੍ਰਦਰਸ਼ਨ ਵਿੱਚ ਸ਼ਾਮਿਲ ਹੋ ਕੇ ਸੰਘਰਸ਼ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

# ਮੀਂਹ ਨਾਲ ਨੁਕਸਾਨੇ ਘਰਾਂ ਦੇ ਪਰਵਾਰਾਂ ਨੂੰ 10.68 ਕਰੋੜ ਦੀ ਰਾਹਤ ਰਾਸ਼ੀ ਪ੍ਰਦਾਨ ਕੀਤੀ : ਚੱਬੇਵਾਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਭਾਰੀ ਮੀਂਹਾਂ ਕਾਰਨ ਜਿਲ੍ਹੇ ਵਿੱਚ ਜਿਨ੍ਹਾਂ 1708 ਲੋਕਾਂ ਦੇ ਘਰਾਂ ਦਾ ਨੁਕਸਾਨ ਹੋਇਆ ਸੀ ਨੂੰ ਸਰਕਾਰ ਵੱਲੋਂ ਜਾਰੀ 10.68 ਕਰੋੜ ਰੁਪਏ ਦੀ ਰਾਹਤ ਰਾਸ਼ੀ ਦੇ ਚੈੱਕ 'ਆਪ' ਦੇ ਲੋਕ ਸਭਾ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਆਪਣੇ ਗ੍ਰਹਿ ਵਿਖੇ ਵੰਡੇ ਗਏ। ਜ਼ਿਕਰਯੋਗ ਹੈ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਸਰਕਾਰ ਵੱਲੋਂ 40 ਹਜ਼ਾਰ ਤੋਂ ਲੈ ਕੇ 1 ਲੱਖ 20 ਹਜ਼ਾਰ ਤੱਕ ਦੀ ਇਹ ਰਾਸ਼ਤ ਰਾਸ਼ੀ ਪ੍ਰਦਾਨ ਕੀਤੀ ਗਈ ਹੈ। ਇਸ ਮੌਕੇ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਭਾਵਿਤ ਪਰਵਾਰਾਂ ਨਾਲ ਜੋ ਵਾਅਦਾ ਕੀਤਾ ਗਿਆ ਉਸ ਨੂੰ ਪੂਰਾ ਕਰ ਦਿੱਤਾ ਗਿਆ ਹੈ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਅੱਜ ਤੱਕ ਜਿਹੜਾ ਵੀ ਵਾਅਦਾ ਕੀਤਾ ਗਿਆ ਹੈ ਉਸ ਨੂੰ ਸਮੇਂ ਸਿਰ ਪੂਰਾ ਕੀਤਾ ਗਿਆ ਹੈ।

## ਰੱਤਾ ਰੋਗ ਤੋਂ ਗੰਨੇ ਦੀ ਫਸਲ ਨੂੰ ਬਚਾਉਣ ਲਈ ਬਿਜਾਈ ਤੋਂ ਪਹਿਲਾਂ ਬੀਜ ਦੀ ਸੋਧ ਕਰਨੀ ਜ਼ਰੂਰੀ : ਗੰਨਾ ਕਮਿਸ਼ਨਰ

**ਮੋਹਾਲੀ (ਗੁਰਜੀਤ ਬਿੱਲਾ)**-ਗੰਨੇ ਦੀ ਫ਼ਸਲ ਨੂੰ ਕਈ ਤਰਾਂ ਦੀਆਂ ਬਿਮਾਰੀਆਂ ਜਿਵੇਂ ਰੱਤਾ ਰੋਗ, ਸੋਕੜਾ, ਕਾਲੀ ਕਾਂਗਿਆਰੀ ਅਤੇ ਪੋਕਾ ਬੋਇੰਗ ਪ੍ਰਭਾਵਤ ਕਰਦੀਆਂ ਹਨ, ਜਿਨ੍ਹਾਂ ਦੀ ਰੋਕਥਾਮ ਲਈ ਗੰਨੇ ਦੀ ਬਿਜਾਈ ਤੋਂ ਪਹਿਲਾਂ ਬੀਜ ਨੂੰ ਉੱਲੀਨਾਸ਼ਕ ਦਵਾਈ ਨਾਲ ਸੋਧ ਲੈਣਾ ਚਾਹੀਦਾ ਹੈ।ਗੰਨੇ ਦੀਆਂ ਬਿਮਾਰੀਆਂ ਦੀ ਰੋਕਥਾਮ ਬਾਰੇ ਗੱਲਬਾਤ ਕਰਦਿਆਂ ਡਾਕਟਰ ਅਮਰੀਕ ਸਿੰਘ, ਕੇਨ ਕਮਿਸ਼ਨਰ ਪੰਜਾਬ ਨੇ ਗੱਲਬਾਤ ਕਰਦਿਆਂ ਦਸਿਆ ਕਿ ਉਪਰੋਕਤ ਬਿਮਾਰੀਆਂ ਵਿੱਚੋਂ ਰੱਤਾ ਰੋਗ ਸਭ ਤੋਂ ਘਾਤਕ ਬਿਮਾਰੀ ਹੈ, ਜਿਸ ਨੇ ਗੰਨੇ ਦੀ ਸਭ ਤੋਂ ਵੱਧ ਅਪਣਾਈ ਗਈ ਕਿਸਮ ਸੀ ਓ 0238 ਨੂੰ ਬੁਰੀ ਤਰਾਂ ਪ੍ਰਭਾਵਤ ਕੀਤਾ, ਜਿਸ ਨਾਲ ਇਸ ਕਿਸਮ ਹੇਠ ਰਕਬਾ ਨਾ ਮਾਤਰ ਹੀ ਰਹਿ ਗਿਆ ਹੈ।

# ਸ਼ੋਭਾ ਯਾਤਰਾ ਦਾ ਬਾਂਸਲ ਪਰਵਾਰ ਵੱਲੋਂ ਨਿੱਘਾ ਸਵਾਗਤ



**ਜਲੰਧਰ (ਸੁਰਿੰਦਰ ਕੁਮਾਰ)**

ਲਾਡੋਵਾਲੀ ਰੋਡ ਜਲੰਧਰ ਵਿਖੇ ਸਥਿਤ ਮੁਹੱਲਾ ਸੰਤ ਨਗਰ ਜਲੰਧਰ ਦੇ ਸ਼ਿਵ ਮੰਦਰ ਤੋਂ ਸਮੂਹ ਸੰਗਤਾਂ ਨੇ ਸ਼ਿਵਰਾਤਰੀ ਦੇ ਸ਼ੁਭ ਤਿਉਹਾਰ ਨੂੰ ਮਨਾਉਂਦਿਆਂ ਵਿਸ਼ਾਲ ਸ਼ੋਭਾ ਯਾਤਰਾ ਸਮੁੱਚੇ ਮੁਹੱਲੇ ਤੇ ਲਾਡੋਵਾਲੀ ਰੋਡ ਤੱਕ ਕੱਢੀ। ਸ਼ੋਭਾ ਯਾਤਰਾ ਵਿਚ ਸ਼ਾਮਲ ਸੰਗਤਾਂ ਵੱਲੋਂ ਮੁਹੱਲਾ ਸੰਤ ਨਗਰ ਵਿੱਚ ਪਰਿਕਰਮਾ ਕਰਨ ਦੌਰਾਨ ਭਾਈਚਾਰਕ ਏਕਤਾ ਅਤੇ ਮਜਬੂਤੀ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਬਾਂਸਲ ਪਰਵਾਰ ਨੇ ਸ਼ੋਭਾ ਯਾਤਰਾ ਦਾ ਸ਼ਰਧਾ ਸਹਿਤ ਨਿੱਘਾ ਸਵਾਗਤ ਕੀਤਾ। ਇਸ ਮੌਕੇ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਜੇਸ਼ ਖੋਸਲਾ, ਕਾਂਤਾ ਦੇਵੀ, ਰੋਹਿਤ ਵਿੱਜ, ਸ਼ਸ਼ੀ ਸ਼ਰਮਾ ਤੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਜਲੰਧਰ ਦੇ ਸਕੱਤਰ ਹਰਪ੍ਰੀਤ ਸਿੰਘ ਬਾਂਸਲ, ਇਨ੍ਹਾਂ ਦੇ ਧਰਮ ਪਤਨੀ ਪ੍ਰੀਤੀਕਾ ਬਾਂਸਲ, ਨਰਿੰਦਰ ਸਿੰਘ ਬਾਂਸਲ, ਅਕਾਲੀ ਦਲ ਦੇ ਸਕੱਤਰ ਅਵਤਾਰ ਸਿੰਘ ਨੰਦੜਾ, ਉੱਪ ਸਕਤਰ ਪਰਮਿੰਦਰ ਸਿੰਘ, ਅਰਵਿੰਦਰ ਸਿੰਘ ਸੈਣੀ, ਰਾਜੀਵ ਜੈਨ ਤੇ ਮੁਹੱਲਾ ਨਿਵਾਸੀ ਸੰਗਤਾਂ ਭਾਰੀ ਗਿਣਤੀ ਵਿਚ ਮੌਜੂਦ ਸਨ।

# ਵਿਕਾਸ ਕਾਰਜਾਂ 'ਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਵਿਧਾਇਕ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਹਲਕੇ ਵਿੱਚ ਸੜਕਾਂ ਦੀ ਮੌਜੂਦਾ ਹਾਲਤ ਨੂੰ ਸੁਧਾਰਨ ਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਦੇਣ ਲਈ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਐਸ.ਡੀ.ਐਮ ਡੇਰਾਬੱਸੀ ਸਮੇਤ ਪੀ ਡਬਲਯੂ ਡੀ, ਮੰਡੀ ਬੋਰਡ, ਮਾਈਨਿੰਗ ਅਤੇ ਡਰੇਨੇਜ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਹਾਜ਼ਰੀ ਭਰੀ।ਮੀਟਿੰਗ ਦੌਰਾਨ ਹਲਕੇ ਦੀਆਂ ਖਰਾਬ ਸੜਕਾਂ ਦੀ ਵਿਸਥਾਰ ਨਾਲ ਸਮੀਖਿਆ ਕਰਦੇ ਹੋਏ ਪ੍ਰਾਇਰਟੀ ਲਿਸਟ ਤਿਆਰ ਕੀਤੀ ਗਈ ਅਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ। ਵਿਧਾਇਕ ਰੰਧਾਵਾ ਨੇ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਚੱਲ ਰਹੇ ਅਤੇ ਮਨਜ਼ੂਰੀ ਅਧੀਨ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ ਕਰਦੇ ਹੋਏ ਅਧਿਕਾਰੀਆਂ ਨੂੰ ਨਿਰਧਾਰਤ ਟਾਈਮਲਾਈਨ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਕਿਹਾ ਗਿਆ। ਬਜਟ ਅਤੇ ਫੰਡਿੰਗ ਸਥਿਤੀ ਦੀ ਵੀ ਜਾਂਚ ਕੀਤੀ ਗਈ ਅਤੇ ਰੁਕਾਵਟਾਂ ਨੂੰ ਤੁਰੰਤ ਦੂਰ ਕਰਨ ਲਈ ਹਦਾਇਤਾਂ ਦਿੱਤੀਆਂ ਗਈਆਂ।ਵਿਧਾਇਕ ਨੇ ਕੰਮ ਦੀ ਗੁਣਵੱਤਾ 'ਤੇ ਖ਼ਾਸ ਜ਼ੋਰ ਦਿੰਦਿਆਂ ਨਿਗਰਾਨੀ ਪ੍ਰਣਾਲੀ ਮਜ਼ਬੂਤ ਕਰਨ ਤੇ ਠੇਕੇਦਾਰਾਂ ਦੀ ਜਵਾਬਦੇਹੀ ਨਿਸ਼ਚਿਤ ਕਰਨ ਲਈ ਕਿਹਾ। ਇਸ ਦੇ ਨਾਲ ਹੀ ਮੀਂਹ ਦੌਰਾਨ ਪਾਣੀ ਖੜ੍ਹਾ ਹੋਣ ਕਾਰਨ ਸੜਕਾਂ ਨੂੰ ਨੁਕਸਾਨ ਤੋਂ ਬਚਾਉਣ ਲਈ ਡਰੇਨੇਜ ਸਿਸਟਮ ਨਾਲ ਪ੍ਰਭਾਵਸ਼ਾਲੀ ਕੋਆਰਡੀਨੇਸ਼ਨ ਬਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਗਿਆ।ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਹਲਕੇ ਦੀਆਂ ਪ੍ਰਾਇਰਟੀ ਸੜਕਾਂ ਦੇ ਸਾਰੇ ਕੰਮ 31 ਮਾਰਚ ਤੱਕ ਹਰ ਹਾਲਤ ਵਿੱਚ ਮੁਕੰਮਲ ਕੀਤੇ ਜਾਣ, ਤਾਂ ਜੋ ਡੇਰਾਬੱਸੀ ਦੇ ਨਿਵਾਸੀਆਂ ਨੂੰ ਬਿਹਤਰ ਅਤੇ ਸੁਰੱਖਿਅਤ ਆਵਾਜਾਈ ਸਹੂਲਤ ਮਿਲ ਸਕੇ।



# 'ਵਾਹਨਾਂ 'ਚ ਉੱਚੀ ਆਵਾਜ਼ 'ਚ ਲਗਾਏ ਸਪੀਕਰ ਹਾਦਸਿਆਂ ਨੂੰ ਸੱਦਾ ਦੇ ਰਹੇ'

**ਪੋਜੇਵਾਲ (ਰਾਮ ਲਾਲ)**- ਪਿੰਡਾਂ ਦੀਆਂ ਲਿੰਕ ਸੜਕਾਂ ਅਤੇ ਮੁੱਖ ਮਾਰਗ ਜਾਣ ਸਮੇਂ ਉਵਰਲੋਡ ਵਾਹਨਾਂ ਅਤੇ ਉਨ੍ਹਾਂ ਦੇ ਉਪਰ ਉੱਚੀ ਅਵਾਜਾਂ ਵਿੱਚ ਸਪੀਕਰ ਲਗਾਏ ਜਾਦੇ ਹਨ ਆਏ ਦਿਨ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ।ਜਦੋਂ ਇਹ ਵਾਹਨ ਚੱਲਦੇ ਹਨ ਨਾ ਤਾਂ ਇਹਨਾ ਉਪਰ ਕੋਈ ਤਰਪਾਲ ਪਾਈ ਹੁੰਦੀ ਹੈ ਅਤੇ ਨਾ ਹੀ ਕਿਸੇ ਰੱਸੇ ਨਾਲ ਬੰਨ੍ਹੇ ਹੋਏ ਹੁੰਦੇ। ਇਹਨਾ ਵਾਹਨਾਂ ਦੇ ਪਿੱਛੇ ਮੋਟਰਸਾਈਕਲ ਤੇ ਸਕੂਟਰ ਚਾਲਕਾਂ ਅੱਗੇ ਲੰਘਣ ਲਈ ਸਾਈਡ ਵੀ ਨਹੀਂ ਮਿਲਦੀ ।ਵਾਰ ਵਾਰ ਸਾਈਡ ਦੀ ਮੰਗ ਕਰਨ ਤੇ ਓਵਰਲੋਡ ਵਾਹਨਾ ਵੱਲੋ ਉੱਚੀ ਆਵਾਜ਼ ਵਿੱਚ ਲਗਾਏ ਸਪੀਕਰਾਂ ਕਾਰਨ ਉਹਨਾਂ ਨੂੰ ਸਾਇਡ ਵੀ ਨਹੀਂ ਮਿਲਦੀ ਜਿਸ ਕਾਰਨ ਸਕੂਟਰ ਜਾਂ ਮੋਟਰ ਸਾਈਕਲ ਚਾਲਕਾਂ ਦਾ ਮਿੱਟੀ ਘੱਟੇ ਦੇ ਨਾਲ ਬਹੁਤ ਬੁਰਾ ਹਾਲ ਹੋ ਜਾਂਦਾ ਹੈ। ਜਦੋਂ ਕਾਫੀ ਕਿਲੋਮੀਟਰ ਤੱਕ ਦੋ ਪਈਆ ਵਾਹਨ ਨੂੰ ਇਹਨਾਂ ਵਾਹਨਾਂ ਦੀ ਉੱਚੀ ਆਵਾਜ਼ ਵਿੱਚ ਲਗਾਏ ਸਪੀਕਰਾਂ ਕਾਰਨ ਜਦੋਂ ਅੱਗੇ ਲੰਘਦੇ ਹਨ ਤਾਂ ਕਈ ਵੱਡੇ ਹਾਦਸੇ ਵੀ ਹੁੰਦੇ ਹਨ। ਇਸੇ ਤਰ੍ਹਾਂ ਹੀ ਲਿੰਕ ਸੜਕਾਂ ਤੇ ਜਾਣ ਵਾਲੇ ਵਾਹਨ ਜਿਨਾਂ ਵਿੱਚ ਤੂੜੀ ਲੱਦੀ ਹੁੰਦੀ ਹੈ ਇੱਟਾਂ ਨਾਲ ਲੱਦੀਆਂ ਟਰਾਲੀਆਂ,ਰੇਤੇ ਨਾਲ ਭਰੀਆ ਟਰਾਲੀਆਂ ਅਤੇ ਟਿੱਪਰ ਬਿਨਾ ਤਰਪਾਲ ਤੋਂ ਘੁੰਮ ਰਹੀਆਂ ਹਨ।ਇਸ ਨਾਲ ਆਮ ਲੋਕਾਂ ਦੀ ਆਵਾਜਾਈ ਵਿੱਚ ਵਿਘਨ ਪੈ ਰਿਹਾ ਹੈ।ਇਲਾਕੇ ਦੀਆ ਸਮਾਜਸੇਵੀ ਸੰਸਥਾਵਾਂ ਨੇ ਪ੍ਰਸ਼ਾਸਨ ਨੂੰ ਉਵਰਲੋਡ ਵਾਹਨਾਂ ਤੇ ਉੱਚੀ ਆਵਾਜ਼ ਲਗਾਕੇ ਘੁੰਮ ਰਹੇ ਵਾਹਨਾਂ ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।

# ਸਿਮਰਨ ਸਿੰਘ ਸੰਧੂ ਕੈਨੇਡਾ ਪੁਲਸ 'ਚ ਉੱਚੇ ਅਹੁਦੇ 'ਤੇ ਨਿਯੁਕਤ



**ਗੁਰਾਇਆ (ਬਿੰਦਰ ਸੁੰਮਨ)**-ਸਿਮਰਨ ਸਿੰਘ ਸੰਧੂ ਰੁੜਕਾ ਕਲਾਂ ਦਾ ਕਨੈਡਾ ਪੁਲਸ ਵਿੱਚ ਉਚ ਪੋਸਟ 'ਚ ਭਰਤੀ ਹੋਣ ਤੇ ਗਰਾਮ ਪੰਚਾਇਤ ਰੁੜਕਾ ਕਲਾਂ ਨੇ ਉਨਾਂ ਦੇ ਪਰਵਾਰਕ ਮੈਂਬਰ ਨੂੰ ਸਨਮਾਨਿਤ ਕੀਤਾ ਹੈ। ਇਸ ਸਬੰਧੀ ਪਿੰਡ ਦੇ ਸਰਪੰਚ ਅਕਵਿੰਦਰ ਕੌਰ, ਗੁਰਮੰਗਲ ਦਾਸ ਸੋਨੀ ਨੇ ਕਿਹਾ ਕਿ ਸਾਡੇ ਪਿੰਡ ਨੂੰ ਮਾਣ ਵਾਲੀ ਗੱਲ ਹੈ ਕਿ ਪਿੰਡ ਦਾ ਸਿਮਰਨ ਸਿੰਘ ਸੰਧੂ ਜਿਸ ਨੇ ਭਾਰਤ ਵਿੱਚ ਪੜਾਈ ਕਰਕੇ ਕਨੈਡਾ ਦੀ ਰੋਇਲ ਕਨੈਡੀਅਨ ਮੋਨਟਿੰਡਿਡ ਪੁਲਸ ਵਿੱਚ ਭਰਤੀ ਹੋਇਆ ਹੈ। ਇਸ ਮੌਕੇ ਸਿਮਰਨ ਸਿੰਘ ਸੰਧੂ ਕਨੈਡਾ ਦੇ ਪਿਤਾ ਗੁਰਦੀਪ ਸਿੰਘ ਕਨੈਡਾ, ਮਾਤਾ ਜਸਵੀਰ ਕੌਰ ਕਨੈਡਾ ਦਾ ਗਰਾਮ ਪੰਚਾਇਤ ਤੇ ਪਿੰਡ ਵਾਸੀਆ ਵਲੋਂ ਵਿਸ਼ੇਸ ਸਨਮਾਨ ਕੀਤਾ। ਗੁਰਦੀਪ ਸਿੰਘ ਨੇ ਕਿਹਾ ਪਿੰਡ ਵਾਸੀਆ ਨੇ ਜੋ ਮਾਣ ਸਨਮਾਨ ਕੀਤਾ ਅਸੀਂ ਹਮੇਸ਼ਾ ਪਿੰਡ ਵਾਸੀਆ ਦੇ ਰਿਣੀ ਰਹਾਂਗੇ। ਉਨਾਂ ਕਿਹਾ ਕਿ ਇਹੋ ਜਿਹੇ ਸਨਮਾਨ ਨਾਲ ਪਿੰਡ ਦੇ ਹੋਰ ਨੌਜਵਾਨਾਂ ਵਿੱਚ ਕੁਝ ਕਰਨ ਦਾ ਜਜ਼ਬਾ ਪੈਦਾ ਹੋਵੇਗਾ। ਇਸ ਮੌਕੇ ਗੁਰਮੰਗਲ ਦਾਸ ਸੋਨੀ, ਸਰਪੰਚ ਅਕਵਿੰਦਰ ਕੌਰ, ਸਾਬਕਾ ਬਲਾਕ ਸੰਮਤੀ ਮੈਂਬਰ ਦਲਜੀਤ ਸਿੰਘ, ਅਵਤਾਰ ਲਾਲ ਪੰਚ, ਕੁਲਦੀਪ ਰਾਮ, ਹਰਭਜਨ ਲਾਲ, ਬਲਵੀਰ ਸਿੰਘ, ਤਰਲੋਕ ਸਿੰਘ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

# ਸਰਬੱਤ ਦਾ ਭਲਾ ਫਾਊਂਡੇਸ਼ਨ ਨੇ ਮਾਸਿਕ ਰਾਸ਼ਨ ਵੰਡ ਸਮਾਰੋਹ ਕਰਵਾਇਆ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**

ਸਰਬੱਤ ਦਾ ਭਲਾ ਫਾਊਂਡੇਸ਼ਨ ਫਗਵਾੜਾ ਨੇ ਆਪਣਾ 63ਵਾਂ ਮਾਸਿਕ ਰਾਸ਼ਨ ਵੰਡ ਪ੍ਰੋਗਰਾਮ ਫਾਊਂਡੇਸ਼ਨ ਦੇ ਪ੍ਰਧਾਨ ਕਰਮਵੀਰ ਅਰੋੜਾ ਦੀ ਅਗਵਾਈ ਹੇਠ ਆਯੋਜਿਤ ਕੀਤਾ। ਫਾਊਂਡੇਸ਼ਨ ਦੇ ਚੇਅਰਮੈਨ, ਵੀਪੀ ਸਿੰਘ ਅਰੋੜਾ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਿ ਰੀਨਾ ਬੱਤਰਾ ਯੂ ਐੱਸ ਏ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਫਾਊਂਡੇਸ਼ਨ ਵਲੋਂ ਕੀਤੀ ਜਾ ਰਹੀ ਸਮਾਜ ਸੇਵਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਲੋੜਵੰਦਾਂ ਦੀ ਮਦਦ ਕਰਨ ਨਾਲ ਨਾ ਸਿਰਫ਼ ਸ਼ਾਂਤੀ ਮਿਲਦੀ ਹੈ ਬਲਕਿ ਪ੍ਰਮਾਤਮਾ ਦੀ ਪ੍ਰਾਪਤੀ ਵੀ ਹੁੰਦੀ ਹੈ। ਲੋੜਵੰਦਾਂ ਨੂੰ ਰਾਸ਼ਨ ਵੰਡਦੇ ਹੋਏ, ਵਿਪਨ ਅਰੋੜਾ ਨੇ ਦੱਸਿਆ ਕਿ ਸੰਸਥਾ ਹਰ ਮਹੀਨੇ ਲੋੜਵੰਦਾਂ ਨੂੰ ਰਾਸ਼ਨ ਵੰਡਦੀ ਹੈ, ਅਤੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਹੈ ਅਤੇ ਲੋੜਵੰਦ ਪਰਿਵਾਰਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਸਿੱਖਿਆ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਵੀਪੀ ਸਿੰਘ ਅਰੋੜਾ ਨੇ ਅਤੁਲ ਜੋਸ਼ੀ, ਪ੍ਰਮੋਦ ਜੋਸ਼ੀ, ਰਣਜੀਤ ਸਿੰਘ ਕਿੰਨੜਾ ਅਤੇ ਕੁਲਵਿੰਦਰ ਸੈਂਭੀ ਦਾ ਫਾਊਂਡੇਸ਼ਨ ਨੂੰ ਸਮਰਥਨ ਦੇਣ ਲਈ ਧੰਨਵਾਦ ਕੀਤਾ। ਕੇ ਕੇ ਬੱਤਰਾ, ਮਨੋਜ ਬੈਂਸ, ਗੁਰਮੁੱਖ ਸਿੰਘ, ਸਮਾਜ ਸੇਵੀ ਰਮਨ ਨਹਿਰਾ, ਡਾ. ਰਮਨ ਸ਼ਰਮਾ, ਗੁਰਦੀਪ ਸਿੰਘ ਕੰਗ, ਮੈਡਮ ਸੁਧਾ, ਪ੍ਰਮੋਦ ਜੋਸ਼ੀ, ਅਤੁਲ ਜੋਸ਼ੀ, ਰਣਜੀਤ ਸਿੰਘ ਕਿੰਨੜਾ , ਕੁਲਵਿੰਦਰ ਸੈਂਭੀ, ਮੋਹਨ ਲਾਲ ਤਨੇਜਾ, ਨਰਿੰਦਰ ਸੈਣੀ ਆਦਿ ਵੀ ਹਾਜ਼ਰ ਸਨ।

# ਕਬੱਡੀ ਟੂਰਨਾਮੈਂਟ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ

**ਨਕੋਦਰ (ਮਨਜੀਤ ਮਾਨ)**

ਪਿੰਡ ਚਿੱਟੀ 'ਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤੇ ਸੰਤ ਹੀਰਾ ਦਾਸ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ 63 ਵਾਂ ਅੰਤਰਰਾਸ਼ਟਰੀ ਕਬੱਡੀ ਟੂਰਨਾਮੈਂਟ ਕਿਸਾਨ ਮਜ਼ਦੂਰ ਏਕਤਾ ਜ਼ਿੰਦਾਬਾਦ ਸੰਤ ਹੀਰਾ ਦਾਸ ਸਪੋਰਟਸ ਕਲੱਬ ਵੱਲੋਂ ਭਾਈ ਪੋਲੋ ਦਾਸ ਕਮੇਟੀ, ਸਮੂਹ ਸਕੂਲ ਸਟਾਫ਼ ਸ਼ਹੀਦ ਬਾਬਾ ਜੀਵਨ ਸਿੰਘ ਸੇਵਾ ਸੁਸਾਇਟੀ, ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸਮੂਹ ਗ੍ਰਾਮ ਪੰਚਾਇਤ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਸੰਤ ਹੀਰਾ ਦਾਸ ਸਪੋਰਟਸ ਸਟੇਡੀਅਮ, ਸ਼ਹੀਦ ਲਖਵੀਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਚਿੱਟੀ ਜ਼ਿਲ੍ਹਾ ਜਲੰਧਰ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਗਿਆ। ਪਹਿਲੇ ਦਿਨ ਕਬੱਡੀ ਟੂਰਨਾਮੈਂਟ ਦੀ ਆਰੰਭਤਾ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਦੀ ਅਰਦਾਸ ਨਾਲ ਹੋਈ। ਪਾਠ ਦੇ ਭੋਗ ਤੋਂ ਉਪਰੰਤ ਖੇਡ ਮੇਲੇ ਦਾ ਉਦਘਾਟਨ ਸਰਪੰਚ ਸ੍ਰੀਮਤੀ ਸੁਖਨਿੰਦਰ ਕੌਰ ਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ, ਦੂਸਰੇ ਦਿਨ ਖੇਡ ਮੇਲੇ ਦਾ ਉਦਘਾਟਨ ਪਵਨ ਕੁਮਾਰ ਸਹੋਤਾ ਵੱਲੋਂ ਕੀਤਾ ਗਿਆ ਤੇ ਤੀਸਰੇ ਦਿਨ ਖੇਡ ਮੇਲੇ ਦਾ ਉਦਘਾਟਨ ਗੁਰਦੀਪ ਸਿੰਘ ਅਠਵਾਲ ਯੂ ਕੇ ਤੇ ਸਤਨਾਮ ਸਿੰਘ ਅਠਵਾਲ ਕੈਨੇਡਾ ਵੱਲੋਂ ਆਪਣੇ ਕਰ ਕਮਲਾਂ ਨਾਲ ਅਦਾ ਕੀਤਾ ਗਿਆ। ਆਖ਼ਰੀ ਦਿਨ ਮੁੱਖ ਮਹਿਮਾਨ ਤੇ ਇਨਾਮਾਂ ਦੀ ਵੰਡ ਰਾਜਿੰਦਰ ਸਿੰਘ ਸਾਬਕਾ ਐਸ ਐਸ ਪੀ ਤੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਤਾਰਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕਬੱਡੀ ਓਪਨ ਪਿੰਡ ਤਿੰਨ ਖਿਡਾਰੀ ਬਾਹਰੋਂ ਪਿੰਡ ਚਿੱਟੀ ਨੇ ਪਹਿਲਾਂ ਸਥਾਨ ਇੱਕ ਲੱਖ ਰੁਪਏ ਤੇ ਟਰਾਫੀ, ਸਾਬੀ ਕਲੱਬ ਮੱਲ੍ਹੀਆ ਨੇ ਦੂਸਰਾ ਸਥਾਨ 75 ਹਜ਼ਾਰ ਰੁਪਏ, ਕਬੱਡੀ 75 ਕਿਲੋ ਭਾਰ ਵਰਗ ਵਿੱਚ ਪਿੰਡ ਚਿੱਟੀ ਨੇ ਪਹਿਲਾਂ ਸਥਾਨ 31 ਹਜ਼ਾਰ ਰੁਪਏ ਤੇ ਇੱਕ ਟਰਾਫੀ, ਤੇ ਪਿੰਡ ਸਾਦਿਕ ਪੁਰ ਨੇ ਦੂਸਰਾ ਇਨਾਮ 25 ਹਜ਼ਾਰ ਰੁਪਏ ਤੇ ਇੱਕ ਟਰਾਫੀ, ਕਬੱਡੀ 64 ਕਿਲੋ ਭਾਰ ਵਰਗ ਚ ਪਿੰਡ ਚਿੱਟੀ ਨੇ ਪਹਿਲਾਂ ਸਥਾਨ ਪਹਿਲਾਂ 18 ਹਜ਼ਾਰ ਰੁਪਏ ਤੇ ਇੱਕ ਟਰਾਫੀ, ਪਿੰਡ ਸਿੰਘਾਂ ਨੇ ਦੂਸਰਾ ਇਨਾਮ 15 ਹਜ਼ਾਰ ਰੁਪਏ ਤੇ ਇੱਕ ਟਰਾਫੀ, ਜਿਤੀ ਕਬੱਡੀ 48 ਕਿਲੋ ਭਾਰ ਵਰਗ ਚ ਪਿੰਡ ਚਿੱਟੀ ਨੇ ਪਹਿਲਾਂ ਤੇ ਪਿੰਡ ਲਾਉਕੇ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ,ਕਬੱਡੀ ਓਪਨ ਵਿੱਚ ਬੈਸਟ ਜਾਫੀ ਗੁਰਵਿੰਦਰ ਚਿੱਟੀ ਤੇ ਬੈਸਟ ਰੇਡਰ ਦੀਪਕ ਕਾਂਸ਼ੀ ਪੁਰੀਆਂ ਨੂੰ ਐਲਾਨਿਆ ਗਿਆ, 75 ਕਿਲੋ ਭਾਰ ਵਰਗ ਚ ਬੈਸਟ ਜਾਫੀ ਤਾਜ 64 ਕਿਲੋ ਭਾਰ ਵਰਗ ਚ ਹੈਪੀ ਚਿਟੀ ਤੇ 48 ਕਿਲੋ ਭਾਰ ਵਰਗ ਚ ਸਰਪੰਚ ਨੂੰ ਬੈਸਟ ਜਾਫੀ ਐਲਾਨਿਆ ਗਿਆ । ਇਸ ਖੇਡ ਮੇਲੇ ਵਿੱਚ ਗੁਰਦੀਪ ਸਿੰਘ ਅਠਵਾਲ ਯੂ ਕੇ ਵੱਲੋਂ ਇੱਕ ਲੱਖ ਰੁਪਏ, ਸਤਨਾਮ ਸਿੰਘ, ਪਰਮਜੀਤ ਸਿੰਘ ਕੈਨੇਡਾ ਵੱਲੋਂ ਇੱਕ ਲੱਖ ਰੁਪਏ, ਅਵਤਾਰ ਸਿੰਘ,ਹਿੰਦ ਪਾਲ ਸਿੰਘ ਵੱਲੋਂ ਇੱਕ ਲੱਖ ਰੁਪਏ,ਪਵਨ ਸਹੋਤਾ ਪੁੱਤਰ ਗੁਰਮੀਤ ਚੰਦ ਸਹੋਤਾ ਵੱਲੋਂ 75 ਹਜ਼ਾਰ ਰੁਪਏ ਤੇ ਮਨਜੀਤ ਸਿੰਘ ਆਸਟ੍ਰੇਲੀਆ ਵੱਲੋਂ 50 ਹਜ਼ਾਰ ਰੁਪਏ ਦੀ ਆਰਥਿਕ ਮਦਦ ਕੀਤੀ ਗਈ। ਸਪੋਰਟਸ ਕਲੱਬ ਦੇ ਪ੍ਰਧਾਨ ਗੁਰਮਿੰਦਰ ਸਿੰਘ ਅਠਵਾਲ, ਸਕੱਤਰ ਅਮਰਜੀਤ ਸਿੰਘ ਅਠਵਾਲ, ਕੈਸ਼ੀਅਰ ਮਾਸਟਰ ਦਵਿੰਦਰ ਸਿੰਘ, ਸੁਖਜਿੰਦਰ ਸਿੰਘ ਸੁੱਖਾ, ਗੁਰਜਿੰਦਰ ਸਿੰਘ ਸੋਨੂੰ, ਪਰਮਜੀਤ ਗਿੱਲ, ਪਰਮਜੀਤ ਸਿੰਘ ਬਾਬਾ,ਤੀਰਥ ਰਾਮ ਮੰਗਾ ਸਾਬਕਾ ਸਰਪੰਚ, ਸੱਤਪਾਲ ਠੇਕੇਦਾਰ, ਕਸ਼ਮੀਰ ਸਿੰਘ ਏ ਐੱਸ ਆਈ, ਵਿਜੇ ਸਿੰਘ, ਸਰਬਜੀਤ ਸਿੰਘ ਸੱਬੀ, ਅਵਤਾਰ ਸਿੰਘ, ਰਵਿੰਦਰ ਸਿੰਘ, ਦਲਵੀਰ ਸਿੰਘ ਫੌਜੀ, ਲਖਵੀਰ ਸਿੰਘ ਮੰਮਾ ਵੱਲੋਂ ਦਿਨ ਰਾਤ ਮਿਹਨਤ ਕਰਕੇ ਇਸ ਕਬੱਡੀ ਟੂਰਨਾਮੈਂਟ ਨੂੰ ਸਫ਼ਲ ਕੀਤਾ ਗਿਆ।



# ਸ਼ਿਵਰਾਤਰੀ 'ਤੇ ਦੁੱਧ ਤੇ ਫਲਾਂ ਦਾ ਲੰਗਰ ਲਗਾਇਆ



**ਪੋਜੇਵਾਲ ( ਰਾਮ ਲਾਲ)**- ਸ਼ਿਵਰਾਤਰੀ ਦੇ ਸ਼ੁੱਭ ਮੌਕੇ ਤੇ ਸ਼ਿਵਾ ਡੇਅਰੀ ਮੰਡੀ ਰੋਡ ਬਲਾਚੌਰ ਦੇ ਮਾਲਕਾਂ ਸੰਦੀਪ ਕੁਮਾਰ ਕਾਲਾ, ਹੋਰ ਸ਼ਿਵ ਭਗਤਾਂ ਤੇ ਸੰਗਤਾਂ ਵੱਲੋਂ ਸ਼ੋਭਾ ਯਾਤਰਾ ਦਾ ਸਵਾਗਤ ਕੀਤਾ ਗਿਆ ਤੇ ਸੰਗਤਾਂ ਲਈ ਸ਼ਿਵਾ ਡੇਅਰੀ ਬਲਾਚੌਰ ਵੱਲੋਂ ਦੁੱਧ ਅਤੇ ਫਲਾਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਰਾਹਗੀਰਾਂ ਵੱਲੋਂ ਦੁੱਧ ਅਤੇ ਫਲਾਂ ਦਾ ਲੰਗਰ ਛਕਿਆ। ਇਹ ਲੰਗਰ ਨੌਜਵਾਨਾਂ ਵੱਲੋਂ ਬੜੀ ਹੀ ਸ਼ਰਧਾ ਦੇ ਨਾਲ ਲਗਾਇਆ ਗਿਆ ਜਿਸ ਵਿੱਚ ਰੋਹਿਤ ਸ਼ਰਮਾ, ਰਾਜਤ ਆਨੰਦ, ਸੰਦੀਪ ਕੁਮਾਰ ਕਾਲਾ,ਪਰਮਜੀਤ ਪੰਮਾ, ਨਰਦੇਵ ਸਿੰਘ ਰਾਣਾ, ਦਵਿੰਦਰ ਭੁੰਬਲਾ, ਲਵਦੀਪ ਸਿੰਘ,ਚੰਨੀ ਧਕਤਾਣਾ, ਪੁਨੀਤ ਮੀਲੂ, ਬੱਬੂ ਸਰਪੰਚ ਜੱਟਪੁਰ, ਵਿਰਾਜ ਕਿਡਸ ਤੇ ਹੋਰ ਸ਼ਿਵ ਭਗਤਾਂ ਵੱਲੋਂ ਸੇਵਾ ਕੀਤੀ ਗਈ।

17-Feb-PAGE--9.qxd 2/16/2026 10:58 PM Page 1



# ਲੋਹਟੀਆ ਦੀ ਅਗਵਾਈ 'ਚ ਪ੍ਰਤਾਪ ਸਿੰਘ ਬਾਜਵਾ ਦਾ ਪੁਤਲਾ ਫੂਕਿਆ



**ਬੰਗਾ (ਅਵਤਾਰ ਕਲੇਰ)**

ਐਸ ਸੀ ਕਮਿਸ਼ਨ ਪੰਜਾਬ ਦੀ ਵਾਈਸ ਚੇਅਰਪਰਸਨ ਮੈਡਮ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਬਾਰੇ ਕੀਤੀ ਗਈ ਅਪਮਾਨਜਨਕ ਅਤੇ ਮਾੜੀ ਬਿਆਨਬਾਜ਼ੀ ਦੇ ਵਿਰੋਧ ਵਿੱਚ ਹਲਕਾ ਬੰਗਾ ਵਿੱਚ ਤਿੱਖਾ ਰੋਸ ਵੇਖਣ ਨੂੰ ਮਿਲਿਆ। ਪਾਰਟੀ ਸੰਗਠਨ ਦੀ ਅਗਵਾਈ ਹੇਠ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਵਰਕਰਾਂ ਅਤੇ ਸਮਰਥਕਾਂ ਨੇ ਪ੍ਰਤਾਪ ਸਿੰਘ ਬਾਜਵਾ ਦਾ ਪੁਤਲਾ ਫੂਕ ਕੇ ਆਪਣਾ ਵਿਰੋਧ ਦਰਜ ਕਰਵਾਇਆ। ਹਰਜੋਤ ਕੌਰ ਲੋਹਟੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਰਾਜਨੀਤਿਕ ਅਸਹਿਮਤੀ ਆਪਣੀ ਜਗ੍ਹਾ ਹੈ ਪਰ ਕਿਸੇ ਮੰਤਰੀ ਜਾਂ ਵਿਅਕਤੀ ਦੀ ਨਿੱਜੀ ਸਤ੍ਹਾ 'ਤੇ ਕੀਤੀ ਗਈ ਬੇਅਦਬੀ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਹਰਭਜਨ ਸਿੰਘ ਈ ਟੀ ਓ ਸੂਬੇ ਵਿੱਚ ਲੋਕ ਹਿਤਾਂ ਲਈ ਲਗਾਤਾਰ ਕੰਮ ਕਰ ਰਹੇ ਹਨ। ਲੋਹਟੀਆ ਨੇ ਆਖਿਆ ਕਿ ਕੁਝ ਨੇਤਾ ਸਸਤੀ ਲੋਕਪ੍ਰਿਯਤਾ ਲਈ ਅਣਸ਼ੋਭਨੀ ਬਿਆਨਬਾਜ਼ੀ ਕਰ ਰਹੇ ਹਨ, ਜਿਸ ਨਾਲ ਸਮਾਜ ਵਿੱਚ ਨਫਰਤ ਦਾ ਮਾਹੌਲ ਬਣਦਾ ਹੈ।

# ਮੈਰਾਥਨ ਰਾਹੀਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੁਧਿਆਣਾ ਵਾਸੀਆਂ ਵੱਲੋਂ ਵੱਡਾ ਹੁੰਗਾਰਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੁਧਿਆਣਾ ਵਿੱਚ ਵੱਡਾ ਜਨ ਸਮਰਥਨ ਮਿਲਿਆ, ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ



ਬਾਰੇ ਜਾਗਰੂਕ ਕਰਨ ਤੇ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਮੋੜਨ ਦੇ ਉਦੇਸ਼ ਨਾਲ 5 ਕਿਲੋਮੀਟਰ ਦੀ ਪਹਿਲੀ ਪ੍ਰਮੋਸ਼ਨਲ ਮੈਰਾਥਨ ਕਰਵਾਈ ਗਈ। ਇਹ ਮੈਰਾਥਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਸਪੋਰਟਸ ਗਰਾਊਂਡ ਤੋਂ ਸ਼ੁਰੂ ਹੋਈ, ਜਿਸ ਨੂੰ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ੍ਰੀ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਸਰਦਾਰ ਰੌੜੀ ਨੇ ਦੱਸਿਆ ਕਿ ਲਗਭਗ 1200 ਦੌੜਾਕਾਂ ਨੇ ਇਸ ਮੈਰਾਥਨ ਵਿੱਚ ਭਾਗ ਲਿਆ। ਉਨ੍ਹਾਂ ਕਿਹਾ ਕਿ ਇਹ ਦੌੜ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਮਹਾਨ ਕੁਰਬਾਨੀ ਨੂੰ ਸਮਰਪਿਤ ਹੈ ਅਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਵੱਲ ਇੱਕ ਮਜ਼ਬੂਤ ਸਮੂਹਿਕ ਕਦਮ ਹੈ। ਉਨ੍ਹਾਂ ਐਲਾਨ ਕੀਤਾ ਕਿ 22 ਮਾਰਚ ਨੂੰ ਮਾਹਿਲਪੁਰ (ਜ਼ਿਲ੍ਹਾ ਹੁਸ਼ਿਆਰਪੁਰ) ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਸ਼ਟਰੀ ਮੈਰਾਥਨ ਆਯੋਜਿਤ ਕੀਤੀ ਜਾਵੇਗੀ ਅਤੇ ਸਾਰੇ ਨਾਗਰਿਕਾਂ ਨੂੰ ਇਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨਸ਼ਾ ਮੁਕਤ ਪੰਜਾਬ ਲਈ ਜਨ ਅੰਦੋਲਨ ਹੋਰ ਮਜ਼ਬੂਤ ਹੋਵੇਗਾ। ਇਸ ਮੌਕੇ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਸਤਵੀਰ ਸਿੰਘ ਗੋਸਲ, ਉਪ ਮੰਡਲ ਮੈਜਿਸਟਰੇਟ ਲੁਧਿਆਣਾ ਪੂਰਬੀ ਜਸਲੀਨ ਕੌਰ ਭੁੱਲਰ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਸਨ।

# ਰਾਖਵਾਂਕਰਨ ਸਹੀ ਰੂਪ 'ਚ ਲਾਗੂ ਨਾ ਕਰਨ 'ਤੇ ਕੀਤੀ ਜਾਵੇਗੀ ਕਾਨੂੰਨੀ ਕਾਰਵਾਈ : ਡਾ. ਬਲਜੀਤ ਕੌਰ



**ਦਸੂਹਾ (ਕਰਨੈਲ ਮਾਂਗਟ)**

ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦੀ ਮੀਟਿੰਗ ਸਟੇਟ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ ਦੀ ਅਗਵਾਈ ਵਿੱਚ ਸਮਾਜਿਕ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਦੇ ਮੰਤਰੀ ਡਾ. ਬਲਜੀਤ ਕੌਰ ਨਾਲ ਪੰਜਾਬ ਭਵਨ ਵਿਖੇ ਹੋਈ ਜਿਸ ਵਿੱਚ ਜਨਰਲ ਸਕੱਤਰ ਲਛਮਣ ਸਿੰਘ ਨਬੀਪੁਰ, ਸਕੱਤਰ ਜਨਰਲ ਬਲਵਿੰਦਰ ਸਿੰਘ ਲਤਾਲਾ, ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ, ਸੀਨੀਅਰ ਮੀਤ ਪ੍ਰਧਾਨ ਵੀਰ ਸਿੰਘ ਮੋਗਾ ਸੀਨੀਅਰ ਮੀਤ ਪ੍ਰਧਾਨ ਪਰਵਿੰਦਰ ਭਾਰਤੀ ਸ਼ਾਮਿਲ ਹੋਏ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਕੁਲਵੰਤ ਸਿੰਘ ਜਲੋਟਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਵਿਦਿਆਰਥੀਆਂ ਨੂੰ ਸਾਰੇ ਵਿਸ਼ਿਆਂ ਦੀਆਂ ਪਾਠ ਪੁਸਤਕਾਂ ਸੈਸ਼ਨ ਦੇ ਸ਼ੁਰੂ 'ਚ 15 ਅਪ੍ਰੈਲ ਤੱਕ ਦੇਣ, ਵੱਖ-ਵੱਖ ਵਜ਼ੀਫਿਆਂ ਦੀ ਦਰ ਜਮਾਤ ਵਾਰ ਇਕ ਸਮਾਨ ਕਰਨ, ਮੈਰੀਟੋਰੀਅਸ ਵਜੀਫੇ ਨੂੰ ਹਾਜਰੀ ਵਜੀਫਿਆਂ ਤੋਂ ਵੱਖਰਾ ਦੇਣ, ਵਜ਼ੀਫੇ ਦੀ ਦਰ ਚ ਸਨਮਾਨਜਨਕ ਵਾਧਾ ਕਰਨ, ਵਜ਼ੀਫੇ ਅਪਲਾਈ ਕਰਨ ਸਮੇਂ ਆਮਦਨ ਸਰਟੀਫਿਕੇਟ ਦੀ ਥਾਂ ਸਵੈ ਘੋਸ਼ਣਾ ਸਵੀਕਾਰ ਕਰਨ,ਆਬਾਦੀ ਅਨੁਸਾਰ ਰਾਖਵਾਂਕਰਣ ਦੇਣ, ਸਿੱਧੀ ਭਰਤੀ ਤੇ ਤਰੱਕੀਆਂ 'ਚ ਰਾਖਵਾਂਕਰਨ ਨੀਤੀ ਨੂੰ ਸਹੀ ਰੂਪ ਵਿੱਚ ਲਾਗੂ ਕਰਨ, ਵੱਖ ਵੱਖ ਵਿਭਾਗਾਂ 'ਚ ਰੋਸਟਰ ਰਜਿਸਟਰਾਂ ਨੂੰ ਠੀਕ ਤਿਆਰ ਕਰਨ, ਓਪਨ ਮੈਰਿਟ ਵਿੱਚ ਆਏ ਰਿਜ਼ਰਵ ਸ਼੍ਰੇਣੀ ਦੇ ਉਮੀਦਵਾਰਾਂ ਨੂੰ ਓਪਨ 'ਚ ਦਰਜ ਕਰਨ, ਸੀਨੀਆਰਤਾ ਕਮ ਮੈਰਿਟ ਨੂੰ ਸਹੀ ਰੂਪ ਵਿੱਚ ਲਾਗੂ ਕਰਕੇ ਰਿਜ਼ਰਵੇਸ਼ਨ ਦੇਣ , ਆਰ ਕੇ ਸੱਭਰਵਾਲ ਜਜਮੈਂਟ ਦੀ ਅਣਦੇਖੀ ਕਰਕੇ ਗਲਤ ਰੋਸਟਰ ਰਜਿਸਟਰਾਂ ਨੂੰ ਤਿਆਰ ਕਰਨ ਤੇ ਪ੍ਰਵਾਨ ਕਰਨ ਵਾਲੇ ਅਧਿਕਾਰੀਆਂ ਖਿਲਾਫ਼ ਬਣਦੀ ਕਾਨੂੰਨੀ ਤੇ ਵਿਭਾਗੀ ਕਾਰਵਾਈ ਕਰਨ ਬਾਰੇ ਮੀਟਿੰਗ 'ਚ ਵਿਸਥਾਰਪੂਰਵਕ ਗੱਲ ਹੋਈ। ਜਿਸ ਤੇ ਵਿਭਾਗ ਦੇ ਮੰਤਰੀ ਤੇ ਅਧਿਕਾਰੀਆਂ ਨੇ ਸਾਰੇ ਹੀ ਮੁੱਦਿਆਂ ਨੂੰ ਕਮੇਟੀ ਬਣਾ ਕੇ ਸਮਾਂ-ਬੱਧ ਹੱਲ ਕਰਨ ਦਾ ਪੂਰਨ ਵਿਸ਼ਵਾਸ ਦਵਾਇਆ। ਇਸ ਸਮੇਂ ਵੈੱਲਫੇਅਰ ਵਿਭਾਗ ਦੇ ਸਕੱਤਰ ਵੀ ਕੇ ਮੀਣਾ, ਡਾਇਰੈਕਟਰ ਵਿਮੀ ਭੁੱਲਰ, ਸਿੱਖਿਆ ਵਿਭਾਗ ਦੇ ਵਿਸ਼ੇਸ਼ ਸਕੱਤਰ ਅਰਵਿੰਦ, ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਗੁਰਿੰਦਰ ਸਿੰਘ ਸੋਢੀ, ਅਸਿਸਟੈਂਟ ਡਾਇਰੈਕਟਰ ਸੁਸ਼ੀਲ ਨਾਥ, ਗੁਰਜੰਟ ਸਿੰਘ, ਸੰਜੀਵ ਮੰਨਣ, ਸੁੱਖ ਸਾਗਰ ਸਿੰਘ, ਸੁਪਰਡੈਂਟ ਰਮਨਜੀਤ ਕੌਰ, ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਪਟਿਆਲਾ ਸ਼ਾਲੂ ਮਹਿਰਾ ਤੇ ਹੋਰ ਅਧਿਕਾਰੀ ਹਾਜ਼ਰ ਸਨ। ਮੀਟਿੰਗ ਵਿੱਚ ਸਕੱਤਰ ਸੁਖਪਾਲ ਬਕਰਾਹਾ, ਕੰਵਲਜੀਤ ਭਵਾਨੀਗੜ੍ਹ, ਹਰਵਿੰਦਰ ਮਾਰਸ਼ਲ, ਹੈਪੀ ਸਿੰਘ ਮੋਗਾ, ਪਰਮਜੀਤ ਸਿੰਘ ਲੁਧਿਆਣਾ, ਹਰਜਿੰਦਰ ਅਰਜ਼, ਬਲਜੀਤ ਸਿੰਘ, ਮਨਪ੍ਰੀਤ ਸਿੰਘ ਰੂਪਨਗਰ, ਲੈਕ ਹਰਬਿਲਾਸ ਬੰਗਾ,ਅਮਰਜੀਤ ਸਿੰਘ ਦਸੂਹਾ, ਵਿਪਨ ਸਨਿਆਲ,ਹਰਪਾਲ ਸਿੰਘ ਦਸੂਹਾ,ਸੁਖਦੇਵ ਕਾਜਲ ਤੇ ਹੋਰ ਆਗੂ ਸਾਥੀ ਸ਼ਾਮਿਲ ਹੋਏ।

# ਖ਼ਾਲਸਾ ਕਾਲਜ ਵਿਖੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਲਈ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਨੈਤਿਕ ਤੇ ਧਾਰਮਿਕ ਕਦਰਾਂ-ਕੀਮਤਾਂ ਦੇ ਪ੍ਰਚਾਰ ਪ੍ਰਸਾਰ ਦੇ ਮੰਤਵ ਨਾਲ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਆਯੋਜਿਤ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਵਿਦਿਆਰਥੀਆਂ ਦੇ ਨੈਤਿਕ, ਅਧਿਆਤਮਕ ਤੇ ਬੌਧਿਕ ਵਿਕਾਸ ਦੇ ਉਦੇਸ਼ ਨਾਲ ਲਈ ਗਈ ਪ੍ਰੀਖਿਆ ਵਿਚ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਨਾਲ ਜੋੜ ਕੇ ਹੀ ਉਨ੍ਹਾਂ ਅੰਦਰ ਚੰਗੀਆਂ ਕੀਮਤਾਂ ਦੇ ਨਾਲ ਨਾਲ ਸਮਾਜਿਕ ਚੇਤਨਾ ਦਾ ਵਿਕਾਸ ਕੀਤਾ ਜਾ ਸਕਦਾ ਹੈ। ਸਿੱਖ ਬਾਣੀ ਅਤੇ ਇਤਿਹਾਸ ਨਾਲ ਸੰਬੰਧਿਤ ਇਹੋ ਜਿਹੇ ਇਮਤਿਹਾਨ ਵਿਦਿਆਰਥੀਆਂ ਵਿਚ ਧਾਰਮਿਕ ਜਾਗਰੂਕਤਾ ਅਤੇ ਉੱਚੇ ਮੁੱਲਾਂ ਨੂੰ ਮਜ਼ਬੂਤ ਕਰਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਧਾਰਮਿਕ ਪ੍ਰੀਖਿਆ ਦੀ ਤਿਆਰੀ ਅਤੇ ਆਯੋਜਨ ਵਿਚ ਧਾਰਮਿਕ ਅਧਿਆਪਕ ਅੰਮ੍ਰਿਤਪਾਲ ਸਿੰਘ ਅਤੇ ਪ੍ਰੋ. ਸੌਰਵ ਦਾਦਰੀ ਵਲੋਂ ਜ਼ਿੰਮੇਵਾਰੀ ਨਿਭਾਈ ਗਈ। ਧਾਰਮਿਕ ਪ੍ਰੀਖਿਆ ਨੂੰ ਨਿਰਪੱਖ ਅਤੇ ਵਿਵਸਥਿਤ ਢੰਗ ਨਾਲ ਕਰਵਾਉਣ ਲਈ ਸੈਂਟਰ ਸੁਪਰਡੈਂਟ ਵਲੋਂ ਭਾਈ ਸੰਗਤ ਸਿੰਘ ਖਾਲਸਾ ਕਾਲਜ ਬੰਗਾ ਤੋਂ ਧਾਰਮਿਕ ਅਧਿਆਪਕਾਂ ਕਮਲਜੀਤ ਕੌਰ ਵਲੋਂ ਜ਼ਿੰਮੇਵਾਰੀ ਨਿਭਾਈ ਗਈ।

# ਵਿਧਾਇਕ ਘੁੰਮਣ ਨੇ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਵੰਡੇ

**ਦਸੂਹਾ, (ਕਰਨੈਲ ਮਾਂਗਟ)**

ਦਸੂਹਾ ਦੇ ਬੀ ਡੀ ਪੀ ਓ ਦਫ਼ਤਰ ਵਿਖੇ ਇੱਕ ਚੈੱਕ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਦਸੂਹਾ ਹਲਕੇ ਦੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਤੇ ਵਿਧਾਇਕ ਘੁੰਮਣ ਨੇ ਹਲਕਾ ਦਸੂਹਾ ਦੇ ਵੱਖ-ਵੱਖ ਪਿੰਡਾਂ ਅਗਲੋਰ, ਓਡਰਾ, ਬਹਿਬੋਵਾਲ, ਬਸਤੀ ਨਵਾਂ ਟੇਰਕਿਆਣਾ, ਬਸਤੀ ਵਧਾਈਆ, ਭਟੋਲੀ, ਬਾਲਾ ਕੁਲੀਆ, ਚੱਕਬਾਮੂ, ਲਮੀਣ, ਛਾਂਗਲਾ, ਧੋਲੀਆ, ਢੱਡਰੀਆਂ, ਗੰਭੋਵਾਲ, ਘੋਗਰਾ, ਸਿੰਘਪੁਰ, ਹਲੇੜ, ਗਿੱਲਜੀਆਂ , ਕਾਦੀਆਂ, ਝਿੰਗੜ ਕਲਾ, ਸਿੰਘਪੁਰ, ਕੱਲੋਵਾਲ, ਕੱਤੋਵਾਲ, ਕਲਿਆਣਪੁਰ, ਕੋਲੀਆ, ਕੁਲਾਰ, ਖੁਨ ਖੁਨ ਸਰਕੀ, ਕਾਹਲਵਾ, ਖੇਪੜ, ਖੇੜਾ ਕੋਟਲੀ, ਲਮੀਂ, ਮੱਕੋਵਾਲ, ਨਵੀਂ ਆਬਾਦੀ ਗਾਲੋਵਾਲ, ਫੱਤਣਚੱਕ, ਪੰਧੇਰ, ਰਛਪਾਲਵਾ, ਸਦਰਪੁਰ, ਸੰਤਪੁਰ ਗੋਰਸੀਆ, ਸੰਸਾਰਪੁਰ, ਸੋਸਪੁਰ, ਸਰੀਹਪੁਰ, ਸਤਾਬਕੋਟ , ਟੇਰਕੀਆਣਾ, ਬੋਦਲ ਛਾਉਣੀ, ਬਸੋਆ , ਪੱਤੀ ਛੋੜੀਆਂ , ਸਰੀਹਪੁਰ ਆਦਿ ਪੰਚਾਇਤਾਂ ਨੂੰ ਗਲੀਆਂ ਤੇ ਖੇਡ ਪਾਰਕ, ਝੂਲਿਆਂ, ਗਲੀਆਂ ਦੀਆਂ ਪੰਚਾਇਤਾਂ ਨੂੰ ਨਾਲੀਆਂ, ਸ਼ੈੱਡਾਂ, ਤਲਾਅ ਸੁਧਾਰ, ਸੀਵਰੇਜ ਨਿਕਾਸੀ, ਧਰਮਸ਼ਾਲਾਵਾਂ, ਜਿੰਮ, ਤਲਾਬ, ਸ਼ਮਸ਼ਾਨਘਾਟ, ਸੋਲਰ ਲਾਈਟਾਂ, ਬਿਜਲੀ ਦੀਆਂ ਤਾਰਾਂ, ਪੀਣ ਵਾਲੇ ਪਾਣੀ ਦੀਆਂ ਪਾਈਪਲਾਈਨਾਂ, ਬਾਥਰੂਮਾਂ ਅਤੇ ਦੁਸਹਿਰਾ ਮੈਦਾਨ ਲਈ ਅਲੱਗ-ਅਲੱਗ ਪੰਚਾਇਤਾਂ ਨੂੰ 1 ਕਰੋੜ 8



ਲੱਖ ਰੁਪਏ ਦੇ ਚੈੱਕ ਵੰਡੇ ਗਏ। ਇਸ ਮੌਕੇ ਵਿਧਾਇਕ ਘੁੰਮਣ ਨੇ ਕਿਹਾ ਕਿ ਕੋਈ ਵੀ ਪਿੰਡ ਵਿਕਾਸ ਕਾਰਜਾਂ ਤੋਂ ਬਿਨਾਂ ਨਹੀਂ ਰਹੇਗਾ। ਇਸ ਮੌਕੇ ਤੇ ਗੁਰਮੀਤ ਸਿੰਘ ਚਾਹਲ (ਬੀ ਡੀ ਪੀ ਓ) ਦਸੂਹਾ, ਜਮਿੰਦਰਜੀਤ ਸਿੰਘ, ਪੰਚਾਇਤ ਅਫ਼ਸਰ, ਜਰਨੈਲ ਸਿੰਘ, ਪੰਚਾਇਤ ਸਕੱਤਰ, ਕੰਵਲਪ੍ਰੀਤ ਸਿੰਘ, ਸੰਦੀਪ ਸਿੰਘ ਢਿੱਲੋਂ, ਕੁਲਵਿੰਦਰ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਗੁਰਪ੍ਰੀਤ ਸਿੰਘ, ਕਮੇਟੀ ਮੈਂਬਰ, ਬਲਾਕ ਪ੍ਰਧਾਨ, ਬਲਾਕ ਕਮੇਟੀ ਮੈਂਬਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਪੰਚਾਇਤ ਮੈਂਬਰ ਅਤੇ ਵੱਖ-ਵੱਖ ਪਿੰਡਾਂ ਦੇ ਪੰਚਾਇਤ ਮੈਂਬਰ ਮੌਜੂਦ ਸਨ।

# ਸੁਖਬੀਰ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਫਗਵਾੜਾ ਨੂੰ ਜ਼ਿਲ੍ਹਾ ਬਣਾਉਣ ਦਾ ਭਰੋਸਾ

**ਫਗਵਾੜਾ (ਡਾ. ਰਮਨ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਹਲਕਾ ਇੰਚਾਰਜ ਫਗਵਾੜਾ ਸ਼ਹਿਰੀ ਰਣਜੀਤ ਸਿੰਘ ਖੁਰਾਣਾ ਤੇ ਦਿਹਾਤੀ ਇੰਚਾਰਜ ਰਜਿੰਦਰ ਸਿੰਘ ਚੰਦੀ ਦੀ ਅਗਵਾਈ ਵਿੱਚ ਹਲਕਾ ਫਗਵਾੜਾ ਦੇ ਸੀਨੀਅਰ ਅਹੁਦੇਦਾਰਾਂ ਅਤੇ ਵਰਕਰਾਂ ਨੇ ਵਿਸ਼ੇਸ ਮੀਟਿੰਗ ਕੀਤੀ ਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ ਤੇ ਫਗਵਾੜਾ ਨੂੰ ਜ਼ਿਲ੍ਹਾ ਬਣਾਉਣ ਦੀ ਮੰਗ ਰੱਖੀ। ਜਿਸ 'ਤੇ ਸ. ਬਾਦਲ ਨੇ ਕਿਹਾ ਕੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ੍ਰੋਮਣੀ ਅਕਾਲੀ ਦਲ ਦੇ ਮੈਨੀਫਸਟੋ ਵਿੱਚ ਫਗਵਾੜਾ ਨੂੰ ਪਹਿਲ ਦੇ ਆਧਾਰ ਤੇ ਜ਼ਿਲ੍ਹਾ ਬਣਾਉਣ ਦੀ ਤਜਵੀਜ਼ ਸੀ ਤੇ ਹੁਣ ਵੀ 2027 ਦੀਆ ਚੋਣਾਂ ਵਿੱਚ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ ਤੇ ਫਗਵਾੜਾ ਨੂੰ ਪਹਿਲੇ ਤਿੰਨ ਮਹੀਨੇ ਦੇ ਅੰਦਰ ਜ਼ਿਲ੍ਹਾ ਬਣਾਇਆ ਜਾਵੇਗਾ। ਸੁਖਬੀਰ ਸਿੰਘ ਬਾਦਲ ਨੇ ਵਰਕਰਾਂ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਕਮਰ ਕੱਸੇ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਹਰਵਿੰਦਰ ਸਿੰਘ ਵਾਲੀਆਂ, ਗੁਰਦੀਪ ਸਿੰਘ ਖੇੜਾ, ਅਵਤਾਰ ਸਿੰਘ ਭੁੰਗਰਨੀ, ਬਹਾਦਰ ਸਿੰਘ ਸੰਗਤਪੁਰ, ਕੁਲਵਿੰਦਰ ਸਿੰਘ ਕਿੰਦਾ, ਪਰਮਿੰਦਰ ਸਿੰਘ ਜੰਡੂ, ਬਲਜਿੰਦਰ ਸਿੰਘ ਫਤਿਹਗੜ੍ਹ, ਸੰਨੀ ਵਾਹਦ, ਪਰਮਜੀਤ ਸਿੰਘ ਆਜ਼ਾਦ, ਜਸਵਿੰਦਰ ਸਿੰਘ ਭਗਤਪੁਰਾ, ਝਿਰਮਲ ਸਿੰਘ ਭਿੰਡਰ, ਰਣਜੀਤ ਸਿੰਘ ਜੀਤੀ,



ਹਰਦੀਪ ਸਿੰਘ ਦੀਪਾ, ਦਵਿੰਦਰ ਸਿੰਘ, ਰਣਜੀਤ ਸਿੰਘ ਸੰਦਲ, ਹਰਜਾਪ ਸਿੰਘ, ਸਰਬਜੀਤ ਸਿੰਘ ਮੰਡੇਰ, ਰੋਹਿਤ ਪਾਲ, ਸੁਖਦੀਪ ਸਿੰਘ ਵਾਲੀਆਂ, ਰਵਨੀਤ ਸਿੰਘ ਭੰਮਰਾ, ਡਾ. ਕੁਲਵਿੰਦਰ ਸਿੰਘ, ਨਿਰਮਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਦਿਹਾੜਾ 25 ਨੂੰ ਮਨਾਇਆ ਜਾਵੇਗਾ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਵਿਸ਼ੇਸ਼ ਸਮਾਗਮ 25 ਫਰਵਰੀ ਦਿਨ ਬੁੱਧਵਾਰ ਨੂੰ ਸਵੇਰੇ 10 ਤੋਂ 12 ਵਜੇ ਤੱਕ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਦੀਆਂ ਬੀਬੀਆਂ ਭੈਣਾਂ ਵੱਲੋਂ ਸ਼ਬਦ ਚੌਂਕੀ ਲਗਾ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣ ਗਾਇਨ ਕੀਤਾ ਜਾਵੇਗਾ। ਚਾਹ ਪਾਣੀ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ। ਸਮਾਪਤੀ ਉਪਰੰਤ ਸੰਗਤਾਂ ਨੂੰ ਡੇਰਾ ਸੰਤਪੁਰੀ ਗੱਜਰ ਮਹਿਦੂਦ, ਡੇਰਾ ਰਤਨਪੁਰੀ ਜੇਜੋਂ ਦੋਆਬਾ, ਗੁਰਦੁਆਰਾ ਪੀਰ ਬਾਲਾ ਸਾਹਿਬ ਤੇ ਹੋਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਦੀਦਾਰੇ ਕਰਾਏ ਜਾਣਗੇ। ਇਸ ਮੌਕੇ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣ ਗਾਇਨ ਕੀਤਾ ਗਿਆ। ਕੁਟੀਆ ਵਿਖੇ ਪਹਿਲੀ ਵਾਰ ਆਈ ਬੀਬੀ ਰਣਜੀਤ ਰਾਣੀ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਤਸਵੀਰ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਕੁਟੀਆ ਦੇ ਸੰਚਾਲਕ ਨਿਰਮਲ ਸਿੰਘ ਮੁੱਗੋਵਾਲ, ਪਰਮਜੀਤ ਕੌਰ ਮੁੱਗੋਵਾਲ, ਰੇਖਾ ਰਾਣੀ ਪ੍ਰਧਾਨ ਜੈ ਭੀਮ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ, ਮਾਸਟਰ ਜੈ ਰਾਮ ਬਾੜੀਆਂ, ਸੁਖਵਿੰਦਰ ਕੁਮਾਰ, ਹੰਸ ਰਾਜ ਕਨੇਡਾ, ਸੰਤੋਸ਼ ਕੁਮਾਰੀ, ਸੀਮਾ ਰਾਣੀ, ਤਰਸੇਮ ਕੌਰ,ਅਜੇ ਕੁਮਾਰ, ਆਦੀ ਹਾਜ਼ਰ ਸਨ।

# ਚੈਰੀਟੇਬਲ ਹਸਪਤਾਲ ਵਿਖੇ ਅੱਖਾਂ ਦੀ ਜਾਂਚ ਤੇ ਆਪਰੇਸ਼ਨ ਸੇਵਾਵਾਂ ਦਾ ਵਿਭਾਗ ਅਰੰਭ

**ਨਵਾਂਸ਼ਹਿਰ (ਮਨੋਜ ਲਾਡੀ)**-ਅਕਾਲ ਪੁਰਖ ਦੀ ਕਿਰਪਾ ਸਦਕਾ ਸਚਖੰਡ ਵਾਸੀ ਸੰਤ ਬਾਬਾ ਗੁਰਮੇਲ ਸਿੰਘ ਜੀ ਵੱਲੋਂ ਇਲਾਕੇ ਦੇ ਲੋੜਵੰਦਾਂ ਮਰੀਜਾਂ ਲਈ ਪਿਛਲੇ ਸਮੇਂ ਦੌਰਾਨ ਮਹਾਂਪੁਰਖ ਸੰਤ ਬਾਬਾ ਓਂਕਾਰ ਸਿੰਘ ਜੀ ਦੀ ਯਾਦ ਵਿਚ ਜੋ ਇਲਾਕੇ ਦੇ ਲੋੜਵੰਦ ਲੋਕਾਂ ਲਈ ਸ੍ਰੀਮਾਨ ਸੰਤ ਬਾਬਾ ਓਂਕਾਰ ਸਿੰਘ ਮੈਮੋਰੀਅਲ ਚੈਰੀਟੇਬਲ ਹਸਪਤਾਲ ਤਿਆਰ ਕਰਵਾਏ ਸਨ ਅੱਜ ਉਸ ਵਿਚ ਅੱਖਾਂ ਦੇ ਵਿਭਾਗ ਦਾ ਉਦਘਾਟਨ



ਕੀਤਾ ਗਿਆ। ਪ੍ਰਸਿੱਧ ਕਥਾਵਾਚਕ ਅਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸਰਪ੍ਰਸਤ ਗਿਆਨੀ ਸਰਬਜੀਤ ਸਿੰਘ ਵੱਲੋਂ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕਰਕੇ ਅੱਖਾਂ ਦੇ ਇਲਾਜ ਲਈ ਇਸ ਵਿਭਾਗ ਦੀ ਅਰੰਭਤਾ ਕਰਵਾਈ। ਉਪਰੰਤ ਪ੍ਰਸਿੱਧ ਸਮਾਜ ਸੇਵੀ ਅਤੇ ਧੰਨ ਮਾਤਾ ਗੁਜਰੀ ਜੀ ਟਰੱਸਟ ਜਗਰਾਉਂ ਦੇ ਮੁੱਖ ਸੇਵਾਦਾਰ ਸ: ਸਰਦਾਰ ਗੁਰਤਾਜ ਸਿੰਘ ਵੱਲੋਂ ਇਸ ਸੇਵਾ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਬੋਧਨ ਹੁੰਦੇ ਹੋਏ ਗਿਆਨੀ ਸਰਬਜੀਤ ਸਿੰਘ ਨੇ ਕਿਹਾ ਕਿ ਇਸ ਸੰਸਥਾ ਵਿੱਚ ਅੱਖਾਂ ਦੀ ਜਾਂਚ ਅਤੇ ਆਪਰੇਸ਼ਨ ਦੀ ਸਹੂਲਤ ਆਰੰਭ ਹੋਣ ਨਾਲ ਇਲਾਕੇ ਦੇ ਵੱਡੀ ਗਿਣਤੀ ਵਿਚ ਲੋਕ ਇਸ ਸੇਵਾ ਦਾ ਲਾਭ ਉਠਾ ਸਕਣਗੇ। ਉਹਨਾਂ ਕਿਹਾ ਕਿ ਮਹਾਂਪੁਰਖਾਂ ਦੇ ਨਾਮ ਤੇ ਚੱਲ ਰਹੇ ਇਸ ਹਸਪਤਾਲ ਵਿੱਚ ਹਰ ਮਰੀਜ਼ ਦਾ ਇਲਾਜ ਉਸ ਦੀ ਲਾਗਤ ਤੋਂ ਵੱਧ ਨਹੀਂ ਲਿਆ ਜਾਵੇਗਾ ਅਤੇ ਲੋੜਵੰਦ ਮਰੀਜ਼ ਜੋ ਪੈਸਾ ਦੇਣ ਤੋਂ ਅਸਮੱਰਥ ਹੋਣਗੇ ਉਹਨਾਂ ਲਈ ਵੀ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬਿਨਾਂ ਖਰਚੇ ਤੋਂ ਇਲਾਜ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਹਾਲਟਾ ਵਿਖੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਪਰਮਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਹਰਮਿੰਦਰ ਸਿੰਘ ਲੱਕੀ, ਪ੍ਰੇਮ ਸਿੰਘ ਸੋਢੀ ਹਾਰਟਾਂ, ਪ੍ਰਭਾਤ ਫੇਰੀ ਜੱਥਾ ਆਦਿ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਮਾਗਮ ਦੌਰਾਨ ਸਹਿਯੋਗ ਦੇਣ ਵਾਲੀਆਂ ਸੰਗਤਾਂ ਨੂੰ ਯਾਦਗਾਰੀ ਚਿੰਨ ਅਤੇ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਪ੍ਰਧਾਨ ਪਰਮਿੰਦਰ ਸਿੰਘ, ਬਖਸ਼ੀਸ਼ ਰਾਮ ਉਪ ਪ੍ਰਧਾਨ, ਕਸ਼ਮੀਰ ਸਿੰਘ ਸੈਕਟਰੀ, ਧਰਮਪਾਲ, ਬਲਵੀਰ ਸਿੰਘ ਸਰਪੰਚ, ਮਲਕੀਤ ਸਿੰਘ, ਡਾਕਟਰ



ਜਸਬੀਰ ਸਿੰਘ, ਇੰਦਰਜੀਤ ਸਿੰਘ, ਜਸਪਾਲ ਸਿੰਘ, ਹਰਮਿੰਦਰ ਸਿੰਘ ਲੱਕੀ ਇਟਲੀ, ਅਮਰੀਕ ਸਿੰਘ ਪਰਮਜੀਤ ਸਿੰਘ ਕੁਲਵੰਤ ਸਿੰਘ, ਡਾਕਟਰ ਰੋਸ਼ਨ ਲਾਲ ਬੱਡਲਾ, ਸੁਖਵੰਤ ਰਾਏ ਹਾਰਟਾ, ਤਰਸੇਮ ਸਿੰਘ ਫੌਜੀ, ਪੱਤਰਕਾਰ ਪਰਮਜੀਤ ਸਿੰਘ ਪੰਮਾ ਹਾਰਟਾ, ਪੱਤਰਕਾਰ ਦਿਲਬਾਗ ਸਿੰਘ ਹਾਰਟਾ, ਪੱਤਰਕਾਰ ਮਲਕੀਤ ਸਿੰਘ ਹਾਰਟਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਵਿਜੇ ਘਾਰੂ ਡਾ. ਅੰਬੇਡਕਰ ਸੰਘਰਸ਼ ਮੋਰਚਾ ਪੰਜਾਬ ਦੇ ਚੇਅਰਮੈਨ ਨਿਯੁਕਤ

**ਨਕੋਦਰ (ਮਨਜੀਤ ਮਾਨ)**-ਡਾ ਅੰਬੇਡਕਰ ਸੰਘਰਸ਼ ਮੋਰਚਾ ਭਾਰਤ ਦੇ ਪੰਜਾਬ ਪ੍ਰਧਾਨ ਗੁਰਮੇਜ ਥਾਪਰ ਨੇ ਉੱਘੇ ਨੋਜਵਾਨ ਆਗੂ ਸਮਾਜ ਸੇਵਕ ਵਿਜੈ ਘਾਰੂ ਦੀਆਂ ਸਮਾਜ ਪ੍ਰਤੀ ਵਧੀਆ ਸੇਵਾਵਾ ਨੂੰ ਦੇਖਦੇ ਦੇ ਹੋਏ ਉਹਨਾ ਨੂੰ ਪਾਰਟੀ ਦੇ ਪੰਜਾਬ ਦੇ ਚੇਅਰਮੇਨ ਨਿਯੁਕਤ ਕੀਤਾ ਗਿਆ। ਪਾਰਟੀ ਦੇ ਰਾਸ਼ਟਰੀ ਕਨਵੀਨਰ ਤਰਲੋਕ ਵੇਡਲ ਤੇ



ਉੱਪ ਰਾਸ਼ਟਰੀ ਕਨਵੀਨਰ ਡਾ. ਹਰਜਿੰਦਰ ਮੱਟੂ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਵਿਜੈ ਘਾਰੂ ਨੂੰ ਮੁਬਾਰਕਾਂ ਦਿੱਤੀਆ ਤੇ ਪਾਰਟੀ ਦੇ ਪ੍ਰਤੀ ਵਧੀਆ ਸੇਵਾਵਾਂ ਦੇਣ ਲਈ ਪ੍ਰੇਰਿਤ ਕੀਤਾ। ਨਵ ਨਿਯੁਕਤ ਚੇਅਰਮੈਨ ਵਿਜੇ ਘਾਰੂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਾਰਟੀ ਵੱਲੋਂ ਦਿਤੀ ਗਈ ਜ਼ਿੰਮੇਵਾਰੀ ਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਘਰ ਘਰ ਜਾਣਗੇ।

# ਮਹਾਂ-ਸ਼ਿਵਰਾਤਰੀ 'ਤੇ ਛੋਲੇ-ਪੂਰੀਆਂ ਦਾ ਲੰਗਰ ਲਗਾਇਆ



**ਬਲਾਚੌਰ (ਜਸਵਿੰਦਰ ਬੈਂਸ)**

ਬਲਾਚੌਰ ਦੇ ਚੰਡੀਗੜ੍ਹ ਰੋਡ 'ਤੇ ਸਥਿਤ ਮਸ਼ਹੂਰ ਖੁਰਾਨਾ ਕਰਿਆਨਾ ਸਟੋਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਪਵਿੱਤਰ ਮੌਕੇ 'ਤੇ ਸਟੋਰ ਦੇ ਮਾਲਕਾਂ ਵੱਲੋਂ ਰਾਹਗੀਰਾਂ ਅਤੇ ਸੰਗਤਾਂ ਲਈ ਛੋਲੇ-ਪੂਰੀਆਂ ਦਾ ਅਤੁੱਟ ਲੰਗਰ ਲਗਾਇਆ ਗਿਆ।ਸੇਵਾ ਤੇ ਸ਼ਰਧਾ ਦਾ ਸੰਗਮ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਟੋਰ ਦੇ ਮਾਲਕ ਗੌਰਵ ਖੁਰਾਨਾ ਨੇ ਦੱਸਿਆ ਕਿ ਉਹ ਪ੍ਰਮਾਤਮਾ ਦੀ ਕਿਰਪਾ ਨਾਲ ਹਰ ਸਾਲ ਮਹਾਂ ਸ਼ਿਵਰਾਤਰੀ ਦੇ ਮੌਕੇ 'ਤੇ ਲੰਗਰ ਦੀ ਸੇਵਾ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਰਾਹਗੀਰਾਂ ਨੇ ਰੁਕ ਕੇ ਪ੍ਰਸ਼ਾਦ ਛਕਿਆ ਅਤੇ ਭਗਵਾਨ ਸ਼ਿਵ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਗੌਰਵ ਖੁਰਾਨਾ ਨੇ ਸਮੂਹ ਦੇਸ਼ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਇਸ ਪਾਵਨ ਤਿਉਹਾਰ ਦੀਆਂ ਲੱਖ-ਲੱਖ ਵਧਾਈਆਂ ਵੀ ਦਿੱਤੀਆਂ।ਪਤਵੰਤੇ ਸੱਜਣਾਂ ਦੀ ਹਾਜ਼ਰੀ ਲੰਗਰ ਦੀ ਸੇਵਾ ਦੌਰਾਨ ਪ੍ਰਬੰਧਕਾਂ ਦੇ ਨਾਲ-ਨਾਲ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਕ੍ਰਿਸ਼ਨ ਲਾਲ ਖੁਰਾਨਾ, ?ਕੁਲਵਿੰਦਰ ਮੰਡ, ਸਿਮਰ , ਰਾਕੇਸ਼,ਸਤਨਾਮ, ਸੌਰਵ ਤੇ ਹੋਰ ਕਈ ਪਤਵੰਤੇ ਸੱਜਣ ਹਾਜ਼ਰ ਸਨ।ਸਥਾਨਕ ਨਿਵਾਸੀਆਂ ਨੇ ਖੁਰਾਨਾ ਪਰਵਾਰ ਦੇ ਇਸ ਧਾਰਮਿਕ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

# ਕਾਹਨਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਅਲਾਵਲਪੁਰ, (ਮਦਨ ਬੰਗੜ)**

ਰਵਿਦਾਸੀਆ ਧਰਮ ਪ੍ਰਚਾਰ ਅਸਥਾਨਪੁਰ ਵਿਖੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਆਗਮਨ ਪੁਰਬ, ਰਵਿਦਾਸੀਆ ਧਰਮ ਦਾ 17ਵਾਂ ਸਥਾਪਨਾ ਦਿਵਸ ਤੇ ਸਤਿਗੁਰ ਸਰਵਣ ਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਅਵਤਾਰ ਚੰਦ, ਬੀਬੀ ਹਰਪ੍ਰੀਤ, ਬਲਵਿੰਦਰ ਕੁਮਾਰ, ਮਨਜੀਤ



ਕੌਰ ਬੁਲੰਦਪੁਰ, ਭਾਈ ਜਸਵੀਰ ਸਿੰਘ, ਬੀਬੀ ਗਿਆਨ ਕੌਰ ਇਟਲੀ ਵਾਲਿਆਂ ਵੱਲੋਂ ਕਰਵਾਏ ਗਏ ।ਆਰਤੀ ਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਬਾਅਦ ਸੰਤ ਸੁਰਿੰਦਰ ਦਾਸ ਬਾਵਾ ਜੀ ਨੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਸਤਿਗੁਰ ਰਵਿਦਾਸ ਮਹਾਰਾਜ ਜੀ ਦੇ ਪਾਵਨ ਜੀਵਨ ਸੰਘਰਸ਼, ਵਿਚਾਰਧਾਰਾ, ਉਪਦੇਸ਼ਾਂ ਤੇ ਚਾਨਣਾ ਪਾਇਆ। ਉਹਨਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਚਮਾਰਬਾੜਾ ਜੌਹੜ ਤੁਗਲਕਾਬਾਦ ਦਿੱਲੀ ਦੀ ਸਾਰੀ ਜਮੀਨ ਰਵਿਦਾਸੀ ਕੌਮ ਨੂੰ ਮਿਲਣੀ ਚਾਹੀਦੀ ਹੈ। ਇਸ ਮੌਕੇ ਸੰਤ ਸਤਿਆਪਾਲ ਦਾਸ ਹਰਿਆਣਾ ਨੇ ਵਿਸ਼ਵ ਭਰ ਵਿੱਚ ਹੋ ਰਹੇ ਰਵਿਦਾਸੀਆ ਧਰਮ ਦੇ ਪ੍ਰਚਾਰ ਪ੍ਰਸਾਰ ਤੇ ਚਾਨਣਾ ਪਾਇਆ। ਇਸ ਮੌਕੇ ਸੰਤ ਹਰਵਿੰਦਰ ਦਾਸ ਆਦਮਪੁਰ, ਸੰਤ ਬਲਬੀਰ ਦਾਸ ਖੰਨਾ, ਸੰਤ ਬੀਬੀ ਕ੍ਰਿਸ਼ਨਾ ਦੇਵੀ ਬੋਪਾਰਾਏ ਕਲਾਂ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ਆਦਿ ਨੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਵੱਲੋਂ ਬਾਖੂਬੀ ਨਿਭਾਈ ਗਈ । ਗੁਰੂ ਕਾ ਅਤੁੱਟ ਲੰਗਰ ਵਰਤਿਆ ਗਿਆ।

# ਮਜ਼ਦੂਰ ਆਗੂ ਮਾਲੌਦ ਦੀ ਰਿਹਾਈ ਲਈ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਤਿਆਰੀਆਂ ਤੇਜ਼

**ਚੰਡੀਗੜ੍ਹ**-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਮਜ਼ਦੂਰ ਆਗੂ ਮੁਕੇਸ਼ ਮਾਲੌਦ ਦੀ ਰਿਹਾਈ ਤੇ ਹੋਰ ਮਜ਼ਦੂਰ ਮੰਗਾਂ ਨੂੰ ਲੈ ਕੇ ਮਜ਼ਦੂਰ ਜਥੇਬੰਦੀਆਂ ਦੁਆਰਾ 18 ਫ਼ਰਵਰੀ ਨੂੰ ਸੰਗਰੂਰ ਸਥਿਤ ਮੁੱਖ ਮੰਤਰੀ ਦੀ ਕੋਠੀ ਦੇ ਕੀਤੇ ਜਾਣ ਵਾਲੇ ਘਿਰਾਓ ਪ੍ਰੋਗ੍ਰਾਮ ਚ ਪੰਜਾਬ ਭਰ ਤੋਂ ਸੈਂਕੜੇ ਪੇਂਡੂ ਮਜ਼ਦੂਰਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ ਤੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਪੰਜਾਬ ਭਰ ਵਿੱਚ ਇਸ ਸੰਬੰਧੀ ਪੇਂਡੂ ਮਜ਼ਦੂਰਾਂ ਦੀ ਲਾਮਬੰਦੀ ਕੀਤੀ ਜਾ ਰਹੀ ਹੈ।



# ਮਹਾਂ-ਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਖੇਤਰ ਵਿੱਚ ਮਹਾਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਮੰਦਰ ਤੇ ਧਾਰਮਿਕ ਅਸਥਾਨਾਂ 'ਤੇ ਭਗਵਾਨ ਸ਼ਿਵ ਦੀਆਂ ਮੂਰਤੀਆਂ ਨੂੰ ਫੁੱਲਾਂ ਦੇ ਹਾਰਾਂ ਨਾਲ ਸਜਾ ਕੇ ਪੂਜਾ ਕੀਤੀ ਗਈ । ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਲਕੇ ਦੇ ਵੱਖ ਵੱਖ ਮੰਦਰਾਂ ਵਿੱਚ ਮੱਥਾ ਟੇਕਿਆ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹਰੀਪੁਰ ਕੂੜਾ ਦੇ ਨੀਲ ਕੰਠ ਮਹਾਂਦੇਵ ਸ਼ਿਵ ਮੰਦਰ ਸਮੇਤ ਵੱਖ ਵੱਖ ਮੰਦਰਾਂ ਵਿੱਚ ਹਾਜ਼ਰੀ ਲਵਾਈ ਤੇ ਹਲਕਾ ਵਾਸੀਆਂ ਨੂੰ ਮਹਾਂਸ਼ਿਵਰਾਤਰੀ ਦੀ ਵਧਾਈ ਦਿੱਤੀ।ਇਸ ਮੌਕੇ ਵਿਧਾਇਕ ਕੁਲਜੀਤ ਰੰਧਾਵਾ ਨੇ ਕਿਹਾ ਕਿ ਸਾਡਾ ਧਾਰਮਿਕ ਵਿਰਸਾ ਹੀ ਸਾਡਾ ਅਸਲ ਵਿਰਸਾ ਹੈ ਅਤੇ ਸਾਡੇ ਪ੍ਰਾਚੀਨ ਗ੍ਰੰਥਾਂ ਵਿੱਚ ਗਿਆਨ ਦਾ ਖਜ਼ਾਨਾ ਛੁਪਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਇਹ ਬੇਹੱਦ ਜ਼ਰੂਰੀ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਆਪਣੇ ਧਰਮ ਵਿਰਸੇ ਅਤੇ ਸੰਸਕ੍ਰਿਤੀ ਨਾਲ ਜੋੜੀਏ। ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਪ੍ਰਧਾਨ ਦੇ ਪਤੀ ਨਰੇਸ਼ ਉਪਨੇਜਾ ਸਮੇਤ ਵੱਡੀ ਗਿਣਤੀ 'ਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਬਸਪਾ ਨੇ 'ਪੰਜਾਬ ਸੰਭਾਲੋ' ਮੁਹਿੰਮ ਨੂੰ ਤੇਜ਼ ਕਰਨ ਲਈ ਅਹਿਮ ਰਣਨੀਤੀ ਤਿਆਰ ਕੀਤੀ

**ਹੁਸ਼ਿਆਰਪੁਰ (ਓ ਪੀ ਰਾਣਾ)**

ਬਹੁਜਨ ਸਮਾਜ ਪਾਰਟੀ ਪੰਜਾਬ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਸੂਬੇ ਦੀਆਂ ਜ਼ਿਲ੍ਹਾ ਕਮੇਟੀਆਂ ਅਤੇ ਵਿਧਾਨ ਸਭਾ ਹਲਕਿਆਂ ਦੇ ਪ੍ਰਧਾਨਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਪੰਜਾਬ ਦੀ ਮੌਜੂਦਾ ਸਿਆਸੀ, ਆਰਥਿਕ ਅਤੇ ਸਮਾਜਿਕ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ 'ਪੰਜਾਬ ਸੰਭਾਲੋ ਮੁਹਿੰਮ' ਨੂੰ ਹੋਰ ਸਰਗਰਮੀ ਨਾਲ ਚਲਾਉਣ ਦਾ ਫੈਸਲਾ ਕੀਤਾ ਗਿਆ। ਮੁੱਖ ਮਹਿਮਾਨ ਰਣਧੀਰ ਸਿੰਘ ਬੈਨੀਵਾਲ ਕੇਂਦਰੀ ਇੰਚਾਰਜ ਤੇ ਵਿਸ਼ੇਸ਼ ਮਹਿਮਾਨ ਪ੍ਰਤਾਪ ਸਿੰਘ ਕੇਂਦਰੀ ਇੰਚਾਰਜ ਬਸਪਾ ਪੰਜਾਬ, ਡਾ. ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ ਸਾਬਕਾ ਮੈਂਬਰ ਰਾਜ ਸਭਾ ਵਿਸ਼ੇਸ਼ ਤੌਰ ਤੇ ਮੀਟਿੰਗ ਵਿੱਚ ਪਹੁੰਚੇ।ਮੀਟਿੰਗ ਨੂੰ ਸੰਬੋਧਨ



ਕਰਦਿਆਂ ਬੈਨੀਵਾਲ, ਪ੍ਰਤਾਪ ਸਿੰਘ, ਡਾਕਟਰ ਕਰੀਮਪੁਰੀ ਨੇ ਕਿਸਾਨੀ ਕਰਜ਼ੇ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ।ਪਾਰਟੀ ਨੇ ਫੈਸਲਾ ਕੀਤਾ ਹੈ ਕਿ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਦਲਿਤਾਂ ਤੇ ਪਿਛੜੇ ਵਰਗਾਂ ਦੇ ਨਾਲ-ਨਾਲ ਹੁਣ ਕਿਸਾਨਾਂ ਅਤੇ ਸ਼ਹਿਰੀਆਂ ਤੱਕ ਵੀ ਪਾਰਟੀ ਦਾ ਏਜੰਡਾ ਪਹੁੰਚਾਇਆ ਜਾਵੇਗਾ। ਸਾਬਕਾ ਰਾਜ ਸਭਾ ਮੈਂਬਰ ਅਤੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਨੇ ਅਕਾਲੀ ਦਲ ਅਤੇ ਭਾਜਪਾ ਦੀਆਂ ਨਜ਼ਦੀਕੀਆਂ 'ਤੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਭਾਜਪਾ ਤੇ ਆਰ ਐੱਸ ਐੱਸ ਦਿੱਲੀ, ਹਰਿਆਣਾ, ਮਹਾਰਾਸ਼ਟਰ ਅਤੇ ਬਿਹਾਰ ਦੇ ਗੁਰਦੁਆਰਿਆਂ ਸਮੇਤ ਸਿੱਖ ਇਤਿਹਾਸਿਕ ਅਸਥਾਨਾਂ 'ਤੇ ਕਬਜ਼ਾ ਕਰ ਚੁੱਕੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਬਸਪਾ ਪੰਜਾਬ ਅੰਦਰ ਅਜਿਹਾ ਹਰਗਿਜ਼ ਨਹੀਂ ਹੋਣ ਦੇਵੇਗੀ ਅਤੇ ਪੰਜਾਬੀਆਂ ਨੂੰ ਇਸ ਵਿਰੁੱਧ ਜਾਗਰੂਕ ਕਰਕੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਪਾਰਟੀ ਦੇ ਸਟੇਟ ਜੋਨ ਕੋਆਰਡੀਨੇਟਰ ਪ੍ਰਜਾਪਤੀ ਅਜੀਤ ਸਿੰਘ ਭੈਣੀ,ਸਟੇਟ ਜੋਨ ਕੋਆਰਡੀਨੇਟਰ ਚੌਧਰੀ ਗੁਰਨਾਮ ਸਿੰਘ,ਸਟੇਟ ਜਨਰਲ ਸੈਕਰਟਰੀ ਐਡਵੋਕੇਟ ਬਲਵਿੰਦਰ ਕੁਮਾਰ, ਬਲਦੇਵ ਸਿੰਘ ਮਹਿਰਾ ਉਪ ਪ੍ਰਧਾਨ ਬਸਪਾ ਪੰਜਾਬ, ਮਾਸਟਰ ਅਮਰਜੀਤ ਸਿੰਘ ਜਲੂਰ ਸਟੇਟ ਜਨਰਲ ਸੈਕਟਰੀ, ਨਿਰਮਲ ਸਿੰਘ ਨਿੰਮਾ ਸਾਬਕਾ ਐੱਮ ਐੱਲ ਏ, ਸਟੇਟ ਜਨਰਲ ਸੈਕਟਰੀ ਤਰਸੇਮ ਥਾਪਰ, ਸਟੇਟ ਜਨਰਲ ਸੈਕਟਰੀ ਲਾਲ ਸਿੰਘ ਸਲਹਾਨੀ, ਸਟੇਟ ਜਨਰਲ ਸੈਕਟਰੀ ਮਾਸਟਰ ਓਮ ਪ੍ਰਕਾਸ਼, ਇੰਜੀਨੀਅਰ ਜਸਵੰਤ ਰਾਏ ਸਟੇਟ ਆਫਿਸ ਸੈਕਟਰੀ, ਪਰਮਜੀਤ ਮਲ ਸਟੇਟ ਕੈਸ਼ੀਅਰ, ਸੰਤ ਰਾਮ ਮਲੀਅ, ਗੁਰਬਖਸ਼ ਚੌਹਾਨ, ਤਾਰਾ ਚੰਦ ਭਗਤ, ਰਾਕੇਸ਼ ਕੁਮਾਰ, ਦਲਜੀਤ ਰਾਏ, ਜਗਦੀਸ਼ ਸ਼ੇਰਪੁਰੀ, ਸਲਿੰਦਰ ਕੁਮਾਰ, ਦਿਲਬਾਗ ਚੰਦ ਬਲਾਚੌਰ, ਡਾਕਟਰ ਸਰਬਜੀਤ ਸਿੰਘ ਖੇੜੀ, ਸਤਿਗੁਰੂ ਸਿੰਘ, ਸਰਦੂਲ ਸਿੰਘ ਜਿਲਾ ਰੋਪੜ ਪ੍ਰਧਾਨ, ਕੁਲਦੀਪ ਸਿੰਘ ਜਿਲਾ ਰੋਪੜ ਕੋਆਰਡੀਨੇਟਰ ਲੁਧਿਆਣਾ ਪਰਗਣ ਬਿਲਗਾ, ਯਾਦਵ ਜੀ, ਕਰਮ ਚੰਦ, ਐਡਵੋਕੇਟ ਪ੍ਰਿਤਪਾਲ ਸਿੰਘ, ਬੀਬੀ ਮਹਿਲਾ ਵਿੰਗ ਕਨਵੀਨਰ, ਰਜਿੰਦਰ ਸਿੰਘ, ਕਰਮ ਚੰਦ ਤੇ ਹੋਰ ਸੀਨੀਅਰ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸ਼ਿਵਰਾਤਰੀ ਦਾ ਤਿਉਹਾਰ ਮਨਾਇਆ



**ਮੋਹਾਲੀ (ਗੁਰਜੀਤ ਬਿੱਲਾ)**-ਸ਼ਿਵਰਾਤਰੀ ਦਾ ਤਿਉਹਾਰ ਸਾਰੇ ਧਰਮਾਂ ਤੋਂ ਉੱਪਰ ਉੱਠ ਕੇ ਸਾਂਝੇ ਤੌਰ ਤੇ ਮਨਾਇਆ ਜਾ ਰਿਹਾ ਹੈ, ਇਸ ਦੇ ਲਈ ਮੈਂ ਸਭਨਾ ਨੂੰ ਮੁਬਾਰਕਬਾਦ ਦਿੰਦਾ ਹਾਂ। ਇਹ ਗੱਲ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਕਹੀ। ਵਿਧਾਇਕ ਮੋਹਾਲੀ ਕੁਲਵੰਤ ਸਿੰਘ ਸ਼੍ਰੀ ਸ਼ਿਵ ਸ਼ਕਤੀ ਮੰਦਰ ਸਭਾ ਸੈਕਟਰ- 94 ਮੋਹਾਲੀ ਵੱਲੋਂ ਸ਼ਿਵਰਾਤਰੀ ਦਾ ਤਿਉਹਾਰ ਮਨਾਏ ਜਾਣ ਦੇ ਲਈ ਕਰਵਾਏ ਗਏ ਸਮਾਗਮ ਵਿੱਚ ਸ਼ਿਰਕਤ ਕਰ ਰਹੇ ਸਨ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਸਰਬ ਸ਼ਕਤੀਮਾਨ ਭਗਵਾਨ ਸ਼ਿਵ ਸ਼ੰਕਰ ਦੇ ਸ਼ਰਧਾਲੂ ਵੱਡੀ ਗਿਣਤੀ ਦੇ ਵਿੱਚ ਇਸ ਸਮਾਗਮ ਦੇ ਵਿੱਚ ਹਾਜ਼ਰ ਹਨ, ਸ਼ਿਵਰਾਤਰੀ ਦਾ ਤਿਉਹਾਰ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਇਲਾਵਾ ਵਿਦੇਸ਼ਾਂ ਵਿੱਚ ਵੀ ਵੱਡੇ ਪੱਧਰ ਤੇ ਮਨਾਇਆ ਜਾਂਦਾ ਹੈ।

# ਟੈੱਟ ਵਿਰੋਧੀ ਰੋਸ ਪ੍ਰਦਰਸ਼ਨ 'ਚ ਸੈਂਕੜੇ ਅਧਿਆਪਕ ਲੈਣਗੇ ਹਿੱਸਾ : ਜੀ ਟੀ ਯੂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਸਰਕਾਰ ਵੱਲੋਂ ਆਧਿਆਪਕਾ ਤੇ ਜਬਰੀ ਥੋਪੇ ਗਏ ਟੈੱਟ ਦੇ ਵਿਰੋਧ ਵਿੱਚ ਸਮੂਹ ਅਧਿਆਪਕ ਜਥੇਬੰਦੀਆਂ ਪੰਜਾਬ ਵੱਲੋਂ ਅਨੰਦਪੁਰ ਸਾਹਿਬ ਵਿਖੇ ਮਹਾ ਰੋਸ ਪ੍ਰਦਰਸ਼ਨ ਨੂੰ ਰੱਖਿਆ ਗਿਆ ਹੈ ਜਿਸ ਵਿੱਚ ਹੁਸ਼ਿਆਰਪੁਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਅਧਿਆਪਕ ਸ਼ਾਮਿਲ ਹੋਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਜਿਲ੍ਹਾ ਪ੍ਰਧਾਨ ਗੌਰਮੈਂਟ ਟੀਚਰ ਯੂਨੀਅਨ ਪ੍ਰਿਤਪਾਲ ਸਿੰਘ ਚਟਾਲਾ ਅਤੇ ਜ਼ਿਲ੍ਹਾ ਕਨਵੀਨਰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਸੰਜੀਵ ਧੂਤ ਨੇ ਕਿਹਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਮਹਾਂ-ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਲਈ 16 ਤੇ 17 ਫਰਵਰੀ ਨੂੰ-ਜ਼ਿਲ੍ਹਾ ਹੁਸ਼ਿਆਰਪੁਰ ਵਿਚ ਬਲਾਕ ਪੱਧਰੀ ਸਾਂਝੀਆਂ ਤਿਆਰੀ ਮੀਟਿੰਗਾਂ ਕਰਨ ਦਾ ਫੈਸਲਾ ਕੀਤਾ ਗਿਆ। ਗੌਰਮੈਂਟ ਟੀਚਰ ਯੂਨੀਅਨ ਜਿਲਾ ਹੁਸ਼ਿਆਰਪੁਰ ਵੱਲੋਂ ਸਮੂਹ ਅਧਿਆਪਕਾਂ ਨੂੰ ਪੰਜਾਬ ਦੇ ਅਧਿਆਪਕ ਵਰਗ ਨੂੰ ਜ਼ਬਰੀ ਥੋਪੇ ਜਾ ਰਹੇ ਟੈੱਟ ਦਾ ਹਿੱਸਾ ਬਣਨ ਦੀ ਬਜਾਏ 22 ਫਰਵਰੀ ਨੂੰ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਟੈਟ ਵਿਰੋਧੀ ਮਹਾਂ ਪ੍ਰਦਰਸ਼ਨ ਵਿੱਚ ਹਿੱਸਾ ਲੈ ਕੇ ਸੰਘਰਸ਼ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਅਮਰ ਸਿੰਘ, ਜਨਰਲ ਸਕੱਤਰ ਜਸਵੀਰ ਤਲਵਾੜਾ, ਸਚਿਨ ਕੁਮਾਰ, ਸਰਬਜੀਤ ਸਿੰਘ, ਪ੍ਰਿੰਸ ਗੜ੍ਹਦੀਵਾਲਾ, ਵਿਕਾਸ ਸ਼ਰਮਾ ਤੇ ਹੋਰ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਸ਼ਾਮਿਲ ਸਨ।

# ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਪੂਰਨ ਯਤਨਸ਼ੀਲ : ਜਤਿੰਦਰ ਸਿੰਘ

## ਜਨ-ਸੰਮੇਲਨ ਦੌਰਾਨ ਅਵਾਮ ਦੀਆਂ ਸੁਣੀਆਂ ਸ਼ਿਕਾਇਤਾਂ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਰਾਜ ਹਿਊਮਨ ਰਾਇਟਸ ਕਮਿਸ਼ਨ ਦੇ ਮੈਂਬਰ ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ ਬਾਅਦ ਦੁਪਹਿਰ ਮਾਲੇਰਕੋਟਲਾ ਵਿਖੇ ਵਾਰਿਸਾਨ-ਏ ਨਵਾਬ ਸ਼ੇਰ ਮੁਹੰਮਦ ਖਾਨ ਵਿਰਸਾ ਸੰਭਾਲ ਕਮੇਟੀ ਵੱਲੋਂ ਆਯੋਜਿਤ ਜਨ ਸੰਮੇਲਨ ਦੌਰਾਨ ਮਾਲੇਰਕੋਟਲਾ ਅਵਾਮ ਦੀਆਂ ਸ਼ਿਕਾਇਤਾਂ ਸੁਣਨ ਤੇ ਮਨੁੱਖੀ ਅਧਿਕਾਰ ਪ੍ਰਤੀ ਅਵਾਮ ਨੂੰ ਜਾਗਰੂਕ ਕਰਨ ਲਈ ਪੁੱਜੇ।

ਇਸ ਮੌਕੇ ਮਾਣਯੋਗ ਮੈਂਬਰ ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ ਵੱਲੋਂ ਸਿਵਲ ਤੇ ਪੁਲਸ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ, ਮਨੁੱਖੀ ਅਧਿਕਾਰਾਂ ਲਈ ਕੰਮ ਕਰ ਰਹੀਆਂ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਐੱਸ ਪੀ (ਐੱਚ) ਗੁਰਸ਼ਰਨਜੀਤ ਸਿੰਘ, ਐੱਸ.ਡੀ.ਐੱਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਐੱਸ.ਡੀ.ਐੱਮ. ਅਮਰਗੜ੍ਹ ਸੁਰਿੰਦਰ ਕੌਰ, ਜ਼ਿਲ੍ਹਾ ਮਾਲ ਅਫਸਰ ਮਨਦੀਪ ਕੌਰ, ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ, ਸਿਵਲ ਸਰਜਨ ਰਮਨਦੀਪ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜੋਤੀ ਕਪੂਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਡਾ. ਲਵਲੀਨ ਬੜਿੰਗ, ਤਹਿਸੀਲ ਸਮਾਜਿਕ ਨਿਆ ਅਧਿਕਾਰਤਾ ਅਫ਼ਸਰ ਹਰਪ੍ਰੀਤ ਸਿੰਘ, ਬੀ.ਡੀ.ਪੀ.ਓ. ਜਸਮਿੰਦਰ ਸਿੰਘ, ਬੀ.ਡੀ.ਪੀ.ਓ. ਬਬਲਜੀਤ ਕੌਰ, ਐਕਸੀਅਨ ਪੀ.ਐੱਸ.ਪੀ.ਸੀ.ਐੱਲ. ਇੰਜੀ. ਹਰਵਿੰਦਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।ਮੀਟਿੰਗ ਦੌਰਾਨ ਮਾਣਯੋਗ ਮੈਂਬਰ ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਅੰਦਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਤੇ ਉਲੰਘਣਾ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਨਿਰੰਤਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹੈ ਕਿ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੌਲਿਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਤੇ ਕਿਸੇ ਵੀ ਤਰ੍ਹਾਂ ਦੀ ਵਧੀਕੀ ਨਾ ਹੋਵੇ।

ਜਨ ਸੰਮੇਲਨ ਵਿਖੇ ਪੁਜਣ ਤੋਂ ਪਹਿਲਾਂ ਉਨ੍ਹਾਂ ਮਾਲੇਰਕੋਟਲਾ ਦੀ ਸਾਫ਼ ਸਫਾਈ, ਬੁਨਿਆਂਦੀ ਸਹੂਲਤਾਵਾਂ ਆਦਿ ਦਾ ਨਿਰੀਖਣ ਵੀ ਕੀਤਾ ਤੇ ਮੀਟਿੰਗ ਦੌਰਾਨ ਕਾਰਜ ਸਾਧਕ ਅਫ਼ਸਰ ਨੂੰ ਹਦਾਇਤ ਕੀਤੀ ਕਿ ਜਲਦ ਤੋਂ ਜਲਦ ਬੱਸ ਸਟੈਂਡ ਨੇੜੇ ਕੂੜੇ ਦੇ ਡੰਪ ਨੂੰ ਖਤਮ ਕੀਤਾ ਜਾਵੇ ਤੇ ਸ਼ਹਿਰ ਦੇ ਸੀਵਰੇਜ ਸਿਸਟਮ, ਸਿਵਲ ਸਹੂਲਤਾਵਾਂ ਵਿੱਚ ਤੁਰੰਤ ਸੁਧਾਰ ਲਿਆਉਣ ਦੀ ਹਦਾਇਤ ਵੀ ਕੀਤੀ।ਇਸ ਮੌਕੇ ਪ੍ਰਧਾਨ ਏਕਤਾ ਹੈਂਡੀਕੈਪਡ ਐਂਡ ਵਿਧਵਾ ਵੈੱਲਫੇਅਰ ਸੋਸਾਇਟੀ ਵੱਲੋਂ ਲੋੜਵੰਦ ਬੱਚੇ ਨੂੰ ਵ੍ਹੀਲਚੇਅਰ ਤੇ ਸੁਣਨ ਵਾਲੀ ਮਸ਼ੀਨ ਵੀ ਦਿੱਤੀ।ਇਸ ਮੌਕੇ ਵਾਰਿਸਾਨ-ਏ ਨਵਾਬ ਸੇਰ ਮੁਹੰਮਦ ਖ਼ਾਨ ਵਿਰਸਾ ਸੰਭਾਲ ਕਮੇਟੀ ਦੇ ਚੇਅਰਮੈਨ ਨਦੀਮ ਅਨਵਾਰ ਖਾਨ, ਸਾਬਕਾ ਵਿਧਾਇਕ ਨੁਸਰਤ ਇਤਰਾਮ ਖ਼ਾਨ ਬੱਗਾ, ਸ਼ਹਿਬਾਜ ਰਾਣਾ, ਸੁਹੇਬ ਅਹਿਮਦ ਖ਼ਾਨ ਸੈਬੀ, ਮਹੰਤ ਸਵਰੂਪ ਬਿਹਾਰੀ ਸ਼ਰਨ, ਪਰਦੀਨ ਖ਼ਾਨ, ਨਜ਼ੀਰ ਰਾਵਤ, ਜਮੀਰ ਅਲੀ ਜਮੀਰ, ਐਡਵੋਕੇਟ ਗੁਲਾਮ ਸਾਹਿਬ ਪ੍ਰਧਾਨ ਏਕਤਾ ਹੈਂਡੀਕੈਪਡ ਐਂਡ ਵਿਧਵਾ ਵੈੱਲਫੇਅਰ ਸੋਸਾਇਟੀ ਮਹਿਮੂਦ ਅਹਿਮਦ ਥਿੰਦ ਤੋਂ ਇਲਾਵਾ ਹੋਰ ਸ਼ਹਿਰ ਨਿਵਾਸੀ ਮੌਜੂਦ ਸਨ।

## ਸੀ ਪੀ ਐੱਫ ਕਰਮਚਾਰੀ ਯੂਨੀਅਨ ਵੱਲੋਂ ਜ਼ਿਲ੍ਹਾ ਪੱਧਰੀ ਧਰਨਾ 19 ਨੂੰ : ਹੀਰੇਵਾਲਾ



**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਐੱਫ ਕਰਮਚਾਰੀ ਯੂਨੀਅਨ ਵੱਲੋਂ 2004 ਤੋਂ ਬਾਅਦ ਭਰਤੀ ਹੋਏ ਸਰਕਾਰੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਨੂੰ ਲੈ ਕੇ 19 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਧਰਨਾ ਦਿੱਤਾ ਜਾਵੇਗਾ।ਇਸ ਸਬੰਧੀ ਹੋਈ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਹੀਰੇਵਾਲਾ ਤੇ ਜਨਰਲ ਸਕੱਤਰ ਮਲਕੀਤ ਸਿੰਘ ਨੇ ਦੱਸਿਆ ਕਿ ਨਵੀਂ ਪੈਨਸ਼ਨ ਸਕੀਮ ਕਰਮਚਾਰੀਆਂ ਦੇ ਭਵਿੱਖ ਨਾਲ ਜੁੜੀ ਸੁਰੱਖਿਆ ਨੂੰ ਯਕੀਨੀ ਨਹੀਂ ਬਣਾਉਂਦੀ।ਉਨ੍ਹਾਂ ਕਿਹਾ ਕਿ 2004 ਤੋਂ ਬਾਅਦ ਭਰਤੀ ਹੋਏ ਸਰਕਾਰੀ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਤੋਂ ਵਾਂਝੇ ਰੱਖਣਾ ਸਰਕਾਰ ਦਾ ਗੈਰ-ਪ੍ਰਸ਼ਾਸਕੀ ਤੇ ਗੈਰ-ਕਾਨੂੰਨੀ ਵਰਤਾਰਾ ਹੈ।ਮੀਟਿੰਗ ਦੌਰਾਨ ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਕਰਮਚਾਰੀਆਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਜਲਦ ਤੋਂ ਜਲਦ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰੇ, ਤਾਂ ਜੋ ਮੁਲਾਜ਼ਮ ਸੇਵਾਮੁਕਤੀ ਉਪਰੰਤ ਆਰਥਿਕ ਸੁਰੱਖਿਆ ਮਹਿਸੂਸ ਕਰ ਸਕਣ।ਆਗੂਆਂ ਨੇ ਕਿਹਾ ਕਿ 19 ਫਰਵਰੀ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਧਰਨੇ 'ਚ ਵੱਡੀ ਗਿਣਤੀ ਵਿੱਚ ਕਰਮਚਾਰੀ ਸ਼ਮੂਲੀਅਤ ਕਰਨਗੇ ਤੇ ਆਪਣੀ ਹੱਕੀ ਲੜਾਈ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਲਕੀਤ ਸਿੰਘ, ਗੁਰਲਾਲ ਸਿੰਘ, ਜਸਵਿੰਦਰ ਕੁਮਾਰ, ਹਰਵਿੰਦਰ ਸਿੰਘ, ਜਸਕਰਨ ਸਿੰਘ, ਗੁਰਦਾਸ ਸਿੰਘ, ਹਰਪ੍ਰੀਤ ਸਿੰਘ, ਜਸ਼ਨਦੀਪ ਸਿੰਘ ਅਤੇ ਰਣਦੀਪ ਸਿੰਘ ਆਦਿ ਆਗੂ ਹਾਜ਼ਰ ਸਨ।

## ਸ਼ਿਵਰਾਤਰੀ ਮੌਕੇ ਸਾਬਕਾ ਚੇਅਰਮੈਨ ਕੁੰਦਰਾ ਨੇ ਕੀਤੀ ਸ਼ਮੂਲੀਅਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਛੌੜੀਆਂ ਵਿਖੇ ਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ਼ਿਵ ਮੰਦਰ 'ਚ ਹਵਨ ਕੀਤਾ ਗਿਆ, ਜਿਸ 'ਚ ਸ਼ਰਧਾਲੂਆਂ ਵੱਲੋਂ ਅਹੂਤੀ ਪਾਈ ਗਈ। ਭਾਰੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਭਗਵਾਨ ਸ਼ਿਵ ਤੇ ਮਾਤਾ ਪਾਰਵਤੀ ਦੀ ਪੂਜਾ ਅਰਚਨਾ ਕੀਤੀ, ਉਪਰੰਤ ਲੰਗਰ ਦੀ ਸ਼ੁਰੂਆਤ ਕਰਵਾਈ। ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਮਾਰਕੀਟ ਕਮੇਟੀ ਮਾਛੀਵਾੜਾ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਦਰਸ਼ਨ ਕੁੰਦਰਾ ਨੇ ਸ਼ਮੂਲੀਅਤ ਕੀਤੀ। ਸਾਬਕਾ ਚੇਅਰਮੈਨ ਕੁੰਦਰਾ ਨੇ ਸੰਗਤਾਂ ਨੂੰ ਸ਼ਿਵਰਾਤਰੀ ਦੇ ਸ਼ੁੱਭ ਦਿਹਾੜੇ ਦੀ ਵਧਾਈ ਵੀ ਦਿੱਤੀ ਤੇ ਉਨ੍ਹਾਂ ਲੋੜਵੰਦ ਔਰਤਾਂ ਨੂੰ ਗਰਮ ਕੰਬਲ ਵੀ ਵੰਡੇ। ਇਸ ਮੌਕੇ ਮੇਘ ਰਾਜ, ਸ਼ਾਮ ਲਾਲ ਕੁੰਦਰਾ, ਮਨਮੋਹਨਜੀਤ ਸਿੰਘ, ਵਰਿੰਦਰ ਵਿੱਕੀ, ਪੰਡਿਤ ਰਾਜੀਵ ਸ਼ਾਸਤਰੀ, ਸਤਨਾਮ ਸਿੰਘ, ਡਾ. ਪ੍ਰਿੰਸ, ਦਰਸ਼ਨ ਸਿੰਘ ਮੁਗਲੇਵਾਲ, ਜਗਜੀਤ ਮਹਿਰਾ, ਪੰਕਜ, ਜਸਵਿੰਦਰ ਸਿੰਘ, ਬਬਲੀ ਕੁੰਦਰਾ ਹਾਜ਼ਰ ਸਨ।

## 18 ਨੂੰ ਬਠਿੰਡਾ ਤੇ 22 ਨੂੰ ਮੰਤਰੀਆਂ ਦੇ ਦਫਤਰਾਂ ਅੱਗੇ ਦਿੱਤੇ ਜਾਣਗੇ ਧਰਨੇ : ਘੁਡਾਣੀ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਗਿਦੜੀ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਜ਼ਿਲ੍ਹਾ ਜਰਨਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਕਮਲਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਬਿਜਲੀ ਬਿੱਲ 2025, ਬੀਜ ਬਿੱਲ, ਮਨਰੇਗਾ ਨੂੰ ਖਤਮ ਕਰਨਾ ਤੇ ਲੇਬਰ ਕੋਰਟ ਜਿਹੇ ਬਿੱਲ ਲਿਆ ਕੇ ਅਤੇ ਅਮਰੀਕਾ ਨਾਲ ਮੁਕਤ ਵਪਾਰ ਰਾਹੀਂ ਇਥੋਂ ਦੇ ਕਿਸਾਨਾਂ ਮਜ਼ਦੂਰਾਂ ਦਾ ਹੋਰ ਕਚੂੰਬਰ ਕੱਢਿਆ ਜਾਵੇਗਾ। ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਤੇ ਟਰੇਡ ਯੂਨੀਅਨ ਵੱਲੋਂ 22 ਫਰਵਰੀ ਨੂੰ ਭਾਜਪਾ ਤੇ ਆਪ ਦੇ ਮੰਤਰੀਆਂ ਦੇ ਦਫਤਰਾਂ ਤੇ ਘਰਾਂ ਅੱਗੇ ਇਨ੍ਹਾਂ ਬਿਲਾਂ ਨੂੰ ਵਾਪਸ ਕਰਾਉਣ ਲਈ ਧਰਨਾ ਦਿੱਤਾ ਜਾਵੇਗਾ, ਜਿਸ ਦੀਆਂ ਤਿਆਰੀਆਂ ਸੰਬੰਧੀ ਪਿੰਡਾਂ 'ਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਜਿਉਂਦ ਵਿਖੇ ਜ਼ਮੀਨ ਬਚਾਓ ਕਮੇਟੀ ਵੱਲੋਂ ਦੋ ਕਿਸਾਨਾਂ 'ਤੇ ਪਾਏ ਗਏ ਕੇਸ, ਜੋ ਦਸ ਮਹੀਨੇ ਹੋ ਗਏ ਹਨ, ਬਠਿੰਡਾ ਜੇਲ੍ਹ ਵਿੱਚ ਬੰਦ ਹਨ, ਉਨ੍ਹਾਂ ਨੂੰ ਰਿਹਾਅ ਕਰਾਉਣ ਲਈ 18 ਫਰਵਰੀ ਨੂੰ ਬਠਿੰਡਾ ਵਿਖੇ ਡੀ ਸੀ ਦਫ਼ਤਰ ਅੱਗੇ ਵੀ ਧਰਨਾ ਦਿੱਤਾ ਜਾਵੇਗਾ। ਇਸ ਧਰਨੇ 'ਚ ਵੱਧ ਤੋਂ ਵੱਧ ਗਿਣਤੀ ਵਿੱਚ ਜਾਇਆ ਜਾਵੇਗਾ।ਮੀਟਿੰਗ 'ਚ ਇਨ੍ਹਾਂ ਆਗੂਆਂ ਤੋਂ ਇਲਾਵਾ ਜਸਵੰਤ ਸਿੰਘ ਜੱਸਾ, ਜਗਤਾਰ ਸਿੰਘ ਜੱਗੀ, ਹਰਚੰਦ ਸਿੰਘ, ਕੁਲਵੰਤ ਸਿੰਘ, ਗੁਰਮੀਤ ਸਿੰਘ, ਜਸਵੰਤ ਸਿੰਘ, ਗਗਨਦੀਪ ਸਿੰਘ ਤੇ ਹੋਰ ਕਿਸਾਨ ਸ਼ਾਮਲ ਸਨ।

## ਸ਼ਿਵਰਾਤਰੀ ਦੇ ਤਿਉਹਾਰ ਮੌਕੇ ਵਿਧਾਇਕ ਰਾਏ ਵੱਖ-ਵੱਖ ਮੰਦਰਾਂ 'ਚ ਹੋਏ ਨਤਮਸਤਕ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਹਾਂਸ਼ਿਵਰਾਤਰੀ ਦਾ ਤਿਉਹਾਰ ਹਲਕਾ ਫਤਿਹਗੜ੍ਹ ਸਾਹਿਬ ਵਿੱਚ ਬਹੁਤ ਹੀ ਧੂੰਮ-ਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਜਿੱਥੇ ਵੱਖ-ਵੱਖ ਮੰਦਰਾਂ ਵਿੱਚ ਪੂਜਾ ਕੀਤੀ ਗਈ, ਉੱਥੇ ਹੀ ਲੰਗਰ ਲਗਾਏ ਗਏ।ਸ਼ਿਵਰਾਤਰੀ ਦੇ ਇਸ ਅਵਸਰ 'ਤੇ ਵਿਧਾਇਕ ਲਖਬੀਰ ਸਿੰਘ ਰਾਏ ਵੱਖ ਵੱਖ ਮੰਦਰਾਂ ਵਿੱਚ ਨਤਮਸਤਕ ਹੋਏ ਤੇ ਪ੍ਰਬੰਧਕ ਕਮੇਟੀਆਂ ਨਾਲ ਰਾਬਤਾ ਕਾਇਮ ਕੀਤਾ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸ਼ਿਵਰਾਤਰੀ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਅਜਿਹੇ ਧਾਰਮਿਕ ਪ੍ਰੋਗਰਾਮ ਸਾਡੀ ਭਾਈਚਾਰਕ ਸਾਂਝ ਨੂੰ ਵਧਾਉਂਦੇ ਹਨ।ਇਸ ਲਈ ਸਾਨੂੰ ਵਧ ਚੜ੍ਹ ਕੇ ਇਨ੍ਹਾਂ ਸਮਾਗਮਾਂ ਵਿੱਚ ਹੀ ਹਿੱਸਾ ਲੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਮਹਾਂਸ਼ਿਵਰਾਤਰੀ ਹਿੰਦੂ ਧਰਮ ਦਾ ਇੱਕ ਮਹੱਤਵਪੂਰਨ ਤਿਉਹਾਰ ਹੈ, ਜੋ ਭਗਵਾਨ ਸ਼ਿਵ ਦੀ ਭਗਤੀ ਤੇ ਉਪਾਸਨਾ ਲਈ ਮਨਾਇਆ ਜਾਂਦਾ ਹੈ।ਇਹ ਤਿਉਹਾਰ ਫੱਗਣ ਮਹੀਨੇ ਦੀ ਕ੍ਰਿਸ਼ਨ ਪੱਖ ਦੀ ਚਤੁਰਦਸ਼ੀ ਨੂੰ ਮਨਾਇਆ ਜਾਂਦਾ ਹੈ।ਇਹ ਦਿਨ ਆਤਮਿਕ ਸ਼ਕਤੀ ਤੇ ਸਾਧਨਾ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦੀਪਕ ਬਾਤਿਸ਼, ਰਮੇਸ਼ ਸੋਨੂੰ, ਪਵੇਲ ਹਾਂਡਾ, ਬਲਵੀਰ ਸੋਢੀ, ਅਸੀਸ ਅੱਤਰੀ, ਗੁਰਦੀਪ ਲਾਲਾ, ਸਰਪੰਚ ਮੋਹਿਤ ਸਿੰਗਲਾ, ਬਹਾਦਰ ਅਲੀ, ਅਸੀਸ ਸੂਦ ਆਦਿ ਵੀ ਹਾਜ਼ਰ ਸਨ।

## ਭਾਜਪਾ ਆਗੂ ਗੁਰਬਿੰਦਰ ਭਗਤਾ ਨੇ ਹਲਕਾ ਰਾਮਪੁਰਾ ਫੂਲ ਤੋਂ ਦਾਅਵੇਦਾਰੀ ਠੋਕੀ



**ਬਠਿੰਡਾ (ਰਾਜੀਵ ਗੋਇਲ)**-ਜਿਉਂ-ਜਿਉਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ,ਤਿਉਂ-ਤਿਉਂ ਆਮ ਲੋਕਾਂ ਦੇ ਨਾਲ-ਨਾਲ ਸਿਆਸੀ ਨੇਤਾਵਾਂ ਦਾ ਜੋਸ਼ ਵੀ ਵਧਦਾ ਨਜ਼ਰ ਆ ਰਿਹਾ ਹੈ ਅਤੇ ਸਿਆਸੀ ਲੀਡਰ ਇਨ੍ਹਾਂ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਕਿਸਮਤ ਅਜ਼ਮਾਉਣ ਲਈ ਤਿਆਰ ਬੈਠੇ ਹਨ ਅਤੇ ਇਸੇ ਹੀ ਲੜੀ ਤਹਿਤ ਹਲਕਾ ਰਾਮਪੁਰਾ ਫੂਲ ਤੋਂ ਵਿਧਾਨ ਸਭਾ ਚੋਣਾਂ ਲਈ ਭਾਜਪਾ ਆਗੂ ਗੁਰਬਿੰਦਰ ਭਗਤਾ ਵੱਲੋਂ ਦਾਅਵੇਦਾਰੀ ਠੋਕੀ ਗਈ ਹੈ। ਭਾਵੇਂ ਹੀ ਇਸ ਵਕਤ ਜ਼ਿਲ੍ਹਾ ਪ੍ਰਧਾਨ ਦੀ ਕੁਰਸੀ 'ਤੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਬੇਟੇ ਗੁਰਪ੍ਰੀਤ ਸਿੰਘ ਮਲੂਕਾ ਕਾਬਜ਼ ਹਨ ਪਰ ਜੇਕਰ ਗੱਲ ਗੁਰਬਿੰਦਰ ਭਗਤਾ ਦੀ ਕੀਤੀ ਜਾਵੇ ਤਾਂ ਉਹ ਵੀ ਦੋ ਵਾਰ ਜ਼ਿਲ੍ਹਾ ਪ੍ਰਧਾਨ, ਸਟੇਟ ਦੇ ਜਨਰਲ ਸਕੱਤਰ ਸਮੇਤ ਕਿਸਾਨ ਮੋਰਚੇ ਦੇ ਵੱਖ-ਵੱਖ ਅਹੁਦਿਆਂ 'ਤੇ ਸੇਵਾ ਨਿਭਾਅ ਚੁੱਕੇ ਹਨ ਭਾਵ ਜਵਾਨੀ ਤੋਂ ਲੈ ਕੇ ਹੁਣ ਤੱਕ ਉਹ ਭਾਜਪਾ ਲਈ ਦਿਨ ਰਾਤ ਇੱਕ ਕਰਕੇ ਮਿਹਨਤ ਕਰਦੇ ਆ ਰਹੇ ਹਨ। ਭਾਵੇਂ ਹੀ ਟਿਕਟਾਂ ਦਾ ਫੈਸਲਾ ਪਾਰਟੀ ਹਾਈਕਮਾਨ ਵੱਲੋਂ ਕੀਤਾ ਜਾਣਾ ਹੈ ਪਰ ਇੱਕ ਵਾਰ ਭਗਤਾ ਵੱਲੋਂ ਆਪਣੀ ਦਾਅਵੇਦਾਰੀ ਪੇਸ਼ ਕਰਕੇ ਹਲਕਾ ਰਾਮਪੁਰਾ ਫੂਲ ਵਿੱਚ ਨਵੀਂ ਸਿਆਸੀ ਹਲਚਲ ਪੈਦਾ ਜ਼ਰੂਰ ਕਰ ਦਿੱਤੀ ਹੈ।

## ਮਾਤਾ ਗੰਗਾ ਖ਼ਾਲਸਾ ਕਾਲਜ ਵਿਖੇ ਸਾਲਾਨਾ ਐਥਲੈਟਿਕ ਮੀਟ ਕਰਵਾਈ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖ਼ਾਲਸਾ ਕਾਲਜ ਮੰਜੀ ਸਾਹਿਬ ਕੋਟਾਂ ਵਿਖੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਸੁਯੋਗ ਅਗਵਾਈ ਹੇਠ 24ਵੀਂ ਸਾਲਾਨਾ ਐਥਲੈਟਿਕ ਮੀਟ ਬੜੇ ਉਤਸ਼ਾਹ ਤੇ ਖੇਡ ਭਾਵਨਾ ਨਾਲ ਕਰਵਾਈ ਗਈ।ਪ੍ਰੋਗਰਾਮ ਦਾ ਆਗਾਜ਼ ਮੁੱਖ ਮਹਿਮਾਨ ਸ੍ਰ. ਯਾਦਵਿੰਦਰ ਸਿੰਘ ਯਾਦੂ (ਜਨਰਲ ਸੈਕਟਰੀ ਸ਼੍ਰੋਮਣੀ ਅਕਾਲੀ ਦਲ) ਵੱਲੋਂ ਝੰਡਾ ਲਹਿਰਾ ਕੇ ਕੀਤਾ ਗਿਆ।ਉਨ੍ਹਾਂ ਦੇ ਨਾਲ ਸ. ਜੋਗਿੰਦਰ ਸਿੰਘ ਓਬਰਾਏ (ਮੈਂਬਰ ਲੋਕਲ ਮੈਨੇਜਿੰਗ ਕਮੇਟੀ), ਸ੍ਰ. ਸਨਦੀਪ ਸਿੰਘ (ਮੈਨੇਜਰ, ਪੰਜਾਬ ਨੈਸ਼ਨਲ ਬੈਂਕ ਕੋਟਾਂ), ਮਾਸਟਰ ਸ੍ਰ. ਬਲਵਿੰਦਰ ਸਿੰਘ, ਸ. ਹਰਜਿੰਦਰ ਸਿੰਘ ਚਹਿਲ ਤੇ ਸ. ਇਕਬਾਲ ਸਿੰਘ (ਮੈਨੇਜਰ ਗੁਰਦੁਆਰਾ ਮੰਜੀ ਸਾਹਿਬ ਕੋਟਾਂ) ਨੇ ਵੀ ਸ਼ਮੂਲੀਅਤ ਕੀਤੀ।ਉਪਰੰਤ ਵਿਦਿਆਰਥੀਆਂ ਨੇ ਸ਼ਾਨਦਾਰ ਮਾਰਚ ਪਾਸਟ ਪੇਸ਼ ਕਰਦੇ ਹੋਏ ਮੁੱਖ ਮਹਿਮਾਨ ਨੂੰ ਸਲਾਮੀ ਦਿੱਤੀ।ਖਿਡਾਰੀਆਂ ਨੇ ਖੇਡਾਂ ਦੀ ਸ਼ਪਥ ਲੈ ਕੇ ਇਮਾਨਦਾਰੀ ਤੇ ਅਨੁਸ਼ਾਸਨ ਨਾਲ ਖੇਡਣ ਦਾ ਵਚਨ ਦਿੱਤਾ।ਮੀਟ ਦੌਰਾਨ 100 ਮੀਟਰ, 200 ਮੀਟਰ, 400 ਮੀਟਰ, ਡਿਸਕਸ ਥਰੋ, ਸ਼ਾਟ-ਪੁੱਟ, ਚਮਚਾ ਰੇਸ, ਰੱਸਾਕਸੀ, ਲੌਂਗ ਜੰਪ, ਬੋਰੀ ਰੇਸ ਤੇ ਤਿੰਨ ਟੰਗੀ ਰੇਸ ਵਰਗੇ ਕਈ ਰੋਮਾਂਚਕ ਮੁਕਾਬਲੇ ਕਰਵਾਏ ਗਏ। ਲੜਕਿਆਂ ਤੇ ਲੜਕੀਆਂ ਦੋਹਾਂ ਵਰਗਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼ ਨਾਲ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਦਰਸ਼ਕਾਂ ਵੱਲੋਂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ, ਜਿਸ ਨਾਲ ਮੈਦਾਨ ਵਿੱਚ ਰੌਣਕ ਬਣੀ ਰਹੀ।ਵੱਖ-ਵੱਖ ਹਾਊਸਾਂ ਵਿਚਕਾਰ ਟੱਕਰ ਕਾਫ਼ੀ ਦਿਲਚਸਪ ਰਹੀ।ਕੁੱਲ ਅੰਕਾਂ ਦੇ ਆਧਾਰ 'ਤੇ ਸਰਵੋਤਮ ਹਾਊਸ ਦਾ ਐਲਾਨ ਕੀਤਾ ਗਿਆ।ਬਿਹਤਰੀਨ ਖਿਡਾਰੀ ਦਾ ਖ਼ਿਤਾਬ ਲੜਕਿਆਂ 'ਚੋਂ ਵਿਸ਼ਵਜੀਤ ਸਿੰਘ ਤੇ ਲੜਕੀਆਂ 'ਚੋਂ ਸਿਮਰਦੀਪ ਕੌਰ ਨੇ ਜਿੱਤਿਆ।ਜੇਤੂ ਖਿਡਾਰੀਆਂ ਨੂੰ ਮੈਡਲ, ਟ੍ਰਾਫ਼ੀਆਂ ਤੇ ਪ੍ਰਮਾਣ ਪੱਤਰਾਂ ਨਾਲ ਸਨਮਾਨਤ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਸਿੱਖਿਆ ਦਾ ਅਟੁੱਟ ਹਿੱਸਾ ਹਨ ਤੇ ਇਹ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਵਰਕ ਤੇ ਨੇਤ੍ਰਿਤਵ ਗੁਣਾਂ ਦਾ ਵਿਕਾਸ ਕਰਦੀਆਂ ਹਨ।ਉਨ੍ਹਾਂ ਸਮੂਹ ਸਟਾਫ ਤੇ ਆਯੋਜਕ ਕਮੇਟੀ ਦਾ ਧੰਨਵਾਦ ਕੀਤਾ।ਅੰਤ ਵਿੱਚ ਇਨਾਮ ਵੰਡ ਸਮਾਰੋਹ ਤੇ ਰਾਸ਼ਟਰ ਗਾਨ ਨਾਲ ਪ੍ਰੋਗਰਾਮ ਦਾ ਸਮਾਪਨ ਕੀਤਾ ਗਿਆ।

## ਮਹਾਂਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਭਾਵਨਾ ਨਾਲ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਹਾਂਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਦੇਸ਼ ਭਰ ਵਿੱਚ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ।ਭਗਤਾਂ ਵੱਲੋਂ ਸਵੇਰ ਤੋਂ ਹੀ ਮੰਦਰਾਂ ਵਿੱਚ ਭਗਵਾਨ ਭੋਲੇ ਨਾਥ ਦੀ ਪੂਜਾ ਕੀਤੀ ਗਈ।ਮੰਦਰਾਂ ਵਿੱਚ ਦੁੱਧ, ਬੇਲ ਪੱਤਰ ਤੇ ਫੁੱਲਾਂ ਨਾਲ ਜਲ ਅਭਿਸ਼ੇਕ ਕੀਤਾ ਗਿਆ ਤੇ ਓਮ ਨਮਹ ਸ਼ਿਵਾਏ ਦਾ ਜਾਪ ਕੀਤਾ ਗਿਆ।ਇਸ ਲੜੀ ਤਹਿਤ ਸ੍ਰੀ ਬਾਲ ਭੋਲਾ ਕਾਂਵੜ ਸੰਘ, ਗੀਤਾ ਭਵਨ, ਰਾਮਪੁਰਾਫੂਲ ਵੱਲੋਂ ਦਿਨੇਸ਼ ਜੈਨ, ਸੰਤ ਗੋਇਲ, ਮਨੋਜ ਜੈਨ, ਸ਼ਿਵ ਕੁਮਾਰ, ਆਸ਼ੂ ਕੁਮਾਰ, ਮੇਘ ਰਾਜ, ਸੁਰੇਸ਼ ਕੁਮਾਰ ਟੀਟੂ ਕਾਵੜੀਏ ਵੱਲੋਂ ਇਸ ਮੌਕੇ ਹਰਿਦੁਆਰ ਤੋਂ ਪੈਦਲ ਯਾਤਰਾ ਰਾਹੀਂ ਪਵਿੱਤਰ ਗੰਗਾਜਲ ਲਿਆ ਕੇ ਭਗਵਾਨ ਸ਼ਿਵ ਦਾ ਜਲ ਅਭਿਸ਼ੇਕ ਕੀਤਾ ਗਿਆ ਅਤੇ ਇਲਾਕੇ ਦੀ ਤੰਦਰੁਸਤੀ ਮਨੋਕਾਮਨਾ ਕੀਤੀ ਗਈ। ਅਗਲੇ ਦਿਨ ਗੀਤਾ ਭਵਨ ਵਿਖੇ ਖੁੱਲ੍ਹਾ ਭੰਡਾਰਾ ਵਰਤਾਇਆ ਗਿਆ।ਇਸ ਮੌਕੇ ਕਾਂਵੜ ਸੰਘ ਦੇ ਮਿੱਤਰ ਸੈਨ, ਹਰੀ ਕ੍ਰਿਸ਼ਨ, ਜਨਕ ਰਾਜ, ਦਿਨੇਸ਼ ਮਿੱਤਲ, ਰਕੇਸ਼ ਕੁਮਾਰ, ਸਤਪਾਲ ਗੁਪਤਾ, ਦਰਸ਼ਨ ਜਿੰਦਲ, ਅਭੀਜੀਤ ਗੋਇਲ ਆਦਿ ਹਾਜ਼ਰ ਸਨ।

## ਜੀ ਟੀ ਯੂ ਪੰਜਾਬ ਦੀ ਸੂਬਾ ਪੱਧਰੀ ਆਨਲਾਈਨ ਮੀਟਿੰਗ

■ 22 ਨੂੰ ਸ੍ਰੀ ਅਨੰਦਪੁਰ ਸਾਹਿਬ ਰੋਸ ਰੈਲੀ 'ਚ ਭਰਵੀਂ ਸ਼ਮੂਲੀਅਤ ਦਾ ਐਲਾਨ

**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਆਨਲਾਈਨ ਮੀਟਿੰਗ ਜਥੇਬੰਦੀ ਦੇ ਸੂਬਾ ਪ੍ਰਧਾਨ ਸਾਥੀ ਸੁਖਵਿੰਦਰ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਦੀ ਜਾਣਕਾਰੀ ਦਿੰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ, ਪ੍ਰੈੱਸ ਸਕੱਤਰ ਕਰਨੈਲ ਫਿਲੌਰ ਨੇ ਬਿਆਨ ਜਾਰੀ ਕਰਦਿਆਂ ਸਿੱਖਿਆ ਵਿਭਾਗ ਵੱਲੋਂ 7 ਫਰਵਰੀ 2026 ਨੂੰ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੈੱਟ ਲਾਜ਼ਮੀ ਹੋਣ ਦਾ ਪੱਤਰ ਜਾਰੀ ਕਰਕੇ ਟੈੱਟ ਤੋਂ ਛੋਟ ਦੇਣ ਦਾ 14-09-2017 ਦਾ ਪੱਤਰ ਰੱਦ ਕਰਨ ਦੇ ਵਿਰੋਧ ਵਿੱਚ ਪੰਜਾਬ ਦੀਆਂ ਅਧਿਆਪਕ ਜਥੇਬੰਦੀਆਂ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ 22 ਫਰਵਰੀ ਨੂੰ ਸੂਬਾ ਪੱਧਰੀ ਮਹਾਂ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ।

ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਵਿਆਪਕ ਸੁਧਾਰ ਲਿਆਉਣ ਦੇ ਨਾਂ 'ਤੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਸੁਪਰੀਮ ਕੋਰਟ ਦੇ ਬਹਾਨੇ ਨਾਲ ਪਹਿਲਾਂ ਹੀ ਅਧਿਆਪਕਾਂ ਦੀ ਘਾਟ ਨਾਲ ਜੂਝ ਰਹੇ ਸਿੱਖਿਆ ਵਿਭਾਗ ਵਿੱਚ ਅਧਿਆਪਕਾਂ ਦੀ ਹੋਰ ਗਿਣਤੀ ਘਟਾਉਣ ਲਈ ਹੀ ਇਹੋ ਜਿਹੇ ਕਦਮ ਉਠਾ ਰਹੀ ਹੈ, ਜਿਸ ਦਾ ਪੰਜਾਬ ਦੇ ਅਧਿਆਪਕ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਮਹਾਂ ਰੋਸ ਪ੍ਰਦਰਸ਼ਨ ਕਰਕੇ ਡਟਵਾਂ ਵਿਰੋਧ ਕਰਨਗੇ।

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਨ੍ਹਾਂ ਸਾਰੇ ਪ੍ਰੋਗਰਾਮਾਂ ਵਿੱਚ ਵੱਡੀ ਸ਼ਮੂਲੀਅਤ ਕਰੇਗੀ।ਜੀਟੀਯੂ ਪੰਜਾਬ ਦੇ ਆਗੂਆਂ ਤੀਰਥ ਸਿੰਘ ਬਾਸੀ, ਗੁਰਪ੍ਰੀਤ ਸਿੰਘ ਅਮੀਵਾਲ, ਕੁਲਦੀਪ ਪੁਰੋਵਾਲ, ਗੁਰਦੀਪ ਬਾਜਵਾ, ਹਰਿੰਦਰ ਮੱਲੀਆਂ, ਰਛਪਾਲ ਸਿੰਘ ਨੇ ਕਿਹਾ ਕਿ ਇਸ ਸਬੰਧੀ ਜਥੇਬੰਦੀ ਵੱਲੋਂ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ, ਜੀਟੀਯੂ ਪੰਜਾਬ ਵੱਲੋਂ ਇਨ੍ਹਾਂ ਸਾਰੇ ਪ੍ਰੋਗਰਾਮਾਂ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਅਧਿਆਪਕ ਆਗੂਆਂ ਨੇ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੂੰ ਸਮੁੱਚੇ ਅਧਿਆਪਕ ਵਰਗ 'ਤੇ ਇਸ ਹਮਲੇ ਖ਼ਿਲਾਫ਼ ਸਾਂਝੇ ਸੰਘਰਸ਼ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੀਟਿੰਗ 'ਚ ਵੱਖ ਵੱਖ ਜ਼ਿਲ੍ਹਿਆਂ ਦੇ ਆਗੂ ਸ਼ਾਮਲ ਹੋਏ।

## ਤਰਕਸ਼ੀਲ ਸੁਸਾਇਟੀ ਵੱਲੋਂ ਸੈਮੀਨਾਰ ਦੌਰਾਨ ਵਿਦਿਆਰਥੀ ਸਨਮਾਨਤ

### ਵਿਆਹਾਂ 'ਚ ਲੱਚਰ ਗਾਇਕੀ ਨੂੰ ਪ੍ਰਮੋਟ ਕਰਨ ਨੂੰ ਹੀ ਲੋਕ ਮੰਨ ਰਹੇ ਸੱਭਿਆਚਾਰ : ਕੁਲੇਵਾਲ



**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਤੇ ਜ਼ਿਲ੍ਹਾ ਮਾਨਸਾ ਵੱਲੋਂ ਪੈਨਸ਼ਨਰ ਭਵਨ ਵਿਖੇ 'ਤਰਕਸ਼ੀਲ ਸੱਭਿਆਚਾਰ ਕੀ ਹੋਵੇ' ਵਿਸ਼ੇ 'ਤੇ ਸੈਮੀਨਾਰ ਕਰਾਇਆ ਗਿਆ।ਇਸ ਦੇ ਨਾਲ਼ ਹੀ ਚੇਤਨਾ ਪਰਖ ਪ੍ਰੀਖਿਆ 'ਚੋਂ ਬਾਜ਼ੀ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੇ ਸ਼ੁਰੂ 'ਚ ਜ਼ਿਲ੍ਹਾ ਆਗੂ ਅੰਮ੍ਰਿਤ ਰਿਸ਼ੀ ਨੇ ਆਏ ਹੋਏ ਮਹਿਮਾਨਾਂ ਤੇ ਸਰੋਤਿਆਂ ਨੂੰ ਜੀ ਆਇਆਂ ਨੂੰ ਕਿਹਾ। ਸੱਭਿਆਚਾਰ ਵਿਭਾਗ ਦੇ ਮੁਖੀ ਸੂਬਾਈ ਆਗੂ ਜੋਗਿੰਦਰ ਕੁੱਲੇਵਾਲ ਨੇ ਵਿਸ਼ੇਸ਼ ਬੁਲਾਰੇ ਦੇ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਆਪਣੇ ਭਾਸ਼ਣ 'ਚ ਕਿਹਾ ਕਿ ਜਿਸ ਸਮਾਜ 'ਚ ਅਸੀਂ ਰਹਿੰਦੇ ਹਾਂ, ਉਸ ਵਿੱਚ ਖ਼ੁਸ਼ੀ-ਗਮੀ ਦੇ ਜੋ ਸਮਾਗਮ ਹੁੰਦੇ ਨੇ, ਉਨ੍ਹਾਂ ਤੋਂ ਪਤਾ ਚਲਦਾ ਹੈ ਕਿ ਸਾਡਾ ਸੱਭਿਆਚਾਰ ਕੀ ਹੈ? ਵਿਆਹਾਂ ਸਮੇਂ ਲੱਚਰ ਗਾਇਕੀ ਨੂੰ ਪ੍ਰਮੋਟ ਕਰਨ ਨੂੰ ਹੀ ਲੋਕ ਸੱਭਿਆਚਾਰ ਮੰਨ ਰਹੇ ਹਨ।ਇਸ ਦੇ ਬਦਲੇ ਸਾਨੂੰ ਵਿਆਹਾਂ 'ਤੇ ਘੱਟ ਖਰਚ ਕਰਕੇ ਚੰਗੀ ਵਿਚਾਰਧਾਰਾ ਨੂੰ ਸਮਰਪਤ ਬੁਲਾਰੇ, ਬੁਲਾਉਣ ਤੋਂ ਇਲਾਵਾ ਉੱਚਪਾਏ ਦੇ ਨਾਟਕ ਵੀ ਕਰਵਾਏ ਜਾ ਸਕਦੇ ਹਨ।ਲੋਕ-ਪੱਖੀ ਗਾਇਕਾਂ ਨੂੰ ਸੱਦਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਪਰਵਾਰ 'ਚੋਂ ਕਿਸੇ ਦੀ ਮੌਤ ਹੋ ਜਾਣ 'ਤੇ ਰੂੜੀਵਾਦੀ ਰਸਮਾਂ ਨੂੰ ਤਿਆਗ ਕੇ ਮ੍ਰਿਤਕ ਸਰੀਰ ਨੂੰ ਮੈਡੀਕਲ ਖੋਜ ਕਾਰਜਾਂ ਲਈ ਦਿੱਤਾ ਜਾ ਸਕਦਾ ਹੈ ਤਾਂ ਜੋ ਸਮਾਜ ਵਿੱਚ ਨਵੀਂ ਮਿਸਾਲ ਪੈਦਾ ਕੀਤੀ ਜਾ ਸਕੇ।ਅਜਿਹੇ ਨਵੇਕਲੇ ਕਾਰਜ ਸਾਡੇ ਤਰਕਸ਼ੀਲ ਸੱਭਿਆਚਾਰ ਨੂੰ ਸਮਾਜ ਵਿੱਚ ਪ੍ਰਫੁੱਲਤ ਕਰਦੇ ਹਨ।ਇਸ ਮੌਕੇ ਚੇਤਨਾ ਪਰਖ ਪ੍ਰੀਖਿਆ 'ਚੋਂ ਅੱਵਲ ਆਉਣ ਵਾਲੇ ਪ੍ਰੀਖਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।

ਮੰਚ ਸੰਚਾਲਨ ਜ਼ੋਨ ਆਗੂ ਭੁਪਿੰਦਰ ਫ਼ੌਜੀ ਵੱਲੋਂ ਬਾਖ਼ੂਬੀ ਨਿਭਾਇਆ ਗਿਆ। ਮਾਸਟਰ ਲੱਖਾਂ ਸਿੰਘ ਵੱਲੋਂ ਸਮੁੱਚੇ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ।ਪ੍ਰੋਗਰਾਮ ਦੌਰਾਨ ਕ੍ਰਿਸ਼ਨ ਮਾਨਬੀਬੜੀਆਂ, ਗੁਰਦੀਪ ਸਿੰਘ, ਹਰਬੰਸ ਸਿੰਘ, ਪਰਮਜੀਤ ਕੌਰ, ਨਰਿੰਦਰ ਕੌਰ ਬੁਰਜ਼ ਹਮੀਰਾ, ਜਸਪਾਲ ਅਤਲਾ, ਹਰਭਜਨ ਬਾਬੇਕਾ ਤੇ ਵੱਖ ਵੱਖ ਸਕੂਲਾਂ ਦਾ ਸਟਾਫ਼ ਤੇ ਮਾਪੇ ਹਾਜ਼ਰ ਸਨ।

## ਮਹੰਤ ਕਿਰਨ ਹਠੂਰ ਵੱਲੋਂ ਲੋੜਵੰਦ ਧੀਆਂ ਦੇ ਸਮੂਹਕ ਵਿਆਹ 26 ਨੂੰ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਮਾਜ ਸੇਵਿਕਾ ਮਹੰਤ ਕਿਰਨ ਹਠੂਰ ਵੱਲੋਂ ਆਪਣੇ ਗੁਰੂ ਗੁਲਾਬੋ ਮਹੰਤ ਦੀ ਯਾਦ ਨੂੰ ਸਮਰਪਤ 18 ਲੋੜਵੰਦ ਧੀਆਂ ਦੇ ਸਮੂਹਕ ਵਿਆਹ 26 ਫਰਵਰੀ ਨੂੰ ਮਹਿਲ ਕਲਾਂ ਵਿਖੇ ਕਰਵਾਏ ਜਾਣਗੇ।ਮੁੱਖ ਪ੍ਰਬੰਧਕ ਮਹੰਤ ਕਿਰਨ ਹਠੂਰ ਨੇ ਦੱਸਿਆ ਕਿ 26 ਫਰਵਰੀ ਨੂੰ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਧੀਆਂ ਦੇ ਆਨੰਦ ਕਾਰਜ ਕਰਵਾਏ ਜਾਣਗੇ।ਇਸ ਉਪਰੰਤ ਅਨਾਜ ਮੰਡੀ ਮਹਿਲ ਕਲਾਂ 'ਚ ਪੰਜਾਬ ਦੇ ਪ੍ਰਸਿੱਧ ਗਾਇਕ ਆਰ ਨੇਤ ਤੇ ਅਜੇ ਖਾਨ ਵੱਲੋਂ ਗਾਇਕੀ ਦਾ ਖੁੱਲ੍ਹਾ ਅਖਾੜਾ ਲਗਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਧਰਮ ਪਤਨੀ ਡਾ: ਗੁਰਪ੍ਰੀਤ ਕੌਰ ਮਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦੇਣਗੇ।

## 1 ਕਿੱਲੋ 507 ਗਰਾਮ ਹੈਰੋਇਨ/ਚਿੱਟੇ ਸਮੇਤ ਗ੍ਰਿਫਤਾਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਪੁਲਸ ਨੇ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਗਈ ਮੁਹਿੰਮ ਤਹਿਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 1 ਕਿੱਲੋ 507 ਗਰਾਮ ਹੈਰੋਇਨ ਬਰਾਮਦ ਕਰਕੇ ਵੱਡੀ ਸਫਲਤਾ ਹਾਸਲ ਕੀਤੀ।ਜਾਣਕਾਰੀ ਅਨੁਸਾਰ 15 ਫਰਵਰੀ ਨੂੰ ਥਾਣਾ ਸਿਵਲ ਲਾਈਨ ਬਠਿੰਡਾ ਦੀ ਪੁਲਸ ਪਾਰਟੀ ਗਸ਼ਤ ਤੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਸਬੰਧੀ ਭੱਟੀ ਰੋਡ ਨੇੜੇ ਬਰਨਾਲਾ ਬਾਈਪਾਸ ਸਲਿੱਪ ਰੋਡ ਮੌਜੂਦ ਸੀ ਤਾਂ ਇੱਕ ਨੌਜਵਾਨ ਰਾਜਾ ਪੁੱਤਰ ਇੰਦਰਜੀਤ ਵਾਸੀ ਹਰਦੇਵ ਨਗਰ ਬਠਿੰਡਾ (ਉਮਰ ਕਰੀਬ 27 ਸਾਲ) ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕੀਤਾ ਗਿਆ, ਜਿਸ ਦੀ ਤਲਾਸ਼ੀ ਕਰਨ 'ਤੇ ਉਸ ਪਾਸੋਂ 01 ਕਿੱਲੋ 507 ਗ੍ਰਾਮ ਹੈਰੋਇਨ/ਚਿੱਟਾ ਬ੍ਰਾਮਦ ਕਰਕੇ ਮੁਕੱਦਮਾ ਉਕਤ ਦਰਜ ਕੀਤਾ ਗਿਆ।ਉਕਤ ਵਿਅਕਤੀ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਉਹ ਬਿਹਾਰ ਦਾ ਜੰਮਪਲ ਹੈ, ਪਰ ਹੁਣ ਕਰੀਬ 10/15 ਸਾਲ ਤੋਂ ਬਠਿੰਡਾ ਵਿਖੇ ਰਹਿ ਰਿਹਾ ਹੈ, ਜਿਸ ਨੇ ਹਰਦੇਵ ਨਗਰ ਬਠਿੰਡਾ ਵਿੱਚ ਆਪਣਾ ਘਰ ਬਣਾ ਲਿਆ ਹੈ।ਇਸ ਖਿਲਾਫ ਪਹਿਲਾਂ ਕੋਈ ਮੁਕੱਦਮਾ ਦਰਜ ਨਹੀਂ ਹੈ।ਇਸ ਦੇ ਬੈਕਵਾਰਡ ਤੇ ਫਾਰਵਰਡ ਲਿੰਕਾਂ ਬਾਰੇ ਪਤਾ ਕੀਤਾ ਜਾ ਰਿਹਾ ਹੈ।

ਗ੍ਰਿਫਤਾਰ ਵਿਅਕਤੀ ਨੂੰ ਅੱਜ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਬੀ ਕੇ ਯੂ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਮਿਸਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਵਿੱਚ ਬੈਰਸਿਆਣਾ ਗੁਰੂ ਘਰ ਦਿੜ੍ਹਬਾ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਪ੍ਰੈੱਸ ਨਾਲ ਗੱਲ ਕਰਦਿਆਂ ਦੱਸਿਆ ਕਿ ਜੋ ਬਠਿੰਡਾ ਜ਼ਿਲ੍ਹੇ ਦੇ ਪਿੰਡ ਜਿਉਂਦ ਵਿਖੇ ਜ਼ਮੀਨੀ ਘੋਲ ਚੱਲ ਰਿਹਾ ਹੈ, ਉਸ ਅਧੀਨ ਭਗਵੰਤ ਮਾਨ ਸਰਕਾਰ ਨੇ 2 ਕਿਸਾਨ ਆਗੂ ਸ਼ਗਨਦੀਪ ਸਿੰਘ ਜਿਉਂਦ ਤੇ ਬਲਦੇਵ ਸਿੰਘ ਚਾਉਕੇ ਨੂੰ 9 ਮਹੀਨਿਆਂ ਤੋਂ ਝੂਠੇ ਪਰਚੇ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ ਤੇ ਉਨ੍ਹਾਂ ਆਗੂਆਂ ਨੂੰ ਜਮਾਨਤ ਵੀ ਨਹੀਂ ਦਿੱਤੀ ਜਾ ਰਹੀ। ਪਿਛਲੇ ਦਿਨੀਂ ਸ਼ਗਨਦੀਪ ਸਿੰਘ ਜਿਉਂਦ ਦੀ ਮਾਤਾ ਦੀ ਮੌਤ ਹੋ ਜਾਣ 'ਤੇ ਉਸ ਨੂੰ ਮਾਤਾ ਦਾ ਸੰਸਕਾਰ ਕਰਨ ਲਈ ਜਮਾਨਤ ਤੱਕ ਨਹੀਂ ਦਿੱਤੀ ਗਈ। ਜਥੇਬੰਦੀ ਵੱਲੋਂ 9 ਦਿਨ ਬਠਿੰਡਾ ਡੀ ਸੀ ਦਫਤਰ ਅੱਗੇ ਧਰਨਾ ਲਗਾਉਣ ਤੋਂ ਬਾਅਦ ਸ਼ਗਨਦੀਪ ਨੂੰ ਮਾਤਾ ਦਾ ਸੰਸਕਾਰ ਕਰਨ ਵਾਸਤੇ 10 ਦਿਨ ਦੀ ਪੈਰੋਲ ਦਿੱਤੀ ਗਈ, 6 ਫਰਵਰੀ ਨੂੰ ਬਠਿੰਡਾ ਡੀ ਸੀ ਦਫਤਰ ਦਾ ਕਰਾਓ ਕਰਨ ਜਾ ਰਹੇ ਕਿਸਾਨਾਂ ਨੂੰ ਘਰਾਂ ਵਿੱਚੋਂ ਗ੍ਰਿਫਤਾਰ ਕੀਤਾ ਗਿਆ ਤੇ ਸੜਕਾਂ 'ਤੇ ਬੈਰੀਗੇਟ ਲਗਾ ਕੇ ਰੋਕਿਆ ਗਿਆ, ਅੱਥਰੂ ਗੈਸ ਦੇ ਗੋਲੇ ਚਲਾਏ ਗਏ ਅਤੇ ਲਾਠੀ ਚਾਰਜ ਕੀਤਾ ਗਿਆ। ਉਸ ਤੋਂ ਬਾਅਦ ਪ੍ਰਸ਼ਾਸਨ ਨਾਲ ਹੋਈ ਮੀਟਿੰਗ ਵਿੱਚ ਡਿਟੇਨ ਕੀਤੇ ਆਗੂਆਂ ਨੂੰ ਫੌਰੀ ਤੌਰ 'ਤੇ ਰਿਹਾਅ ਕੀਤਾ ਗਿਆ। ਪ੍ਰਸ਼ਾਸਨ ਨੇ ਮੀਟਿੰਗ ਵਿੱਚ ਤਿੰਨ ਦਿਨਾਂ 'ਚ ਦੋਵੇਂ ਆਗੂਆਂ ਨੂੰ ਰਿਹਾਅ ਕਰਨ ਦਾ ਸਮਾਂ ਮੰਗਿਆ ਸੀ, ਜਿਸ ਤੋਂ ਪ੍ਰਸ਼ਾਸਨ ਪੂਰੀ ਤਰ੍ਹਾਂ ਮੁੱਕਰ ਚੁੱਕਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਕਿਸਾਨਾਂ ਨੂੰ ਸਬਕ ਸਿਖਾਉਣਾ ਚਾਹੁੰਦੀ ਹੈ ਕਿ ਲੋਕ ਸੰਘਰਸ਼ਾਂ ਵਿੱਚ ਜਾਣਾ ਬੰਦ ਕਰ ਦੇਣਗੇ, ਇਹ ਸਰਕਾਰ ਦਾ ਭੁਲੇਖਾ ਹੈ, ਇਸ ਧੱਕੇ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਸ਼ਗਨਦੀਪ ਸਿੰਘ ਜਿਉਂਦ ਤੇ ਬਲਦੇਵ ਸਿੰਘ ਚਾਉਕੇ ਦੀ ਪੱਕੀ ਰਿਹਾਈ ਵਾਸਤੇ 18 ਫਰਵਰੀ 2026 ਨੂੰ ਬਠਿੰਡੇ ਸੈਕਟਰੀਏਟ ਅੱਗੇ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਹਾਜ਼ਰ ਬਲਾਕ ਖਜ਼ਾਨਚੀ ਜਗਦੀਪ ਸਿੰਘ ਮਹਿਲਾ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂਰਾ, ਜੋਗਿੰਦਰ ਸਿੰਘ ਖੇੜੀ ਨਾਂਗਾ, ਮੇਜਰ ਸਿੰਘ ਕੌਹਰੀਆਂ ਤੋਂ ਇਲਾਵਾ ਸਾਰੇ ਪਿੰਡਾਂ ਦੇ ਪ੍ਰਧਾਨ ਸਕੱਤਰ ਹਾਜ਼ਰ ਸਨ।


## 'ਹਰ ਹਰ ਮਹਾਂਦੇਵ ਤੇ ਬਮ ਬਮ ਭੋਲੇ' ਦੇ ਜੈਕਾਰਿਆਂ ਨਾਲ ਗੂੰਜਿਆ ਸ਼ਹਿਰ

### ਸ਼ੋਭਾ ਯਾਤਰਾ 'ਚ ਵਿਧਾਇਕ ਦਿਆਲਪੁਰਾ, ਰਾਜਾ ਗਿੱਲ ਤੇ ਪਰਮਜੀਤ ਢਿੱਲੋਂ ਨੇ ਕੀਤੀ ਸ਼ਿਰਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੇ ਵੱਖ-ਵੱਖ ਮੰਦਰਾਂ 'ਚ ਸ਼ਿਵਰਾਤਰੀ ਦਾ ਪਵਿੱਤਰ ਉਤਸਵ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸ਼ਿਵਰਾਤਰੀ ਦੇ ਪਵਿੱਤਰ ਉਤਸਵ ਮੌਕੇ ਮਾਛੀਵਾੜਾ ਦੇ ਇਤਿਹਾਸਕ ਤੇ ਪੁਰਾਤਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ 'ਚ ਦਰਸ਼ਨਾਂ ਲਈ ਸ਼ਰਧਾਲੂ ਭਾਰੀ ਗਿਣਤੀ 'ਚ ਪੁੱਜੇ। ਮੰਦਰ ਵਿੱਚ ਆਏ ਸ਼ਰਧਾਲੂਆਂ ਲਈ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਦੇ ਲੰਗਰ ਲਗਾਏ ਗਏ। ਇਸ ਤੋਂ ਇਲਾਵਾ ਮਹਾਂਸ਼ਿਵਰਾਤਰੀ ਦੇ ਸਬੰਧ 'ਚ ਸ੍ਰੀ ਦੁਰਗਾ ਸ਼ਕਤੀ ਮੰਦਰ ਤੋਂ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ, ਜਿਸ ਵਿੱਚ ਸ਼ਾਮਲ ਸ਼ਰਧਾਲੂ ਬਮ-ਬਮ ਭੋਲੇ ਦੇ ਜੈਕਾਰੇ ਲਗਾਉਂਦੇ ਭਗਵਾਨ ਸ਼ਿਵ ਦੀ ਅਰਾਧਨਾ ਕਰਦੇ ਦਿਖਾਈ ਦਿੱਤੇ। ਸ਼ੋਭਾ ਯਾਤਰਾ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਤੇ ਅਕਾਲੀ ਦਲ ਦੇ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਨੇ ਸ਼ਮੂਲੀਅਤ ਕੀਤੀ। ਉਕਤ ਆਗੂਆਂ ਨੇ ਸੰਗਤਾਂ ਨੂੰ ਮਹਾਂਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ। ਸ਼ੋਭਾ ਯਾਤਰਾ 'ਚ ਸ਼ਾਮਲ ਭਜਨ ਮੰਡਲੀ ਤੇ ਸ਼ਰਧਾਲੂ ਔਰਤਾਂ ਵੱਲੋਂ ਸ਼ਿਵ ਮਹਿਮਾ ਦਾ ਗੁਣਗਾਨ ਕੀਤਾ ਗਿਆ ਤੇ ਸਾਰਾ ਹੀ ਸ਼ਹਿਰ ਹਰ ਹਰ ਮਹਾਂਦੇਵ ਤੇ ਬਮ ਬਮ ਭੋਲੇ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਇਹ ਸ਼ੋਭਾ ਯਾਤਰਾ ਸਾਰੇ ਸ਼ਹਿਰ ਦੀ ਪਰਿਕਰਮਾ ਕਰਨ ਉਪਰੰਤ ਮੰਦਰ ਵਿਖੇ ਆ ਕੇ ਹੀ ਸਮਾਪਤ ਹੋਈ। ਸ਼ੋਭਾ ਯਾਤਰਾ 'ਚ ਭਗਵਾਨ ਸ਼ਿਵ ਸ਼ੰਕਰ ਤੇ ਮਾਤਾ ਪਾਰਵਤੀ ਦੇ ਜੀਵਨ ਨਾਲ ਸਬੰਧਤ ਸੁੰਦਰ ਝਾਕੀਆਂ ਸਜਾਈਆਂ ਗਈਆਂ। ਇਸ ਮੌਕੇ ਉਨ੍ਹਾਂ ਨਾਲ ਸੁਸ਼ੀਲ ਲੂਥਰਾ, ਪ੍ਰਿੰਸੀਪਲ ਡੀ. ਡੀ. ਵਰਮਾ, ਜੇ. ਪੀ. ਸਿੰਘ ਮੱਕੜ, ਐਡਵੋਕੇਟ ਗੌਰਵ ਗੋਇਲ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਅਰਵਿੰਦਰਪਾਲ ਸਿੰਘ ਵਿੱਕੀ, ਡਾ. ਸੰਜੀਵ ਗਰਗ, ਰਾਜੇਸ਼ ਲੀਹਲ, ਸ਼ਿਵਚਰਨ ਸ਼ਰਮਾ, ਵਿਨੋਦ ਸਿੰਗਲਾ, ਚੇਤਨ ਕੁਮਾਰ, ਡਿਪਟੀ ਸਰੀਨ, ਪੀ.ਏ. ਗੁਰਮੁਖ ਸਿੰਘ, ਸੁਭਾਸ਼ ਬੀਟਨ, ਚੰਦਰ ਸੇਖ਼ਰ ਖੋਸਲਾ, ਸੰਜੀਵ ਰਿੰਕਾ, ਠੇਕੇਦਾਰ ਰਾਕੇਸ਼ ਚੋਪੜਾ, ਨਿਰੰਜਨ ਸੂਖਮ, ਯੁਵਰਾਜਜੀਤ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਮੰਦਰ ਪ੍ਰਬੰਧਕ ਕਮੇਟੀ ਨੇ ਆਏ ਮਹਿਮਾਨਾਂ ਨੂੰ ਮਾਤਾ ਦੀਆਂ ਲਾਲ ਚੁੰਨਰੀਆਂ ਭੇਟ ਕਰਕੇ ਸਨਮਾਨਤ ਵੀ ਕੀਤਾ।

## ਟ੍ਰੈਫਿਕ ਸਮੱਸਿਆ ਦਾ ਜਲਦ ਹੋਵੇਗਾ ਹੱਲ : ਥਾਣਾ ਮੁਖੀ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਹਲਕਾ ਨਿਹਾਲ ਸਿੰਘ ਵਾਲਾ ਵਿੱਚ ਵੱਧ ਰਹੀ ਟ੍ਰੈਫਿਕ ਕਾਰਨ ਆਮ ਜਨਤਾ ਨੂੰ ਭਾਰੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਹੀ ਇਸ ਸਬੰਧੀ ਥਾਣਾ ਨਿਹਾਲ ਸਿੰਘ ਵਾਲਾ ਦੇ ਮੁਖੀ ਐੱਸ ਐੱਚ ਓ ਪੂਰਨ ਸਿੰਘ ਧਾਲੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਸ ਵੱਲੋਂ ਟ੍ਰੈਫਿਕ ਦੀ ਵੱਧ ਰਹੀ ਸਮੱਸਿਆਂ ਦਾ ਹੱਲ ਜਲਦੀ ਹੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੁਲਸ ਮੁਲਾਜ਼ਮਾਂ ਦੀਆਂ ਟ੍ਰੈਫਿਕ ਨੂੰ ਸੁਚਾਰੂ ਢੰਗ ਨੂੰ ਚਲਾਉਣ ਨੂੰ ਲੈ ਕੇ ਪੱਕੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਟ੍ਰੈਫਿਕ ਵਿੱਚ ਕਿਸੇ ਵੀ ਵਿਅਕਤੀ ਨੂੰ ਵਿਘਨ ਨਹੀਂ ਪਾਉਣ ਦਿੱਤਾ ਜਾਵੇਗਾ ਤੇ ਟ੍ਰੈਫਿਕ ਦੇ ਨਿਯਮਾਂ ਦੀਆਂ ਧੱਜੀਆਂ ਉਡਾਉਣ ਵਾਲੇ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਬੁਲਟ ਮੋਟਰਸਾਈਕਲ ਦੇ ਪਟਾਕੇ ਤੇ ਉੱਚੀ ਆਵਾਜ਼ ਵਿੱਚ ਸਾਊਂਡ ਵਾਲਿਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ, ਨਹੀਂ ਤਾਂ ਇਨ੍ਹਾਂ ਖਿਲਾਫ਼ ਪੁਲਸ ਵੱਲੋਂ ਬਣਦੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਮੱਲ੍ਹਾ 'ਚ ਧਾਰਮਿਕ ਸਮਾਗਮ ਕਰਵਾਇਆ



**ਹਠੂਰ (ਲਵਲੀ ਕੁਮਾਰ)**-ਪਿੰਡ ਮੱਲ੍ਹਾ ਦੇ ਪੁਰਾਤਨ ਧਾਰਮਿਕ ਸਥਾਨ ਡੇਰਾ ਬਾਬਾ ਹਰਭਜਨ ਸਿੰਘ ਮੱਲ੍ਹਾ ਵਿਖੇ ਸੰਤ ਬਾਬਾ ਟਹਿਲ ਸਿੰਘ ਜੀ ਦੀ ਬਰਸੀ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਏ ਗਏ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਵੱਖ-ਵੱਖ ਕੀਰਤਨੀ ਜੱਥਿਆਂ ਨੇ ਰਸ-ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਰਪੰਚ ਸੁਖਦੇਵ ਗੁਰਮੇਲ ਸਿੰਘ ਮੱਲ੍ਹਾ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਮਨਾਉਣੇ ਚਾਹੀਦੇ ਹਨ ਤੇ ਸਮੁੱਚੀ ਮਨੁੱਖਤਾ ਦਾ ਭਲਾ ਮੰਗਣਾ ਚਾਹੀਦਾ ਹੈ।ਇਸ ਮੌਕੇ ਮੁੱਖ ਪ੍ਰਬੰਧਕ ਭਗਵਾਨ ਗਿਰ ਤੇ ਪ੍ਰਬੰਧਕੀ ਕਮੇਟੀ ਨੇ ਪਾਠੀ ਸਿੰਘਾਂ, ਰਾਗੀ ਸਿੰਘਾਂ, ਸਰਪੰਚ ਗੁਰਮੇਲ ਸਿੰਘ ਤੇ ਗ੍ਰਾਮ ਪੰਚਾਇਤ ਮੱਲ੍ਹਾ ਨੂੰ ਸਨਮਾਨਤ ਕੀਤਾ ਅਤੇ ਗੁਰਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।ਇਸ ਮੌਕੇ ਉਨ੍ਹਾਂ ਨਾਲ ਸਾਬਕਾ ਸਰਪੰਚ ਹਰਬੰਸ ਸਿੰਘ ਢਿੱਲੋਂ, ਨੰਬਰਦਾਰ ਜਗਜੀਤ ਸਿੰਘ ਮੱਲ੍ਹਾ, ਮਹਿੰਦਰ ਸਿੰਘ, ਬਲਦੇਵ ਸਿੰਘ, ਕਾਕਾ ਸਿੰਘ, ਪੰਚ ਗੁਰਚਰਨ ਸਿੰਘ ਚੰਨਾ, ਪੰਚ ਜਗਤਾਰ ਸਿੰਘ, ਪੰਚ ਬਿੱਕਰ ਸਿੰਘ, ਪੰਚ ਇੰਦਰਜੀਤ ਸਿੰਘ, ਦਵਿੰਦਰਪਾਲ ਸ਼ਰਮਾ, ਗਗਨਦੀਪ ਸਿੰਘ ਸਿੱਧੂ, ਬੂਟਾ ਸਿੰਘ ਗਿੱਲ, ਬਾਬਾ ਭੋਲੇ ਸ਼ਾਹ, ਜਸਵਿੰਦਰ ਸਿੰਘ ਜੱਗਾ, ਨਿਰਮਲ ਸਿੰਘ ਹਾਜ਼ਰ ਸਨ।

## ਦੇਸ਼ ਭਗਤ ਯੂਨੀਵਰਸਿਟੀ ਦਾ 13ਵਾਂ ਡਿਗਰੀ ਵੰਡ ਸਮਾਰੋਹ ਸੰਪੰਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦਾ 13ਵਾਂ ਡਿਗਰੀ ਵੰਡ ਸਮਾਰੋਹ ਸ੍ਰੀ ਗੁਰੂ ਤੇਗ਼ਬਹਾਦਰ ਸਾਹਿਬ ਆਡੀਟੋਰੀਅਮ ਵਿੱਚ ਬਹੁਤ ਹੀ ਸੁੰਦਰ ਤੇ ਗੰਭੀਰਤਾ ਨਾਲ ਆਯੋਜਿਤ ਕੀਤਾ ਗਿਆ।ਵਿੱਦਿਅਕ ਸੈਸ਼ਨ 2025-26 ਦੇ ਲਗਭਗ 1500 ਵਿਦਿਆਰਥੀਆਂ ਨੂੰ ਇਸ ਗੌਰਵਮਈ ਸਮਾਰੋਹ ਦੌਰਾਨ ਡਿਗਰੀਆਂ ਤੇ ਡਿਪਲੋਮੇ ਪ੍ਰਦਾਨ ਕੀਤੇ ਗਏ।ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ।ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਸਨਮਾਨਤ ਮਹਿਮਾਨਾਂ ਦਾ ਹਾਰਦਿਕ ਅਭਿਨੰਦਨ ਕੀਤਾ, ਜਦਕਿ ਕੁਲਪਤੀ ਡਾ. ਹਰਸ਼ ਸਦਾਵਰਤੀ ਨੇ ਯੂਨੀਵਰਸਿਟੀ ਦੀਆਂ ਉਪਲਬਧੀਆਂ ਤੇ ਮੀਲ ਪੱਥਰਾਂ ਨੂੰ ਉਜਾਗਰ ਕਰਦਿਆਂ ਸਾਲਾਨਾ ਰਿਪੋਰਟ ਪੇਸ਼ ਕੀਤੀ।ਮੁੱਖ ਮਹਿਮਾਨ ਵਜੋਂ ਵਿਰੇਂਦਰ ਸ਼ਰਮਾ, ਬ੍ਰਿਟਿਸ਼ ਸੰਸਦ ਮੈਂਬਰ ਤੇ ਈਲਿੰਗ ਸਾਊਥਾਲ (2007-2024) ਦੇ ਪੂਰਵ ਸੰਸਦ ਮੈਂਬਰ ਨੇ ਮੁੱਖ ਭਾਸ਼ਣ ਦਿੱਤਾ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਆਪਣੇ ਪ੍ਰੇਰਣਾਦਾਇਕ ਸੰਬੋਧਨ ਵਿੱਚ ਸਨਾਤਕ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਸਮਰਪਣ ਤੇ ਇਮਾਨਦਾਰੀ ਨਾਲ ਸੇਵਾ ਕਰਨ ਲਈ ਪ੍ਰੇਰਿਤ ਕੀਤਾ।ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਸਿੱਖਿਆ ਦੀ ਰੂਪਾਂਤਰਕ ਸ਼ਕਤੀ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਿੱਖਿਆ ਚਮਕਦਾਰ ਭਵਿੱਖ ਦੀ ਨੀਂਹ ਹੈ।ਵੱਖ-ਵੱਖ ਫੈਕਲਟੀਆਂ ਦੇ ਡੀਨਾਂ ਨੇ ਡਿਗਰੀਆਂ ਤੇ ਡਿਪਲੋਮਿਆਂ ਦੇ ਪ੍ਰਦਾਨ ਲਈ ਉਮੀਦਵਾਰਾਂ ਦੀ ਪੇਸ਼ਕਾਰੀ ਕੀਤੀ।ਸਮਾਰੋਹ ਦੌਰਾਨ ਵਿਸ਼ਿਸ਼ਟ ਵਿਅਕਤੀਤਵਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਮਾਨਦ ਉਪਾਧੀ ਅਤੇ ਡੀ. ਲਿਟ. ਦੀਆਂ ਉਪਾਧੀਆਂ ਨਾਲ ਸਨਮਾਨਤ ਕੀਤਾ ਗਿਆ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਦਿੱਤੀਆਂ ਸਿਲਾਈ ਮਸ਼ੀਨਾਂ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨੌਜਵਾਨ ਲੜਕੇ-ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਤਹਿਤ ਮੁਫਤ ਸਿਖਲਾਈ ਸੈਂਟਰ (ਸਿਲਾਈ, ਬਿਊਟੀ ਪਾਰਲਰ, ਕੰਪਿਊਟਰ) ਖੋਲ੍ਹ ਕੇ ਆਤਮ ਨਿਰਭਰ ਬਣਾਇਆ ਜਾ ਰਿਹਾ ਹੈ ਤਾਂ ਜੋ ਇਹ ਤਕਨੀਕੀ ਸਿੱਖਿਆ ਲੈਣ ਤੋਂ ਬਾਅਦ ਆਪਣਾ ਰੋਜ਼ਗਾਰ ਸ਼ੁਰੂ ਕਰ ਸਕਣ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਪਿਛਲੇ ਦਿਨੀਂ ਸਿਲਾਈ ਸੈਂਟਰ ਪੂਰਾ ਹੋਣ ਉਪਰੰਤ ਕਈ ਲੋੜਵੰਦ ਵਿਧਵਾਵਾਂ ਵੱਲੋਂ ਆਪਣਾ ਰੋਜ਼ਗਾਰ ਸ਼ੁਰੂ ਕਰਨ ਲਈ ਸਿਲਾਈ ਮਸ਼ੀਨਾਂ ਦੀ ਮੰਗ ਕੀਤੀ ਗਈ ਸੀ ਤਾਂ ਡਾ ਓਬਰਾਏ ਵੱਲੋਂ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਰਾਹੀਂ ਇਸ ਦੀ ਪ੍ਰਵਾਨਗੀ ਦਿੱਤੀ ਗਈ। ਮਸ਼ੀਨ ਲੈਣ ਉਪਰੰਤ ਲੋੜਵੰਦ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਅਸੀਂ ਇਸ ਉਪਰਾਲੇ ਨਾਲ ਅਪਣਾ ਪਾਲਣ ਪੋਸ਼ਣ ਵਧੀਆ ਢੰਗ ਨਾਲ ਕਰਨ ਦੇ ਸਮਰੱਥ ਹੋ ਗਏ ਹਾਂ।ਇਸ ਮੌਕੇ ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ, ਰਣਧੀਰ ਸਿੰਘ ਸਾਗੂ ਮੀਡੀਆ ਇੰਚਾਰਜ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ. ਬੈਂਕ ਮੈਨੇਜਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਬਰਾੜ ਰਿਟਾ. ਪ੍ਰਿੰਸੀਪਲ, ਅਸ਼ੋਕ ਕੁਮਾਰ, ਬਲਜੀਤ ਸਿੰਘ ਮਾਨ ਰਿਟਾ. ਪ੍ਰਿੰਸੀਪਲ, ਸੋਮ ਨਾਥ, ਸੁਖਬੀਰ ਸਿੰਘ ਜੈਲਦਾਰ, ਹਰਭਗਵਾਨ ਸਿੰਘ ਖੱਪਿਆਂਵਾਲ਼ੀ, ਸੁਖਦਰਸ਼ਨ ਸਿੰਘ ਬੇਦੀ ਰਿਟਾ. ਜ਼ਿਲ੍ਹਾ ਉੱਪ ਸਿੱਖਿਆ ਅਫ਼ਸਰ, ਜਤਿੰਦਰ ਸਿੰਘ ਕੈਂਥ ਆਦਿ ਹਾਜ਼ਰ ਸਨ।

## ਭਗਵੰਤ ਮਾਨ ਤੇ ਕੇਜਰੀਵਾਲ ਦਾ ਰਣੀਕੇ ਪਹੁੰਚਣ 'ਤੇ ਭਰਵਾਂ ਸਵਾਗਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਪ੍ਰਭਾਰੀ ਮਨੀਸ਼ ਸਿਸੋਦੀਆ ਦਾ ਬੀਤੇ ਦਿਨ ਧੂਰੀ ਹਲਕੇ ਦੇ ਪਿੰਡ ਰਣੀਕੇ ਵਿਖੇ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ।ਇਹ ਆਗੂ ਇਤਿਹਾਸਕ ਸ੍ਰੀ ਰਨਕੇਸ਼ਵਰ ਮਹਾਂਦੇਵ ਮੰਦਿਰ ਵਿਖੇ ਮਹਾਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ 'ਤੇ ਨਤਮਸਤਕ ਹੋਣ ਲਈ ਪੁੱਜੇ ਸਨ।ਇਸ ਮੌਕੇ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੇ ਜ਼ਿਲ੍ਹਾ ਚੇਅਰਮੈਨ ਤੇ ਰਾਈਸਿਲਾ ਗਰੁੱਪ ਦੇ ਸੀ.ਐੱਮ.ਡੀ. ਡਾ. ਏ ਆਰ ਸ਼ਰਮਾ ਦੀ ਅਗਵਾਈ ਹੇਠ ਉਦਯੋਗਪਤੀਆਂ ਤੇ ਪਤਵੰਤਿਆਂ ਵੱਲੋਂ ਇਨ੍ਹਾਂ ਆਗੂਆਂ ਦਾ ਨਿੱਘਾ ਤੇ ਭਰਵਾਂ ਸਵਾਗਤ ਕੀਤਾ ਗਿਆ।ਸਵਾਗਤੀ ਸਮਾਗਮ ਦੌਰਾਨ ਡਾ. ਏ ਆਰ ਸ਼ਰਮਾ ਦੇ ਨਾਲ ਰਾਈਸਿਲਾ ਦੇ ਡਾਇਰੈਕਟਰ ਵਿਜੈ ਗੋਇਲ, ਚੈਂਬਰ ਦੇ ਬਲਾਕ ਧੂਰੀ ਦੇ ਪ੍ਰਧਾਨ ਮੁਕੇਸ਼ ਕੁਮਾਰ ਬੰਟੀ, ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਟੀ ਸਿੰਗਲਾ, ਸੈਕਟਰੀ ਅਮਿਤ ਗੋਇਲ ਤੇ ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਦਯੋਗਿਕ ਜਗਤ ਦੇ ਇਨ੍ਹਾਂ ਨੁਮਾਇੰਦਿਆਂ ਨੇ ਮੁੱਖ ਮੰਤਰੀ ਤੇ ਹੋਰਨਾਂ ਸੂਬਾਈ ਆਗੂਆਂ ਨੂੰ ਜੀ ਆਇਆਂ ਕਹਿੰਦਿਆਂ ਸਨਮਾਨਤ ਕੀਤਾ।ਇਸ ਮੌਕੇ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਪੰਜਾਬ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਐਡਵੋਕੇਟ ਹੈਪੀ ਗਰਗ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਵੀ ਆਪਣੀ ਹਾਜ਼ਰੀ ਲਗਵਾਈ।

## ਪ੍ਰੀਖਿਆ 'ਚ ਸਫਲਤਾ ਲਈ ਅਨੁਸ਼ਾਸਨ, ਮਿਹਨਤ ਤੇ ਆਤਮਵਿਸ਼ਵਾਸ ਜ਼ਰੂਰੀ : ਪ੍ਰਿੰ. ਸ਼ਰਮਾ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦੀ ਸਵੇਰ ਦੀ ਪ੍ਰਾਰਥਨਾ ਸਭਾ ਦੌਰਾਨ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਸ਼ਰਮਾ ਨੇ ਬੋਰਡ ਤੇ ਹੋਰ ਜਮਾਤਾਂ ਦੀਆਂ ਸਾਲਾਨਾ ਪ੍ਰੀਖਿਆਵਾਂ ਦੇਣ ਵਾਲੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰੀਖਿਆ ਵਿੱਚ ਸਫਲਤਾ ਲਈ ਅਨੁਸ਼ਾਸਨ, ਨਿਰੰਤਰ ਮਿਹਨਤ ਤੇ ਆਤਮਵਿਸ਼ਵਾਸ ਬਹੁਤ ਜ਼ਰੂਰੀ ਹੈ।ਉਨ੍ਹਾਂ ਬੋਰਡ ਪ੍ਰੀਖਿਆਰਥੀਆਂ ਨੂੰ ਪ੍ਰੀਖਿਆ ਨਾਲ ਸੰਬੰਧਤ ਮਹੱਤਵਪੂਰਨ ਹਦਾਇਤਾਂ ਦਿੰਦਿਆਂ ਸਮੇਂ ਦੀ ਪਾਬੰਦੀ, ਪ੍ਰਸ਼ਨ ਪੱਤਰ ਧਿਆਨ ਨਾਲ ਪੜ੍ਹਨ ਤੇ ਸ਼ਾਂਤ ਮਨ ਨਾਲ ਲਿਖਣ ਦੀ ਸਲਾਹ ਦਿੱਤੀ।ਇਸ ਸਮੇਂ ਦੌਰਾਨ ਵਾਈਸ ਪ੍ਰਿੰਸੀਪਲ ਵਿਕਰਮਜੀਤ ਸਿੰਘ, ਸਕੂਲ ਕੋਆਰਡੀਨੇਟਰ ਤੇ ਸੰਬੰਧਤ ਜਮਾਤਾਂ ਦੇ ਸਾਰੇ ਇੰਚਾਰਜ ਅਧਿਆਪਕ ਹਾਜ਼ਰ ਸਨ।ਸਕੂਲ ਦੀ ਪ੍ਰਬੰਧਕ ਸਮਿਤੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਵੱਲੋਂ ਵੀ ਵਿਦਿਆਰਥੀਆਂ ਨੂੰ ਸਾਲਾਨਾ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਨ, ਆਪਣੀ ਮਿਹਨਤ ਦਾ ਸਹੀ ਮੁਲਾਂਕਣ ਕਰਨ ਤੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਸ਼ੁੱਭ-ਕਾਮਨਾਵਾਂ ਭੇਜੀਆਂ ਗਈਆਂ।ਸਕੂਲ ਪ੍ਰਬੰਧਨ ਨੇ ਆਸ ਪ੍ਰਗਟ ਕੀਤੀ ਕਿ ਵਿਦਿਆਰਥੀ ਪੂਰੀ ਮਿਹਨਤ ਅਤੇ ਅਨੁਸ਼ਾਸਨ ਨਾਲ ਪ੍ਰੀਖਿਆਵਾਂ ਵਿੱਚ ਕਾਮਯਾਬੀ ਹਾਸਲ ਕਰਨਗੇ।

17-FEB-2026-Page-11-Majha.qxd 2/16/2026 10:44 PM Page 1



# ਔਰਤ ਦੇ ਕਤਲ ਕੇਸ 'ਚ ਲੋੜੀਂਦੇ ਦੋ ਮੁਲਜ਼ਮ ਗ੍ਰਿਫ਼ਤਾਰ



ਛੇਹਰਟਾ, (ਮਨੋਜ ਕੁਮਾਰ)-ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਥਾਣਾ ਸਦਰ ਦੇ ਇਲਾਕੇ ਇੰਦਰਾ ਕਲੋਨੀ ਵਿਚ 28-29 ਜਨਵਰੀ ਦੀ ਰਾਤ ਨੂੰ ਹੋਏ ਔਰਤ ਦੇ ਕਤਲ ਦੇ ਮਾਮਲੇ ਵਿਚ ਲੋੜੀਂਦੇ ਦੋ ਮੁੱਖ ਮੁਲਜ਼ਮਾਂ ਨੂੰ ਨਵੀਂ ਦਿੱਲੀ ਤੋਂ ਗ੍ਰਿਫ਼ਤਾਰ ਕਰ ਲਿਆ ਹੈ। ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਦੇ ਡੀਸੀਪੀ (ਲਾਅ ਐਂਡ ਆਰਡਰ) ਆਲਮ ਵਿਜੇ ਸਿੰਘ ਨੇ ਪ੍ਰੈੱਸ ਕਾਨਫਰੰਸ ਵਿਚ ਦੱਸਿਆ ਕਿ ਥਾਣਾ ਸਦਰ ਦੇ ਇਲਾਕੇ ਇੰਦਰਾ ਕਲੋਨੀ ਵਿਚ 28-29 ਜਨਵਰੀ ਦੀ ਰਾਤ ਨੂੰ ਹੋਏ ਕਤਲ ਕੇਸ ਨੂੰ ਸਫਲਤਾਪੂਰਵਕ ਸੁਲਝਾ ਲਿਆ ਗਿਆ, ਜਿਸ ਵਿਚ ਵੀਨਾ ਰਾਣੀ (ਉਮਰ ਕਰੀਬ 67 ਸਾਲ) ਦਾ ਉਸ ਦੇ ਘਰ ਦੇ ਅੰਦਰ ਹੀ ਕਤਲ ਕਰ ਦਿੱਤਾ ਗਿਆ ਸੀ। ਇਸ ਸਬੰਧੀ ਮਾਮਲਾ ਥਾਣਾ ਸਦਰ ਵਿਖੇ ਦਰਜ ਕੀਤਾ ਗਿਆ ਸੀ। ਮ੍ਰਿਤਕਾ ਦੇ ਲੜਕੇ ਵਰਿੰਦਰ ਕੁਮਾਰ ਉਰਫ਼ ਬੱਲੂ ਨੇ ਪਰਚੇ ਵਿਚ ਦੱਸਿਆ ਸੀ ਕਿ ਉਹ ਇੰਦਰਾ ਕਲੋਨੀ ਵਿਚ ਆਪਣੀ ਮਾਂ ਨਾਲ ਰਹਿੰਦਾ ਸੀ। ਉਨ੍ਹਾਂ ਦਾ ਕਿਰਾਏਦਾਰ ਗੁਰਦੇਵ ਸਿੰਘ ਵਾਸੀ ਪਿੰਡ ਸੋਰੀਆਂ, ਅੰਮ੍ਰਿਤਸਰ ਆਪਣੇ ਪਰਿਵਾਰ ਸਮੇਤ ਦੋ ਸਾਲਾਂ ਤੋਂ ਉਨ੍ਹਾਂ ਦੇ ਘਰ ਵਿਚ ਰਹਿ ਰਿਹਾ ਸੀ। ਉਸ ਨੇ ਕਰੀਬ ਇਕ ਸਾਲ ਤੋਂ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਵਾਸੀ ਪਿੰਡ ਭਿੰਡੀ ਔਲਖ ਖੁਰਦ ਨੂੰ ਆਪਣੇ ਨਾਲ ਰੱਖਿਆ ਹੋਇਆ ਸੀ। ਸ਼ਿਕਾਇਤਕਰਤਾ ਵਰਿੰਦਰ ਕੁਮਾਰ ਉਰਫ਼ ਬੱਲੂ ਨੇ ਦੋਸ਼ ਲਗਾਇਆ ਕਿ 28 ਜਨਵਰੀ ਸ਼ਾਮ ਨੂੰ ਗੁਰਦੇਵ ਸਿੰਘ ਤੇ ਸ਼ਮਸ਼ੇਰ ਸਿੰਘ ਨੇ ਉਸ ਦੇ ਨਾਲ ਸ਼ਰਾਬ ਪੀਤੀ। ਉਸ ਨੂੰ ਸ਼ੱਕ ਸੀ ਕਿ ਉਸ ਦੇ ਪੀਣ ਵਾਲੇ ਪਦਾਰਥ ਵਿਚ ਕੋਈ ਨਸ਼ੀਲਾ ਪਦਾਰਥ ਮਿਲਾਇਆ ਗਿਆ ਹੈ, ਜਿਸ ਤੋਂ ਬਾਅਦ ਉਹ ਬੇਚੈਨੀ ਮਹਿਸੂਸ ਕਰ ਰਿਹਾ ਸੀ। ਉਸੇ ਰਾਤ ਬਾਅਦ ਵਿਚ ਉਨ੍ਹਾਂ ਦਾ ਆਪਸ ਵਿਚ ਝਗੜਾ ਹੋਇਆ ਤੇ ਉਸ ਨੇ ਕਿਰਾਏਦਾਰਾਂ ਨੂੰ ਆਪਣੇ ਕਮਰੇ ਵਿਚ ਵਾਪਸ ਜਾਣ ਲਈ ਕਿਹਾ। ਸ਼ਿਕਾਇਤਕਰਤਾ ਸੌਂ ਗਿਆ। 29 ਜਨਵਰੀ ਸਵੇਰੇ ਉਸ ਨੇ ਆਪਣੀ ਮਾਂ ਨੂੰ ਕਮਰੇ ਵਿਚ ਮ੍ਰਿਤਕ ਪਾਇਆ, ਜਿਸ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ ਤੇ ਘਰੇਲੂ ਸਾਮਾਨ ਖਿਲਰਿਆ ਹੋਇਆ ਸੀ। ਉਸ ਨੂੰ ਸ਼ੱਕ ਸੀ ਕਿ ਗੁਰਦੇਵ ਸਿੰਘ ਤੇ ਸ਼ਮਸ਼ੇਰ ਸਿੰਘ ਨੇ ਉਸ ਦੀ ਮਾਤਾ ਦਾ ਕਤਲ ਕੀਤਾ ਤੇ ਚੋਰੀ ਵੀ ਕੀਤੀ। ਉਸ ਦੇ ਬਿਆਨ ਦੇ ਆਧਾਰ 'ਤੇ ਮਾਮਲਾ ਦਰਜ ਕੀਤਾ ਗਿਆ ਸੀ ਅਤੇ ਜਾਂਚ ਸ਼ੁਰੂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਗੁਰਦੇਵ ਸਿੰਘ ਤੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਦੀ ਘਟਨਾ ਵਿਚ ਸ਼ਮੂਲੀਅਤ ਸਾਹਮਣੇ ਆਈ। ਖੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਥਾਣਾ ਸਦਰ ਦੀ ਪੁਲਸ ਟੀਮ ਨਵੀਂ ਦਿੱਲੀ ਗਈ ਤੇ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਨੇੜਲੇ ਇਲਾਕੇ ਵਿਚੋਂ ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮਾਂ ਨੂੰ ਨਵੀਂ ਦਿੱਲੀ ਦੀ ਮਾਨਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਤੇ ਟਰਾਂਜ਼ਿਟ ਰਿਮਾਂਡ ਪ੍ਰਾਪਤ ਕਰਨ ਤੋਂ ਬਾਅਦ ਅੰਮ੍ਰਿਤਸਰ ਲਿਆਂਦਾ ਗਿਆ ਅਤੇ ਮਾਨਯੋਗ ਅਦਾਲਤ, ਅੰਮ੍ਰਿਤਸਰ ਵਿਚ ਪੇਸ਼ ਕੀਤਾ ਗਿਆ, ਜਿੱਥੇ ਹੋਰ ਜਾਂਚ ਲਈ 5 ਦਿਨਾਂ ਦਾ ਪੁਲਸ ਰਿਮਾਂਡ ਦਿੱਤਾ ਗਿਆ। ਹੋਰ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਮੁਲਜ਼ਮਾਂ ਨੇ ਚੋਰੀ ਕਰਨ ਦੇ ਇਰਾਦੇ ਨਾਲ ਅਪਰਾਧ ਕੀਤਾ ਸੀ ਤੇ ਉਕਤ ਅਪਰਾਧਿਕ ਕਾਰਵਾਈ ਦੌਰਾਨ ਕਤਲ ਕੀਤਾ ਗਿਆ ਸੀ। ਮੁਲਜ਼ਮਾਂ ਕੋਲੋਂ ਚੋਰੀ ਹੋਈਆਂ ਸੋਨੇ ਦੀਆਂ 4 ਮੁੰਦਰੀਆਂ, 1 ਜੋੜਾ ਕੰਨਾਂ ਦੇ ਟਾਪਸ ਤੇ 1 ਚੂੜੀ, ਅਪਰਾਧ ਵਿਚ ਵਰਤਿਆ ਗਿਆ ਮੋਟਰਸਾਈਕਲ ਤੇ ਚਾਕੂ ਬਰਾਮਦ ਕਰ ਲਿਆ ਗਿਆ ਹੈ। ਪ੍ਰੈੱਸ ਕਾਨਫਰੰਸ ਦੌਰਾਨ ਏਡੀਸੀਪੀ-2 ਸਿਰੀਵੇਨੇਲਾ, ਏਸੀਪੀ (ਉਤਰੀ) ਗਗਨਦੀਪ ਸਿੰਘ ਤੇ ਥਾਣਾ ਸਦਰ ਦੇ ਐੱਸ ਐੱਚ ਓ ਇੰਸਪੈਕਟਰ ਕਿਰਨਦੀਪ ਸਿੰਘ ਵੀ ਹਾਜ਼ਰ ਸਨ।

## ਨਵ-ਵਿਆਹੁਤਾ ਦੀ ਲਟਕਦੀ ਲਾਸ਼ ਮਿਲੀ

ਬਿਆਸ (ਪਰਮਜੀਤ ਸਿੰਘ ਰੰਧਾਵਾ)-ਥਾਣਾ ਬਿਆਸ ਦੀ ਬੁੱਕਲ 'ਚ ਵਸਦੇ ਪਿੰਡ ਬੁੱਢਾਥੇਹ ਵਿਖੇ ਬੀਤੀ ਸ਼ਾਮ ਇਕ 20 ਸਾਲਾ ਨਵ-ਵਿਆਹੁਤਾ ਦੀ ਘਰ ਦੀ ਦਿਵਾਰ ਨਾਲ ਲਟਕਦੀ ਹੋਈ ਲਾਸ਼ ਮਿਲੀ ਹੈ।ਇਸ ਸਬੰਧ ਵਿਚ ਮ੍ਰਿਤਕ ਲੜਕੀ ਰਮਨਦੀਪ ਕੌਰ ਦੇ ਚਾਚਾ ਗੁਰਵਿੰਦਰ ਸਿੰਘ ਵਾਸੀ ਪਿੰਡ ਬੀਜੇਲਾ (ਸੁਭਾਨਪੁਰ) ਨੇ ਆਪਣੀ ਭਤੀਜੀ ਦੀ ਮੌਤ ਬਾਰੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਹੈ ਕਿ ਉਸਦੀ ਭਤੀਜੀ ਨੂੰ ਅਕਸਰ ਹੀ ਉਸਦੇ ਸੱਸ ਸਹੁਰੇ ਵੱਲੋਂ ਦਾਜ ਹੋਰ ਲਿਆਉਣ ਲਈ ਪਰੇਸ਼ਾਨ ਕੀਤਾ ਜਾਂਦਾ ਸੀ ਅਤੇ ਬੀਤੇ ਕੱਲ ਉਨ੍ਹਾਂ ਨੇ ਸਮਾਂ ਪਾ ਕੇ ਉਸਦੀ ਭਤੀਜੀ ਨੂੰ ਫਾਹ ਦੇ ਕੇ ਮਾਰ ਦਿਤਾ।ਮ੍ਰਿਤਕਾ ਰਮਨਦੀਪ ਕੌਰ ਆਪਣੇ ਪਿਛੇ ਇਕ 5 ਮਹੀਨੇ ਦਾ ਬੱਚਾ ਗੁਰਸ਼ਬਦ ਨੂੰ ਛੱਡ ਗਈ ਹੈ। ਪਰਿਵਾਰਕ ਮੈਂਬਰਾਂ ਅਨੁਸਾਰ ਮ੍ਰਿਤਕਾ ਦਾ ਪਤੀ ਪੰਜਾਬ ਤੋਂ ਬਾਹਰ ਕਿਸੇ ਦੇਸ਼ ਵਿਚ ਮਿਹਨਤ ਮਜ਼ਦੂਰੀ ਕਰਦਾ ਹੈ। ਡੀ. ਐੱਸ. ਪੀ. ਬਾਬਾ ਬਕਾਲਾ ਸਾਹਿਬ ਅਰੁਣ ਸ਼ਰਮਾ ਅਤੇ ਥਾਣਾ ਮੁਖੀ ਬਿਆਸ ਇੰਸਪੈਕਟਰ ਗੁਰਵਿੰਦਰ ਸਿੰਘ ਨੇ ਮੌਕੇ 'ਤੇ ਜਾ ਕੇ ਲਾਸ਼ ਨੂੰ ਕਬਜ਼ੇ ਵਿਚ ਲੈ ਲਿਆ ਅਤੇ ਮ੍ਰਿਤਕਾ ਰਮਨਦੀਪ ਕੌਰ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਸੱਸ ਕਸ਼ਮੀਰ ਕੌਰ, ਸਹੁਰਾ ਜੋਗਿੰਦਰ ਸਿੰਘ ਤੇ ਜਠਾਣੀ ਰੁਪਿੰਦਰ ਕੌਰ ਨੂੰ ਮੌਕੇ ਤੋਂ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਜ਼ੇਰੇ ਦਫਾ 304 ਬੀ, ਡੋਅਰੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਲਾਸ਼ ਪੋਸਟਮਾਰਟਮ ਕਰਵਾਉਣ ਉਪਰੰਤ ਵਾਰਿਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਦਾ ਡੈਲੀਗੇਟ ਅਜਲਾਸ ਸੰਪੰਨ

## * ਸਾਹਿਬ ਸਿੰਘ ਧਾਲੀਵਾਲ ਪ੍ਰਧਾਨ ਤੇ ਨਿਸ਼ਾਨ ਸਿੰਘ ਸੋਹਲ ਸਕੱਤਰ ਚੁਣੇ ਗਏ



ਗੁਰਦਾਸਪੁਰ, (ਜਨਕ ਮਹਾਜਨ)-ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਯੂਨਿਟ ਗੁਰਦਾਸਪੁਰ ਦਾ ਡੈਲੀਗੇਟ ਅਜਲਾਸ ਰਾਮ ਸਿੰਘ ਦੱਤ ਹਾਲ ਵਿਖੇ ਸਰਕਲ ਪ੍ਰਧਾਨ ਬਲਵਿੰਦਰ ਉਦੀਪੁਰ, ਸਾਹਿਬ ਸਿੰਘ ਧਾਲੀਵਾਲ, ਪਿਆਰਾ ਸਿੰਘ ਭਾਮੜੀ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਇਆ ਜਿਸ ਵਿਚ ਸੂਬਾ ਪ੍ਰਧਾਨ ਸਾਥੀ ਗੁਰਪ੍ਰੀਤ ਸਿੰਘ ਗੰਡੀਵਿੰਡ, ਮੀਤ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਬਤੌਰ ਨਿਗਰਾਨ ਸ਼ਾਮਿਲ ਹੋਏ। ਅਜਲਾਸ ਵਿਚ ਸਰਕਲ ਸਕੱਤਰ ਅਤੇ ਵਿੱਤ ਸਕੱਤਰ ਵੱਲੋਂ ਲਿਖਤੀ ਰਿਪੋਰਟ ਪੇਸ਼ ਕੀਤੀ ਗਈ ਜਿਸ ਵਿਚ ਸਾਥੀਆਂ ਵੱਲੋਂ ਬਹਿਸ ਕਰਕੇ ਰਿਪੋਰਟਾਂ ਵਾਅਦਿਆਂ ਸਮੇਤ ਪਾਸ ਕੀਤੀਆਂ।

ਸੂਬਾ ਆਗੂ ਗੰਡੀਵਿੰਡ ਨੇ ਸੰਬੋਧਨ ਕਰਦਿਆਂ ਅੱਜ ਦੇ ਹਾਲਾਤ ਤੇ ਗੰਭੀਰ ਚਰਚਾਵਾਂ ਕੀਤੀਆਂ ਅਤੇ ਸਰਕਾਰ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੀਤੀ ਜਾ ਰਹੀ ਅਣਦੇਖੀ ਕਾਰਨ ਜਥੇਬੰਦੀ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ ਅਤੇ ਸੰਘਰਸ਼ ਦੀ ਵਿਆਖਿਆ ਕੀਤੀ ਅੰਤ ਵਿਚ ਪੁਰਾਣੀ ਕਮੇਟੀ ਭੰਗ ਕਰਨ ਉਪਰੰਤ ਨਵੀਂ ਸਰਕਲ ਕਮੇਟੀ ਗੁਰਦਾਸਪੁਰ ਦੀ ਚੋਣ ਕੀਤੀ ਗਈ ਜਿਸ ਵਿਚ ਪ੍ਰਧਾਨ ਸਾਹਿਬ ਸਿੰਘ ਧਾਲੀਵਾਲ, ਸੀਨੀਅਰ ਮੀਤ ਪ੍ਰਧਾਨ, ਦਲਜੀਤ ਸਿੰਘ ਸਿਧਵਾਂ, ਮੀਤ ਪ੍ਰਧਾਨ, ਮਨਜੀਤ ਸ਼ਰਮਾ, ਮਾਨਵਜੋਤ ਸਿੰਘ, ਮਨਦੀਪ ਸਿੰਘ ਸਕੱਤਰ ਨਿਸ਼ਾਨ ਸਿੰਘ ਸੋਹਲ, ਯਾਦਵਿੰਦਰ ਸਿੰਘ, ਕੈਸ਼ੀਅਰ ਹਰਪ੍ਰੀਤ ਸਿੰਘ, ਜਥੇਬੰਦਕ ਸਕੱਤਰ ਅਨਿਲ ਕੁਮਾਰ ਸ਼ਰਮਾ, ਸਲਾਹਕਾਰ, ਅਰਵਿੰਦ ਕੁਮਾਰ ਕੋਟਲੀ, ਐਡੀਟਰ ਗੁਰਦੇਵ ਸਿੰਘ ਅਤੇ ਸਰਪ੍ਰਸਤ ਕਾਮਰੇਡ ਬਲਵਿੰਦਰ ਉਦੀਪੁਰ ਚੁਣੇ ਗਏ।

## ਅਹਿਮਦੀਆ ਯੂਥ ਵਿੰਗ ਨੇ ਲਾਇਆ ਮੁਫ਼ਤ ਮੈਡੀਕਲ ਤੇ ਖ਼ੂਨਦਾਨ ਕੈਂਪ

ਕਾਦੀਆਂ, (ਯਾਦਵਿੰਦਰ ਸਿੰਘ ਮਲਹੋਤਰਾ)-ਅਹਿਮਦੀਆ ਯੂਥ ਵਿੰਗ ਕਾਦੀਆਂ (ਖ਼ੁੱਦਾਮੁਲ ਅਹਮਦੀਆ) ਵੱਲੋਂ ਕਾਦੀਆਂ ਵਿੱਚ ਇੱਕ ਮੁਫ਼ਤ ਮੈਡੀਕਲ ਅਤੇ ਖ਼ੂਨ ਦਾਨ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ।ਇਹ ਕੈਂਪ ਸਰਬ ਸੁਖ ਹਸਪਤਾਲ ਦੇ ਸਹਿਯੋਗ ਨਾਲ ਲਗਾਇਆ ਗਿਆ।ਇਸ ਮੈਡੀਕਲ




ਕੈਂਪ ਵਿੱਚ 6 ਡਾਕਟਰਾਂ ਦੀ ਟੀਮ ਆਪਣੇ ਸਟਾਫ਼ ਸਮੇਤ ਸ਼ਾਮਲ ਹੋਈ।ਟੀਮ ਵਿੱਚ ਨਿਊਰੋ ਸਰਜਰੀ, ਦਿਲ ਦੇ ਰੋਗਾਂ ਅਤੇ ਬੱਚਿਆਂ ਦੇ ਰੋਗਾਂ ਦੇ ਮਾਹਿਰ ਡਾਕਟਰ ਵੀ ਸ਼ਾਮਲ ਸਨ।ਕੈਂਪ ਦੌਰਾਨ ਮਰੀਜ਼ਾਂ ਦੇ ਮੁਫ਼ਤ ਟੈਸਟ ਕੀਤੇ ਗਏ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ।ਬਹੁਤ ਸਾਰੇ ਜ਼ਰੂਰਤਮੰਦ ਲੋਕਾਂ ਨੂੰ ਲਾਭ ਪਹੁੰਚਿਆ।ਇਸ ਮੌਕੇ 50 ਤੋਂ ਵੱਧ ਲੋਕਾਂ ਨੇ ਖ਼ੂਨ ਦਾਨ ਕੀਤਾ ਅਤੇ 100 ਤੋਂ ਵੱਧ ਲੋਕਾਂ ਨੇ ਆਪਣਾ ਮੁਫ਼ਤ ਚੈੱਕਅਪ ਕਰਵਾਇਆ।ਇਸ ਪ੍ਰੋਗਰਾਮ ਦਾ ਉਦਘਾਟਨ ਯੂਥ ਵਿੰਗ ਭਾਰਤ ਦੇ ਪ੍ਰਧਾਨ ਨਿਆਜ਼ ਨਾਇਕ ਸਾਹਿਬ ਵੱਲੋਂ ਕੀਤਾ ਗਿਆ।ਇਸ ਮੌਕੇ ਸੱਯਦ ਸ਼ਰਜੀਲ ਅਹਿਮਦ ਪ੍ਰਧਾਨ ਯੂਥ ਵਿੰਗ ਕਾਦੀਆਂ, ਨਾਸਿਰ ਵਹੀਦ ਪ੍ਰਸ਼ਾਸਕ ਨੂਰ ਹਸਪਤਾਲ, ਸ਼ਰੀਫ ਕੌਸਰ ਆਦਿ ਸ਼ਾਮਲ ਰਹੇ।ਅਹਿਮਦੀਆ ਮੁਸਲਿਮ ਕਮਿਊਨਿਟੀ ਦੀ ਯੂਥ ਵਿੰਗ ਹਮੇਸ਼ਾਂ ਮਨੁੱਖਤਾ ਦੀ ਸੇਵਾ ਦੇ ਕਾਰਜਾਂ ਵਿੱਚ ਅੱਗੇ ਰਹਿੰਦੀ ਹੈ ਅਤੇ ਲੋੜਵੰਦ ਅਤੇ ਬੇਸਹਾਰਾ ਲੋਕਾਂ ਦੀ ਭਲਾਈ ਲਈ ਹਰ ਤਰ੍ਹਾਂ ਦੇ ਕੰਮਾਂ ਲਈ ਤਤਪਰ ਰਹਿੰਦੀ ਹੈ। ਕੁਦਰਤੀ ਆਫ਼ਤਾਂ ਅਤੇ ਹੋਰ ਸੇਵਾ ਕਾਰਜਾਂ ਵਿੱਚ ਵੀ ਯੂਥ ਵਿੰਗ ਆਪਣਾ ਯੋਗਦਾਨ ਨਿਭਾਂਦੀ ਆ ਰਹੀ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਮਨੁੱਖਤਾ ਭਲਾਈ ਦੇ ਕਾਰਜ ਜਾਰੀ ਰੱਖੇ ਜਾਣਗੇ।

## ਮਹਾ-ਸ਼ਿਵਰਾਤਰੀ 'ਤੇ ਲਗਾਇਆ ਵਿਸ਼ਾਲ ਲੰਗਰ

ਛੇਹਰਟਾ, (ਮਨੋਜ ਕੁਮਾਰ)-ਮਹਾ-ਸ਼ਿਵਰਾਤਰੀ ਦੇ ਸ਼ੁਭ ਮੌਕੇ 'ਤੇ ਗੋਪਾਲ ਨਗਰ ਵਿਚ ਵੈਸ਼ਨੋ ਦਾਸ ਰਾਜੂ ਟੇਲਰ ਵੱਲੋਂ ਜੂਸ, ਚਾਹ, ਕੋਲਡ ਡਰਿੰਕਸ, ਆਈਸ ਕਰੀਮ, ਫਲ, ਕੜ੍ਹੀ ਚੌਲਾਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਤੇ ਸਮਾਜ ਸੇਵਕ ਅਨੁਜ ਖੇਮਕਾ ਨੇ ਲੰਗਰ ਵਿਚ ਸੇਵਾ ਕੀਤੀ। ਅਨੁਜ ਖੇਮਕਾ ਨੇ



ਦੱਸਿਆ ਕਿ ਵੈਸ਼ਨੋ ਦਾਸ ਰਾਜੂ ਟੇਲਰ ਹਰ ਸ਼ਿਵਰਾਤਰੀ 'ਤੇ ਲੰਗਰ ਲਗਾਉਂਦੇ ਹਨ। ਅਨੁਜ ਖੇਮਕਾ ਨੇ ਸ਼ਹਿਰ ਵਾਸੀਆਂ ਨੂੰ ਮਹਾ-ਸ਼ਿਵਰਾਤਰੀ ਦੀ ਵਧਾਈ ਵੀ ਦਿੱਤੀ। ਇਸ ਮੌਕੇ ਸਮਾਜ ਸੇਵਕ ਅਨੁਜ ਖੇਮਕਾ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਜਤਿੰਦਰ ਸ਼ਰਮਾ, ਪ੍ਰਿੰਸੀਪਲ ਹੀਰਾ ਲਾਲ ਵਰਮਾ, ਅਮਨਦੀਪ ਸਿੰਘ, ਰਾਜਾ, ਕਪੀਸ਼ ਖੇਮਕਾ, ਸਿਧਾਂਤ ਅਗਰਵਾਲ, ਮੁਕੇਸ਼, ਰਾਜੇਸ਼, ਸੋਮ ਰਾਜ, ਗੁਰਪ੍ਰੀਤ ਸਿੰਘ, ਕੇਸਰ ਸਿੰਘ, ਸ਼ਸ਼ੀ, ਵਿਸ਼ਾਲ ਸ਼ਰਮਾ, ਬਬਲੂ ਆਦਿ ਹਾਜ਼ਰ ਸਨ।

## ਪ੍ਰਾਚੀਨ ਸ਼ਿਵ ਮੰਦਰ ਕਸੇਲ ਵਿਖੇ ਲੱਗੀਆਂ ਸ਼ਿਵਰਾਤਰੀ ਦੀਆਂ ਰੌਣਕਾਂ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਹਰ ਸਾਲ ਦੀ ਤਰ੍ਹਾਂ ਪ੍ਰਾਚੀਨ ਸ਼ਿਵ ਮੰਦਰ ਕਸੇਲ ਵਿਖੇ ਮਹਾ-ਸ਼ਿਵਰਾਤਰੀ ਦਾ ਦਿਹਾੜਾ ਬੜੀ ਸ਼ਰਧਾਪੂਰਵਕ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹੰਤ ਕੁਲਦੀਪ ਕੁਮਾਰ, ਸੁਰਜੀਤ ਕੁਮਾਰ ਬੌਬੀ ਨੇ ਦੱਸਿਆ ਕੇ ਪ੍ਰਾਚੀਨ ਸ਼ਿਵ ਮੰਦਰ ਕਸੇਲ (ਤਰਨਤਾਰਨ) ਵਿਖੇ ਸ਼ਿਵਰਾਤਰੀ ਦਾ ਦਿਹਾੜਾ ਬੜੀ ਧੂਮਧਾਮ ਨਾਲ ਇਲਾਕਾ ਨਿਵਾਸੀ ਤੇ ਸੰਗਤ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਮਨਾਇਆ। 14 ਫਰਵਰੀ ਦਿਨ



ਸ਼ਨੀਵਾਰ ਨੂੰ ਭਗਵਤੀ ਜਾਗਰਣ ਕਰਵਾਇਆ ਗਿਆ। ਹਜ਼ਾਰਾਂ ਦੀ ਤਾਦਾਦ ਵਿਚ ਸੰਗਤਾਂ ਨੇ ਲੰਮੀਆਂ ਲੰਮੀਆਂ ਲਾਈਨਾਂ ਲਗਾ ਕੇ ਭਗਵਾਨ ਸ਼ਿਵ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਕੀਤਾ। ਇਸ ਮੌਕੇ ਸ੍ਰੀ ਸ਼ਿਵ ਕਿਰਪਾ ਸੇਵਾ ਮੰਡਲ ਮਣੀ ਮਹੇਸ਼ ਦੀ ਕਮੇਟੀ ਨੂੰ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਨੇ ਵੱਖ-ਵੱਖ ਤਰ੍ਹਾਂ ਦੇ ਲੰਗਰ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ ਤਾਂ ਜੋ ਸੰਗਤਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਵੇ।ਇਸ ਮੌਕੇ ਮਹੰਤ ਕੁਲਦੀਪ ਕੁਮਾਰ, ਸੁਰਜੀਤ ਕੁਮਾਰ ਬੌਬੀ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

## ਸ਼ਰਾਰਤੀ ਅਨਸਰਾਂ ਨੇ ਦੇਵੀ-ਦੇਵਤਿਆਂ ਦਾ ਫਲੈਕਸ ਬੋਰਡ ਪਾੜਿਆ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਮਹਾਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ ਚਵਿੰਡਾ ਦੇਵੀ 'ਚ ਭਗਵਾਨ ਸ਼ਿਵ ਸ਼ੰਕਰ, ਮਾਤਾ ਪਾਰਵਤੀ ਅਤੇ ਕਈ ਹੋਰ ਦੇਵੀ ਦੇਵਤਿਆਂ ਦੀਆਂ ਫੋਟੋਆਂ ਲੱਗੇ ਫਲੈਕਸ ਬੋਰਡ ਨੂੰ ਸ਼ਰਾਰਤੀ ਅਨਸਰਾਂ ਵੱਲੋਂ ਪਾੜ ਦੇਣ ਦੀ ਖਬਰ ਹੈ। ਪਿੰਡ ਚਵਿੰਡਾ ਦੇਵੀ ਦੀ ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀਆਂ 'ਚ ਇਸ ਘਟਨਾ




ਕਾਰਨ ਭਾਰੀ ਰੋਸ ਹੈ।ਇਸ ਮੌਕੇ ਸਰਪੰਚ ਪਰਮਜੀਤ ਕੌਰ ਨੇ ਕਿਹਾ ਕਿ ਇਹ ਘਟਨਾ ਦੇਰ ਰਾਤ ਵਾਪਰੀ ਹੋ ਸਕਦੀ ਹੈ। ਉਨ੍ਹਾਂ ਨੇ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ। ਇਸ ਘਟਨਾ ਨੂੰ ਲੈ ਕੇ ਪਿੰਡ ਵਾਸੀਆਂ ਨੇ ਵਿਰੋਧ ਪ੍ਰਦਰਸ਼ਨ ਵੀ ਕੀਤਾ। ਨੇਤਾ ਜੀ ਸੁਭਾਸ਼ ਚੰਦਰ ਬੋਸ ਐਂਟੀ ਕਰਾਈਮ, ਐਂਟੀ ਕੁਰੱਪਸ਼ਨ, ਸੋਸ਼ਲ ਵੈੱਲਫੇਅਰ ਸੋਸਾਇਟੀ ਦੇ ਚੇਅਰਮੈਨ ਗਗਨਦੀਪ ਨੇ ਵੀ ਇਸ ਮੰਦਭਾਗੀ ਘਟਨਾ ਦਾ ਸਖਤ ਵਿਰੋਧ ਕੀਤਾ। ਉਨ੍ਹਾਂ ਚਵਿੰਡਾ ਦੇਵੀ ਦੇ ਚੌਂਕੀ ਇੰਚਾਰਜ ਨੂੰ ਅਪੀਲ ਕੀਤੀ ਕਿ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ। ਚੌਂਕੀ ਇੰਚਾਰਜ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

# ਕਾਲਾ ਅਫਗਾਨਾ ਦਾ 42ਵਾਂ ਵਿਰਾਸਤੀ ਖੇਡ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-42ਵਾਂ ਸਾਲਾਨਾ ਵਿਰਾਸਤੀ ਖੇਡ ਮੇਲਾ ਮਾਝਾ ਇੰਟਰਨੈਸ਼ਨਲ ਸਪੋਰਟਸ ਕਲੱਬ (ਰਜਿ.) ਕਾਲਾ ਅਫਗਾਨਾ ਤਹਿ ਬਟਾਲਾ, ਜ਼ਿਲ੍ਹਾ ਗੁਰਦਾਸਪੁਰ (ਪੰਜਾਬ) ਵੱਲੋਂ ਸਰਕਾਰੀ ਗੁਰੂ ਨਾਨਕ ਕਾਲਜ ਕਾਲਾ ਅਫਗਾਨਾ ਵਿਖੇ ਜ਼ਿਲ੍ਹਾ ਗੁਰਦਾਸਪੁਰ ਦੇ ਫੁੱਟਬਾਲ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਗੁਰਬਿੰਦਰ ਸਿੰਘ ਜੌਲੀ ਦੇ ਯਤਨਾਂ ਸਦਕਾ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਿਆ।ਖੇਡ ਮੇਲੇ 'ਚ ਫੁੱਟਬਾਲ ਕਬੱਡੀ, ਵਾਲੀਬਾਲ ਤੇ ਅਥਲੈਟਿਕਸ ਦੀਆਂ ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ।ਸਮੂਹ ਪ੍ਰਬੰਧਕਾਂ ਵੱਲੋਂ ਜੇਤੂ ਟੀਮਾਂ ਨੂੰ ਉਚਿਤ ਇਨਾਮਾਂ ਤੇ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।ਇਸ ਵਿੱਚ ਫੁੱਟਬਾਲ, ਕਬੱਡੀ, ਵਾਲੀਬਾਲ ਅਤੇ ਅਥਲੈਟਿਕਸ ਦੇ ਫਸਵੇਂ ਮੁਕਾਬਲੇ ਹੋਏ।ਇਸ ਦੇ ਲਈ ਪ੍ਰਧਾਨ ਮਨਜੀਤ ਸਿੰਘ ਚੀਮਾ, ਮਨਬੀਰ ਸਿੰਘ ਪ੍ਰਧਾਨ ਆੜ੍ਹਤੀ ਐਸਸੀਏਸ਼ਨ, ਰਾਜੂ ਆੜ੍ਹਤੀ, ਰਾਣਾ ਰਣਬੀਰ ਸਿੰਘ ਰੰਧਾਵਾ, ਤਰਲੋਕ ਸਿੰਘ ਪੰਨੂੰ, ਗੁਰਪ੍ਰੀਤ ਸਿੰਘ ਪ੍ਰਧਾਨ ਦਸਮੇਸ਼ ਸਪੋਰਟਸ ਕਲੱਬ ਘਣੀਏ ਕੇ ਬਾਂਗਰ, ਹਰਪ੍ਰੀਤ ਸਿੰਘ ਹੈਪੀ ਘਣੀਏ ਕੇ ਬਾਂਗਰ, ਮੰਗਾ ਮਸੀਹ ਪੱਤੀ ਚੰਡੀਗੜ੍ਹ, ਨਿਸ਼ਾਨ ਸਿੰਘ ਚੀਮਾ, ਪ੍ਰਗਟ ਸਿੰਘ, ਕਸ਼ਮੀਰ ਸਿੰਘ, ਬੀਡੀਪੀਓ., ਅਜੀਤ ਸਿੰਘ ਰੰਧਾਵਾ, ਜੁਗਰਾਜ ਸਿੰਘ, ਹਰਦਿਆਲ ਸਿੰਘ ਰੰਧਾਵਾ, ਕਾਬਲ ਸਿੰਘ ਕਾਹਲੋਂ, ਕੰਵਲਜੀਤ ਸਿੰਘ ਸ਼ਾਹ, ਮੋਹਨ ਸਿੰਘ, ਸਚਿਨਦੀਪ ਸਿੰਘ ਬਾਠ, ਜਸਵੰਤ ਸਿੰਘ, ਬਲਦੇਵ ਸਿੰਘ, ਹਰਦੇਵ ਸਿੰਘ, ਸਤਨਾਮ ਸਿੰਘ, ਕੁਲਵਿੰਦਰ ਸਿੰਘ, ਕੁਲਵਿੰਦਰ ਸਿੰਘ



ਕਾਹਲੋਂ, ਭਰਪੂਰ ਸਿੰਘ, ਜਤਿੰਦਰ ਸਿੰਘ, ਨਰਿੰਦਰ ਸਿੰਘ ਖਾਲਸਾ, ਬਾਬਾ ਸਰਬਜੀਤ ਸਿੰਘ, ਨਰਿੰਦਰ ਸਿੰਘ ਆਜ਼ਮਪੁਰ, ਸ਼ਰਨਜੀਤ ਸਿੰਘ ਚੀਮਾ, ਧੀਰ ਸਿੰਘ, ਭਾਈ ਮਨਜੀਤ ਸਿੰਘ, ਮੇਜਰ ਸਿੰਘ ਕਾਲਾ ਅਫਗਾਨਾ, ਸਚਿਨਦੀਪ ਸਿੰਘ ਸਰਪੰਚ ਛਿਛਰੇਵਾਲ, ਸਤਿੰਦਰ ਸਿੰਘ ਸੱਤੀ, ਪ੍ਰਭਜੋਤ ਸਿੰਘ, ਸਵਰਗਵਾਸੀ ਮਾਸਟਰ ਕੁਲਵੰਤ ਸਿੰਘ ਬੋਪਾਰਾਏ, ਸਵ. ਅਜੀਤ ਸਿੰਘ ਰੰਧਾਵਾ, ਸਵ. ਕੁਲਵੰਤ ਸਿੰਘ ਰੰਧਾਵਾ, ਜਸਵਿੰਦਰ ਸਿੰਘ ਪੰਨੂ, ਸਵ. ਗੁਰਨਾਮ ਸਿੰਘ ਰੰਧਾਵਾ, ਸਵ. ਕਸ਼ਮੀਰ ਸਿੰਘ ਰੰਧਾਵਾ, ਪੂਰਨ ਸਿੰਘ ਕਾਹਲੋਂ, ਸਵ. ਪ੍ਰੀਤਮ ਸਿੰਘ ਕਾਹਲੋ ਤੇ ਇਕਬਾਲ ਸਿੰਘ ਕਾਹਲੋ, ਬੰਦੇਸ਼ਾ (ਆਸਟ੍ਰੇਲੀਆ), ਸੈਮੀ ਕਾਹਲੋਂ ਕੈਨੇਡਾ ਤੇ ਅਰਮਾਨ ਖੈਹਿਰਾ (ਆਸਟ੍ਰੇਲੀਆ) ਦਾ ਅਹਿਮ ਯੋਗਦਾਨ ਰਿਹਾ।

# ਆਨੰਦ ਗਰੁੱਪ ਆਫ ਕਾਲਜਿਜ਼ ਜੇਠੂਵਾਲ ਵਿਖੇ ਮਹਾਂ-ਸ਼ਿਵਰਾਤਰੀ ਦਾ ਤਿਉਹਾਰ ਮਨਾਇਆ

ਮਜੀਠਾ (ਸੋਇਮ ਆਨੰਦ)-ਆਨੰਦ ਗਰੁੱਪ ਆਫ ਕਾਲਜ ਜੇਠੂਵਾਲ ਵਿੱਚ ਮਹਾਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਵਿਚ ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ ਅਤੇ ਕਵਲਜੀਤ ਕੌਰ, ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ, ਵਾਇਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਸ਼ਾਮਲ ਸਨ।ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ ਸਾਹਿਬ ਨੇ ਵਿਦਿਆਰਥੀਆਂ ਨੂੰ ਮਹਾਂ-ਸ਼ਿਵਰਾਤਰੀ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਅਤੇ



ਜੀਵਨ ਵਿੱਚ ਸਚਾਈ, ਸ਼ਾਂਤੀ ਅਤੇ ਅਨੁਸ਼ਾਸਨ ਦੀ ਮਹੱਤਤਾ ਸਮਝਾਈ। ਇਸ ਸਮਾਗਮ ਵਿੱਚ ਡਾ. ਅਨੀਤਾ ਆਨੰਦ, ਸੁਮਨ ਮਲਿਕ, ਨਰੇਸ਼ ਮਲਿਕ, ਵਿਨੋਦ ਰੱਤਰਾ, ਡਾ. ਰਾਕੇਸ਼ ਅਰਾਵਲ, ਹਰਦੀਪ ਕੌਰ ਭਾਮਰਾ ਅਤੇ ਰਾਕੇਸ਼ ਮਲਹੋਤਰਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ, ਜਿਨ੍ਹਾਂ ਨੇ ਸਮਾਗਮ ਦੀ ਸ਼ੋਭਾ ਵਧਾਈ।ਉਨ੍ਹਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਤਿਉਹਾਰ ਸਾਨੂੰ ਆਪਣੀ ਸਭਿਆਚਾਰ ਅਤੇ ਮੁੱਲਾਂ ਨਾਲ ਜੋੜ ਕੇ ਰੱਖਦੇ ਹਨ।ਇਸ ਮੌਕੇ ਕਾਲਜ ਵਿੱਚ ਹਵਨ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਭਾਗ ਲਿਆ ਅਤੇ ਸਭ ਦੀ ਭਲਾਈ ਲਈ ਅਰਦਾਸ ਕੀਤੀ।ਕਾਲਜ ਪ੍ਰਬੰਧਕਾਂ ਵੱਲੋਂ ਭਵਿੱਖ ਵਿੱਚ ਵੀ ਅਜਿਹੇ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਉਣ ਦਾ ਭਰੋਸਾ ਦਿੱਤਾ ਗਿਆ।ਇਸ ਮੌਕੇ ਮੈਡਮ ਮਨਵਿੰਦਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ, ਰੁਪਨਦੀਪ ਕੌਰ, ਅਰਪਨਜੋਤ ਕੌਰ, ਕੋਮਲਪ੍ਰੀਤ ਕੌਰ, ਪੁਨਰ, ਹਰਮਨਜੋਤ ਕੌਰ, ਹਰਮਨ, ਰਮਨਦੀਪ ਕੌਰ, ਮਨਦੀਪ ਕੌਰ, ਪ੍ਰਿਅੰਕਾ, ਸ਼ਰਨਦੀਪ ਕੌਰ, ਨਿਧੀ, ਸਿਮਰਨਜੀਤ ਕੌਰ, ਗੀਤੂ ਕਾਲੀਆ, ਹਰਪ੍ਰੀਤ ਕੌਰ, ਬਲਜੀਤ ਕੌਰ, ਸਰੁਚੀਪਾਲ, ਰਮਿੰਦਰਜੀਤ ਕੌਰ, ਜੋਤੀ ਬਾਲਾ, ਜਗਰੂਪ ਕੌਰ, ਸੋਨਲ ਮਹਾਜਨ, ਭੁਪਿੰਦਰ ਕੌਰ, ਚੰਨਜੀਤ, ਸ਼ੈਲੀ ਸ਼ਰਮਾ ਸਮੇਤ ਹੋਰ ਸਟਾਫ ਅਤੇ ਵਿਦਿਆਰਥੀ ਆਦਿ ਸ਼ਾਮਲ ਸਨ।

# ਮਹਾਂ-ਸ਼ਿਵਰਾਤਰੀ ਸ਼ਿਵ ਤੇ ਜੀਵ ਆਤਮਾ ਦੇ ਮਿਲਣ ਦਾ ਪ੍ਰਤੀਕ: ਸਾਧਵੀ ਰਮਨਦੀਪ ਭਾਰਤੀ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਦੁਆਰਾ ਮੁਰਾਦਪੁਰਾ ਵਿੱਚ ਮਹਾਂ-ਸ਼ਿਵਰਾਤਰੀ ਦਾ ਪਰਬ ਮਨਾਇਆ ਗਿਆ ਜਿਸ ਵਿੱਚ ਦਿਵਯ ਗੁਰੂ ਸ੍ਰੀ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਯਾ ਸਾਧਵੀ ਰਮਨਦੀਪ ਭਾਰਤੀ ਨੇ ਕਿਹਾ ਕਿ ਮਹਾਂ-ਸ਼ਿਵਰਾਤਰੀ ਦਾ ਤਿਉਹਾਰ ਸਾਡੇ ਅੰਦਰ ਸਥਿਤ ਸ਼ਿਵ ਤੇ ਜੀਵ ਆਤਮਾ ਦੇ ਮਿਲਣ ਦਾ ਪ੍ਰਤੀਕ ਹੈ।ਮਹਾਂ-ਸ਼ਿਵਰਾਤਰੀ ਸੰਕੇਤ ਦਿੰਦੀ ਹੈ ਕਿ ਅਸੀਂ ਬਾਹਰ ਮੁਖੀ ਤੋਂ ਅੰਤਰ ਮੁਖੀ ਹੋ ਜਾਈਏ।ਆਪਣੇ ਅੰਦਰ ਸਥਿਤ ਸ਼ਿਵ ਤੱਤਵ ਵਿੱਚ ਵਾਸ ਕਰੀਏ।ਭਗਵਾਨ ਸ਼ਿਵ ਨੂੰ ਜਾਣ ਕੇ ਹੀ ਸੱਤਿਅਮ, ਸ਼ਿਵਮ, ਸੁੰਦਰਮ ਦੇ ਮਾਰਗ ਦੇ ਉਪਰ ਚਲ ਸਕਦੇ ਹਾਂ।ਭਗਵਾਨ ਸ਼ਿਵ ਨੂੰ ਜਾਣ ਕੇ ਹੀ ਮਾਨਵ ਜੀਵਨ ਨੂੰ ਜਾਣ ਸਕਦੇ ਹਾਂ।ਭੋਲੇ ਨਾਥ ਦੇ ਤਨ ਤੇ ਲੱਗੀ ਭਸਮ ਸਾਨੂੰ ਇਸ ਤਨ ਦੀ ਨਸ਼ਵਰਤਾ ਵੱਲ ਸੰਕੇਤ ਕਰਦੀ ਹੈ।

ਗਲੇ ਵਿੱਚ ਪਾਈ ਹੋਈ ਸੱਪਾਂ ਦੀ ਮਾਲਾ ਭਗਤੀ ਕਰਦੇ ਹੋਏ ਕਾਲ ਉਪਰ ਜਿੱਤ ਪ੍ਰਾਪਤ ਕਰਨ ਦਾ ਸੰਦੇਸ਼ ਦਿੰਦੀ ਹੈ।ਭਗਵਾਨ ਸ਼ਿਵ ਦੇ ਹੱਥ ਵਿੱਚ ਫੜਿਆ ਤ੍ਰਿਸ਼ੂਲ ਪ੍ਰਭੂ ਦੇ ਆਦਿ ਨਾਮ ਨੂੰ ਜਾਣ ਕੇ ਤਿੰਨਾਂ ਤਾਪਾਂ ਤੋਂ ਮੁਕਤ ਹੋ ਜਾਣਾ।ਡਮਰੂ ਅਨਹਦ ਸੰਗੀਤ ਦਾ ਸੰਦੇਸ਼ ਦੇ ਰਿਹਾ ਹੈ।ਭਗਵਾਨ ਸ਼ੰਕਰ ਦੇ ਜਟਾਵਾਂ ਵਿੱਚੋਂ ਵਹਿੰਦੀ ਗੰਗਾ ਈਸ਼ਵਰ ਦੇ ਅੰਮ੍ਰਿਤ ਸਵਰੂਪ ਵੱਲ ਸੰਕੇਤ ਕਰਦੀ ਹੈ।ਸਾਧਵੀ ਨੇ ਕਿਹਾ ਕਿ ਭਗਵਾਨ ਸ਼ਿਵ ਦੇ ਸ਼ਿੰਗਾਰ ਨਾਲ ਦੁਨੀਆਂ ਦੇ ਕੋਨੇ ਕੋਨੇ ਵਿੱਚ ਸਥਾਪਿਤ ਜੋਤੀਲਿੰਗ ਤਨ ਰੂਪੀ ਸ਼ਿਵਾਲੇ ਵਿੱਚ ਸ਼ਿਵ ਦੇ ਨਿਰਾਕਾਰ ਸਵਰੂਪ ਨੂੰ ਜਾਨਣ ਵੱਲ ਇਸ਼ਾਰਾ ਕਰ ਰਹੇ ਹਨ। ਭਗਵਾਨ ਸ਼ਿਵ ਗੁਰੂ ਗੀਤਾ ਵਿੱਚ ਗੁਰੂ ਦੀ ਮਹਿਮਾ ਨੂੰ ਬਿਆਨ ਕਰਦੇ ਹੋਏ ਮਾਂ ਪਾਰਵਤੀ ਨੂੰ ਸਮਝਾਉਂਦੇ ਹੋਏ ਕਹਿੰਦੇ ਹਨ ਕਿ ਪੂਰਨ ਗੁਰੂ ਦੇ ਦੁਆਰਾ ਹੀ ਸ਼ਿਵ ਨੇਤਰ ਖੁੱਲਦਾ ਹੈ ਤੇ ਈਸ਼ਵਰ ਦਾ ਦਰਸ਼ਨ ਪ੍ਰਾਪਤ ਹੁੰਦਾ ਹੈ।ਸਾਨੂੰ ਪੂਰਨ ਸੰਤ ਦੀ ਸ਼ਰਨ ਵਿੱਚ ਜਾ ਕੇ ਬ੍ਰਹਮ ਗਿਆਨ ਨੂੰ ਪ੍ਰਾਪਤ ਕਰਨਾ ਪਵੇਗਾ ਜਿਸ ਦੁਆਰਾ ਸਾਡੇ ਦੇਹ ਰੂਪੀ ਮੰਦਰ ਦੇ ਵਿਸ਼ਾਲ ਗੁੰਬਦ ਰੂਪੀ ਗਗਨ ਮੰਡਲ ਵਿੱਚ ਸ਼ਿਵ ਤੱਤ ਪ੍ਰਗਟ ਹੋ ਪਾਵੇਗਾ। ਉਸ ਸ਼ਿਵ ਤੱਤ ਨਾਲ ਜੁੜਨਾ ਹੀ ਅਸਲ ਵਿੱਚ ਮਹਾਂ-ਸ਼ਿਵਰਾਤਰੀ ਹੈ।ਇਸ ਮੌਕੇ ਸਾਧਵੀ ਪੁਸ਼ਪਮਾਲਾ ਭਾਰਤੀ, ਸਾਧਵੀ ਰਮਨ ਭਾਰਤੀ, ਸਾਧਵੀ ਲਖਵਿੰਦਰ ਭਾਰਤੀ ਨੇ ਭਗਵਾਨ ਸ਼ਿਵ ਦੇ ਸੁੰਦਰ ਭਜਨਾਂ ਦਾ ਗਾਇਨ ਕੀਤਾ।

# ਗੁਰੂਕੁਲ ਸਕੂਲ ਵੱਲੋਂ ਬਾਰ੍ਹਵੀਂ ਜਮਾਤ ਦੇ ਲੜਕਿਆਂ ਨੂੰ ਵਿਦਾਇਗੀ ਪਾਰਟੀ



ਵਲਟੋਹਾ (ਰਣਜੀਤ ਸਿੰਘ)-ਗੁਰੂਕੁਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਵਿਖੇ ਬਾਰ੍ਹਵੀਂ ਜਮਾਤ ਦੇ ਬੱਚਿਆਂ ਅਤੇ ਅਧਿਆਪਕਾਂ ਵੱਲੋਂ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।ਬਾਰ੍ਹਵੀਂ ਜਮਾਤ ਦੇ ਬੱਚਿਆਂ ਵੱਲੋਂ ਸਕੂਲ ਦੇ ਚੇਅਰਮੈਨ ਦਲਜੀਤ ਮਲਹੋਤਰਾ, ਪ੍ਰਿੰਸੀਪਲ ਲੁਕੇਸ਼ ਮਲਹੋਤਰਾ ਅਤੇ ਸਮੂਹ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਚੇਅਰਮੈਨ ਦਲਜੀਤ ਮਲਹੋਤਰਾ, ਮੁਸਕਾਨ ਮਲਹੋਤਰਾ ਅਤੇ ਸਕੂਲ ਪ੍ਰਿੰਸੀਪਲ ਲੁਕੇਸ਼ ਮਲਹੋਤਰਾ ਵੱਲੋਂ ਸਾਰੇ ਬੱਚਿਆਂ ਨੂੰ ਸਫਲ ਪ੍ਰੋਗਰਾਮ ਲਈ ਵਧਾਈ ਦਿੱਤੀ ਅਤੇ ਬੱਚਿਆਂ ਦੇ ਉਜਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰਿੰਸੀਪਲ ਲੁਕੇਸ਼ ਮਲਹੋਤਰਾ ਵੱਲੋਂ ਦੱਸਿਆ ਗਿਆ ਕਿ ਸਕੂਲ ਦੇ ਬੱਚਿਆਂ ਵੱਲੋਂ ਹਰ ਸਾਲ ਬਾਰ੍ਹਵੀਂ ਜਮਾਤ ਦੇ ਬੱਚਿਆਂ ਲਈ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਜਾਂਦਾ ਹੈ।ਕੁਝ ਦਿਨ ਪਹਿਲਾਂ ਬਾਰ੍ਹਵੀਂ ਜਮਾਤ ਦੀਆਂ ਲੜਕੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ ਸੀ ਅਤੇ ਹੁਣ ਬਾਰ੍ਹਵੀਂ ਜਮਾਤ ਦੇ ਲੜਕਿਆਂ ਅਤੇ ਅਧਿਆਪਕਾਂ ਵੱਲੋਂ ਇਸ ਪਾਰਟੀ ਦਾ ਪ੍ਰੋਗਰਾਮ ਉਲੀਕਿਆ ਗਿਆ।ਅੰਤ ਵਿੱਚ ਉਨ੍ਹਾਂ ਨੇ ਬੱਚਿਆਂ ਅਤੇ ਅਧਿਆਪਕਾਂ ਦਾ ਸਫਲ ਪ੍ਰੋਗਰਾਮ ਲਈ ਧੰਨਵਾਦ ਕੀਤਾ।ਇਸ ਸਮੇਂ ਵਾਈਸ ਪ੍ਰਿੰ. ਪਰਮਜੀਤ ਕੌਰ, ਕੋਆਰਡੀਨੇਟਰ ਹਰਮਨਪ੍ਰੀਤ ਕੌਰ, ਅਧਿਆਪਕ ਗੁਰਚਰਨ ਸਿੰਘ, ਅਮਨਦੀਪ ਸਿੰਘ, ਹਰਨੰਦ ਸਿੰਘ, ਨਿਸ਼ਾਨ ਸਿੰਘ, ਸਾਹਿਲ ਕੁਮਾਰ, ਦਿਲਜੀਤ ਸਿੰਘ, ਬਿਕਰਮਜੀਤ ਸਿੰਘ, ਕਿਰਨਜੀਤ ਕੌਰ, ਗੁਰਜੀਤ ਕੌਰ, ਨਵਦੀਪ ਕੌਰ, ਕਾਜਲ ਧਵਨ, ਰਜਵੰਤ ਕੌਰ, ਕਿਰਨ ਕੌਰ, ਅਰੁਣਪ੍ਰੀਤ ਕੌਰ, ਰਮਨਦੀਪ ਕੌਰ, ਦਿਵਿਆ ਸਰੀਨ, ਕਵਲਜੀਤ ਕੌਰ, ਗੁਰਪ੍ਰੀਤ ਕੌਰ, ਕਰਮਜੀਤ ਕੌਰ, ਨਵਜੋਤ ਮਲਹੋਤਰਾ, ਕੋਮਲ ਕੱਕੜ, ਸੰਦੀਪ ਕੌਰ, ਅਵਨੀਤ ਕੌਰ, ਰੇਨੂ, ਪ੍ਰਿਆ ਆਦਿ ਹਾਜ਼ਰ ਸਨ।


# ਲਖਵਿੰਦਰ ਸਿੰਘ ਗੋਲਣ ਭਾਕਿਯੂ (ਅ) ਦੇ ਜ਼ਿਲ੍ਹਾ ਤਰਨਤਾਰਨ ਤੋਂ ਸੀਨੀਅਰ ਮੀਤ ਪ੍ਰਧਾਨ ਨਿਯੁਕਤ



ਖਾਲੜਾ (ਰਣਬੀਰ ਸਿੰਘ ਗੋਲਣ)-ਭਾਰਤੀ ਕਿਸਾਨ ਯੂਨੀਅਨ (ਅੰਬਾਵਤਾ) ਦੇ ਜ਼ਿਲ੍ਹਾ ਪ੍ਰਧਾਨ ਪੰਜਾਬ ਸਿੰਘ ਕੰਬੋਕੇ ਵੱਲੋਂ ਲਖਵਿੰਦਰ ਸਿੰਘ ਗੋਲਣ ਨੂੰ ਤਰਨ ਤਾਰਨ ਤੋਂ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਇਹ ਐਲਾਨ ਉਨ੍ਹਾਂ ਪਾਰਟੀ ਦੇ ਮੁੱਖ ਦਫ਼ਤਰ 'ਚ ਇਕੱਤਰ ਆਗੂਆਂ ਦੀ ਹਾਜ਼ਰੀ ਵਿੱਚ ਕੀਤਾ।ਇਸ ਮੌਕੇ ਉਨ੍ਹਾਂ ਲਖਵਿੰਦਰ ਸਿੰਘ ਗੋਲਣ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਜੀ ਆਇਆਂ ਆਖਿਆ।ਕੰਬੋਕੇ ਨੇ ਦੱਸਿਆ ਕਿ ਇਹ ਫ਼ੈਸਲਾ ਸਭਾ ਦੇ ਕੌਮੀ ਪ੍ਰਧਾਨ ਚੌਧਰੀ ਰਿਸ਼ੀਪਾਲ ਅੰਬਾਵਤਾ ਅਤੇ ਪੰਜਾਬ ਪ੍ਰਧਾਨ ਬਲਦੇਵ ਸਿੰਘ ਮੁਹਰੇਵਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲਿਆ ਗਿਆ ਹੈ।ਕੰਬੋਕੇ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਦਾ ਮੁੱਖ ਉਦੇਸ਼ ਕਿਸਾਨਾਂ, ਮਜ਼ਦੂਰਾਂ ਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨਾ ਹੈ।ਇਸ ਮੌਕੇ ਸਿਕੰਦਰ ਸਿੰਘ ਦਰਾਜਕੇ, ਬਲਿਹਾਰ ਸਿੰਘ ਕੰਬੋਕੇ, ਰਛਪਾਲ ਸਿੰਘ ਕੰਬੋਕੇ, ਪ੍ਰਤੀਕ ਸਿੰਘ ਕੰਬੋਕੇ, ਕਾਰਜ ਸਿੰਘ ਡਲੀਰੀ, ਸਾਰਜ ਸਿੰਘ ਡਲੀਰੀ, ਗੁਰਿੰਦਰ ਸਿੰਘ ਸੋਨੀ ਕੰਬੋਕੇ, ਗੁਰਦੇਵ ਸਿੰਘ ਕੰਬੋਕੇ, ਨਛੱਤਰ ਸਿੰਘ ਮਾਨੋਚਾਹਲ, ਜਸਵੰਤ ਸਿੰਘ ਨੰਬਰਦਾਰ ਮਾਨੋਚਾਹਲ, ਮਾਸਟਰ ਗੁਰਬੀਰ ਸਿੰਘ ਕੰਬੋਕੇ, ਮਾਸਟਰ ਸਕੱਤਰ ਕੰਬੋਕੇ, ਸਤਨਾਮ ਸਿੰਘ ਕੰਬੋਕੇ, ਹਰਜਿੰਦਰ ਸਿੰਘ ਪਹਿਲਵਾਨਕੇ, ਸੁਖਦੇਵ ਸਿੰਘ ਸੁੱਖ ਆੜ੍ਹਤੀਆ ਮਾੜੀਮੇਘਾ, ਦਲਜੀਤ ਸਿੰਘ ਗਿਆਨੀ ਉਧੋਕੇ, ਸਤਨਾਮ ਸਿੰਘ ਕਾਲਾ ਅਮਰਕੋਟ, ਸਾਗਰ ਅਮਰਕੋਟ, ਲਖਵਿੰਦਰ ਸਿੰਘ ਕੋਟ ਸੀਵੀਆ, ਲਖਵਿੰਦਰ ਸਿੰਘ ਗੋਲਣ, ਰਾਣਾ ਪ੍ਰਤਾਪ ਸਿੰਘ ਦਰਾਜਕੇ, ਵਿਕਰਮਜੀਤ ਸਿੰਘ ਭਿੱਖੀਵਿੰਡ, ਮਿਲਖਾ ਸਿੰਘ ਭਿੱਖੀਵਿੰਡ, ਜਸਵਿੰਦਰ ਸਿੰਘ ਮਾਨੋਚਾਹਲ, ਹਰਚਰਨ ਸਿੰਘ ਖਾਲੜਾ, ਹਰਜੀਤ ਕੁਮਾਰ ਖਾਲੜਾ, ਸੁਖਪ੍ਰੀਤ ਸਿੰਘ ਮਾੜੀ ਸਮਰਾ ਆਦਿ ਆਗੂ ਹਾਜ਼ਰ ਸਨ।

# ਹੈਲਥ ਕਾਰਡ ਬਣਾਉਣ ਲਈ ਵਾਰਡ ਨੰਬਰ 31 'ਚ ਲੱਗਾ ਵਿਸ਼ੇਸ਼ ਕੈਂਪ

ਬਟਾਲਾ, (ਡਾ. ਮਲਵਿੰਦਰ ਸਿੰਘ)-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਿਥੇ ਲੋਕਾਂ ਵੱਲੋਂ ਕੈਂਪ




ਵਿੱਚ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ 7 ਸਥਾਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ। ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ।

ਵਾਰਡ ਨੰਬਰ 31 ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਸ਼ੇਸ਼ ਕੈਂਪ ਲਗਾਇਆ ਗਿਆ ਤੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕੀਤੀ ਗਈ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਲੋੜ ਪੈਣ ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਰੁਪਏ ਤੱਕ ਕੈਸ਼ਲੈੱਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ, ਸਿੱਖਿਆ, ਮੁਫ਼ਤ ਬਿਜਲੀ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁਜਦਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਹੈਲਥ ਕਾਰਡਾਂ ਨੇ ਆਪਣਾ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਮਰੀਜ਼ ਆਪਣੇ ਇਲਾਜ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਕਰਵਾ ਰਹੇ ਹਨ।

# ਕਾਂਗਰਸੀ ਆਗੂਆਂ ਦੇ ਬਿਆਨਾਂ ਨੂੰ ਤੋੜ-ਮਰੋੜ ਕੇ ਪੇਸ਼ ਕਰਨਾ ਵਿਰੋਧੀਆਂ ਦੀ ਪੁਰਾਣੀ ਆਦਤ: ਕੱਕੜ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬ ਦੀ ਜਨਤਾ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਬੜੀ ਬੇਸਬਰੀ ਨਾਲ 2027 ਦਾ ਇੰਤਜ਼ਾਰ ਕਰ ਰਹੀ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ




ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਜਿਉਂ ਜਿਉਂ ਚੋਣਾਂ ਦੇ ਦਿਨ ਨਜ਼ਦੀਕ ਆ ਰਹੇ ਹਨ ਕਾਂਗਰਸ ਪਾਰਟੀ ਦੀ ਲੋਕਪ੍ਰਿਅਤਾ ਵੱਧਦੀ ਜਾ ਰਹੀ ਹੈ।ਇਸ ਵੱਧ ਰਹੀ ਲੋਕਪ੍ਰਿਅਤਾ ਕਾਰਨ ਵਿਰੋਧੀ ਪਾਰਟੀਆਂ ਬੁਖਲਾਹਟ ਵਿੱਚ ਆ ਗਈਆਂ ਹਨ ਅਤੇ ਕਾਂਗਰਸੀ ਆਗੂਆਂ ਦੇ ਬਿਆਨਾਂ ਨੂੰ ਤਰੋੜ ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ ਜੋ ਕਿ ਇੰਨ੍ਹਾਂ ਦੀ ਪੁਰਾਣੀ ਆਦਤ ਹੈ।ਸ਼੍ਰੀ ਕੱਕੜ ਨੇ ਕਿਹਾ ਕਿ ਕਾਂਗਰਸ ਪਾਰਟੀ ਸਭ ਧਰਮਾਂ ਦਾ ਬਰਾਬਰ ਸਨਮਾਨ ਕਰਦੀ ਹੈ।ਇਸ ਲਈ ਕੋਈ ਵੀ ਕਾਂਗਰਸੀ ਆਗੂ ਕਿਸੇ ਵੀ ਧਰਮ ਖ਼ਿਲਾਫ਼ ਕੋਈ ਗੱਲ ਨਹੀਂ ਕਰਦਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਹਾਲਤ ਵੇਖਦਿਆਂ ਲੱਗਦਾ ਹੈ ਕਿ ਉਹ ਪੰਜਾਬ ਵਿੱਚ ਖਾਤਾ ਵੀ ਨਾ ਖੋਲ੍ਹ ਸਕੇਗੀ, ਪੰਜਾਬ ਵਿਰੋਧੀ ਭਾਜਪਾ ਦਾ ਵੀ ਪੰਜਾਬ ਵਿੱਚ ਕੋਈ ਆਧਾਰ ਨਹੀਂ ਹੈ।ਅਕਾਲੀ ਦਲ ਬਾਦਲ ਦੇ ਰਾਜ ਨੂੰ ਪੰਜਾਬ ਦੀ ਜਨਤਾ ਵੇਖ ਚੁੱਕੀ ਹੈ।ਕਦੇ ਪਾਣੀ ਵਾਲੀ ਬੱਸ ਚਲਾ ਕੇ ਹਰੀਕੇ ਨਜ਼ਦੀਕ ਕਿਸਾਨਾਂ ਦੀ ਫ਼ਸਲ ਉਜਾੜ ਦਿੱਤੀ, ਸਰਕਾਰੀ ਥਾਵਾਂ 'ਤੇ ਕਬਜ਼ੇ ਕੀਤੇ, ਹਵੇਲੀ, ਭਰਾਵਾਂ ਵਾਲਾ ਢਾਬਾ ਆਦਿ 'ਤੇ ਵੀ ਕਬਜ਼ੇ ਕਰਨ ਦੀ ਕੋਸ਼ਿਸ਼ ਕੀਤੀ।ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵਿੱਚ ਧਕੇਲਿਆ।ਇਸ ਲਈ ਹਰ ਪੰਜਾਬੀ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਬੜੀ ਬੇਸਬਰੀ ਨਾਲ ਇੰਤਜ਼ਾਰ ਕਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ 3 ਮਹੀਨਿਆਂ ਦੀ ਸਰਕਾਰ ਨੂੰ ਅੱਜ ਵੀ ਪੰਜਾਬੀ ਯਾਦ ਕਰਦੇ ਹਨ। ਪੰਜਾਬ ਦੀ ਜਨਤਾ ਜਵਾਨੀ ਨੂੰ ਬਚਾਉਣ, ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਆਉਣ, ਗੈਂਗਸਟਰਾਂ ਨੂੰ ਖਤਮ ਕਰਨ ਲਈ ਕਾਂਗਰਸ ਪਾਰਟੀ ਦੀ ਹੀ ਸਰਕਾਰ ਬਣਾਉਣ ਲਈ ਤਤਪਰ ਹੈ।

# ਕਹਾਣੀਕਾਰ ਮਾਸਟਰ ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ

ਧਾਰੀਵਾਲ, (ਮਨਦੀਪ ਵਿੱਕੀ)-ਉੱਘੇ ਕਹਾਣੀਕਾਰ ਮਾਸਟਰ ਲਾਲ ਸਿੰਘ ਦੇ ਅਚਾਨਕ ਅਕਾਲ-ਚਲਾਣੇ ਦੀ ਖਬਰ ਨੇ ਸਾਹਿਤਕਾਰ ਭਾਈਚਾਰੇ ਨੂੰ ਕਰਾਰਾ ਝਟਕਾ ਦਿਤਾ ਹੈ।ਉਹ ਬੜੇ ਹੀ ਸੰਵੇਦਨਸ਼ੀਲ ਮਨੁੱਖ ਸਨ ਜੋ ਮਨੁੱਖੀ ਮਨ ਦੀਆਂ ਗੁੰਝਲਾਂ ਦੀ ਨਿਰਖ-ਪਰਖ ਬਰੀਕ-ਬੀਨੀ ਨਾਲ ਕਰਨਾ ਜਾਣਦੇ ਸਨ ਅਤੇ ਇਸ ਸਭ ਕਾਸੇ ਨੂੰ ਸ਼ਬਦਾਂ ਦੀ ਜ਼ੁਬਾਨੀ ਚਿਤਰਣ ਕਰਕੇ ਸਮਾਜ ਦੇ ਸਾਹਮਣੇ ਰੱਖਦੇ



ਸਨ।ਉਨ੍ਹਾਂ ਆਪਣੇ ਸੰਘਰਸ਼ਸ਼ੀਲ ਜੀਵਨ ਵਿੱਚ ਕਈ ਉਤਰਾਅ-ਝੜਾਅ ਦੇਖੇ ਅਤੇ ਜੀਵਨ ਦੇ ਗਹਿਣ ਤਜਰਬੇ ਨੂੰ ਕਲਮ ਦੇ ਜ਼ਰੀਏ ਸੁਚੱਜੇ ਢੰਗ ਨਾਲ ਲੋਕਾਂ ਦੀ ਕਚਹਿਰੀ ਵਿੱਚ ਰੱਖਿਆ।ਅਜਿਹੇ ਪਾਰਖੂ ਸਾਹਿਤਕਾਰ ਦਾ ਸਮਾਜ ਨੂੰ ਅਲਵਿਦਾ ਆਖ ਜਾਣਾ ਸਮਾਜ ਨੂੰ ਵੱਡਾ ਘਾਟਾ ਪਾਉਂਦਾ ਹੈ, ਉਨ੍ਹਾਂ ਦੀ ਇਹ ਘਾਟ ਪਰਿਵਾਰ ਦੇ ਨਾਲ-ਨਾਲ ਸਮਾਜ ਨੂੰ ਵੀ ਰੜਕਦੀ ਰਹੇਗੀ।

ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਸਮੂਹ ਮੈਂਬਰਾਨ ਪਰਿਵਾਰ ਨਾਲ ਦੁੱਖ ਵੰਡਾਉਂਦੇ ਹਨ ਅਤੇ ਵਿੱਛੜੀ ਆਤਮਾ ਦੀ ਸ਼ਾਂਤੀ ਹਿਤ ਅਰਦਾਸ ਵੀ ਕੀਤੀ ਜਾਂਦੀ ਹੈ।ਇਸ ਮੌਕੇ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਪ੍ਰਧਾਨ ਡਾ. ਲੇਖ ਰਾਜ, ਸੰਯੋਜਕ ਮੱਖਣ ਕੁਹਾੜ ਸੰਯੋਜਕ, ਜਨਰਲ ਸਕੱਤਰ ਮੰਗਤ ਚੰਚਲ, ਸੀਨੀਅਰ ਮੀਤ ਪ੍ਰਧਾਨ ਸੀਤਲ ਸਿੰਘ ਗੁਨੋਪੁਰੀ, ਪ੍ਰੈੱਸ ਸਕੱਤਰ ਸੁੱਚਾ ਸਿੰਘ ਪਸਨਾਵਾਲ, ਡਾ. ਰਜਵਿੰਦਰ ਕੌਰ, ਗੁਰਮੀਤ ਬਾਜਵਾ, ਗੁਰਪ੍ਰੀਤ ਰੰਗੀਲਪੁਰ, ਬੂਟਾ ਰਾਮ ਆਜ਼ਾਦ, ਸੁਖਵਿੰਦਰ ਸਿੰਘ ਰੰਧਾਵਾ, ਨਿਸ਼ਾਨ ਸਿੰਘ ਜੌੜਾ ਸੰਘਾ ਆਦਿ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਐੱਸ ਕੇ ਐੱਮ ਵੱਲੋਂ ਭਾਜਪਾ ਵਿਧਾਇਕ ਦੇ ਘਰ ਅੱਗੇ ਧਰਨਾ ਦੇਣ ਦਾ ਫੈਸਲਾ

ਪਠਾਨਕੋਟ (ਦਵਿੰਦਰ ਸਿੰਘ)-ਸੰਯੁਕਤ ਕਿਸਾਨ ਮੋਰਚਾ ਅਤੇ ਟ੍ਰੇਡ ਯੂਨੀਅਨਾਂ ਜ਼ਿਲ੍ਹਾ ਪਠਾਨਕੋਟ ਦੀ ਮੀਟਿੰਗ ਕੁੱਲ ਹਿੰਦ ਕਿਸਾਨ ਸਭਾ ਦੇ ਦਫਤਰ ਗਾਂਧੀ ਚੌਂਕ ਪਠਾਨਕੋਟ ਵਿਖੇ ਮਿਹਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਟੇਟ ਦੇ ਫੈਸਲੇ ਅਨੁਸਾਰ 22 ਫਰਵਰੀ ਨੂੰ ਭਾਜਪਾ ਦੇ ਵਿਧਾਇਕ ਅਸ਼ਵਨੀ ਸ਼ਰਮਾ ਦੇ ਘਰ ਅੱਗੇ ਧਰਨਾ ਦੇਣ ਦਾ ਫੈਸਲਾ ਕੀਤਾ ਗਿਆ।ਇਸ ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਵੱਲੋਂ ਬਲਵੰਤ ਘੋਂ, ਨਿਰੰਜਨ ਸਿੰਘ, ਕਿਰਤੀ ਕਿਸਾਨ ਯੂਨੀਅਨ ਵੱਲੋਂ




ਮੁਖਤਿਆਰ ਸਿੰਘ ਤੇ ਬੋਧ ਰਾਜ, ਦੁਆਬਾ ਕਿਸਾਨ ਸੰਘਰਸ਼ ਕਮੇਟੀ ਵੱਲੋਂ ਮਿਹਰ ਸਿੰਘ ਤੇ ਲਾਭ ਸਿੰਘ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ ਤੇ ਪਰਸ਼ੋਤਮ ਲਾਲ, ਪ੍ਰਕਾਸ਼ ਸਿੰਘ, ਉਗਰਾਹਾਂ ਵੱਲੋਂ ਰਾਜਿੰਦਰ ਸਿੰਘ ਬਾਜਵਾ, ਸ਼ਾਦੀਪੁਰ ਵੱਲੋਂ ਆਈ. ਐੱਸ. ਗੁਲਾਟੀ ਹਾਜ਼ਰ ਹੋਏ।

ਸੀਟੂ ਵੱਲੋਂ ਸੁਰਿੰਦਰ ਸਹਿਗਲ, ਬਿਕਰਮਜੀਤ, ਅਵਿਨਾਸ਼ ਚੰਦਰ, ਸੀਟੀਯੂ ਵੱਲੋਂ ਸ਼ਿਵ ਕੁਮਾਰ, ਸੁਭਾਸ਼ ਸ਼ਰਮਾ ਤੇ ਬਲਕਾਰ ਸਿੰਘ ਹਾਜ਼ਰ ਹੋਏ।ਪ੍ਰੈੱਸ ਨੂੰ ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਚਾਰ ਕਾਨੂੰਨ ਮਜ਼ਦੂਰ-ਕਿਸਾਨ ਵਿਰੋਧੀ ਹਨ। ਇਨ੍ਹਾਂ ਨੂੰ ਰੱਦ ਕੀਤਾ ਜਾਵੇ।ਬਿਜਲੀ ਸੋਧ ਬਿੱਲ -2025 ਵੀ ਮਜ਼ਦੂਰ ਅਤੇ ਕਿਸਾਨ ਵਿਰੋਧੀ ਹੈ।ਕਾਰਪੋਰੇਟ ਘਰਾਣੇ ਮੁਨਾਫ਼ੇ ਲਈ ਕੰਮ ਕਰਦੇ ਹਨ, ਉਹ ਲੋਕਾਂ ਦੀਆਂ ਸਬਸਿਡੀਆਂ ਅਤੇ ਸਹੂਲਤਾਂ ਖਤਮ ਕਰ ਦੇਣਗੇ। ਇਸ ਕਾਨੂੰਨ ਨੂੰ ਤੁਰੰਤ ਰਦ ਕੀਤਾ ਜਾਵੇ।

ਕਿਸਾਨਾਂ ਨੂੰ ਆਪਣਾ ਬੀਜ ਬੀਜਣ ਤੋਂ ਰੋਕਦਾ ਹੈ।ਕਾਰਪੋਰੇਟ ਘਰਾਣਿਆਂ ਦੀਆਂ ਕੰਪਨੀਆਂ ਦੇ ਬੀਜ ਬੀਜਣ ਲਈ ਮਜਬੂਰ ਕਰਦਾ ਹੈ।ਕੰਮ ਦੇ ਘੰਟੇ 8 ਤੋਂ 12 ਕਰ ਦਿੱਤੇ ਗਏ ਹਨ।ਇੰਨਾ ਸਮਾਂ ਕੰਮ ਕਰਨਾ ਮਜ਼ਦੂਰਾਂ ਲਈ ਮੁਸ਼ਕਲ ਹੈ।ਉਨ੍ਹਾਂ ਮੰਗ ਕੀਤੀ ਕਿ ਇਹ ਕਾਨੂੰਨ ਰੱਦ ਕੀਤੇ ਜਾਣ।ਕਾਨੂੰਨ ਰੱਦ ਹੋਣ ਤੱਕ ਮਜ਼ਦੂਰਾਂ ਤੇ ਕਿਸਾਨਾਂ ਦੇ ਸੰਘਰਸ਼ ਤੇਜ਼ ਹੋਣਗੇ।

# ਏ ਬੀ ਕਾਲਜ ਪਠਾਨਕੋਟ ਵੱਲੋਂ ਸੈਮੀਨਾਰ ਦਾ ਆਯੋਜਨ

ਪਠਾਨਕੋਟ (ਦਵਿੰਦਰ ਸਿੰਘ)-ਆਦਰਸ਼ ਭਾਰਤੀ ਮਹਾਵਿਦਿਆਲਾ, ਪਠਾਨਕੋਟ ਦੇ ਹਿੰਦੀ ਵਿਭਾਗ ਵੱਲੋਂ ਮਹਾਨ ਇਨਕਲਾਬੀ ਵੀਰ ਭਾਵਨਾ ਦੀ ਵਿਲੱਖਣ ਕਵਿੱਤਰੀ ਸੁਭੱਦਰਾ ਕੁਮਾਰੀ ਚੌਹਾਨ ਦੀ ਬਰਸੀ ਮੌਕੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕਾਲਜ ਦੇ ਪ੍ਰਿੰਸੀਪਲ, ਪ੍ਰੋਫੈਸਰ



ਕੁਲਦੀਪ ਕੁਮਾਰ ਗੁਪਤਾ ਮੁੱਖ ਮਹਿਮਾਨ ਵਜੋਂ ਮੌਜੂਦ ਸਨ।ਹਿੰਦੀ ਵਿਭਾਗ ਦੇ ਮੁਖੀ ਡਾ. ਮਨੂ ਸ਼ਰਮਾ ਅਤੇ ਵਿਦਿਆਰਥੀਆਂ ਨੇ ਮੁੱਖ ਮਹਿਮਾਨ ਦਾ ਸਨਮਾਨ ਕੀਤਾ।

ਡਾ. ਮਨੂ ਸ਼ਰਮਾ ਨੇ ਕਿਹਾ ਕਿ ਸੁਭੱਦਰਾ ਕੁਮਾਰੀ ਚੌਹਾਨ ਹਿੰਦੀ ਸਾਹਿਤ ਦੀਆਂ ਉਨ੍ਹਾਂ ਕਵੀਆਂ ਵਿੱਚੋਂ ਇੱਕ ਹਨ ਜਿਨ੍ਹਾਂ ਨੇ ਆਪਣੀਆਂ ਲਿਖਤਾਂ ਨਾਲ ਨਾ ਸਿਰਫ਼ ਸਾਹਿਤਕ ਜਗਤ ਨੂੰ ਅਮੀਰ ਬਣਾਇਆ ਬਲਕਿ ਆਪਣੀ ਸ਼ਕਤੀਸ਼ਾਲੀ ਆਵਾਜ਼ ਨਾਲ ਭਾਰਤੀ ਆਜ਼ਾਦੀ ਸੰਗਰਾਮ ਵਿੱਚ ਜਾਨ ਵੀ ਭਰੀ।ਉਨ੍ਹਾਂ ਦਾ ਜਨਮ 16 ਅਗਸਤ 1904 ਨੂੰ ਹੋਇਆ ਸੀ ਅਤੇ 15 ਫਰਵਰੀ 1948 ਨੂੰ ਉਨ੍ਹਾਂ ਦਾ ਦੇਹਾਂਤ ਹੋ ਗਿਆ।ਉਨ੍ਹਾਂ ਦੀਆਂ ਮਸ਼ਹੂਰ ਕਵਿਤਾਵਾਂ ਵਿੱਚੋਂ ਝਾਂਸੀ ਕੀ ਰਾਣੀ ਹੈ, ਜੋ ਅੱਜ ਵੀ ਹਰ ਭਾਰਤੀ ਦੇ ਬੁੱਲ੍ਹਾਂ 'ਤੇ ਹੈ।ਪ੍ਰਿੰਸੀਪਲ ਕੁਲਦੀਪ ਕੁਮਾਰ ਗੁਪਤਾ ਨੇ ਹਿੰਦੀ ਵਿਭਾਗ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੀ ਕਵਿਤਾ ਇੱਕ ਸੱਚੀ ਨਾਇਕਾ ਦੀ ਹਿੰਮਤ ਅਤੇ ਬਹਾਦਰੀ ਨੂੰ ਪ੍ਰਗਟ ਕਰਦੀ ਹੈ।ਹਿੰਦੀ ਕਵਿਤਾ ਜਗਤ ਵਿੱਚ ਵੀ ਉਹ ਇਕਲੌਤੀ ਕਵਿੱਤਰੀ ਸੀ ਜਿਸਨੇ ਆਪਣੀ ਆਵਾਜ਼ ਨਾਲ ਲੱਖਾਂ ਭਾਰਤੀ ਨੌਜਵਾਨਾਂ ਨੂੰ ਉਦਾਸੀ ਨੂੰ ਤਿਆਗ ਕੇ ਆਜ਼ਾਦੀ ਸੰਗਰਾਮ ਵਿੱਚ ਆਪਣੇ ਆਪ ਨੂੰ ਝੋਕਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਅਜਿਹੇ ਮਹਾਨ ਲੇਖਕਾਂ ਦੀਆਂ ਰਚਨਾਵਾਂ ਨੂੰ ਸਿਖਾਉਣਾ ਚਾਹੀਦਾ ਹੈ।

# ਨਾਨਕਚੱਕ ਵਿਖੇ ਹੋਈ ਭਗਵਾਨ ਸ਼ਿਵ ਦੀ ਮਹਿਮਾ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਤਪ ਅਸਥਾਨ ਮੰਦਿਰ ਭਗਵਾਨ ਸ੍ਰੀਚੰਦ੍ ਜੀ ਨਾਨਕਚੱਕ ਦੇ ਮੌਜੂਦਾ ਗੱਦੀ ਨਸ਼ੀਨ ਸ੍ਰੀਮਾਨ ਮਹੰਤ ਹਰੀ ਕੁੰਭ ਦਾਸ ਉਦਾਸੀਨ ਦੀ ਰਹਿਨੁਮਾਈ ਹੇਠ ਮਹਾ-ਸ਼ਿਵਰਾਤਰੀ ਦਾ



ਤਿਉਹਾਰ ਮਹਾਂਦੇਵ ਸ਼ਿਵਾਲਿਆ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ।ਇਸ ਮੌਕੇ ਰਾਜੀਵ ਵੈਸ਼ਨਵ ਨੇ ਮਹਾ-ਸ਼ਿਵਰਾਤਰੀ ਨੂੰ ਸਮਰਪਿਤ ਗੁਣਗਾਨ ਕੀਤਾ।ਸਾਰਾ ਹੀ ਦਿਨ ਸੰਗਤਾਂ ਦਾ ਆਉਣਾ ਜਾਣਾ ਲੱਗਾ ਰਿਹਾ।ਇਸ ਮੌਕੇ ਰਵਿੰਦਰ ਮੁਨੀ, ਵਿਨੋਦ ਮੁਨੀ, ਤਿਲਕ ਰਾਜ, ਦੁਰਗਾ ਪ੍ਰਸਾਦ, ਰਾਜੂ ਬੇਦੀ, ਸੰਦੀਪ ਬੇਦੀ ਨਾਨਕਚੱਕ, ਮਾਸਟਰ ਸੰਦੀਪ ਸਿੰਘ ਜਾਗਲਾ, ਰੰਮੀ ਅਲੀਵਾਲ, ਯਾਦਵਿੰਦਰ ਸਿੰਘ ਕਾਦੀਆਂ ਰਾਜਪੂਤਾਂ, ਜਸ ਲੋਧੀਨੰਗਲ, ਰਣਜੋਧ ਸਿੰਘ ਘਣੀਏ ਕੇ ਬਾਂਗਰ, ਪ੍ਰਿੰਸ ਢੱਲਾ ਘਣੀਏ ਕੇ ਬਾਂਗਰ, ਮਨਪਿੰਦਰ ਸਿੰਘ ਮੰਨਾ ਸੀੜਾ, ਦੁਰਲੱਭ ਪੱਤੀ ਪਕੀਵਾਂ, ਰਣਜੀਤ ਕੋਟਲੀ ਬਾਬਲਾਂ, ਪਟਵਾਰੀ ਗੁਰਵਿੰਦਰ ਸਿੰਘ ਘਣੀਏ ਕੇ ਬਾਂਗਰ, ਗੁਰਲਾਲ ਫੌਜੀ, ਪਵਨ ਗੁੱਜਰਪੁਰਾ, ਯਾਦਵਿੰਦਰ ਕਾਦੀਆਂ, ਦੀਪੂ ਅਲੀਵਾਲ, ਮਨਪ੍ਰੀਤ ਪਟਵਾਰੀ, ਅਮ੍ਰਿਤਪਾਲ ਸੈਂਕੀ, ਜੋਬਨ ਤੁਲਟ, ਜਸਨ ਕੋਟਲਾ ਸ਼ਾਮਾ, ਧਰਮਵੀਰ, ਨੀਰਜ ਬੇਦੀ, ਕੁਲਦੀਪ ਪੇਂਟਰ, ਸਤਨਾਮ ਸਿੰਘ ਜਾਂਗਲਾ, ਰਣਜੀਤ ਸਿੰਘ ਘਣੀਏ ਕੇ ਬਾਂਗਰ, ਸਤਨਾਮ ਸਿੰਘ ਕਾਦਰਾਬਾਦ, ਹੈਪੀ ਨਾਨਕ ਚੱਕ, ਇੰਦਰਜੀਤ ਨਾਨਕ ਚੱਕ, ਜੀਵਨ ਡੁੱਲਟ, ਸਾਬਾ ਫਤਿਹਗੜ੍ਹ, ਹੀਰਾ ਸਿੰਘ, ਜਗਪ੍ਰੀਤ ਸਿੰਘ, ਹੁਸਨ ਜਾਂਗਲਾ, ਕਰਨ ਲੰਗਰਵਾਲ, ਕੁਲਬੀਰ ਜਾਗਲਾ, ਰਜਿੰਦਰ ਸਿੰਘ, ਮਨੀ ਜਾਂਗਲਾ ਤੇ ਬਲਵਿੰਦਰ ਸਿੰਘ ਰੰਧਾਵਾ ਛਿਛਰੇਵਾਲ ਹਾਜ਼ਰ ਸਨ।

**ਜਨਮ ਦਿਨ ਮੁਬਾਰਕ**



ਕਰਮਵੀਰ ਸਿੰਘ ਭੱਟੀ, ਕਪੂਰਥਲਾ

**ਵਰ੍ਹੇਗੰਢ ਮੁਬਾਰਕ**



ਅਵੀਨਾਸ਼ ਤੇ ਕ੍ਰਿਸ਼ਮਾ ਵਾਸੀ ਬਰਿਆਰ (ਗੁਰਦਾਸਪੁਰ) ਨੇ ਆਪਣੇ ਵਿਆਹ ਦੀ ਪਹਿਲੀ ਵਰ੍ਹੇਗੰਢ ਮਨਾਈ।

# ਵਿਧਾਇਕ ਰੰਧਾਵਾ ਨੇ ਰੱਖਿਆ 2.36 ਕਰੋੜ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਨਗਰ ਕੌਂਸਲ ਜ਼ੀਰਕਪੁਰ ਦੀ ਹੱਦ ਅੰਦਰ ਆਉਂਦੇ ਵਾਰਡ ਨੰਬਰ 26 ਵਿੱਚ ਕਰੀਬ 2 ਕਰੋੜ 36 ਲੱਖ 15 ਹਜ਼ਾਰ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਨੀਹ ਪੱਥਰ ਰੱਖਿਆ ਗਿਆ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਪਾਰਟੀ ਆਗੂਆਂ ਦੀ ਹਾਜ਼ਰੀ ਵਿੱਚ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਹਲਕੇ ਵਿੱਚ ਬੁਨਿਆਦੀ ਸੁਵਿਧਾਵਾਂ ਨੂੰ ਮਜ਼ਬੂਤ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਡਰੇਨੇਜ ਪ੍ਰਣਾਲੀ ਨੂੰ ਸੁਧਾਰਨ, ਅੰਦਰੂਨੀ ਗਲੀਆਂ ਦੀ ਉਸਾਰੀ ਅਤੇ ਸੜਕਾਂ ਦੀ ਮੁਰੰਮਤ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਇਲਾਕੇ ਦੀ ਦਿੱਖ ਵਿੱਚ ਵੀ ਸੁਧਾਰ ਆਵੇਗਾ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸ਼ਾਮਲ ਹਨ: ਐੱਸ ਏ ਆਈ ਅਕੈਡਮੀ ਦੇ ਪਿੱਛੇ ਤੋਂ ਗੁਰਦੁਆਰਾ ਨਾਭਾ ਸਾਹਿਬ ਤੱਕ 1600 ਮਿਮੀ ਆਰ ਸੀ ਸੀ ਪਾਈਪ ਲਗਾਉਣ ਦਾ ਕੰਮ (49.87 ਲੱਖ ਰੁਪਏ), ਗੁਰਦੁਆਰਾ ਸਾਹਿਬ ਨੇੜੇ ਸੱਟ ਪਾਰਕਿੰਗ ਵਿਖੇ 1600 ਮਿਮੀ ਆਰ ਸੀ ਸੀ ਪਾਈਪ (24.85 ਲੱਖ ਰੁਪਏ), ਪਿੰਡ ਨਾਭਾ/ਜੇਨੀ ਦੀ ਗਲੀ ਦੀ ਮੁਰੰਮਤ ਅਤੇ ਨਵੀਂ ਉਸਾਰੀ (49.20 ਲੱਖ ਰੁਪਏ), ਪੱਪੀ ਹਾਊਸ ਤੋਂ ਗਿਆਨੀ ਹਾਊਸ ਤੱਕ ਸਟਾਰਮ ਸੀਵਰ ਤੇ ਗਲੀ ਬਣਾਉਣ ਦਾ ਕੰਮ (23.73 ਲੱਖ ਰੁਪਏ), ਪਿੰਡ ਨਾਭਾ ਵਿੱਚ ਅੰਦਰੂਨੀ ਗਲੀਆਂ ਦੀ ਮੁਰੰਮਤ (48.01 ਲੱਖ ਰੁਪਏ), ਸ਼ੀਸ਼ਾ ਰੋਡ ਨੇੜੇ ਅੰਦਰੂਨੀ ਗਲੀਆਂ ਦੀ ਮੁਰੰਮਤ (24.46 ਲੱਖ ਰੁਪਏ) ਤੇ ਪਟਿਆਲਾ ਰੋਡ ਤੋਂ ਹੋਲੀ ਫੈਮਿਲੀ ਸਕੂਲ ਤੱਕ ਸੜਕ ਦੀ ਮੁਰੰਮਤ (16.03 ਲੱਖ ਰੁਪਏ) ਸ਼ਾਮਲ ਹਨ।



# ਕੈਬਨਿਟ ਮੰਤਰੀ ਨੇ ਮਹਾਸ਼ਿਵਰਾਤਰੀ ਮੌਕੇ ਸੂਬੇ ਦੀ ਖੁਸ਼ਹਾਲੀ ਲਈ ਕੀਤੀ ਪ੍ਰਾਰਥਨਾ



**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**-ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਮਹਾਸ਼ਿਵਰਾਤਰੀ ਮੌਕੇ ਭਗਵਾਨ ਸ਼ਿਵ ਅੱਗੇ ਸੂਬਾ ਤੇ ਦੇਸ਼ ਵਾਸੀਆਂ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਸਥਾਨਕ ਸਨਾਤਨ ਸੇਵਾ ਸਮਿਤੀ (ਦੋਆਬਾ ਜ਼ੋਨ) ਵੱਲੋਂ ਮਹਾਸ਼ਿਵਰਾਤਰੀ ਮੌਕੇ ਮਾਡਲ ਹਾਊਸ ਸਥਿਤ ਸ੍ਰੀ ਲਕਸ਼ਮੀ ਨਾਰਾਇਣ ਮੰਦਰ ਵਿਖੇ ਕਰਵਾਏ ਗਏ ਸੰਕੀਰਤਨ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਕੈਬਨਿਟ ਮੰਤਰੀ ਨੇ ਸਭ ਨੂੰ ਮਹਾਸ਼ਿਵਰਾਤਰੀ ਦੇ ਤਿਉਹਾਰ ਦੀ ਤਹਿ ਦਿਲੋਂ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਮੇਅਰ ਵਿਨੀਤ ਧੀਰ ਤੇ ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ, ਸੰਗਠਨ ਰਾਸ਼ਟਰੀ ਪ੍ਰਧਾਨ ਵਿਜੇ ਸ਼ਰਮਾ ਵੀ ਮੌਜੂਦ ਸਨ। ਸਮਾਗਮ ਵਿੱਚ ਸੰਗਠਨ ਦੇ ਮਹਾਂਮੰਤਰੀ ਅਲੋਕ ਨਾਗਪਾਲ, ਜ਼ੋਨ ਪ੍ਰਧਾਨ ਪਰਵਿੰਦਰ ਬਹਿਲ, ਜ਼ੋਨ ਮਹਾਂਮੰਤਰੀ ਸ਼ਾਂਤ ਗੁਪਤਾ, ਮੰਤਰੀ ਸੁਭਾਸ਼ ਸ਼ਰਮਾ, ਕੌਂਸਲਰ ਸੌਰਭ ਸੇਠ, ਕੌਂਸਲਰ ਰਾਜੀਵ ਓਂਕਾਰ ਟਿੱਕਾ, ਕੌਂਸਲਰ ਰੋਮੀ ਵਧਵਾ, ਜ਼ਿਲ੍ਹਾ ਸੰਗਠਨ ਪ੍ਰਧਾਨ ਯਸ਼ ਚੱਢਾ, ਜ਼ਿਲ੍ਹਾ ਉਪ ਪ੍ਰਧਾਨ ਰਾਜੇਸ਼ ਮਿੱਡਾ, ਵਿਸ਼ਾਲ ਸ਼ਰਮਾ, ਅਰੁਣ ਅਰੋੜਾ, ਅਤੁਲ ਨਾਗਪਾਲ, ਧਵਲ ਖੰਨਾ, ਦੀਪਕ ਸ਼ਰਮਾ ਆਦਿ ਵੀ ਮੌਜੂਦ ਸਨ।

# ਨੇਚਰ ਫੈਸਟ ਦੇ ਤੀਸਰੇ ਦਿਨ ਪ੍ਰਭ ਗਿੱਲ ਦੀ ਸੁਰੀਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਕੀਤਾ ਮੰਤਰ ਮੁਗਧ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਯੋਜਿਤ 'ਨੇਚਰ ਫੈਸਟ-2026' ਪੰਜਾਬ ਸਖੀ ਸ਼ਕਤੀ ਮੇਲੇ ਦੇ ਤੀਸਰੇ ਦਿਨ ਐਤਵਾਰ ਨੂੰ ਲਾਜਵੰਤੀ ਸਟੇਡੀਅਮ ਵਿਖੇ ਸਿੰਗਰ ਨਾਈਟ ਦੌਰਾਨ ਪ੍ਰਸਿੱਧ ਪੰਜਾਬੀ ਗਾਇਕ ਪ੍ਰਭ ਗਿੱਲ ਨੇ ਆਪਣੀ ਸੁਰੀਲੀ ਆਵਾਜ਼ ਤੇ ਸ਼ਾਨਦਾਰ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਮੋਹਿਤ ਕਰ ਲਿਆ। ਉਨ੍ਹਾਂ ਦੇ ਮੰਚ 'ਤੇ ਆਉਂਦੇ ਹੀ ਪੂਰਾ ਸਟੇਡੀਅਮ ਤਾੜੀਆਂ ਤੇ ਉਤਸ਼ਾਹ ਨਾਲ ਗੂੰਜ ਉੱਠਿਆ।ਪ੍ਰਭ ਗਿੱਲ ਨੇ ਆਪਣੇ ਪ੍ਰਸਿੱਧ ਗੀਤਾਂ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ, ਜਿਨ੍ਹਾਂ ਵਿੱਚ 'ਪਿਆਰ ਤੇਰੇ ਦਾ ਅਸਰ ਹੈ,' 'ਗੱਲ ਗੱਲ ਤੇ ਗੁੱਸੇ ਹੋ ਕੇ ਬਹਿ ਜਾਣਾ,' 'ਤੇਰੀਆਂ ਦੀਦਾਂ,' 'ਵਾਹ ਸੱਜਣ ਜੀ ਥੋੜੀਆ ਕਿਆ ਨੇ ਬਾਤਾ,' 'ਤੂ ਰੋਏਂਗਾ,' 'ਜਿੰਦ ਮਾਹੀ ਲਵ ਯੂ ਓਏ,' ਤੇ 'ਤਾਰਿਆਂ ਦੇ ਦੇਸ਼' ਪੇਸ਼ ਕਰਕੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਉਨ੍ਹਾਂ ਦੀ ਸੁਰੀਲੀ ਆਵਾਜ਼, ਵੱਖਰਾ ਅੰਦਾਜ਼ ਤੇ ਮੰਚ 'ਤੇ ਜੀਵੰਤ ਸੰਵਾਦ ਸ਼ੈਲੀ ਨੇ ਨੌਜਵਾਨਾਂ ਤੋਂ ਲੈ ਕੇ ਬਜ਼ੁਰਗਾਂ ਤੱਕ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ। ਦਰਸ਼ਕਾਂ ਨੇ ਦੇਰ ਰਾਤ ਤੱਕ ਸ਼ੋਅ ਦਾ ਆਨੰਦ ਮਾਣਿਆ ਤੇ ਕਲਾਕਾਰ ਨਾਲ ਸੁਰ ਮਿਲਾਉਂਦੇ ਰਹੇ।ਇਸ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਐੱਸ ਐੱਸ ਪੀ ਸੰਦੀਪ ਕੁਮਾਰ ਮਲਿਕ ਨੇ ਸ਼ਿਰਕਤ ਕੀਤੀ। ਕੁਆਂਟਮ ਪੇਪਰਜ਼ ਦੇ ਐਸੋਸੀਏਟ ਵਾਈਸ ਪ੍ਰੈਜ਼ੀਡੈਂਟ ਅਜੇਸ਼ ਗੁਪਤਾ, ਐਸੋਸੀਏਟ ਵਾਈਸ ਪ੍ਰੈਜ਼ੀਡੈਂਟ ਨੀਰਜ ਗੁਪਤਾ ਤੇ ਜਨਰਲ ਮੈਨੇਜਰ ਅਜੀਤ ਪਾਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਡਿਪਟੀ ਕਮਿਸ਼ਨਰ ਸਮੇਤ ਆਏ ਹੋਰ ਮਹਿਮਾਨਾਂ ਨੇ ਇਸ ਦੌਰਾਨ ਪੰਜਾਬੀ ਗਾਇਕ ਪ੍ਰਭ ਗਿੱਲ ਨੂੰ ਸਨਮਾਨਤ ਵੀ ਕੀਤਾ।17 ਫਰਵਰੀ ਨੂੰ ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਆਪਣੀ ਆਵਾਜ਼ ਦਾ ਜਾਦੂ ਬਿਖੇਰਨਗੇ।



# ਸ਼ਿਵਰਾਤਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਸ਼ਿਵਰਾਤਰੀ ਉਤਸਵ ਮੋਰਿੰਡਾ ਵਿਖੇ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ, ਬਚਿਆਂ ਸਮੇਤ ਅਨੇਕਾਂ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ।ਪੁਰਾਤਨ ਸ਼ਿਵ ਮੰਦਰ, ਸਨਾਤਨ ਧਰਮ ਮੰਦਰ, ਬਾਬਾ ਬਾਲਕ ਨਾਥ ਮੰਦਰ ਤੇ ਰਾਮ ਮੰਦਰ ਸਮੇਤ ਅਨੇਕਾਂ ਮੰਦਰਾਂ ਵਿੱਚ ਮਹਿਲਾ ਕੀਰਤਨ ਮੰਡਲੀਆਂ ਵਲੋਂ ਕਥਾ ਕੀਰਤਨ ਰਾਹੀਂ ਸ਼ਰਧਾਲੂਆਂ ਨੂੰ ਨਿਹਾਲ ਕੀਤਾ।ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ, ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ ਦੇ ਸਾਬਕਾ ਚੇਅਰਮੈਨ ਵਿਜੇ ਕੁਮਾਰ ਸ਼ਰਮਾ, ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਕੌਂਸਲਰ ਹਰਜੀਤ ਸਿੰਘ ਸੋਢੀ, ਸੰਗਤ ਸਿੰਘ ਭਾਮੀਆਂ, ਸੰਦੀਪ ਕੁਮਾਰ ਸੋਨੂੰ, ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਐਨ ਪੀ ਰਾਣਾ, ਜਤਿੰਦਰ ਗੁੰਬਰ, ਸੰਜੀਵ ਸੂਦ, ਯੂਥ ਬ੍ਰਾਹਮਣ ਸਭਾ ਪੰਜਾਬ ਦੇ ਮੀਤ ਪ੍ਰਧਾਨ ਰਾਧੇ ਸ਼ਿਆਮ ਸ਼ਰਮਾ, ਜਸਪਾਲ ਰਾਣਾ, ਸਮਾਜ ਸੇਵਕ ਮਨਦੀਪ ਸਿੰਘ ਬਾਜਵਾ, ਸੋਨੂੰ ਚੋਧਰੀ, ਧਰਮਪਾਲ ਥੰਮਣ, ਡਾ ਅਸ਼ਵਨੀ ਭਨੋਟ, ਸੀਤਾ ਰਾਮ, ਬਲਰਾਮ ਸ਼ੁਕਲਾ, ਬਲਰਾਜ ਵਸ਼ਿਸ਼ਟ ਸਮੇਤ ਅਨੇਕਾਂ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸਮੂਹ ਮੰਦਰਾਂ ਵਿੱਚ ਕੜੀ, ਚਾਵਲ, ਖੀਰ, ਕੜਾਹ, ਦੁੱਧ, ਪਕੌੜੇ ਆਦਿ ਦੇ ਅਨੇਕਾਂ ਲੰਗਰ ਲਗਾਏ ਹੋਏ ਸਨ।



# ਬਜ਼ੁਰਗਾਂ ਲਈ ਮੈਡੀਕਲ ਚੈੱਕਅੱਪ ਕੈਂਪ ਲਾਇਆ

**ਜਲੰਧਰ, (ਸੁਰਿੰਦਰ ਕੁਮਾਰ)**

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਥਾਨਕ ਰੈੱਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਉਪ ਮੰਡਲ ਮੈਜਿਸਟ੍ਰੇਟ ਆਦਮਪੁਰ ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਆਪਣੇ ਸੰਬੋਧਨ ਵਿੱਚ ਐਸ.ਡੀ.ਐਮ. ਨੇ ਕਿਹਾ ਕਿ ਬਜ਼ੁਰਗ ਸਾਡਾ ਕੀਮਤੀ ਸਰਮਾਇਆ ਹਨ, ਜਿਨ੍ਹਾਂ ਦੀ ਸਾਂਭ-ਸੰਭਾਲ ਕਰਨਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਦਾ ਮਕਸਦ ਬਜ਼ੁਰਗਾਂ ਨੂੰ ਸੌਖੀਆਂ ਸਿਹਤ ਸਹੂਲਤਾਂ, ਸਮਾਜਿਕ ਸੁਰੱਖਿਆ ਅਤੇ ਸਨਮਾਨ ਦੇਣਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਬਜ਼ੁਰਗਾਂ ਨੂੰ ਮੈਡੀਕਲ ਚੈੱਕਅਪ, ਪੈਨਸ਼ਨ ਫਾਰਮ, ਮੁਫ਼ਤ ਕਾਨੂੰਨੀ ਸੇਵਾਵਾਂ, ਡਿਜੀਟਲ ਤੇ ਵਿੱਤੀ ਸਾਖ਼ਰਤਾ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਦੀ ਸਹੂਲਤ ਇਕੋ ਛੱਤ ਹੇਠ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ 16 ਮਾਰਚ 2026 ਤੱਕ ਵੱਖ-ਵੱਖ ਥਾਈਂ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਨ੍ਹਾਂ ਬਜ਼ੁਰਗਾਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਨਾਲ ਹੀ ਜ਼ਿਲ੍ਹੇ ਦੇ ਲੋਕਾਂ ਨੂੰ ਆਪਣੇ ਘਰਾਂ ਅਤੇ ਆਂਢ-ਗੁਆਂਢ ਵਿੱਚ ਰਹਿੰਦੇ ਬਜ਼ੁਰਗਾਂ ਨੂੰ ਇਨ੍ਹਾਂ ਕੈਂਪਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਲੈ ਕੇ ਆਉਣ ਦੀ ਅਪੀਲ ਕੀਤੀ ਤਾਂ ਜੋ ਉਹ ਇਨ੍ਹਾਂ ਸਹੂਲਤਾਂ ਦਾ ਪੂਰਾ ਲਾਭ ਲੈ ਸਕਣ ਅਤੇ ਸਿਹਤਮੰਦ ਤੇ ਸੁਰੱਖਿਅਤ ਜੀਵਨ ਬਤੀਤ ਕਰ ਸਕਣ।ਸਮਾਗਮ ਦੌਰਾਨ ਸੀ.ਜੇ.ਐਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੁਲ ਕੁਮਾਰ ਵੱਲੋਂ ਬਜ਼ੁਰਗਾਂ ਦੇ ਕਾਨੂੰਨੀ ਅਧਿਕਾਰਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਲੀਡ ਬੈਂਕ ਮੈਨੇਜਰ ਐਮ.ਐਸ. ਮੋਤੀ ਨੇ ਡਿਜੀਟਲ ਧੋਖਾਧੜੀ ਤੋਂ ਬਚਣ ਲਈ ਬਜ਼ੁਰਗਾਂ ਨਾਲ ਅਹਿਮ ਜਾਣਕਾਰੀ ਸਾਂਝੀ ਕੀਤੀ।ਇਸ ਦੌਰਾਨ ਜਿਥੇ ਪਿੰਡ ਕਰਾੜੀ ਦੇ 95 ਸਾਲਾ ਬਜ਼ੁਰਗ ਮੁਨਸ਼ੀ ਰਾਮ ਵੱਲੋਂ ਤੂੰਬੀ ਨਾਲ ਪੇਸ਼ਕਾਰੀ ਦਿੱਤੀ ਗਈ ਉਥੇ ਐਚ.ਐਮ.ਵੀ. ਕਾਲਜ ਦੀਆਂ ਵਿਦਿਆਰਥਣਾਂ ਨੇ ਨੁੱਕੜ ਨਾਟਕ ਰਾਹੀਂ ਬਜ਼ੁਰਗਾਂ ਦੀ ਸਮਾਜ ਅਤੇ ਸਾਡੀ ਜ਼ਿੰਦਗੀ ਵਿੱਚ ਅਹਿਮੀਅਤ 'ਤੇ ਚਾਨਣਾ ਪਾਇਆ। ਰੈੱਡ ਕਰਾਸ ਸਕੂਲ ਦੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵੱਲੋਂ ਸੱਭਿਆਚਾਰਕ ਵੰਨਗੀ ਪੇਸ਼ ਕੀਤੀ ਗਈ। ਜ਼ਿਲ੍ਹਾ ਪੱਧਰੀ ਕੈਂਪ ਦੌਰਾਨ ਸਿਹਤ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਬਜ਼ੁਰਗਾਂ ਦੀ ਬੁਢਾਪੇ ਨਾਲ ਸਬੰਧਤ ਬੀਮਾਰੀਆਂ, ਕੰਨਾਂ, ਅੱਖਾਂ ਦੀ ਜਾਂਚ ਕੀਤੀ ਗਈ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।



# ਅਲਾਇੰਸ ਕਲੱਬ ਦੀ ਦਸੂਹਾ ਇਕਾਈ ਦਾ ਗਠਨ




**ਦਸੂਹਾ (ਕਰਨੈਲ ਮਾਂਗਟ)**

ਕੌਮਾਂਤਰੀ ਸਮਾਜ ਸੇਵੀ ਸੰਸਥਾ ਅਲਾਇੰਸ ਕਲੱਬ ਦੀ ਦਸੂਹਾ ਇਕਾਈ ਦਾ ਗਠਨ ਕੀਤਾ ਗਿਆ। ਇਸ ਸਬੰਧੀ ਵਿਜੇ ਮਾਰਕੀਟ ਦੇ ਵਿਊ ਰੈਸਟੋਰੈਂਟ ਵਿਖੇ ਆਯੋਜਿਤ ਬੈਠਕ ਵਿੱਚ ਕਲੱਬ ਦੇ ਜ਼ਿਲਾ ਜਲੰਧਰ ਦੇ ਗਵਰਨਰ ਸੰਦੀਪ ਕੁਮਾਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨਾਂ ਨਾਲ ਜੀ ਐਸ ਜੱਜ, ਐੱਨ ਕੇ ਮਹਿੰਦਰੂ ਅਤੇ ਪਦਮ ਲਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੰਚ ਦਾ ਸੰਚਾਲਨ ਕਰਦਿਆ ਕੇ ਐਸ ਪੁਰੀ ਨੇ ਮਹਿਮਾਨਾਂ ਨੂੰ ਜੀ ਆਇਆ ਆਖਦਿਆ ਚੋਣ ਪ੍ਰੀਕ੍ਰਿਆ ਸ਼ੁਰੂ ਕਰਵਾਈ। ਇਸ ਮੌਕੇ ਵਪਾਰ ਮੰਡਲ ਦਸੂਹਾ ਦੇ ਪ੍ਰਧਾਨ ਵਜੋਂ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਅਮਰੀਕ ਸਿੰਘ ਗੱਗੀ ਠੁਕਰਾਲ ਦੀਆਂ ਸਮਾਜਿਕ ਸਰਗਰਮੀਆਂ ਨੂੰ ਦੇਖਦਿਆ ਉਨਾਂ ਨੂੰ ਕਲੱਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਹੋਰਨਾਂ ਨਿਯੁਕਤੀਆਂ ਵਿੱਚ ਭੁਪਿੰਦਰ ਰੰਜਨ ਨੂੰ ਮੁੱਖ ਸਕੱਤਰ, ਮਦਨ ਮੋਹਣ ਅਰੋੜਾ ਨੂੰ ਖਜ਼ਾਨਚੀ ਤੇ ਤਰਲੋਕ ਸਿੰਘਘ ਅਰੋੜਾ ਨੂੰ ਪੀ ਆਰ ਓ ਨਿਯੁਕਤ ਕੀਤਾ ਗਿਆ। ਨਵਨਿਯੁਕਤ ਅਹੁਦੇਦਾਰਾਂ ਨੇ ਸਮਾਜ ਸੇਵਾ ਦੇ ਖੇਤਰ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਭਰੋਸਾ ਦਿੱਤਾ। ਇਸ ਮੌਕੇ ਡਾ. ਅਮਰੀਕ ਸਿੰਘ ਬਸਰਾ, ਬੀਬੀ ਜਤਿੰਦਰ ਕੌਰ ਠੁਕਰਾਲ, ਡਾ. ਆਰ ਕੇ ਨਈਅਰ, ਡਾ. ਰਣਬੀਰ ਸਹਾਰਾ, ਰਜਨੀ ਸ਼ਰਮਾ, ਰਾਜਨ ਰਲਹਣ, ਡਾ. ਹਰਮਿੰਦਰਪਾਲ ਸਿੰਘ, ਰਵਿੰਦਰ ਕੁਮਾਰ ਸ਼ਰਮਾ, ਡਾ. ਸੁਰਿੰਦਰ ਸਿੰਘ, ਰਾਜ ਕੁਮਾਰ ਕੌਂਸਲ, ਜੇ ਐਸ ਮੈਣੀ, ਰਜਿੰਦਰ ਸਿੰਘ ਮੈਣੀ, ਸ਼ਮਾਂ ਰੰਜਨ, ਕਮਲਜੀਤ ਫੁੱਲ, ਪ੍ਰਭਾ ਨਈਅਰ, ਰਜਿੰਦਰ ਕੌਰ ਪੁਰੀ, ਜਤਿੰਦਰ ਕੌਰ ਸਹਾਰਾ, ਸੁਨੀਤਾ, ਸੁਰਿੰਦਰ ਕੌਰ ਤੇ ਜਸਮੀਤ ਕੌਰ ਆਦਿ ਹਾਜ਼ਰ ਸਨ।

# ਸੜਕ ਵਿਚਾਲੇ ਅਵਾਰਾ ਪਸ਼ੂ ਆਉਣ ਕਾਰਨ ਵਾਪਰਿਆ ਹਾਦਸਾ



**ਬਲਾਚੌਰ (ਜਸਵਿੰਦਰ ਬੈਂਸ)**-ਬਲਾਚੌਰ ਤੋਂ ਰੋਪੜ ਹੈੱਡ ਮਾਰਗ 'ਤੇ ਪਿੰਡ ਟੋਸਾ ਦੇ ਨਜ਼ਦੀਕ ਇੱਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਹ ਹਾਦਸਾ ਸੜਕ 'ਤੇ ਅਚਾਨਕ ਇੱਕ ਆਵਾਰਾ ਪਸ਼ੂ ਦੇ ਆ ਜਾਣ ਕਾਰਨ ਵਾਪਰਿਆ। ਇੱਕ ਗੱਡੀ ਨੰਬਰ ਪੀ ਬੀ 07ਸੀ ਜੀ 3535 ਦੇ ਚਾਲਕ ਨੇ ਸਾਹਮਣੇ ਆਏ ਪਸ਼ੂ ਨੂੰ ਬਚਾਉਣ ਲਈ ਅਚਾਨਕ ਬਰੈਕ ਲਗਾ ਦਿੱਤੀ। ਇਸ ਦੌਰਾਨ ਪਿੱਛੋਂ ਆ ਰਹੀ ਇੱਕ ਸਕਾਰਪੀਓ ਗੱਡੀ ਨੰਬਰ ਪੀ ਬੀ 32ਐਫ 6780 ਉਸ ਨਾਲ ਟਕਰਾ ਗਈ। ਸਕਾਰਪੀਓ ਨੂੰ ਹਰਦੀਪ ਸਿੰਘ ਨਵਾਂਸ਼ਹਿਰ ਚਲਾ ਰਿਹਾ ਸੀ। ਹਾਦਸੇ ਦੀ ਤੁਰੰਤ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਸੜਕ ਸੁਰੱਖਿਆ ਫੋਰਸ ਦੀ ਟੀਮ, ਜਿਸ ਵਿੱਚ ਏ ਐਸ ਆਈ ਕੁਲਬੀਰ ਸਿੰਘ ਅਤੇ ਕਾਂਸਟੇਬਲ ਲਕਸ਼ਦੀਪ ਸਿੰਘ ਸ਼ਾਮਲ ਸਨ, ਤੁਰੰਤ ਮੌਕੇ 'ਤੇ ਪਹੁੰਚੀ।ਟੀਮ ਨੇ ਰਿਕਵਰੀ ਵੈਨ ਬੁਲਾ ਕੇ ਨੁਕਸਾਨੀ ਗਈ ਗੱਡੀ ਨੂੰ ਚੌਕੀ ਪਹੁੰਚਾਇਆ।ਸੜਕ ਤੋਂ ਵਾਹਨ ਹਟਾ ਕੇ ਟ੍ਰੈਫਿਕ ਨੂੰ ਮੁੜ ਸੁਚਾਰੂ ਢੰਗ ਨਾਲ ਚਾਲੂ ਕਰਵਾਇਆ ਗਿਆ।ਜਿਸ ਗੱਡੀ ਨੇ ਬਰੈਕ ਲਗਾਈ ਸੀ, ਉਹ ਮੌਕੇ ਤੋਂ ਜਾ ਚੁੱਕੀ ਸੀ।

# ਸ਼ਿਵਰਾਤਰੀ 'ਤੇ ਖੀਰ ਦਾ ਲੰਗਰ ਲਗਾਇਆ



**ਪੋਜੇਵਾਲ (ਰਾਮ ਲਾਲ)**

ਮਹਾਂ ਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ, ਬਲਾਚੌਰ ਦੇ ਕੰਗਣਾ ਪੁਲ ਸਥਿਤ ਬਾਬਾ ਬਲਿਆਣਾ ਮੰਦਰ ਵੱਲੋਂ ਕੰਗਣਾ ਪੁੱਲ ਦੇ ਨਜ਼ਦੀਕ ਖੀਰ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਜਾਣਕਾਰੀ ਸਾਂਝੀ ਕਰਦਿਆਂ ਬਾਬਾ ਸੀਤਾ ਰਾਮ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਇਹ ਲੰਗਰ ਲਗਾਇਆ ਗਿਆ ਹੈ।ਸੇਵਾਦਾਰਾਂ ਵੱਲੋਂ ਰਾਹਗੀਰਾਂ ਨੂੰ ਬੜੇ ਪਿਆਰ ਤੇ ਨਿਮਰਤਾ ਨਾਲ ਪ੍ਰਸਾਦ ਛਕਾਇਆ ਗਿਆ।ਨੌਜਵਾਨਾਂ ਵਿੱਚ ਇਸ ਸੇਵਾ ਕਾਰਜ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਧਾਰਮਿਕ ਸਮਾਗਮ ਅਤੇ ਲੰਗਰ ਦੀ ਸੇਵਾ ਵਿੱਚ ਇਲਾਕੇ ਦੇ ਨੌਜਵਾਨਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ, ਜਿਨ੍ਹਾਂ ਵਿੱਚ ਮੁੱਖ ਤੌਰ ਸੋਨੂੰ ਤੇ ਲਵਜੀਤ ਲੱਬਾ ਬਿੰਦਰ ਤੇ ਦੀਪਕ ਗੋਪਾਲ ਕਿਸ਼ਨ ਅਤੇ ਬੱਬਲੂ ਰਾਣਾ ਭੁਪਿੰਦਰ ਰਾਣਾ ਤੇ ਹੋਰ ਸੇਵਾਦ ਮੰਦਰ ਕਮੇਟੀ ਤੇ ਸੇਵਾਦਾਰਾਂ ਵੱਲੋ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਭਾਰਤ-ਅਮਰੀਕਾ ਵਪਾਰ ਸਮਝੌਤਾ ਕੇਂਦਰ ਵੱਲੋਂ ਕਿਸਾਨਾਂ ਨਾਲ ਵੱਡਾ ਧੋਖਾ : ਸੰਧਵਾਂ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੇਂਦਰ ਸਰਕਾਰ ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਰਾਹੀਂ ਦੇਸ਼ ਦੇ ਕਿਸਾਨਾਂ ਨਾਲ ਧੋਖਾ ਕਰਨ ਦਾ ਦੋਸ਼ ਲਾਇਆ ਹੈ।

ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਦੇ ਕਿਸਾਨਾਂ ਲਈ ਕਾਫ਼ੀ ਨੁਕਸਾਨਦੇਹ ਸਾਬਤ ਹੋਵੇਗਾ।ਉਨ੍ਹਾਂ ਕਿਹਾ ਕਿ ਇਹ ਸਮਝੌਤਾ ਨਾ ਸਿਰਫ਼ ਸਾਡੇ ਅੰਨਦਾਤਾ ਨੂੰ ਤਬਾਹ ਕਰੇਗਾ ਸਗੋਂ ਉਨ੍ਹਾਂ ਦੇ ਹਿੱਤਾਂ ਨੂੰ ਵੀ ਢਾਹ ਲਾਵੇਗਾ। ਉਨ੍ਹਾਂ ਕੇਂਦਰ ਸਰਕਾਰ ਦੇ ਇਸ ਫੈਸਲੇ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਭਾਜਪਾ ਸਰਕਾਰ ਲਗਾਤਾਰ ਕਿਸਾਨਾਂ ਨੂੰ ਗੁੰਮਰਾਹ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਹਰ ਕਦਮ 'ਤੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।

# ਪਲੇਸਮੈਂਟ ਕੈਂਪ ਅੱਜ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 17 ਫਰਵਰੀ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ.461, ਤੀਜੀ ਮੰਜ਼ਿਲ, ਸੈਕਟਰ-76 ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ।

ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਿਹਰ 01.00 ਵਜੇ ਤੱਕ ਹੋਵੇਗਾ।ਡੀ ਬੀ ਈ ਈ ਐੱਸ ਏ ਐੱਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਜਿਸ ਤਹਿਤ ਉਕਤ ਪਲੇਸਮੈਂਟ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ।

# ਮਹਾਂਸ਼ਿਵਰਾਤਰੀ ਧੂਮ-ਧਾਮ ਨਾਲ ਮਨਾਈ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਮਹਾ ਸ਼ਿਵਰਾਤਰੀ ਦੇ ਸ਼ੁੱਭ ਅਵਸਰ ਤੇ ( ਸਤਨਰਾਇਣ ਮੰਦਿਰ ਸੰਤ ਸਾਧੂ ਰਾਮ ਮੰਦਰ) ਵਿਖੇ ਹਵਨ ਕਰਵਾਏ ਗਏ। ਨੂਰਮਹਿਲ ਦੀਆਂ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਆਪਣੀਆਂ ਸ਼ਰਧਾ ਅਨੁਸਾਰ ਸ਼ਿਵਲਿੰਗ ਤੇ ਦੁੱਧ ਪ੍ਰਸ਼ਾਦ ਆਦਿ ਦੀ ਪੂਜਾ ਕੀਤੀ ਗਈ। ਉਪਰੰਤ ਵੱਖ ਵੱਖ ਪ੍ਰਕਾਰ ਦੇ ਲੰਗਰ ਛੋਲੇ ਪੂਰੀਆਂ, ਭਟੂਰੇ,ਕੇਲੇ, ਕੌਫ਼ੀ ਆਦਿ ਦੇ ਲੰਗਰ ਵਰਤਾਏ ਗਏ। ਇਸ ਮੌਕੇ ਤੇ ਸੀਨੀਅਰ ਪੱਤਰਕਾਰ ਰਾਜ ਬਹਾਦਰ ਸੁਧੀਰ,ਗੌਤਮ ਸ਼ਰਮਾ,ਵਿਨੋਦ ਕੁਮਾਰ ਜੱਸਲ ਨੇ ਹੈਪੀ ਜੱਸਲ ਰਜੀਵ ਮਿਸਰ, ਕੌਂਸਲਰ ਦੀਪਕ ਕੁਮਾਰ, ਭੈਣ ਨੀਲਮ ਕੁਮਾਰੀ ਆਦਿ ਸਹਿਰ ਵਾਸੀਆਂ ਨੇ ਸੇਵਾ ਕੀਤੀ।ਇਸੇ ਤਰ੍ਹਾਂ ਹੀ ਪੁਰਾਣੇ ਬੱਸ ਅੱਡੇ ਤੇ ਐਸ ਐਮ ਕਾਰ ਬਾਜ਼ਾਰ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੱਚਿਆਂ ਨੂੰ ਕਾਪੀਆਂ, ਪੈਨਸਲਾਂ ਆਦਿ ਵੰਡੀਆਂ ਗਈਆਂ।ਸ਼ਿਵ ਕੁਮਾਰ, ਧਰਮਿੰਦਰ ਕੁਮਾਰ ਤੇ ਹੋਰ ਸ਼ਿਵ ਭਗਤਾਂ ਨੇ ਸੇਵਾ ਕੀਤੀ। ਚੀਮਾਂ ਬਜ਼ਾਰ ਵਿੱਚ ਵੀ ਜਲੇਬੀਆਂ ਦੇ ਲੰਗਰ ਵਰਤਾਏ ਗਏ।ਇਸ ਸਮੇਂ ਡੀ ਐਸ ਪੀ ਸੀ ਵਿਜੇ ਕੰਵਰ ਪਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਸਮਾਜ ਸੇਵਕ ਭੂਸ਼ਨ ਕੁਮਾਰ ਸ਼ਰਮਾ, ਮਨਦੀਪ ਸ਼ੁਕਲਾ ਪ੍ਰਧਾਨ ਬੀ ਜੇ ਪੀ ਬਲਾਕ ਨੂਰਮਹਿਲ, ਨਰੇਸ਼ ਸ਼ਰਮਾ ਸੀਨੀਅਰ ਆਗੂ ਬੀ ਜੇ ਪੀ, ਕੁਲਦੀਪ ਕੁਮਾਰ ਸ਼ਰਮਾ, ਡਾਕਟਰ ਸੱਕਤੀ ਅਤੇ ਸੀਨੀਅਰ ਪੱਤਰਕਾਰ ਨਰਿੰਦਰ ਭੰਡਾਲ ਨੂਰਮਹਿਲ ਨੇ ਸੇਵਾ ਕੀਤੀ।

# ਮਹਾਂਸ਼ਿਵਰਾਤਰੀ ਦਾ ਤਿਉਹਾਰ ਮਨਾਇਆ

**ਫਿਲੌਰ, (ਨਿਰਮਲ)**-ਫਿਲੌਰ ਵਿੱਚ ਮਹਾਂਸ਼ਿਵਰਾਤਰੀ ਦੇ ਮੌਕੇ 'ਤੇ ਸ਼ਹਿਰ ਭਰ ਦੇ ਮੰਦਰਾਂ ਵਿੱਚ ਸ਼ਰਧਾਲੂਆਂ ਦੀਆਂ ਲੰਬੀਆਂ ਕਤਾਰਾਂ ਵੇਖੀਆਂ ਗਈਆਂ। ਫਿਲੌਰ ਨੇੜੇ ਪਿੰਡ ਨਗਰ ਵਿੱਚ ਸਥਿਤ ਪ੍ਰਾਚੀਨ ਮੰਦਰ ਵਿੱਚ, ਰਾਤ ਪੈਣ ਤੋਂ ਹੀ ਲੰਬੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ। ਜਿਵੇਂ ਹੀ ਘੜੀ ਦੇ 12 ਵੱਜੇ, ਲੋਕਾਂ ਨੇ 'ਬਮ ਬਮ ਭੋਲੇ' ਦੇ ਜਾਪ ਨਾਲ ਸ਼ਿਵਲਿੰਗ ਨੂੰ ਅਭਿਸ਼ੇਕ ਕਰਨਾ ਸ਼ੁਰੂ ਕਰ ਦਿੱਤਾ ਅਤੇ ਪਾਣੀ, ਦੁੱਧ, ਦਹੀਂ ਤੇ ਸ਼ਹਿਦ ਚੜ੍ਹਾਉਣਾ ਸ਼ੁਰੂ ਕਰ ਦਿੱਤਾ। ਇਸੇ ਤਰ੍ਹਾਂ ਰਾਜਘਾਟ, ਫਿਲੌਰ ਵਿਖੇ ਸਵੇਰੇ ਤੜਕੇ ਇੱਕ ਹਵਨ ਕੀਤਾ ਗਿਆ, ਜਿਸ ਵਿੱਚ ਸ਼ਿਵ ਮੰਦਰ ਦੇ ਮੁਖੀ ਰੋਜ਼ੀ ਵਸੰਧਰਾਈ ਤੇ ਉਨ੍ਹਾਂ ਦੀ ਪਤਨੀ ਸਮੇਤ ਕਈ ਹੋਰ ਲੋਕ ਸ਼ਾਮਲ ਹੋਏ। ਸ਼ਿਵ ਮੰਦਰ ਮੁਹੱਲਾ ਚੌਧਰੀਆਂ ਅਤੇ ਨਾਥ ਕੀ ਬਿਗਚੀ ਵਿਖੇ ਵੀ ਸ਼ਰਧਾਲੂਆਂ ਦੀਆਂ ਲੰਬੀਆਂ ਕਤਾਰਾਂ ਵੇਖੀਆਂ ਗਈਆਂ। ਇਸ ਮੌਕੇ ਪੰਡਿਤ ਤਿਵਾੜੀ ਨੇ ਦੱਸਿਆ ਕਿ ਮਹਾਂਸ਼ਿਵਰਾਤਰੀ ਫਾਲਗੁਨ ਕ੍ਰਿਸ਼ਨ ਚਤੁਰਦਸ਼ੀ ਨੂੰ ਭਗਵਾਨ ਸ਼ਿਵ ਅਤੇ ਦੇਵੀ ਪਾਰਵਤੀ ਦੇ ਵਿਆਹ ਦੀ ਯਾਦ ਵਿੱਚ ਮਨਾਈ ਜਾਂਦੀ ਹੈ। ਲੋਕਾਂ ਨੇ ਵੱਖ-ਵੱਖ ਥਾਵਾਂ 'ਤੇ ਲੰਗਰ ਲਗਾਏ ।



# ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ




**ਨਕੋਦਰ ( ਮਨਜੀਤ ਮਾਨ)**

ਸਰਬੱਤ ਦੇ ਭਲੇ ਲਈ ਤੇ ਜਥੇਬੰਦੀ ਦੀ ਚੜ੍ਹਦੀ ਕਲਾ ਲਈ ਦੁਆਬਾ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਵਿੱਤਰ ਕਾਲੀ ਵੇਈਂ ਸੀਚੇਵਾਲ ਦੇ ਪਾਵਨ ਸਥਾਨ ਤੇ ਪਾਏ ਗਏ। ਇਸ ਮੌਕੇ ਤੇ ਜਥੇਬੰਦੀ ਦੇ ਮੀਡੀਆ ਸਲਾਹਕਾਰ ਮੁਨੀਸ਼ ਸ਼ਰਮਾ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਹਜ਼ੂਰੀ ਵਿੱਚ ਸਾਰੇ ਜਥੇਬੰਦੀ ਦੇ ਆਗੂਆਂ ਨੇ ਅਤੇ ਸਮੂਹ ਨੁਮਾਇੰਦਿਆਂ ਵੱਲੋਂ ਅਕਾਲ ਪੁਰਖ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਕਿਹਾ ਬੀਤੇ ਦਿਨੀਂ ਪੰਜਾਬ ਵਿੱਚ ਆਏ ਹੜ੍ਹਾਂ ਦੀ ਕ੍ਰੋਪੀ ਕਾਰਨ ਹੋਏ ਨੁਕਸਾਨ ਤੋਂ ਬਾਅਦ ਮੁੜ ਵਸੇਬੇ ਲਈ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ। ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਸ੍ਰੀ ਸੁਖਮਨੀ ਸਾਹਿਬ ਪਾਠ ਦੀ ਸਮਾਪਤੀ ਤੋਂ ਉਪਰੰਤ ਤੀਸਰਾ ਇਨਾਮ ਵੰਡ ਤੇ ਸਰਟੀਫਿਕੇਟ ਵੰਡ ਸਮਾਰੋਹ ਵੀ ਕੀਤਾ ਗਿਆ ਜਿਸ ਵਿੱਚ ਜਥੇਬੰਦੀ ਦੇ ਆਗੂਆਂ ਸਮੇਤ ਮੈਰਾਥਨ ਵਿੱਚ ਵੀ ਸ਼ਾਮਿਲ ਹੋਏ ਇਸ ਮੌਕੇ ਤੇ ਕਸਬਾ ਕਾਲਾ ਸੰਘਿਆਂ ਦੇ ਵਾਇਸ ਪ੍ਰਧਾਨ ਡਾਕਟਰ ਬਲੌਰ ਖਾਨ, ਸਕੱਤਰ ਸੁਰਜੀਤ ਸਿੰਘ, ਡਾਕਟਰ ਸਤਨਾਮ ਸਿੰਘ, ਬਲਵੀਰ ਸਿੰਘ,ਮਦਨ ਲਾਲ, ਸੁਸ਼ੀਲ ਕੁਮਾਰ, ਹਰਜੀਤ ਸਿੰਘ, ਜਸਪ੍ਰੀਤ ਕੌਰ, ਸੁਰਿੰਦਰ ਕੌਰ, ਰਜਨੀ ਸਰੋਏ, ਸੁਖਵਿੰਦਰ ਮੱਟੂ, ਸਤਵੀਰ ਥਿੰਦ ਤੋਂ ਇਲਾਵਾ ਜਥੇਬੰਦੀ ਦੇ ਸੈਂਕੜੇ ਮੈਂਬਰ ਤੇ ਅਹੁਦੇਦਾਰ ਹਾਜ਼ਰ ਸਨ।

# ਸਰਬਸੰਮਤੀ ਨਾਲ ਚੁਣੀਆਂ 32 ਪੰਚਾਇਤਾਂ ਨੂੰ 1.60 ਕਰੋੜ ਦੀ ਗ੍ਰਾਂਟ ਜਾਰੀ



**ਹੁਸ਼ਿਆਰਪੁਰ (ਓ ਪੀ ਰਾਣਾ)**

ਚੱਬੇਵਾਲ ਦੇ 32 ਪਿੰਡਾਂ ਨੇ ਸਰਬਸੰਮਤੀ ਨਾਲ ਇੱਕ ਪੰਚਾਇਤ ਚੁਣ ਕੇ ਏਕਤਾ ਤੇ ਸਦਭਾਵਨਾ ਦੀ ਇੱਕ ਉਦਾਹਰਣ ਕਾਇਮ ਕੀਤੀ ਹੈ, ਜਿਸ ਲਈ ਸਰਕਾਰ ਨੇ ਉਨ੍ਹਾਂ ਨੂੰ 5-5 ਲੱਖ ਦੀ ਗ੍ਰਾਂਟ ਜਾਰੀ ਕੀਤੀ ਹੈ। ਮੈਂ ਇਹਨਾਂ ਪਿੰਡ ਵਾਸੀਆਂ ਨੂੰ ਦਿਲੋਂ ਵਧਾਈ ਦਿੰਦਾ ਹਾਂ, ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਆਪਣੇ ਹਲਕੇ ਦੀਆਂ 32 ਪੰਚਾਇਤਾਂ ਨੂੰ ਇਹ ਗ੍ਰਾਂਟਾਂ ਵੰਡਦੇ ਹੋਏ ਵਧਾਈ ਦਿੱਤੀ।ਹਰੇਕ ਪੰਚਾਇਤ ਦੇ ਖਾਤੇ ਵਿੱਚ ਸਿੱਧੇ ਤੌਰ 'ਤੇ 5 ਲੱਖ ਦੀ ਰਕਮ ਟ੍ਰਾਂਸਫਰ ਕੀਤੀ ਗਈ ਹੈ, ਜਿਸਦੀ ਵਰਤੋਂ ਪਿੰਡਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜ ਕਰਨ ਲਈ ਕੀਤੀ ਜਾਵੇਗੀ। ਇਹ ਰਕਮ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਸਥਾਨਕ ਤਰਜੀਹਾਂ ਦੇ ਆਧਾਰ 'ਤੇ ਖਰਚ ਕੀਤੀ ਜਾਵੇਗੀ। ਡਾ. ਇਸ਼ਾਂਕ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਰਕਮ ਪੰਚਾਇਤਾਂ ਨੂੰ ਉਨ੍ਹਾਂ ਦੇ ਵਿਕਾਸ ਕਾਰਜਾਂ ਵਿੱਚ ਸਹਾਇਤਾ ਕਰੇਗੀ ਤੇ ਕਿਹਾ ਕਿ ਇਹ ਉਨ੍ਹਾਂ ਦੀ ਕੋਸ਼ਿਸ਼ ਹੋਵੇਗੀ ਕਿ ਵਿਕਾਸ ਦਾ ਪ੍ਰਵਾਹ ਹਰ ਪਿੰਡ ਤੱਕ ਪਹੁੰਚੇ।ਇਸ ਮੌਕੇ 'ਤੇ ਮੌਜੂਦ ਸਾਰੇ ਪਿੰਡਾਂ ਦੇ ਪੰਚਾਂ ਅਤੇ ਸਰਪੰਚਾਂ ਨੇ ਪਿੰਡ ਵਾਸੀਆਂ ਵੱਲੋਂ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ 5 ਲੱਖ ਰੁਪਏ ਦੀ ਇਹ ਰਕਮ ਪ੍ਰਾਪਤ ਕਰਨ ਨਾਲ ਸਾਨੂੰ ਆਪਣੇ ਪਿੰਡ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜ ਕਰਨ ਵਿੱਚ ਬਹੁਤ ਮਦਦ ਮਿਲੇਗੀ ਤੇ ਇਸ ਸਨਮਾਨ ਨੇ ਸਾਨੂੰ ਅਗਾਂਹ ਵੀ ਪਿੰਡ ਦੀ ਤਰੱਕੀ ਲਈ ਇੱਕਜੁੱਟ ਹੋ ਕੇ ਕੰਮ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਹੈ।

